ਬੁੱਧਵਾਰ, 11 ਮਾਰਚ, 2026
28 ਫੱਗਣ { ਨਾਨਕਸ਼ਾਹੀ 557 / ਬਿਕਰਮੀ 2082 }
ਜਿਲਦ/VOL. : 74
ਅੰਕ/NO. : 279

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • WEDNESDAY, 11 MARCH, 2026 ਜਲੰਧਰ

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

# ਬਰਨਾਲਾ ਰੈਲੀ 'ਚ ਮੋਰਚੇ ਲਈ ਜਨਤਕ ਮੁਹਿੰਮ ਵਿੱਢਣ ਦਾ ਐਲਾਨ

## ਅਮਰੀਕਾ ਨਾਲ ਵਪਾਰ ਸਮਝੌਤਾ ਖੇਤੀ-ਕਿਸਾਨੀ ਲਈ ਤਬਾਹਕੁੰਨ, ਵਣਜ ਮੰਤਰੀ ਪਿਯੂਸ਼ ਗੋਇਲ ਨੂੰ ਬਰਖਾਸਤ ਕਰਨ ਦੀ ਮੰਗ

**ਬਰਨਾਲਾ/ਲੁਧਿਆਣਾ (ਐੱਮ ਐੱਸ ਭਾਟੀਆ)**

ਸੰਯੁਕਤ ਕਿਸਾਨ ਮੋਰਚਾ ਨੇ ਮੰਗਲਵਾਰ ਬਰਨਾਲਾ ਦੀ ਅਨਾਜ ਮੰਡੀ ਵਿੱਚ ਇੱਕ ਵਿਸ਼ਾਲ ਰੈਲੀ ਕਰਕੇ ਭਾਰਤ ਸਰਕਾਰ ਵੱਲੋਂ ਅਮਰੀਕੀ ਦਬਾਅ ਹੇਠ ਕੀਤੇ ਜਾ ਰਹੇ ਫਰੀ ਟਰੇਡ ਸਮਝੌਤੇ ਨੂੰ ਖੇਤੀ-ਕਿਸਾਨੀ ਲਈ ਤਬਾਹਕੁੰਨ ਦੱਸਦਿਆਂ ਇਸ ਵਿਰੁੱਧ ਡਟ ਕੇ ਸੰਘਰਸ਼ ਕਰਨ ਦਾ ਐਲਾਨ ਕੀਤਾ ਹੈ। ਵੱਖ-ਵੱਖ ਮੁੱਦਿਆਂ 'ਤੇ ਭਵਿੱਖ ਵਿੱਚ ਮੋਰਚਾ ਲਾਉਣ ਲਈ ਜਨਤਕ ਲਾਮਬੰਦੀ ਦੀ ਮੁਹਿੰਮ ਤੇਜ਼ ਕਰਨ ਦਾ ਐਲਾਨ ਕੀਤਾ ਗਿਆ।

ਬੁਲਾਰਿਆਂ ਨੇ ਕਿਹਾ ਕਿ ਅਮਰੀਕਾ ਦੁਨੀਆ ਭਰ 'ਚ ਆਪਣੀ ਥਾਣੇਦਾਰੀ ਦਿਖਾ ਰਿਹਾ ਹੈ। ਭਾਰਤ ਸਰਕਾਰ ਉਤੇ ਅਮਰੀਕਾ ਦੇ ਦਬਾਅ ਹੇਠ ਕੰਮ ਕਰਨ ਦੇ ਦੋਸ਼ ਲਗਾਉਂਦਿਆਂ ਬੁਲਾਰਿਆਂ ਕਿਹਾ ਕਿ ਅਮਰੀਕਾ ਨਾਲ ਕੀਤੇ ਜਾ ਰਹੇ ਫਰੀ ਵਪਾਰ ਸਮਝੌਤੇ ਵਿੱਚ ਮੋਦੀ ਸਰਕਾਰ ਵਲੋਂ ਖੇਤੀ ਅਤੇ ਸਹਾਇਕ ਧੰਦਿਆਂ ਨੂੰ ਸ਼ਾਮਲ ਕਰਨ ਦੀ ਦਿੱਤੀ ਸਹਿਮਤੀ ਖੇਤੀ ਕਿਸਾਨੀ ਲਈ ਤਬਾਹਕੁੰਨ ਸਾਬਤ ਹੋਵੇਗੀ।ਅਮਰੀਕੀ ਕਿਸਾਨਾਂ ਨੂੰ ਮਿਲਦੀ ਵੱਡੀ ਸਬਸਿਡੀ ਅਤੇ ਉਨ੍ਹਾਂ ਦੀਆਂ ਜੋਤਾਂ ਦੇ ਵੱਡੇ ਆਕਾਰ ਦੇ ਮੁਕਾਬਲੇ ਦੇਸ਼ ਦੀ ਪੰਜ ਏਕੜ ਤੋਂ ਘੱਟ ਜ਼ਮੀਨ ਦੀ ਮਾਲਕੀ ਵਾਲੀ 86 ਫੀਸਦੀ ਕਿਸਾਨੀ ਟਿਕ ਨਹੀ ਪਾਵੇਗੀ।ਸਪੱਸ਼ਟ ਹੈ ਕਿ ਇਸ ਸਮਝੌਤੇ ਵਿੱਚ ਦੋਹਾਂ ਦੇਸ਼ਾਂ ਵਿਚਾਲੇ ਬਰਾਬਰੀ ਵਾਲੀ ਕੋਈ ਗੱਲ ਨਹੀ, ਬਲਕਿ ਅਮਰੀਕਾ ਵੱਲੋਂ ਮਨਮਰਜ਼ੀ ਦੇ ਟੈਕਸ-ਡਿਊਟੀ ਲਾ ਕੇ 500 ਅਰਬ ਡਾਲਰ ਦੇ ਉਤਪਾਦ ਸਾਡੇ ਦੇਸ਼ ਉਤੇ ਜਬਰੀ ਥੋਪ ਦਿੱਤੇ ਗਏ ਹਨ। ਵਣਜ ਮੰਤਰੀ ਪਿਯੂਸ਼ ਗੋਇਲ ਵੱਲੋਂ ਅਮਰੀਕਾ ਸਾਹਮਣੇ ਕੀਤੇ ਆਤਮ ਸਮਰਪਣ ਨੂੰ ਲੋਕਾਂ ਨਾਲ ਵਿਸ਼ਵਾਸਘਾਤ ਕਰਾਰ ਦਿੰਦਿਆਂ ਬੁਲਾਰਿਆਂ ਨੇ ਉਨ੍ਹਾ ਨੂੰ ਮੰਤਰੀ ਮੰਡਲ ਵਿੱਚੋਂ ਬਰਖਾਸਤ ਕਰਨ ਦੀ ਮੰਗ ਕੀਤੀ।ਉਨ੍ਹਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਦੇਸ਼ ਅਤੇ ਖੇਤੀ ਵਿਰੋਧੀ ਇਸ ਸਮਝੌਤੇ 'ਤੇ ਦਸਤਖ਼ਤ ਨਾ ਕਰਨ ਦੀ ਮੰਗ ਕਰਦਿਆਂ ਇਸ ਵਿਰੁੱਧ ਡਟ ਕੇ ਸੰਘਰਸ਼ ਕਰਨ ਦਾ ਐਲਾਨ ਕੀਤਾ।

ਬੁਲਾਰਿਆਂ ਨੇ ਪੰਜਾਬ ਵਿੱਚ ਵਧ ਰਹੀ ਕੈਂਸਰ ਦੀ ਸਮੱਸਿਆ 'ਤੇ ਡੂੰਘੀ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਪੰਜਾਬ ਦੇ ਪਾਣੀ ਵਿੱਚ ਨਾਈਟਰੇਟ, ਆਰਸੈਨਿਕ, ਫਲੋਰਾਈਡ ਅਤੇ



ਮੈਗਨੀਸ਼ੀਅਮ ਵਰਗੇ ਤੱਤਾਂ ਦੀ ਮਾਤਰਾ ਵਧਣ ਕਾਰਨ ਕੈਂਸਰ ਵਰਗੀਆਂ ਬਿਮਾਰੀਆਂ ਫੈਲਣ ਦੀਆਂ ਰਿਪੋਰਟਾਂ ਇਸ ਗੱਲ ਦੀ ਲੋੜ ਨੂੰ ਉਭਾਰ ਰਹੀਆਂ ਹਨ ਕਿ ਪੰਜਾਬੀ ਹਰ ਖੇਤ ਨੂੰ ਨਹਿਰੀ ਪਾਣੀ ਅਤੇ ਹਰ ਘਰ ਨੂੰ ਪੀਣ ਵਾਲਾ ਸਾਫ ਨਹਿਰੀ ਪਾਣੀ ਦੇਣ ਦੇ ਨਾਅਰੇ ਨੂੰ ਅਮਲੀ ਜਾਮਾ ਪਹਿਨਾਉਣ ਲਈ ਲੋਕ ਲਹਿਰ ਉਸਾਰਨ।ਉਨ੍ਹਾਂ ਇਸ ਲਈ ਜਨਤਕ ਮੁਹਿੰਮ ਵਿੱਢਣ ਦਾ ਐਲਾਨ ਕਰਦਿਆਂ ਕਿਹਾ ਕਿ ਇਸ ਲਈ ਪੰਜਾਬ ਦੇ ਪਾਣੀਆਂ ਦਾ ਮਸਲਾ ਰਿਪੇਰੀਅਨ-ਬੇਸਨ ਸਿਧਾਂਤ ਅਨੁਸਾਰ ਹੱਲ ਕਰਕੇ ਸੂਬੇ ਦਾ ਹੱਕ ਤਸਲੀਮ ਕਰਨ ਅਤੇ ਪੰਜਾਬ ਪੁਨਰਗਠਨ ਐਕਟ ਦੀਆਂ ਵਿਤਕਰੇਪੂਰਨ ਧਾਰਾਵਾਂ 78-79-80 ਨੂੰ ਰੱਦ ਕਰਨ ਦੀ ਲੋੜ ਹੈ। ਉਨ੍ਹਾਂ ਮੰਗ ਕੀਤੀ ਕਿ ਇਸ ਮਾਮਲੇ ਵਿੱਚ ਸੂਬੇ ਨਾਲ ਹੋਏ ਸਾਰੇ ਗੈਰ-ਸੰਵਿਧਾਨਕ ਅਤੇ ਵਿਤਕਰੇਪੂਰਨ ਸਮਝੌਤੇ ਵਿਧਾਨ ਸਭਾ ਵਿੱਚ ਮਤਾ ਪਾਕੇ ਰੱਦ ਕੀਤੇ ਜਾਣ।ਬੁਲਾਰਿਆਂ ਕਿਹਾ ਕਿ ਆਲੂ, ਮਟਰ ਦੇ ਕਾਸ਼ਤਕਾਰਾਂ ਦੀ ਇਸ ਵਾਰ ਜੋ ਦੁਰਦਸ਼ਾ ਹੋਈ ਹੈ, ਉਹ ਸਪੱਸ਼ਟ ਕਰਦੀ ਹੈ ਕਿ ਕਿਸਾਨੀ ਸਿਰ ਕਰਜ਼ਾ ਖੇਤੀ ਵਿਰੋਧੀ ਨੀਤੀਆਂ ਕਾਰਨ ਚੜ੍ਹਿਆ ਹੈ। ਇੱਕ ਪਾਸੇ ਨਾ ਤਾਂ ਕਿਸਾਨਾਂ ਨੂੰ ਫਸਲਾਂ ਦਾ ਲਾਭਕਾਰੀ ਮੁੱਲ ਮਿਲਦਾ ਅਤੇ ਨਾ ਹੀ ਸਰਕਾਰਾਂ ਕਿਸਾਨਾਂ, ਮਜ਼ਦੂਰਾਂ ਸਿਰ ਚੜ੍ਹੇ ਕਰਜ਼ੇ ਦਾ ਕੋਈ ਹੱਲ ਕਰ ਰਹੀਆਂ ਹਨ। ਉਨ੍ਹਾਂ ਐੱਮ ਐੱਸ ਪੀ 'ਤੇ ਖਰੀਦ ਦਾ ਗਾਰੰਟੀ ਕਾਨੂੰਨ ਬਣਾਉਣ ਦੀ ਮੰਗ ਨੂੰ ਦੁਹਰਾਉਂਦਿਆਂ ਕਿਹਾ ਕਿ ਬੀਤੇ ਇੱਕ ਦਹਾਕੇ ਵਿੱਚ ਮੋਦੀ ਸਰਕਾਰ ਨੇ ਕਾਰਪੋਰੇਟ ਘਰਾਣਿਆਂ ਦੇ 15 ਲੱਖ ਕਰੋੜ ਤੋਂ ਉਪਰ ਦੇ ਕਰਜ਼ੇ 'ਤੇ ਤਾਂ ਲੀਕ ਮਾਰ ਦਿੱਤੀ, ਪਰ ਦੇਸ਼ ਦੇ ਅੰਨ ਭੰਡਾਰ ਭਰਨ ਵਾਲੇ ਕਿਸਾਨਾਂ, ਮਜ਼ਦੂਰਾਂ ਦੇ ਕਰਜ਼ੇ ਦੇ ਮੁੱਦੇ ਨੂੰ ਉਕਾ ਹੀ ਵਿਸਾਰ ਦਿੱਤਾ ਹੈ। ਉਨ੍ਹਾਂ ਇਸ ਮੁੱਦੇ ਨੂੰ ਉਭਾਰਨ ਲਈ ਕਿਸਾਨਾਂ ਤੋਂ ਸੰਘਰਸ਼ ਤੇਜ਼ ਕਰਨ ਲਈ ਸਹਿਯੋਗ ਦੀ ਮੰਗ ਕੀਤੀ।

ਕੇਂਦਰ ਸਰਕਾਰ ਦੇ ਪ੍ਰਸਤਾਵਿਤ ਬਿਜਲੀ ਅਤੇ ਬੀਜ ਬਿੱਲ ਨੂੰ ਸੂਬਿਆਂ ਦੇ ਅਧਿਕਾਰ ਘਟਾਉਣ ਵਾਲੇ ਲੋਕ ਵਿਰੋਧੀ ਬਿੱਲ ਕਰਾਰ ਦਿੰਦਿਆਂ ਬੁਲਾਰਿਆਂ ਕਿਹਾ ਕਿ ਬਿਜਲੀ ਦੇ ਵੰਡ ਖੇਤਰ ਦਾ ਮੁਕੰਮਲ ਨਿੱਜੀਕਰਨ ਕਰਕੇ ਸਰਕਾਰਾਂ ਬਿਜਲੀ ਨੂੰ ਮੰਡੀ ਦੀ ਵਸਤੂ ਬਣਾ ਕੇ ਆਮ ਖਪਤਕਾਰ ਨੂੰ ਮਹਿੰਗੀ ਬਿਜਲੀ ਦੇਣ ਅਤੇ ਕਾਰਪੋਰੇਟ ਘਰਾਣਿਆਂ ਦੀ ਸੇਵਾ ਕਰਨ ਵਿੱਚ ਜੁਟੀਆਂ ਹੋਈਆਂ ਹਨ। ਇਸੇ ਕਰਕੇ ਬਿਜਲੀ ਖੇਤਰ ਦਾ ਕੇਂਦਰੀਕਰਨ ਕਰਕੇ ਸੂਬਿਆਂ ਦੇ ਅਧਿਕਾਰ ਸੀਮਤ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸਮਾਰਟ ਚਿੱਪ ਮੀਟਰ ਕਾਰਪੋਰੇਟ ਘਰਾਣਿਆਂ ਦੀ ਲੋੜ ਵਿੱਚੋਂ ਲਗਾਏ ਜਾ ਰਹੇ ਹਨ। ਇਸੇ ਤਰ੍ਹਾਂ ਬੀਜ ਬਿੱਲ ਵੀ ਖੇਤੀ ਖੋਜ ਅਤੇ ਬੀਜ ਵਿਕਾਸ ਨੂੰ ਦੇਸੀ-ਵਿਦੇਸ਼ੀ ਕਾਰਪੋਰੇਟ ਕੰਪਨੀਆਂ ਦੇ ਕੰਟਰੋਲ ਹੇਠ ਦੇਣ ਲਈ ਸੂਬਿਆਂ ਦੇ ਅਧਿਕਾਰਾਂ ਨੂੰ ਖੋਰ ਕੇ ਕੇਂਦਰੀਕਰਨ ਦੀ ਨੀਤੀ 'ਤੇ ਕੇਂਦਰਤ ਹੈ। ਉਨ੍ਹਾ ਇਨ੍ਹਾਂ ਦੋਵਾਂ ਲੋਕ ਵਿਰੋਧੀ ਬਿੱਲਾ ਨੂੰ ਵਾਪਸ ਲੈਣ ਦੀ ਮੰਗ ਕੀਤੀ।

ਸਟੇਜ ਤੋਂ ਐਲਾਨ ਕੀਤਾ ਗਿਆ ਕਿ ਜਿਸ ਦਿਨ ਬਿਜਲੀ ਬਿੱਲ ਸੰਸਦ ਵਿਚ ਪੇਸ਼ ਕੀਤਾ ਜਾਵੇਗਾ, ਉਸ ਤੋਂ ਅਗਲਾ ਦਿਨ ਕਾਲੇ ਦਿਨ ਵਜੋਂ ਮਨਾਇਆ • ਬਾਕੀ ਸਫਾ 2 'ਤੇ

# ਖਹਿਰਾ ਖਿਲਾਫ ਨਿੰਦਾ ਮਤਾ ਪਾਸ

**ਚੰਡੀਗੜ੍ਹ** : ਪੰਜਾਬ ਵਿਧਾਨ ਸਭਾ ਵਿੱਚ ਮੰਗਲਵਾਰ ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ ਵਿਰੁੱਧ 'ਨਿੰਦਾ ਮਤਾ' ਭਾਰੀ ਹੰਗਾਮੇ ਤੋਂ ਬਾਅਦ ਪਾਸ ਕਰ ਦਿੱਤਾ ਗਿਆ। ਔਰਤਾਂ ਵਿਰੁੱਧ ਵਰਤੀ ਗਈ ਕਥਿਤ ਅਪਮਾਨਜਨਕ ਸ਼ਬਦਾਵਲੀ ਦੇ ਮੁੱਦੇ 'ਤੇ ਸੱਤਾ ਪੱਖ ਵੱਲੋਂ ਲਿਆਂਦੇ ਗਏ ਇਸ ਮਤੇ 'ਤੇ ਸਦਨ ਵਿੱਚ ਤਿੱਖੀ ਨੋਕ-ਝੋਕ ਹੋਈ। ਬਹਿਸ ਮਗਰੋਂ ਜ਼ੁਬਾਨੀ ਵੋਟਿੰਗ ਹੋਈ। ਸਪੀਕਰ ਨੇ ਜ਼ੁਬਾਨੀ ਵੋਟਿੰਗ ਲਈ ਕਾਂਗਰਸੀ ਵਿਧਾਇਕਾਂ ਨੂੰ ਲਗਾਤਾਰ ਤਿੰਨ ਮੌਕੇ ਦਿੱਤੇ, ਪਰ ਕਾਂਗਰਸੀ ਵਿਧਾਇਕਾਂ ਨੇ ਪੂਰੀ ਤਰ੍ਹਾਂ ਚੁੱਪ ਵੱਟੀ ਰੱਖੀ। ਇਸ 'ਤੇ ਸਪੀਕਰ ਨੇ ਸਪੱਸ਼ਟ ਕੀਤਾ ਕਿ ਕਾਂਗਰਸੀ ਵਿਧਾਇਕਾਂ ਦੀ ਇਸ ਚੁੱਪ ਨੂੰ ਮਤੇ ਦੇ ਵਿਰੋਧ (ਨਾਂਹ) ਵਿੱਚ ਮੰਨਿਆ ਜਾਵੇਗਾ।

ਖਹਿਰਾ ਵੱਲੋਂ ਔਰਤਾਂ ਨੂੰ 1000 ਰੁਪਏ ਦੇਣ ਸੰਬੰਧੀ ਪਾਈ ਗਈ ਇੱਕ ਸੋਸ਼ਲ ਮੀਡੀਆ ਪੋਸਟ ਨੇ ਸਿਆਸੀ ਭੁਚਾਲ ਲਿਆ ਦਿੱਤਾ ਸੀ। (ਖਹਿਰਾ ਨੇ ਕਿਹਾ ਸੀ ਕਿ 1000 ਰੁਪਏ ਪਿੱਛੇ ਗਿੱਧਾ ਪਾਉਣ ਵਾਲੀਆਂ ਬੀਬੀਆਂ ਕਿੱਥੋਂ ਜੰਮ ਲੈਣਗੀਆਂ ਸੂਰਮੇ? ) 'ਆਪ' ਵਿਧਾਇਕ ਸਰਬਜੀਤ ਕੌਰ ਮਾਣੂਕੇ ਨੇ ਸਦਨ ਵਿੱਚ ਖਹਿਰਾ ਵਿਰੁੱਧ 'ਨਿੰਦਾ ਮਤਾ' ਪੇਸ਼ ਕੀਤਾ, ਜਿਸ ਦੀ ਪ੍ਰੋੜ੍ਹਤਾ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕੀਤੀ। ਮਾਣੂਕੇ ਨੇ ਸਖ਼ਤ ਸ਼ਬਦਾਂ ਵਿੱਚ ਕਿਹਾ ਕਿ ਖਹਿਰਾ ਦੀ ਟਿੱਪਣੀ ਔਰਤਾਂ ਦੇ ਸਨਮਾਨ ਦੇ ਖਿਲਾਫ ਹੈ ਅਤੇ ਇਸ ਲਈ ਉਨ੍ਹਾ ਨੂੰ ਜਨਤਕ ਤੌਰ 'ਤੇ ਮੁਆਫੀ ਮੰਗਣੀ ਚਾਹੀਦੀ ਹੈ। ਇਸ ਤੋਂ ਪਹਿਲਾਂ 'ਆਪ' ਵਿਧਾਇਕ ਇੰਦਰਜੀਤ ਕੌਰ, ਜੀਵਨਜੋਤ ਕੌਰ, ਡਾ. ਅਮਨਦੀਪ ਅਰੋੜਾ ਤੇ ਸਰਬਜੀਤ ਕੌਰ ਮਾਣੂਕੇ ਨੇ ਸਪੀਕਰ ਦੀ ਕੁਰਸੀ ਕੋਲ ਜਾ ਕੇ ਖਹਿਰਾ ਖਿਲਾਫ ਨਾਅਰੇਬਾਜ਼ੀ ਕੀਤੀ। ਪ੍ਰਸ਼ਨ ਕਾਲ ਤੋਂ ਤੁਰੰਤ ਬਾਅਦ ਸ਼ੁਰੂ ਹੋਏ ਇਸ ਹੰਗਾਮੇ ਦੌਰਾਨ ਵਿੱਤ ਚੀਮਾ ਨੇ ਕਾਂਗਰਸ 'ਤੇ ਤਿੱਖੇ ਹਮਲੇ ਕਰਦਿਆਂ ਕਿਹਾ ਕਿ ਕਾਂਗਰਸੀ ਆਗੂ ਵਾਰ-ਵਾਰ ਦਲਿਤ ਸਮਾਜ ਦਾ ਅਪਮਾਨ ਕਰ ਰਹੇ ਸਨ। ਮਾਹੌਲ ਤਣਾਅਪੂਰਨ ਹੁੰਦਾ ਦੇਖ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸਦਨ ਨੂੰ 30 ਮਿੰਟ ਲਈ ਮੁਲਤਵੀ ਕਰ ਦਿੱਤਾ। ਖਹਿਰਾ ਦੀ ਪੋਸਟ ਨੂੰ ਲੈ ਕੇ ਚੱਲ ਰਹੀ ਬਹਿਸ ਦੌਰਾਨ ਮਾਹੌਲ ਉਸ ਵੇਲੇ ਹੋਰ ਭਖ ਗਿਆ, ਜਦੋਂ ਸ਼੍ਰੋਮਣੀ ਅਕਾਲੀ ਦਲ ਦੀ ਵਿਧਾਇਕ ਗਨੀਵ ਕੌਰ ਮਜੀਠੀਆ ਨੇ ਆਮ ਆਦਮੀ ਪਾਰਟੀ ਦੀਆਂ ਮਹਿਲਾ ਵਿਧਾਇਕਾਂ 'ਤੇ ਤਿੱਖੇ ਨਿਸ਼ਾਨੇ ਸੇਧੇ। ਮਾਮਲੇ ਦੀ ਸ਼ੁਰੂਆਤ ਉਦੋਂ ਹੋਈ ਜਦੋਂ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਗਨੀਵ ਕੌਰ ਨੂੰ ਬੋਲਣ ਦਾ ਮੌਕਾ ਦਿੰਦਿਆਂ ਕਿਹਾ, ਹਾਂ ਬੀਬਾ ਜੀ, ਤੁਸੀਂ ਬੋਲੋ। ਸਪੀਕਰ ਵੱਲੋਂ ਵਰਤੇ ਗਏ 'ਬੀਬਾ ਜੀ' ਸ਼ਬਦ 'ਤੇ ਜਦੋਂ ਸੱਤਾ ਪੱਖ ਦੀਆਂ ਕੁਝ ਮਹਿਲਾ ਵਿਧਾਇਕਾਂ ਹੱਸਣ ਲੱਗੀਆਂ, ਤਾਂ ਗਨੀਵ ਕੌਰ ਨੇ ਸਖਤ ਇਤਰਾਜ਼ ਜਤਾਇਆ। ਉਨ੍ਹਾ ਕਿਹਾ ਕਿ ਬੀਬਾ ਜੀ ਕਹਿਣ 'ਤੇ ਹੱਸਣ ਵਾਲੀਆਂ ਇਹ ਵਿਧਾਇਕਾਂ ਕੀ ਔਰਤਾਂ ਦਾ ਸਨਮਾਨ ਕਰ ਰਹੀਆਂ ਹਨ? ਉਨ੍ਹਾਂ ਅੱਗੇ ਵਧਦਿਆਂ ਸੂਬੇ ਵਿੱਚ ਹੋ ਰਹੇ ਪੁਲਸ ਮੁਕਾਬਲਿਆਂ ਦਾ ਮੁੱਦਾ ਚੁੱਕਿਆ ਅਤੇ ਪੁੱਛਿਆ ਕਿ ਪੰਜਾਬ ਵਿੱਚ ਜੋ ਨੌਜਵਾਨ ਮੁਕਾਬਲਿਆਂ ਵਿੱਚ ਮਾਰੇ ਜਾ ਰਹੇ ਹਨ, ਕੀ ਉਨ੍ਹਾਂ ਦੀਆਂ ਮਾਵਾਂ ਨੂੰ ਇਨਸਾਫ ਮਿਲਿਆ ਹੈ? ਗਨੀਵ ਕੌਰ ਦੇ ਇਸ ਹਮਲੇ ਨੇ ਸਦਨ ਵਿੱਚ ਔਰਤਾਂ ਦੇ ਸਨਮਾਨ ਅਤੇ ਕਾਨੂੰਨ ਵਿਵਸਥਾ ਦੀ ਬਹਿਸ ਨੂੰ ਇੱਕ ਨਵਾਂ ਮੋੜ ਦੇ ਦਿੱਤਾ।

ਇਸ ਤੋਂ ਪਹਿਲਾਂ ਮੈਡੀਕਲ ਕਾਲਜਾਂ ਦੀ ਉਸਾਰੀ ਦੇ ਮੁੱਦੇ ਨੂੰ ਲੈ ਕੇ ਸੱਤਾ ਪੱਖ ਅਤੇ ਵਿਰੋਧੀ ਧਿਰ ਵਿਚਾਲੇ ਜ਼ਬਰਦਸਤ ਟਕਰਾਅ ਦੇਖਣ ਨੂੰ ਮਿਲਿਆ। ਕਾਂਗਰਸ ਵਿਧਾਇਕ ਦਲ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਅਤੇ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਨੇ ਸਰਕਾਰ ਨੂੰ ਘੇਰਦਿਆਂ ਸਵਾਲ ਕੀਤਾ ਕਿ ਪਹਿਲੇ ਸਾਲ 16 ਮੈਡੀਕਲ ਕਾਲਜ ਬਣਾਉਣ ਦਾ ਵਾਅਦਾ ਕੀਤਾ ਗਿਆ ਸੀ, ਪਰ ਸਰਕਾਰ ਸਿਰਫ 5 ਕਾਲਜਾਂ ਦਾ ਹੀ ਵੇਰਵਾ ਦੇ ਸਕੀ ਹੈ। ਕਾਂਗਰਸੀ ਆਗੂਆਂ ਨੇ ਦੋਸ਼ ਲਾਇਆ • ਬਾਕੀ ਸਫਾ 2 'ਤੇ

## ਕਾਂਗਰਸ ਖਹਿਰਾ ਨੂੰ ਕੱਢੇ : ਚੀਮਾ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**-ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਦੀਆਂ ਔਰਤਾਂ ਦੇ ਸਨਮਾਨ ਨੂੰ ਠੇਸ ਪਹੁੰਚਾਉਣ ਵਾਲੀਆਂ ਅਪਮਾਨਜਨਕ ਟਿੱਪਣੀਆਂ ਲਈ ਭੁਲੱਥ ਤੋਂ ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ ਦੀ ਸਖ਼ਤ ਸ਼ਬਦਾ ਵਿੱਚ ਨਿੰਦਾ ਕਰਦਿਆਂ ਮੰਗ ਕੀਤੀ ਹੈ ਕਿ ਕਾਂਗਰਸ ਹਾਈ ਕਮਾਂਡ ਖਹਿਰਾ ਨੂੰ ਪਾਰਟੀ 'ਚੋਂ ਤੁਰੰਤ ਬਾਹਰ ਕੱਢੇ।



ਖਹਿਰਾ ਵੱਲੋਂ ਇਹ ਕਹੇ ਜਾਣ ਕਿ ਮਾਵਾਂ-ਧੀਆਂ ਸਤਿਕਾਰ ਸਕੀਮ ਤਹਿਤ 1000 ਰੁਪਏ ਦੇ ਐਲਾਨ ਦਾ ਜਸ਼ਨ ਮਨਾਉਣ ਵਾਲੀਆਂ ਔਰਤਾਂ ਬਹਾਦਰਾਂ ਨੂੰ ਕਿਵੇਂ ਜਨਮ ਦੇ ਸਕਦੀਆਂ ਹਨ, ਦੇ ਵਿਰੋਧ ਵਿੱਚ ਵਿੱਤ ਮੰਤਰੀ ਵੱਲੋਂ ਉਨ੍ਹਾ ਦੀ ਸਖ਼ਤ ਆਲੋਚਨਾ ਕੀਤੀ ਗਈ। ਚੀਮਾ ਨੇ ਕਿਹਾ ਕਿ ਇਹ ਬਹੁਤ ਸ਼ਰਮਨਾਕ ਹੈ ਕਿ ਇੱਕ ਸਿਆਸਤਦਾਨ, ਜੋ ਉਸ ਸੂਬੇ ਤੋਂ ਕਈ ਵਾਰ ਚੁਣਿਆ ਗਿਆ ਹੈ, ਜਿੱਥੇ ਸ੍ਰੀ ਗੁਰੂ ਨਾਨਕ ਦੇਵ ਜੀ ਨੇ 'ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ' ਦਾ ਪ੍ਰਚਾਰ ਕੀਤਾ, ਸੂਬੇ ਦੀਆਂ ਮਾਵਾਂ ਅਤੇ ਧੀਆਂ ਦਾ ਏਨੀ ਬੇਸ਼ਰਮੀ ਨਾਲ ਅਪਮਾਨ ਕਿਸ ਤਰ੍ਹਾਂ ਕਰ ਸਕਦਾ ਹੈ।ਇੱਕ ਤਜਰਬੇਕਾਰ ਸਿਆਸਤਦਾਨ ਲਈ ਔਰਤਾਂ ਵਿਰੁੱਧ ਅਜਿਹਾ ਬਿਆਨ ਦੇਣਾ ਉਸ ਦੀ ਘਟੀਆ ਅਤੇ ਨੀਵੀਂ ਮਾਨਸਿਕਤਾ ਨੂੰ ਦਰਸਾਉਣ ਦੇ ਨਾਲ-ਨਾਲ ਉਨ੍ਹਾਂ ਕਦਰਾਂ-ਕੀਮਤਾਂ ਦਾ ਨਿਰਾਦਰ ਵੀ ਕਰਦਾ ਹੈ, ਜਿਨ੍ਹਾਂ 'ਤੇ ਸਾਡਾ ਸਮਾਜ ਖੜ੍ਹਾ ਹੈ।ਵਿਧਾਨ ਸਭਾ ਦੇ ਬਾਹਰ ਮੀਡੀਆ ਨੂੰ ਸੰਬੋਧਨ ਕਰਦਿਆਂ ਚੀਮਾ ਨੇ ਕਿਹਾ ਕਿ ਸਥਿਤੀ ਏਨੀ ਵਿਗੜ ਗਈ ਹੈ ਕਿ ਭਾਰਤੀ ਰਾਸ਼ਟਰੀ ਕਾਂਗਰਸ ਦੇ ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਸੀਨੀਅਰ ਆਗੂ ਰਾਹੁਲ ਗਾਂਧੀ ਵੀ ਪਹਿਲਾਂ ਹੀ ਕਾਂਗਰਸ ਦੀ ਸੂਬਾ ਇਕਾਈ ਦੀ ਲੀਡਰਸ਼ਿਪ ਨੂੰ ਆਪਣੇ ਵਤੀਰੇ 'ਤੇ ਧਿਆਨ ਦੇਣ ਲਈ ਚੇਤਾਵਨੀ ਦੇ ਚੁੱਕੇ ਹਨ।

## ਪੀ ਯੂ ਨੂੰ ਆਰ ਐੱਸ ਐੱਸ ਦਾ ਅੱਡਾ ਨਹੀਂ ਬਣਨ ਦਿੱਤਾ ਜਾਵੇਗਾ : ਬੰਤ ਬਰਾੜ

**ਚੰਡੀਗੜ੍ਹ** : ਬੀਤੀ 9 ਮਾਰਚ ਨੂੰ ਪੰਜਾਬ ਯੂਨੀਵਰਸਿਟੀ ਵਿਚ ਸ੍ਰੀ ਗੁਰੂ ਤੇਗ ਬਹਾਦਰ ਦੀ ਫਿਲਾਸਫੀ 'ਤੇ ਅਯੋਜਿਤ ਕੀਤੇ ਸੈਮੀਨਾਰ ਵਿਚ ਆਰ ਐੱਸ ਐੱਸ ਦੀ ਉਤਰੀ ਭਾਰਤ ਸ਼ਾਖਾ ਦੇ ਪ੍ਰਮੁੱਖ ਰਣਵੀਰ ਰਾਣਾ ਨੂੰ ਮੁੱਖ ਮਹਿਮਾਨ ਦੇ ਤੌਰ 'ਤੇ ਬੁਲਾਏ ਜਾਣ 'ਤੇ ਪੰਜਾਬ ਸੀ ਪੀ ਆਈ ਨੇ ਯੂਨੀਵਰਸਿਟੀ ਅਧਿਕਾਰੀਆਂ ਦੀ ਸਖਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਪੰਜਾਬ ਸੀ ਪੀ ਆਈ ਦੇ ਸਕੱਤਰ ਬੰਤ ਸਿੰਘ ਬਰਾੜ ਨੇ ਆਰ ਐੱਸ ਐੱਸ ਮੁਖੀ ਨੂੰ ਮੁੱਖ ਮਹਿਮਾਨ ਵਜੋਂ ਨਿਵਾਜੇ ਜਾਣ ਵਿਰੁੱਧ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਪੁਰਅਮਨ ਰੋਸ ਪ੍ਰਗਟ ਕਰਨ ਦਾ ਪੂਰਾ ਸਮਰਥਨ ਕਰਦਿਆਂ ਆਖਿਆ ਕਿ ਆਰ ਐੱਸ ਐੱਸ, ਜਿਹੜੀ ਨਿਰੋਲ ਜ਼ਹਿਰ ਫੈਲਾ ਕੇ ਘੱਟ ਗਿਣਤੀਆਂ ਵਿਰੁੱਧ ਦੰਗੇ ਭੜਕਾਉਣ ਲਈ ਜ਼ਿੰਮੇਵਾਰ ਹੈ ਅਤੇ ਦੇਸ਼ ਦੀ ਆਜ਼ਾਦੀ ਲਹਿਰ ਵਿਰੁੱਧ ਗਦਾਰੀ ਕਰਕੇ ਅੰਗਰੇਜ਼ੀ ਸਾਮਰਾਜਵਾਦ ਦੇ ਪਿੱਠੂਆਂ ਦੀ ਭੂਮਿਕਾ ਨਿਭਾਉਂਦੀ ਰਹੀ ਹੈ, ਉਸ ਦੇ ਆਗੂਆਂ ਨੂੰ ਪੰਜਾਬ ਯੂਨੀਵਰਸਿਟੀ ਵਿਚ ਮੁੱਖ ਮਹਿਮਾਨ ਬਣਾ ਕੇ ਨਿਵਾਜਣਾ ਗੁਰੂਆਂ ਦੀ ਵਿਚਾਰਧਾਰਾ ਦਾ ਅਪਮਾਨ ਕਰਨ ਵਾਲੀ ਗੱਲ ਹੈ, ਜਿਸ ਨੂੰ ਪੰਜਾਬ ਦੀਆਂ ਗੁਰੂਆਂ ਦੀ ਸਾਂਝੀਵਾਲਤਾ ਅਤੇ ਧਰਮ ਨਿਰਪੱਖ ਫਿਲਾਸਫੀ ਵਾਲੀਆਂ ਨੀਤੀਆਂ ਨਾਲ ਛੇੜਛਾੜ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ. ਸਾਥੀ ਬਰਾੜ ਨੇ ਇਸ ਘਟਨਾ ਲਈ ਜ਼ਿੰਮੇਵਾਰ ਅਧਿਕਾਰੀਆਂ ਵਿਰੁੱਧ ਸਖਤ ਐਕਸ਼ਨ ਲੈਣ ਦੀ ਮੰਗ ਕੀਤੀ ਹੈ, ਤਾਂ ਜੋ ਆਰ ਐੱਸ ਐੱਸ ਨੂੰ ਪੰਜਾਬ ਦੇ ਪੁਰਅਮਨ ਮਹੌਲ ਨੂੰ ਖਰਾਬ ਕਰਨ ਦਾ ਕੋਈ ਵੀ ਮੌਕਾ ਪ੍ਰਦਾਨ ਨਾ ਕੀਤਾ ਜਾ ਸਕੇ।



# ਭਾਰਤ-ਅਮਰੀਕਾ ਵਪਾਰ ਸਮਝੌਤਾ ਕਿਸਾਨਾਂ ਲਈ ਖ਼ਤਰਨਾਕ : ਭਗਵੰਤ ਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਨੂੰ ਚੇਤਾਵਨੀ ਦਿੱਤੀ ਕਿ ਪ੍ਰਸਤਾਵਿਤ ਭਾਰਤ-ਅਮਰੀਕਾ ਵਪਾਰ ਸਮਝੌਤਾ ਦੇਸ਼ ਦੇ ਖੇਤੀਬਾੜੀ ਖੇਤਰ ਲਈ ਗੰਭੀਰ ਖ਼ਤਰਾ ਸਾਬਤ ਹੋ ਸਕਦਾ ਹੈ।ਉਨ੍ਹਾ ਕਿਹਾ ਕਿ ਇਹ ਸਮਝੌਤਾ ਕੇਂਦਰ ਸਰਕਾਰ ਵੱਲੋਂ ਲਿਆਂਦੇ ਗਏ ਤਿੰਨ ਖੇਤੀ ਕਾਨੂੰਨਾਂ ਨਾਲੋਂ ਵੀ ਵੱਧ ਨੁਕਸਾਨਦਾਇਕ ਹੋ ਸਕਦਾ ਹੈ, ਜਿਨ੍ਹਾਂ ਦੇ ਖ਼ਿਲਾਫ਼ ਦੇਸ਼ ਭਰ ਵਿੱਚ ਇਤਿਹਾਸਕ ਕਿਸਾਨ ਅੰਦੋਲਨ ਹੋਇਆ ਸੀ।ਪੰਜਾਬ ਵਿਧਾਨ ਸਭਾ ਵਿੱਚ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਪੇਸ਼ ਕੀਤੇ ਮਤੇ 'ਤੇ ਚਰਚਾ ਦਾ ਜਵਾਬ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜੇ ਭਾਰਤ ਦਾ ਖੇਤੀਬਾੜੀ ਬਾਜ਼ਾਰ ਭਾਰੀ ਸਬਸਿਡੀ ਵਾਲੇ ਅਮਰੀਕੀ ਉਤਪਾਦਾਂ ਲਈ ਖੋਲ੍ਹਿਆ ਗਿਆ ਤਾਂ ਪੰਜਾਬ ਅਤੇ ਦੇਸ਼ ਦੇ ਕਿਸਾਨਾਂ ਲਈ ਮੁਕਾਬਲਾ ਕਰਨਾ ਬਹੁਤ ਮੁਸ਼ਕਲ ਹੋ ਜਾਵੇਗਾ।ਇਸ ਮਸਲੇ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਵਿਧਾਨ ਸਭਾ ਨੇ ਸਰਬਸੰਮਤੀ ਨਾਲ ਇਸ ਪ੍ਰਸਤਾਵਿਤ ਸਮਝੌਤੇ ਦੇ ਵਿਰੋਧ ਵਿੱਚ ਨਿੰਦਾ ਮਤਾ ਪਾਸ ਕੀਤਾ।ਮੁੱਖ ਮੰਤਰੀ ਨੇ ਕਿਹਾ ਕਿ ਇਹ ਸਮਝੌਤਾ ਭਾਰਤ ਦੀ ਖੇਤੀਬਾੜੀ ਪ੍ਰਭੂਸੱਤਾ ਨੂੰ ਕਮਜ਼ੋਰ ਕਰ ਸਕਦਾ ਹੈ ਅਤੇ ਦੇਸ਼ ਨੂੰ ਵਿਦੇਸ਼ੀ ਤਾਕਤਾਂ ਦੇ ਰਹਿਮੋ-ਕਰਮ 'ਤੇ ਛੱਡ ਸਕਦਾ ਹੈ। ਉਨ੍ਹਾ ਦੋਸ਼ ਲਗਾਇਆ ਕਿ ਕੇਂਦਰ ਸਰਕਾਰ ਨੇ ਇਸ ਮਾਮਲੇ 'ਤੇ ਰਾਜਾਂ ਨਾਲ ਕੋਈ ਸਲਾਹ-ਮਸ਼ਵਰਾ ਨਹੀਂ ਕੀਤਾ ਅਤੇ ਨਾ ਹੀ ਉਨ੍ਹਾਂ ਨੂੰ ਇਸ ਬਾਰੇ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਅਮਰੀਕਾ ਵਿੱਚ ਖੇਤੀਬਾੜੀ ਦਾ ਢਾਂਚਾ ਭਾਰਤ ਨਾਲੋਂ ਕਾਫ਼ੀ ਵੱਖਰਾ ਹੈ। ਉੱਥੇ ਵੱਡੀਆਂ ਜ਼ਮੀਨਾਂ, ਉੱਚ ਸਬਸਿਡੀਆਂ ਅਤੇ ਵੱਡੇ ਪੈਮਾਨੇ 'ਤੇ ਉਤਪਾਦਨ ਕਰਕੇ ਉਤਪਾਦ ਸਸਤੇ ਪੈਂਦੇ ਹਨ, ਜਿਸ ਕਰਕੇ ਭਾਰਤੀ ਕਿਸਾਨਾਂ ਲਈ ਉਨ੍ਹਾਂ ਨਾਲ ਮੁਕਾਬਲਾ ਕਰਨਾ ਮੁਸ਼ਕਲ ਹੋ ਸਕਦਾ ਹੈ।ਉਨ੍ਹਾ ਦੱਸਿਆ ਕਿ ਪੰਜਾਬ ਵਿੱਚ ਮੱਕੀ ਅਤੇ ਨਰਮੇ ਵਰਗੀਆਂ ਫਸਲਾਂ ਇਸ ਸਮਝੌਤੇ ਨਾਲ ਸਭ ਤੋਂ ਵੱਧ ਪ੍ਰਭਾਵਿਤ ਹੋ ਸਕਦੀਆਂ ਹਨ।



ਮੁੱਖ ਮੰਤਰੀ ਨੇ ਚਿੰਤਾ ਜਤਾਈ ਕਿ ਅਮਰੀਕਾ ਤੋਂ ਸਸਤੇ ਸੋਇਆ ਫੀਡ, ਮੱਕੀ ਅਤੇ ਹੋਰ ਖੇਤੀਬਾੜੀ ਉਤਪਾਦਾਂ ਦੀ ਆਮਦ ਨਾਲ ਦੇਸ਼ੀ ਫਸਲਾਂ ਦੀਆਂ ਕੀਮਤਾਂ ਘੱਟ ਸਕਦੀਆਂ ਹਨ।ਇਸ ਨਾਲ ਪੰਜਾਬ ਦੇ ਫਸਲੀ ਵਿਭਿੰਨਤਾ ਯਤਨਾਂ ਨੂੰ ਵੀ ਨੁਕਸਾਨ ਹੋ ਸਕਦਾ ਹੈ।ਉਨ੍ਹਾ ਕਿਹਾ ਕਿ ਕੁਝ ਗੈਰ-ਟੈਰਿਫ ਸ਼ਰਤਾਂ • ਬਾਕੀ ਸਫਾ 2 'ਤੇ

## ਨਸ਼ੇ ਤੇ ਬੇਰੁਜ਼ਗਾਰੀ ਦਾ ਸਫਾਇਆ ਪ੍ਰਮੁੱਖ ਤਰਜੀਹ : ਮਾਨ



**ਜਲੰਧਰ (ਸੁਰਿੰਦਰ ਕੁਮਾਰ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਵਿੱਚ ਸਿੱਖਿਆ, ਰੁਜ਼ਗਾਰ ਅਤੇ ਨਸ਼ਿਆਂ ਵਿਰੁੱਧ ਲੜਾਈ ਨੂੰ ਤਰਜੀਹ ਦਿੰਦਿਆਂ ਆਮ ਲੋਕਾਂ ਲਈ ਭਲਾਈ ਸੰਬੰਧੀ ਨੀਤੀਆਂ 'ਤੇ ਧਿਆਨ ਕੇਂਦਰਤ ਕਰ ਰਹੀ ਹੈ।ਆਦਮਪੁਰ ਦੇ ਗਾਜ਼ੀਪੁਰ ਮੁਹੱਲਾ ਵਿਖੇ ਲੋਕਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਸੂਬਾ ਸਰਕਾਰ ਦੀਆਂ ਮੁਫ਼ਤ ਬਿਜਲੀ ਅਤੇ ਸਿਹਤ ਸੰਭਾਲ ਯੋਜਨਾਵਾਂ ਤੋਂ ਲੈ ਕੇ ਰੁਜ਼ਗਾਰ ਉਤਪਤੀ ਅਤੇ ਨਸ਼ਾ ਵਿਰੋਧੀ ਮੁਹਿੰਮ ਤੱਕ ਦੀਆਂ • ਬਾਕੀ ਸਫਾ 2 'ਤੇ

## ਬਾਬਾ ਸ਼ੇਰ ਸਿੰਘ ਵੇਈਂਪੂੰਈਂ ਨੇ ਅੰਗਰੇਜ਼ਾਂ ਨਾਲ ਸਿੱਧੀ ਟੱਕਰ ਲਈ ਤੇ ਮੋਦੀ ਵਰਗੇ ਸਾਮਰਾਜ ਅੱਗੇ ਗੋਡੇ ਟੇਕ ਰਹੇ : ਅਰਸ਼ੀ




**ਵੇਈਂਪੂੰਈਂ/ਖਡੂਰ ਸਾਹਿਬ** : ਹਰ ਸਾਲ ਦੀ ਤਰ੍ਹਾਂ ਭਾਰਤੀ ਕਮਿਊਨਿਸਟ ਪਾਰਟੀ ਅਤੇ ਦੇਸ਼ ਭਗਤ ਬਾਬਾ ਸ਼ੇਰ ਸਿੰਘ ਵੇਈਂਪੂੰਈਂ ਦੇ ਪਰਵਾਰ ਵੱਲੋ ਉਹਨਾ ਦੀ ਬਰਸੀ ਪਿੰਡ ਵਿਖੇ ਪੂਰੇ ਇਨਕਲਾਬੀ ਉਤਸ਼ਾਹ ਨਾਲ ਭਗਵੰਤ ਸਿੰਘ, ਘੁਕ ਸਿੰਘ ਵੇਈਂਪੂੰਈਂ ਤੇ ਮੇਜਰ ਸਿੰਘ ਦਾਰਾਪੁਰ ਦੀ ਪ੍ਰਧਾਨਗੀ ਹੇਠ ਮਨਾਈ ਗਈ।ਇਸ ਮੌਕੇ ਉਚੇਚੇ ਤੌਰ 'ਤੇ ਭਾਰਤੀ ਕਮਿਊਨਿਸਟ ਪਾਰਟੀ ਦੇ ਸਾਬਕਾ ਅਸੈਂਬਲੀ ਗਰੁੱਪ ਆਗੂ ਹਰਦੇਵ ਸਿੰਘ ਅਰਸ਼ੀ ਅਤੇ ਪੰਜਾਬ ਇਸਤਰੀ ਸਭਾ ਦੇ ਸੂਬਾਈ ਪ੍ਰਧਾਨ ਰਜਿੰਦਰ ਪਾਲ ਕੌਰ ਪਹੁੰਚੇ। ਇਸ ਮਹਾਨ ਗਦਰੀ ਯੋਧੇ ਨੂੰ ਯਾਦ ਕਰਨ ਲਈ ਇਕੱਤਰ ਹੋਏ ਮਜ਼ਦੂਰਾਂ ਤੇ ਕਿਸਾਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਹਰਦੇਵ ਅਰਸ਼ੀ ਨੇ ਕਿਹਾ ਕਿ ਗਦਰੀ ਯੋਧੇ ਦੇਸ਼ ਵਿੱਚ ਇਨਕਲਾਬੀ ਤਬਦੀਲੀ ਚਾਹੁੰਦੇ ਸਨ, ਤਾਂ ਜੋ ਇੱਥੋਂ ਦੀ • ਬਾਕੀ ਸਫਾ 2 'ਤੇ

## ਬੱਬਰ ਅਕਾਲੀਆਂ ਨੂੰ ਸਮਰਪਤ ਸਮਾਗਮ 16 ਨੂੰ

**ਜਲੰਧਰ** : ਗੁਰਦੁਆਰਾ ਤਪ ਅਸਥਾਨ ਖੁਰਦਪੁਰ ਦੇ ਪ੍ਰਧਾਨ ਸੁਖਦੇਵ ਸਿੰਘ, ਸਕੱਤਰ ਮਾਸਟਰ ਪਰਮਜੀਤ ਸਿੰਘ, ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ, ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਅਤੇ ਇਤਿਹਾਸ ਕਮੇਟੀ ਦੇ ਕਨਵੀਨਰ ਚਰੰਜੀ ਲਾਲ ਕੰਗਣੀਵਾਲ ਨੇ ਦੱਸਿਆ ਕਿ ਸ਼ਹੀਦ ਭਾਈ ਬਲਵੰਤ ਸਿੰਘ ਅਤੇ ਸ਼ਹੀਦ ਰੰਗਾ ਸਿੰਘ ਖੁਰਦਪੁਰ ਦੀ ਯਾਦ 'ਚ ਹਰ ਸਾਲ ਹੋਣ ਵਾਲਾ ਯਾਦਗਾਰੀ ਸਮਾਗਮ ਇਸ ਵਾਰ ਬੱਬਰ ਅਕਾਲੀ ਲਹਿਰ ਦੀ ਸ਼ਹਾਦਤ ਸ਼ਤਾਬਦੀ ਨੂੰ ਸਮਰਪਤ ਕੀਤਾ ਜਾ ਰਿਹਾ ਹੈ। ਇਸ ਸਮਾਗਮ ਵਿੱਚ ਇਲਾਕੇ ਦੇ ਸਮੂਹ ਗ਼ਦਰੀ ਅਤੇ ਬੱਬਰ ਅਕਾਲੀ ਲਹਿਰ ਦੇ ਪਿੰਡਾਂ ਨੂੰ ਸ਼ਾਮਲ ਹੋਣ ਦੀ ਜ਼ੋਰਦਾਰ ਅਪੀਲ ਕੀਤੀ ਗਈ ਹੈ ਅਤੇ ਇਲਾਕੇ ਦੇ ਪਿੰਡਾਂ ਵਿਚ ਜਾ ਕੇ ਸੱਦਾ-ਪੱਤਰ ਵੀ ਦਿੱਤੇ ਜਾ ਰਹੇ ਹਨ।ਖੁਰਦਪੁਰ ਨਗਰ ਦੀ ਸਮਾਗਮ ਪ੍ਰਬੰਧਕੀ ਕਮੇਟੀ ਅਤੇ ਸਹਿਯੋਗੀ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਸੰਬੰਧਤ ਨਗਰਾਂ ਨੂੰ ਸਨਮਾਨ ਚਿੰਨ੍ਹ ਭੇਟ ਕੀਤੇ ਜਾਣਗੇ। ਇਹ ਸਮਾਗਮ 16 ਮਾਰਚ ਨੂੰ ਸਵੇਰੇ 11 ਵਜੇ ਗੁਰਦੁਆਰਾ ਤਪ ਅਸਥਾਨ ਖੁਰਦਪੁਰ ਵਿਖੇ ਹੋਏਗਾ।ਸਮਾਗਮ ਤੋਂ ਹੋਰਨਾਂ ਇਲਾਕਿਆਂ ਵਿਚ ਵੀ ਅਜਿਹੇ ਸਮਾਗਮ ਕਰਨ ਅਤੇ ਸਾਲਾਨਾ ਮੁਹਿੰਮ ਦੀ ਸਿਖ਼ਰ 'ਤੇ ਪਹਿਲੀ ਨਵੰਬਰ ਮੇਲਾ ਗ਼ਦਰੀ ਬਾਬਿਆਂ ਦਾ ਮੌਕੇ ਦੇਸ਼ ਭਗਤ ਯਾਦਗਾਰ ਹਾਲ ਪੁੱਜਣ ਅਤੇ ਮੇਲੇ ਨੂੰ ਹਰ ਪੱਖੋਂ ਸਫ਼ਲ ਕਰਨ ਲਈ ਜ਼ੋਰਦਾਰ ਅਪੀਲ ਕੀਤੀ ਜਾਏਗੀ।

## ਹਿਮਾਚਲੀ ਸੂਰਮਾ



**ਸੋਲਨ** : ਹਿਮਾਚਲ ਦੇ ਅਰਕੀ ਅਧੀਨ ਪੈਂਦੇ ਪਿੰਡ ਸਰਲੀ ਵਿੱਚ ਨੌਜਵਾਨ ਨੇ ਬੇਮਿਸਾਲ ਬਹਾਦਰੀ ਦਾ ਪ੍ਰਦਰਸ਼ਨ ਕਰਦਿਆਂ ਤੇਂਦੂਏ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਸੋਮਵਾਰ ਸਵੇਰੇ ਕਰੀਬ 7 ਵਜੇ, ਆਈ ਟੀ ਆਈ ਅਰਕੀ ਦਾ ਵਿਦਿਆਰਥੀ ਪਰਵੇਸ਼ ਸ਼ਰਮਾ ਜਦੋਂ ਦੁੱਧ ਲੈਣ ਲਈ ਖੇਤਾਂ ਵਿੱਚੋਂ ਲੰਘ ਰਿਹਾ ਸੀ, ਤਾਂ ਘਾਤ ਲਗਾ ਕੇ ਬੈਠੇ ਕਰੀਬ ਡੇਢ ਸਾਲ ਦੇ ਤੇਂਦੂਏ ਨੇ ਉਸ 'ਤੇ ਅਚਾਨਕ ਹਮਲਾ ਕਰ ਦਿੱਤਾ। ਅਚਨਚੇਤ ਹੋਏ ਇਸ ਹਮਲੇ ਤੋਂ ਪਰਵੇਸ਼ ਘਬਰਾਇਆ ਨਹੀਂ ਅਤੇ ਉਸ ਨੇ ਤੇਂਦੂਏ ਨਾਲ ਕਰੀਬ 10-12 ਮਿੰਟ ਤੱਕ ਜੰਗ ਲੜੀ। ਸੰਘਰਸ਼ ਦੌਰਾਨ ਪਰਵੇਸ਼ ਨੇ ਤੇਂਦੂਏ ਦਾ ਜਬਾੜ੍ਹਾ ਫੜ ਲਿਆ ਅਤੇ ਉਸ ਦੀ ਗਰਦਨ ਮਰੋੜ ਕੇ ਉਸ ਨੂੰ ਬੇਹਾਲ ਕਰ ਦਿੱਤਾ। ਅਖੀਰ ਨੌਜਵਾਨ ਨੇ ਤੇਂਦੂਏ ਦੇ ਸਿਰ 'ਤੇ ਵਾਰ ਕਰਕੇ ਉਸ ਨੂੰ ਮਾਰ ਮੁਕਾਇਆ। ਇਸ ਲੜਾਈ ਵਿੱਚ ਪਰਵੇਸ਼ ਦੇ ਸਰੀਰ 'ਤੇ ਕਈ ਥਾਵਾਂ 'ਤੇ ਤੇਂਦੂਏ ਦੇ ਪੰਜਿਆਂ ਦੇ ਨਿਸ਼ਾਨ ਪਏ ਹਨ, ਪਰ ਉਹ ਗੰਭੀਰ ਜ਼ਖਮੀ ਹੋਣ ਤੋਂ ਬਚ ਗਿਆ।

## ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ 31 ਮਾਰਚ 2026 ਨੂੰ ਲੰਘ ਰਹੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਕਾਰਡ 'ਨਵਾਂ ਜ਼ਮਾਨਾ' ਦਫਤਰ ਆ ਕੇ 31 ਮਾਰਚ ਤੋਂ ਪਹਿਲਾਂ-ਪਹਿਲਾਂ ਬਾਅਦ ਦੁਪਹਿਰ ਰੀਨਿਊ ਕਰਵਾਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।

-ਮੈਨੇਜਰ

## ਅੱਜ-ਨਾਮਾ

ਮੌਕਾ ਆਏ ਜਦ ਚੁਣਦੇ ਈ ਲੋਕ ਲੀਡਰ,
ਰਸਤਾ ਬਿੱਲੀ ਕੋਈ ਜਾਂਦੀ ਹੈ ਕੱਟ ਬੇਲੀ।
ਬਹੁਤੀ ਵਾਰ ਲੀਡਰ ਮਾੜਾ ਈ ਪਵੇ ਪੱਲੇ,
ਮਿਲਿਆ ਚੱਜ ਦਾ ਬਹੁਤ ਆ ਘੱਟ ਬੇਲੀ।
ਵੇਖੇ ਬਹੁਤ ਨਹੀਂ ਬੋਲਣ ਦੀ ਅਕਲ ਜੋਗੇ,
ਬਾਹਲੇ ਨਿਕਲ ਪੈਂਦੇ ਈ ਮੂੰਹ ਫੱਟ ਬੇਲੀ।
ਪੱਗ ਕਿਸੇ ਦੀ ਲਾਹੁੰਦੇ ਨਾ ਕਦੇ ਝਿਜਕਣ,
ਲੱਥੇ ਜਦ ਆਪਣੀ ਤੇ ਲੱਗਦਾ ਵੱਟ ਬੇਲੀ।
ਆਪਣੀ ਪੱਗ ਹੈ ਕੱਛ ਵਿੱਚ ਲਈ ਜੀਹਨਾਂ,
ਲਾਹੁੰਦੇ ਰਹਿਣ ਫਿਰ ਹੋਰਾਂ ਦੀ ਪੱਗ ਬੇਲੀ।
ਅੱਗਿਉਂ ਸੇਰ ਨੂੰ ਜਦ ਸਵਾ ਸੇਰ ਮਿਲਦਾ,
ਸੱਤੇ ਕੱਪੜੀਂ ਬੱਸ ਲੱਗ ਜਾਏ ਅੱਗ ਬੇਲੀ।

-ਤੀਸ ਮਾਰ ਖਾਂ

# 23 ਨੂੰ ਸਾਮਰਾਜਵਾਦ ਵਿਰੋਧੀ ਦਿਵਸ ਮਨਾਉਣ ਦਾ ਸੱਦਾ

**ਲੁਧਿਆਣਾ (ਐੱਮ ਐੱਸ ਭਾਟੀਆ)**

ਕੇਂਦਰੀ ਟਰੇਡ ਯੂਨੀਅਨਾਂ ਦੇ ਪਲੇਟਫਾਰਮ ਅਤੇ ਸੰਯੁਕਤ ਕਿਸਾਨ ਮੋਰਚਾ ਦੀ ਨਵੀਂ ਦਿੱਲੀ ਵਿੱਚ ਹੋਈ ਮਜ਼ਦੂਰ-ਕਿਸਾਨ ਸੰਸਦ ਨੇ ਸਾਂਝਾ ਬਿਆਨ ਜਾਰੀ ਕਰਕੇ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੱਤੀ ਹੈ ਕਿ ਉਹ ਕਾਰਪੋਰੇਟ-ਪੱਖੀ ਅਤੇ ਅਮਰੀਕਾ-ਪ੍ਰਸਤ ਨੀਤੀਆਂ ਅਤੇ ਕਾਨੂੰਨਾਂ ਨੂੰ ਜ਼ਬਰਦਸਤੀ ਲਾਗੂ ਕਰਨ ਵਾਲੀਆਂ ਨੀਤੀਆਂ ਛੱਡ ਦੇਵੇ, ਨਹੀਂ ਤਾਂ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਅਹਿਮ ਮੰਗਾਂ ਪੂਰੀਆਂ ਹੋਣ ਅਤੇ ਸਾਰੀਆਂ ਲੋਕ-ਵਿਰੋਧੀ, ਦੇਸ਼-ਵਿਰੋਧੀ ਨੀਤੀਆਂ ਨੂੰ ਵਾਪਸ ਲੈਣ ਤੱਕ ਦੇਸ਼ ਭਰ ਵਿੱਚ ਲਗਾਤਾਰ ਅਤੇ ਇਕਜੁੱਟ ਸੰਘਰਸ਼ ਚਲਦੇ ਰਹਿਣਗੇ। ਸੰਸਦ ਨੇ ਕਿਸਾਨਾਂ ਅਤੇ ਮਜ਼ਦੂਰਾਂ ਨੂੰ ਵੱਡੇ ਸੰਘਰਸ਼ਾਂ ਲਈ ਤਿਆਰ ਹੋਣ ਦਾ ਸੱਦਾ ਦਿੱਤਾ ਅਤੇ ਸਮਾਜ ਦੇ ਸਾਰੇ ਮਿਹਨਤੀ ਅਤੇ ਜਮਹੂਰੀ ਵਰਗਾਂ ਨੂੰ ਇਸ ਅੰਦੋਲਨ ਨੂੰ ਸਹਿਯੋਗ ਦੇਣ ਦੀ ਅਪੀਲ ਕੀਤੀ।

ਵੱਡੇ ਅਤੇ ਲਗਾਤਾਰ ਸੰਘਰਸ਼ਾਂ ਦੀ ਤਿਆਰੀ ਦੇ ਤੌਰ 'ਤੇ ਕਿਸਾਨ ਅਤੇ ਮਜ਼ਦੂਰ 23 ਮਾਰਚ ਸ਼ਹੀਦ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਦੇ ਸ਼ਹੀਦੀ ਦਿਵਸ ਨੂੰ ਮੁਫ਼ਤ ਵਪਾਰ ਸਮਝੌਤੇ ਦੇ ਵਿਰੋਧ ਵਿੱਚ ਸਾਮਰਾਜਵਾਦ ਵਿਰੋਧੀ ਦਿਵਸ ਵਜੋਂ ਮਨਾਉਣਗੇ। ਇਸੇ ਤਰ੍ਹਾਂ 1 ਅਪ੍ਰੈਲ ਨੂੰ ਚਾਰ ਮਜ਼ਦੂਰ ਕੋਡਾਂ ਨੂੰ ਲਾਗੂ ਕਰਨ ਦੇ ਵਿਰੋਧ ਵਿੱਚ ਆਲ-ਇੰਡੀਆ ਕਾਲਾ ਦਿਵਸ ਮਨਾਇਆ ਜਾਵੇਗਾ ਅਤੇ ਦੇਸ਼ ਦੇ ਸਾਰੇ ਰਾਜਾਂ ਵਿੱਚ ਮਹਾਂਪੰਚਾਇਤਾਂ ਕਰਕੇ ਕਾਰਪੋਰੇਟ ਵਿਰੋਧੀ ਜਨ-ਸੰਘਰਸ਼ਾਂ ਨੂੰ ਤੇਜ਼ ਕੀਤਾ ਜਾਵੇਗਾ।

ਸੰਸਦ ਦੇ ਸੈਸ਼ਨ ਦੇ ਸਮਾਂਤਰ ਇਸ ਸੰਸਦ ਨੂੰ ਕੇਂਦਰੀ ਟਰੇਡ ਯੂਨੀਅਨਾਂ / ਸੁਤੰਤਰ ਸੈਕਟੋਰਲ ਫੈਡਰੇਸ਼ਨਾਂ / ਐਸੋਸੀਏਸ਼ਨਾਂ ਦੇ ਸਾਂਝੇ ਮੰਚ ਅਤੇ ਸੰਯੁਕਤ ਕਿਸਾਨ ਮੋਰਚਾ (ਐੱਸ ਕੇ ਐੱਮ) ਵੱਲੋਂ ਆਯੋਜਿਤ ਕੀਤਾ ਗਿਆ। ਇਸ ਮੌਕੇ 12 ਫਰਵਰੀ ਨੂੰ ਹੋਈ ਭਾਰਤ-ਵਿਆਪੀ ਮਹਾਨ ਜਨਰਲ ਹੜਤਾਲ ਲਈ ਮਿਹਨਤੀ ਲੋਕਾਂ ਨੂੰ ਵਧਾਈ ਦਿੱਤੀ ਗਈ, ਜਿਸ ਨੇ ਕੇਂਦਰ ਸਰਕਾਰ ਦੀਆਂ ਮਜ਼ਦੂਰ-ਵਿਰੋਧੀ ਅਤੇ ਕਿਸਾਨ-ਵਿਰੋਧੀ ਨੀਤੀਆਂ ਦੇ ਖ਼ਿਲਾਫ਼ ਇੱਕ ਮਜ਼ਬੂਤ ਚੇਤਾਵਨੀ ਦਿੱਤੀ।




ਬੁਲਾਰਿਆਂ ਨੇ ਗੈਰ-ਬਰਾਬਰੀ ਵਾਲੇ ਇੱਕਪਾਸੜ ਅਤੇ ਸ਼ੋਸ਼ਣਕਾਰੀ ਭਾਰਤ-ਅਮਰੀਕਾ ਅੰਤਰਮ ਵਪਾਰ ਢਾਂਚੇ ਨੂੰ ਸਵੀਕਾਰ ਕਰਕੇ ਕੇਂਦਰ ਸਰਕਾਰ ਵੱਲੋਂ ਅਮਰੀਕੀ ਦਬਾਅ ਅੱਗੇ ਕੀਤੇ ਗਏ ਸ਼ਰਮਨਾਕ ਆਤਮ-ਸਮਰਪਣ ਦੀ ਤਿੱਖੀ ਨਿੰਦਾ ਕੀਤੀ। ਉਨ੍ਹਾਂ ਕਿਹਾ ਕਿ ਸਰਕਾਰ ਕਾਰਪੋਰੇਟ ਨਾਲ ਮਿਲ ਕੇ ਮਜ਼ਦੂਰ-ਵਿਰੋਧੀ ਅਤੇ ਕਿਸਾਨ-ਵਿਰੋਧੀ ਕਦਮ ਲਾਗੂ ਕਰ ਰਹੀ ਹੈ।

ਘੋਸ਼ਣਾ ਪੱਤਰ ਵਿੱਚ ਕਿਹਾ ਗਿਆ ਕਿ ਅਮਰੀਕੀ ਹਕੂਮਤ • ਬਾਕੀ ਸਫਾ 2 'ਤੇ

## ਪੀ ਆਰ ਟੀ ਸੀ ਕਾਮਿਆਂ ਤੇ ਪੈਨਸ਼ਨਰਾਂ ਵੱਲੋਂ ਭਰਵੀਂ ਰੋਸ ਰੈਲੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੰਗਲਵਾਰ ਇੱਥੇ ਪੀ ਆਰ ਟੀ ਸੀ ਰਿਟਾਇਰਡ ਵਰਕਰਜ਼ ਭਾਈਚਾਰਾ ਯੂਨੀਅਨ ਏਟਕ ਵੱਲੋਂ ਬਸ ਸਟੈਂਡ ਪਟਿਆਲਾ 'ਤੇ ਭਰਵੀਂ ਰੋਸ ਰੈਲੀ ਕੀਤੀ ਗਈ, ਕਿਉਂਕਿ ਇਸ ਮਹੀਨੇ ਦੀ 11 ਤਰੀਕ ਹੋਣ 'ਤੇ ਵੀ ਅਜੇ ਤੱਕ ਨਾ ਹੀ ਵਰਕਰਾਂ ਨੂੰ ਤਨਖਾਹ ਮਿਲੀ ਹੈ, ਨਾ ਹੀ ਸੇਵਾ-ਮੁਕਤ ਕਰਮਚਾਰੀਆ ਨੂੰ ਪੈਨਸ਼ਨ ਹੀ ਦਿੱਤੀ ਗਈ ਹੈ। ਇਸ ਤੋਂ ਇਲਾਵਾ ਲਗਭਗ 2 ਸਾਲ ਤੋਂ ਸੇਵਾ-ਮੁਕਤ ਹੋਏ ਕਰਮਚਾਰੀਆਂ ਨੂੰ ਉਨ੍ਹਾਂ ਦੇ ਸੇਵਾ-ਮੁਕਤੀ ਬਕਾਏ ਨਹੀਂ ਦਿੱਤੇ ਜਾ ਰਹੇ, ਅਨੇਕਾਂ ਕਿਸਮ ਦੇ ਹੋਰ ਏਰੀਅਰ, ਪੇ ਕਮਿਸ਼ਨ ਦਾ ਏਰੀਅਰ ਅਤੇ ਮੈਡੀਕਲ ਬਿੱਲਾਂ ਆਦਿ ਦੀ ਅਦਾਇਗੀ ਨਹੀਂ ਕੀਤੀ ਜਾ ਰਹੀ। ਵਰਕਰਾਂ ਦੇ ਲਗਭਗ 125 ਕਰੋੜ ਰੁਪਏ ਤੋਂ ਵੱਧ ਦੇ ਬਕਾਏ ਪੀ ਆਰ ਟੀ ਸੀ ਵੱਲ ਖੜੇ ਹਨ, ਪਰ ਮੈਨੇਜਮੈਂਟ ਕੋਈ ਜਤਨ ਨਹੀਂ ਕਰ ਰਹੀ ਕਿ ਵਰਕਰਾਂ ਦੀ ਹੱਕ-ਹਲਾਲ ਦੀ ਕਾਨੂੰਨੀ ਕਮਾਈ ਦੇ ਪੈਸੇ ਦਿੱਤੇ ਜਾਣ।

ਰੈਲੀ ਨੂੰ ਸੰਬੋਧਨ ਕਰਦਿਆਂ ਸੇਵਾ- • ਬਾਕੀ ਸਫਾ 2 'ਤੇ

# ਹਰੀ ਓਮ ਇਲੈਕਟ੍ਰੋਹੋਮਿਓਪੈਥਿਕ ਸੈਂਟਰ ਦਾ ਈ ਡੀ ਐੱਮ ਏ ਪੰਜਾਬ ਵੱਲੋਂ ਉਦਘਾਟਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਇਲੈਕਟ੍ਰੋਹੋਮਿਉਪੈਥੀ ਦੇ ਨਵੇਂ-ਨਵੇਂ ਸੈਂਟਰ ਬਣ ਰਹੇ ਹਨ। ਇਸੇ ਕੜੀ ਵਿੱਚ ਡਾ ਕਰਮਜੀਤ ਸਿੰਘ ਬੌਂਡੇ (ਮੋਗਾ) ਦੇ ਨਵੇਂ ਕਲੀਨਿਕ ਹਰੀ ਓਮ ਇਲੈਕਟ੍ਰੋਹੋਮਿਉਪੈਥਿਕ ਸੈਂਟਰ' ਦਾ ਉਦਘਾਟਨ ਬਰਨਾਲਾ ਵਿਖੇ ਇਲੈਕਟ੍ਰੋਹੋਮਿਓਪੈਥਿਕ ਡਾਕਟਰਜ਼ ਮੈਡੀਕਲ ਐਸੋਸੀਏਸ਼ਨ ਦੇ ਚੇਅਰਮੈਨ ਡਾ. ਜਗਤਾਰ ਸਿੰਘ ਸੇਖੋਂ, ਕੋਰ ਕਮੇਟੀ ਮੈਂਬਰ ਡਾ. ਜਗਜੀਤ ਸਿੰਘ ਗਿੱਲ, ਡਾ. ਜਗਮੋਹਣ ਸਿੰਘ ਧੂੜਕੋਟ, ਡਾ ਮਨਪ੍ਰੀਤ ਸਿੰਘ ਨਿਹਾਲ ਸਿੰਘ ਵਾਲਾ, ਡਾ ਜਸਵਿੰਦਰ ਸਿੰਘ ਸਮਾਧ ਭਾਈ, ਡਾ ਸ਼ਿੰਦਰ ਸਿੰਘ ਕਲੇਰ, ਜਨ. ਸਕੱਤਰ ਡਾ ਪਰਮਿੰਦਰ ਪਾਠਕੁ ਰਾਏਕੋਟ, ਸਹਾਇਕ ਸਕੱਤਰ ਡਾ ਜਸਵੀਰ ਸ਼ਰਮਾ ਭਗਤਾ, ਪ੍ਰੈਸ ਸਕੱਤਰ ਡਾ ਅਵਤਾਰ ਸਿੰਘ ਦੇਵਗਨ ਜੀ ਦੀ ਰਹਿਨੁਮਾਈ ਹੇਠ ਕੀਤਾ ਗਿਆ। ਐਸੋਸੀਏਸ਼ਨ ਦੇ ਚੇਅਰਮੈਨ ਡਾ. ਜਗਤਾਰ ਸਿੰਘ ਸੇਖੋਂ ਨੇ ਕਿਹਾ ਕਿ ਕੁਦਰਤੀ ਪੌਦਿਆਂ ਦੇ ਅਰਕ ਤੋਂ ਤਿਆਰ ਦਵਾਈਆਂ ਦਾ ਕੋਈ ਸਾਈਡ ਇਫੈਕਟ ਨਹੀਂ ਹੁੰਦਾ, ਇਹ ਪੂਰਾ ਤਰਾਂ ਸੁਰੱਖਿਅਤ ਹਨ। ਇਸ ਸਮੇਂ ਮੁਫ਼ਤ ਇਲਕਟ੍ਰੋਹੋਮਿਉਪੈਥਿਕ ਮੈਡੀਕਲ ਚੈਕਅੱਪ ਕੈਂਪ ਲਾਇਆ ਗਿਆ, ਜਿਸ ਵਿੱਚ ਲਗਭਗ 104 ਮਰੀਜ਼ਾਂ ਦੀ ਜਾਂਚ ਕਰਕੇ ਮੁਫ਼ਤ ਦਵਾਈ ਦਿੱਤੀ ਗਈ। ਕੈਂਪ ਦੌਰਾਨ ਗਠੀਆ, ਸਰਵਾਈਕਲ, ਬੱਚੇਦਾਨੀਆਂ ਦੀਆਂ ਰਸੌਲੀਆਂ, ਗੁਰਦੇ ਦੀਆਂ ਪੱਥਰੀਆਂ, ਬਵਾਸੀਰ, ਪੀਲੀਆ, ਫੈਟੀ ਲਿਵਰ, ਚਰਬੀ ਦੀਆਂ ਗੰਢਾਂ ਆਦਿ ਦੀ ਦਵਾਈ ਦਿੱਤੀ ਗਈ।

# ਰਸਨੀਤ ਕੌਰ ਨੇ ਯੂ ਪੀ ਐੱਸ ਸੀ 'ਚੋਂ ਹਾਸਲ ਕੀਤਾ 51ਵਾਂ ਰੈਂਕ

## ਸਮੁੱਚੇ ਕੰਬੋਜ ਸਮਾਜ ਵੱਲੋਂ ਖੁਸ਼ੀ ਦਾ ਪ੍ਰਗਟਾਵਾ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਰਾਜਪੁਰਾ ਦੀ ਵਸਨੀਕ ਰਸਨੀਤ ਕੌਰ ਕੰਬੋਜ ਸਪੁੱਤਰੀ ਜਸਵਿੰਦਰ ਸਿੰਘ ਵੱਲੋਂ ਭਾਰਤ ਦੇਸ਼ ਦੀ ਸਭ ਤੋਂ ਵੱਕਾਰੀ ਪ੍ਰੀਖਿਆ ਯੂਪੀਐੱਸਸੀ ਵਿੱਚੋਂ 51ਵਾਂ ਆਲ ਇੰਡੀਆ ਰੈਂਕ ਪ੍ਰਾਪਤ ਕਰਨ 'ਤੇ ਸਮੁੱਚੇ ਕੰਬੋਜ ਭਾਈਚਾਰੇ ਵੱਲੋਂ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਇੰਟਰਨੈਸ਼ਨਲ ਸਰਵ ਕੰਬੋਜ ਸਮਾਜ ਦੇ ਰਾਸ਼ਟਰੀ ਪ੍ਰਧਾਨ ਇਕਬਾਲ ਕੰਬੋਜ ਪਾਲਾ ਬੱਟੀ, ਡਾਕਟਰ ਸੰਦੀਪ ਸਿੰਘ ਕੌੜਾ (ਕੰਬੋਜ ਫਾਊਂਡੇਸ਼ਨ), ਸਰਵ ਕੰਬੋਜ ਸਮਾਜ ਦੇ ਮੁੱਖ ਸਲਾਹਕਾਰ ਜਸਪਾਲ ਹਾਂਡਾ, ਵਿਧਾਇਕ ਜਗਦੀਪ ਕੰਬੋਜ ਗੋਲਡੀ, ਮੁਹੰਮਦ ਜਾਮਲ ਉਰ ਰਹਿਮਾਨ ਐੱਮ ਐੱਲ ਏ ਮਲੇਰਕੋਟਲਾ, ਪੱਛੜੀਆਂ ਸ਼੍ਰੇਣੀਆਂ ਕਮਿਸ਼ਨ ਦੇ ਚੇਅਰਮੈਨ ਡਾਕਟਰ ਮਲਕੀਤ ਥਿੰਦ, ਸ਼ਹੀਦ ਊਧਮ ਸਿੰਘ ਭਵਨ ਦੇ ਪ੍ਰਧਾਨ ਭਗਵਾਨ ਸਿੰਘ ਸਾਮਾ ਨੂਰਪੁਰ, ਸ਼ਮਿੰਦਰ ਸਿੰਘ ਖਿੰਡਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਜਥੇਦਾਰ ਦਰਸ਼ਨ ਸਿੰਘ ਸ਼ੇਰਖਾਂ, ਗੁਰਜਿੰਦਰਪਾਲ ਸਿੰਘ, ਸ਼ਿਵ ਤ੍ਰਿਪਾਲ ਕੇ, ਜ਼ਿਲ੍ਹਾ ਲੋਕ ਸੰਪਰਕ ਅਫਸਰ ਅਮਰੀਕ ਸਿੰਘ ਸਾਮਾ, ਸਾਬਕਾ ਵਿਧਾਇਕ ਹੰਸ ਰਾਜ ਜੋਸਨ, ਬੀ ਡੀ ਪੀ ਓ ਪਿਆਰ ਸਿੰਘ ਖਾਲਸਾ, ਜੁਆਇੰਟ ਡਾਇਰੈਕਟਰ ਰਣਦੀਪ ਹਾਂਡਾ, ਰਾਈਸ ਮਿੱਲ ਐਸੋਸੀਏਸ਼ਨ ਦੇ ਆਗੂ ਰਣਜੀਤ ਸਿੰਘ ਸ਼ੇਰਖਾਂ, ਹਰਦੀਪ ਸਿੰਘ ਕੰਬੋਜ ਸਨੌਰ, ਇਕਬਾਲ ਸਿੰਘ ਕੰਬੋਜ, ਅਵਤਾਰ ਸਿੰਘ ਸਰਪੰਚ, ਬਲਕਾਰ ਸਿੰਘ ਸਰਪੰਚ ਜੋਧਪੁਰ, ਜਸਵਿੰਦਰ ਸਿੰਘ ਅਕਾਊਂਟ ਅਫਸਰ, ਸਾਬਕਾ ਚੇਅਰਮੈਨ ਬਲਦੇਵ ਰਾਜ ਕੰਬੋਜ, ਕਾਨੂੰਗੋ ਪ੍ਰੇਮ ਪ੍ਰਕਾਸ਼, ਸਰਪੰਚ ਯੂਨੀਅਨ ਦੇ ਪ੍ਰਧਾਨ ਹਰਬੰਸ ਲਾਲ ਪੱਪੂ, ਪੱਛੜੀਆਂ ਸ਼੍ਰੇਣੀਆਂ ਇੰਪਲਾਈਜ਼ ਯੂਨੀਅਨ ਦੇ ਆਗੂ ਹਰਜਿੰਦਰ ਹਾਂਡਾ ਸਮੇਤ ਸਮੁੱਚੇ ਕੰਬੋਜ ਸਮਾਜ ਵੱਲੋਂ ਇਸ ਪ੍ਰਾਪਤੀ ਲਈ ਰਸਨੀਤ ਕੌਰ, ਉਸ ਦੇ ਪਿਤਾ ਪਾਵਰਕਾਮ ਦੇ ਮੁਲਾਜ਼ਮ ਜਸਵਿੰਦਰ ਸਿੰਘ ਸਮੇਤ ਸਮੱਚੇ ਪਰਵਾਰ ਨੂੰ ਵਧਾਈਆਂ ਦਿੱਤੀਆਂ ਗਈਆਂ।

# ਸ੍ਰੀ ਰੂਪ ਚੰਦ ਜੈਨ ਮਹਾਰਾਜ ਦਾ ਸਾਲਾਨਾ ਦੀਕਸ਼ਾ ਮਹਾਂਉਤਸਵ ਮਨਾਇਆ



**ਜਗਰਾਓਂ (ਅਮਿਤ ਖੰਨਾ)**-ਸ੍ਰੀ ਰੂਪ ਚੰਦ ਐੱਸ ਐੱਸ ਜੈਨ ਬਿਰਾਦਰੀ ਵੱਲੋਂ ਸ੍ਰੀ ਰੂਪ ਚੰਦ ਜੈਨ ਮਹਾਰਾਜ ਜੀ ਦਾ 188ਵਾਂ ਪਵਿੱਤਰ ਸਾਲਾਨਾ ਦੀਕਸ਼ਾ ਮਹਾਂਉਤਸਵ ਬੜੀ ਧੂਮਧਾਮ ਤੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਸ਼੍ਰੀਮਤੀ ਸੁਨੀਤਾ ਪਤਨੀ ਬਿਪਨ ਜੈਨ ਸ਼ਰਮਨ ਸਵੀਟਸ ਲੁਧਿਆਣਾ ਤੇ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅਤੇ ਉਨ੍ਹਾ ਦੀ ਧਰਮ ਪਤਨੀ ਸ਼੍ਰੀਮਤੀ ਅਨੀਤਾ ਕਟਾਰੀਆ ਵੱਲੋਂ ਝੰਡਾ ਲਹਿਰਾਉਣ ਦੀ ਰਸਮ ਨਾਲ ਕੀਤੀ ਗਈ।ਸਮਾਗਮ ਦੇ ਪ੍ਰਧਾਨ ਸ਼੍ਰੀਮਤੀ ਊਸ਼ਾ ਜੈਨ ਪਤਨੀ ਸਵਰਗ ਵਾਸੀ ਸ਼੍ਰੀ ਜਿਨੇਦਰ ਜੈਨ ਓਸਵਾਲ ਗਰੁੱਪ ਲੁਧਿਆਣਾ ਸਨ।ਇਸ ਸਮਾਗਮ ਵਿਚ ਜੈਨ ਸਾਧਵੀਆਂ ਪ੍ਰਿਯ ਦਰਸ਼ਨਾ ਮਹਾਰਾਜ, ਮਹਾ ਸਾਧਵੀ ਸੁਨੀਤਾ ਮਹਾਰਾਜ, ਸ੍ਰੀ ਸ਼ੁਭਮਹਾਰਾਜ, ਸ੍ਰੀ ਸੁਵ੍ਰਤ ਪ੍ਰਭਾ ਮਹਾਰਾਜ ਨੇ ਪ੍ਰਵਚਨਾਂ ਰਾਹੀਂ ਸ਼ਰਧਾਲੂਆਂ ਨੂੰ ਜੈਨ ਧਰਮ ਨਾਲ ਜੋੜਿਆ ਤੇ ਆਪਣੇ ਪਾਵਨ ਪ੍ਰਵਚਨ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਸਾਲਾਨਾ ਸਮਾਗਮ ਵਿੱਚ ਸੰਗੀਤ ਗਾਇਕਾ ਡਾ. ਅਨਾਮਿਕਾ ਜੈਨ ਨੇ ਧਾਰਮਿਕ ਭਜਨ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ।ਸਟੇਜ ਸੰਚਾਲਕ ਦੀ ਭੂਮਿਕਾ ਜਨਰਲ ਸਕੱਤਰ ਸ਼੍ਰੀ ਧਰਮਪਾਲ ਜੈਨ ਨੇ ਨਿਭਾਈ।ਸਮਾਗਮ 'ਚ ਪੁੱਜੇ ਰਾਜਪਾਲ ਸਮੇਤ ਹੋਰਨਾਂ ਸ਼ਖ਼ਸੀਅਤਾਂ ਨੂੰ ਪ੍ਰਧਾਨ ਤਰੁਣ ਜੈਨ ਕਾਲਾ, ਜਨਰਲ ਸਕੱਤਰ ਧਰਮਪਾਲ ਜੈਨ, ਕੈਸ਼ੀਅਰ ਵਿਜੇ ਕੁਮਾਰ ਜੈਨ, ਸਾਬਕਾ ਪ੍ਰਧਾਨ ਰਮੇਸ਼ ਜੈਨ, ਅਨੀਸ਼ ਜੈਨ ਤੇ ਯੋਗੇਸ਼ ਜੈਨ ਨੇ ਸਨਮਾਨਤ ਕੀਤਾ।ਇਸ ਮੌਕੇ ਭਾਰਤੀ ਜਨਤਾ ਪਾਰਟੀ ਦੇ ਚੇਅਰਮੈਨ ਗੇਜਾਰਾਮ ਵਾਲਮੀਕੀ, ਨਗਰ ਕੌਂਸਲ ਜਗਰਾਉਂ ਦੇ ਪ੍ਰਧਾਨ ਕੰਵਰਪਾਲ ਸਿੰਘ, ਸਾਬਕਾ ਐੱਮ ਐੱਲ ਏ ਐੱਸ ਆਰ ਕਲੇਰ, ਕੌਂਸਲਰ ਸਤੀਸ਼ ਕੁਮਾਰ ਪੱਪੂ ਹਾਜ਼ਰ ਸਨ।ਇਸ ਮੌਕੇ ਬਿਰਾਦਰੀ ਪ੍ਰਧਾਨ ਤਰੁਣ ਜੈਨ (ਕਾਲਾ), ਜਨਰਲ ਸਕੱਤਰ ਧਰਮਪਾਲ ਜੈਨ, ਖਜ਼ਾਨਚੀ ਵਿਜੇ ਜੈਨ, ਰਾਕੇਸ਼ ਜੈਨ, ਰਮੇਸ਼ ਜੈਨ, ਵਰਿੰਦਰ ਜੈਨ, ਨੀਰਜ ਜੈਨ, ਅਜੇ ਜੈਨ, ਵਿਨੋਦ ਜੈਨ, ਯੋਗੇਸ਼ ਜੈਨ, ਮਹਾਵੀਰ ਜੈਨ, ਮਨੀ ਜੈਨ, ਸ੍ਰੀਪਾਲ ਜੈਨ, ਅਨੀਸ਼ ਜੈਨ ਤੇ ਸਮੂਹ ਮੈਂਬਰ ਹਾਜ਼ਰ ਸਨ।

# ਪ੍ਰੀ-ਪ੍ਰਾਇਮਰੀ ਅਧਿਆਪਕਾਂ ਦੀ ਇੱਕ ਰੋਜ਼ਾ ਵਰਕਸ਼ਾਪ



**ਜਲਾਲਾਬਾਦ (ਬਲਵਿੰਦਰ ਸਿੰਘ)**-ਬਲਾਕ ਜਲਾਲਾਬਾਦ-1 ਦੇ ਵੱਖ-ਵੱਖ ਕਲਸਟਰ ਦੇ ਪ੍ਰਾਇਮਰੀ ਸਕੂਲਾਂ ਵਿੱਚ ਪ੍ਰੀ-ਪ੍ਰਾਇਮਰੀ ਜਮਾਤਾਂ ਦੇ ਇੰਚਾਰਜ ਅਧਿਆਪਕਾਂ ਦੀ ਹੈਂਡ-ਮੇਡ ਮਟੀਰੀਅਲ ਬਣਾਉਣ ਲਈ ਇੱਕ ਰੋਜ਼ਾ ਵਰਕਸ਼ਾਪ ਲਗਾਈ ਗਈ।ਵਰਕਸ਼ਾਪਾਂ ਦਾ ਸਮੁੱਚਾ ਸੰਚਾਲਨ ਮਾਣਯੋਗ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਜਸਪਾਲ ਸਿੰਘ ਤੇ ਸੀਐੱਚਟੀ ਸਾਹਿਬਾਨ ਦੀ ਦੇਖ-ਰੇਖ ਹੇਠਾਂ ਕੀਤਾ ਗਿਆ।ਸਟੇਟ ਹਦਾਇਤਾਂ ਅਨੁਸਾਰ ਹੈਂਡ-ਮੇਡ ਮੀਟੀਰੀਅਲ ਬਣਾਉਣ ਲਈ ਟੀਮ ਪ੍ਰਥਮ ਦੇ ਸਟੇਟ ਟੀਮ ਮੈਂਬਰ ਹਰਮੀਤ ਸਿੰਘ, ਜ਼ਿਲ੍ਹਾ ਰਿਸੋਰਸ ਪਰਸਨ ਰੋਸ਼ਨ ਸਿੰਘ ਤੇ ਰੋਹਿਤ ਕੁਮਾਰ ਵੱਲੋਂ ਸਹਾਇਕ ਸਮਗਰੀ ਬਣਾਉਣ ਵਿੱਚ ਅਧਿਆਪਕਾਂ ਦਾ ਵਿਸ਼ੇਸ਼ ਸਹਿਯੋਗ ਦਿੱਤਾ ਗਿਆ।ਬਲਾਕ ਰਿਸੋਰਸ ਕੋਆਰਡੀਨੇਟਰ ਅਮਿਤ ਕੁਮਾਰ ਤੇ ਗੁਰਦੀਪ ਸਿੰਘ ਨੇ ਦੱਸਿਆ ਕਿ ਇਹ ਸਹਾਇਕ ਸੱਮਗਰੀ ਪ੍ਰੀ-ਪ੍ਰਾਇਮਰੀ ਬੱਚਿਆਂ ਨੂੰ ਪੜ੍ਹਉਣ ਵਿੱਚ ਬਹੁਤ ਮਦਦਗਾਰ ਸਿੱਧ ਹੋਵੇਗੀ ਤੇ ਟੀਮ ਪ੍ਰਥਮ ਦੇ ਮੈਂਬਰਾਂ ਦਾ ਵਿਸ਼ੇਸ਼ ਧੰਨਵਾਦ ਕੀਤਾ, ਅਤੇ ਸੀਐੱਚਟੀ ਸਾਹਿਬਾਨ ਦੀ ਸਮੁੱਚੇ ਪ੍ਰਬੰਧ ਦੀ ਸ਼ਲਾਘਾ ਕੀਤੀ ਗਈ।

# ਮਾਵਾਂ-ਧੀਆਂ ਸਤਿਕਾਰ ਯੋਜਨਾ ਔਰਤਾਂ ਦੀ ਆਰਥਿਕ ਮਜ਼ਬੂਤੀ ਵੱਲ ਵੱਡਾ ਕਦਮ : ਸੰਧੂ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਦੇ ਸੀਨੀਅਰ ਆਮ ਆਦਮੀ ਪਾਰਟੀ ਦੇ ਆਗੂ ਤੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਸਵਾਗਤ ਕਰਦਿਆਂ ਇਸ ਨੂੰ ਸੂਬੇ ਦੀਆਂ ਔਰਤਾਂ ਲਈ ਇਤਿਹਾਸਕ ਕਦਮ ਕਰਾਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨਾਲ ਕੀਤੇ ਚੋਣ ਵਾਅਦੇ ਪੂਰੇ ਕਰਨ ਲਈ ਵਚਨਬੱਧ ਹੈ ਅਤੇ ਇਹ ਯੋਜਨਾ ਉਸ ਦਾ ਵੱਡਾ ਸਬੂਤ ਹੈ।ਇੰਦਰਜੀਤ ਸਿੰਘ ਸੰਧੂ ਨੇ ਕਿਹਾ ਕਿ ਇਸ ਯੋਜਨਾ ਤਹਿਤ ਪੰਜਾਬ ਭਰ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1000 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇਗੀ, ਜਦਕਿ ਅਨੁਸੂਚਿਤ ਜਾਤੀ ਭਾਈਚਾਰੇ ਦੀਆਂ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਮਿਲਣਗੇ।ਉਨ੍ਹਾਂ ਦੱਸਿਆ ਕਿ ਇਸ ਯੋਜਨਾ ਲਈ ਪੰਜਾਬ ਸਰਕਾਰ ਵੱਲੋਂ ਲਗਭਗ 9300 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ, ਜੋ ਸੂਬੇ ਦੀਆਂ ਮਾਵਾਂ-ਧੀਆਂ ਦੀ ਆਰਥਿਕ ਮਜ਼ਬੂਤੀ ਵੱਲ ਇੱਕ ਵੱਡਾ ਕਦਮ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕ ਭਲਾਈ ਨੂੰ ਸਮਰਪਤ ਹੈ ਅਤੇ ਇਸ ਬਜਟ ਨੂੰ ਸਾਰੀਆਂ ਗਰੰਟੀਆਂ ਪੂਰੀਆਂ ਵਾਲਾ ਬਜਟ ਕਿਹਾ ਜਾ ਰਿਹਾ ਹੈ।ਸਰਕਾਰ ਵੱਲੋਂ ਪਹਿਲਾਂ ਹੀ ਔਰਤਾਂ ਲਈ ਮੁਫ਼ਤ ਬੱਸ ਯਾਤਰਾ, ਘਰਾਂ ਲਈ ਮੁਫ਼ਤ ਬਿਜਲੀ ਤੇ ਲੋਕਾਂ ਲਈ ਬਿਹਤਰ ਸਿਹਤ ਸਹੂਲਤਾਂ ਵਰਗੀਆਂ ਕਈ ਯੋਜਨਾਵਾਂ ਲਾਗੂ ਕੀਤੀਆਂ ਗਈਆਂ ਹਨ, ਜਿਨ੍ਹਾਂ ਦਾ ਲਾਭ ਪੰਜਾਬ ਦੇ ਹਰ ਪਰਿਵਾਰ ਤੱਕ ਪਹੁੰਚ ਰਿਹਾ ਹੈ। ਅੰਤ ਵਿੱਚ ਸੰਧੂ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਲੋਕ-ਕੇਂਦ੍ਰਿਤ ਬਜਟ ਸੂਬੇ ਦੀ ਤਰੱਕੀ ਤੇ ਲੋਕਾਂ ਦੀ ਖੁਸ਼ਹਾਲੀ ਲਈ ਮੀਲ ਪੱਥਰ ਸਾਬਿਤ ਹੋਵੇਗਾ।ਉਨ੍ਹਾਂ ਇਸ ਯੋਜਨਾ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਧੰਨਵਾਦ ਕੀਤਾ।

# ਯੂ ਪੀ ਐੱਸ ਸੀ 'ਚੋਂ 136ਵਾਂ ਰੈਂਕ ਹਾਸਲ ਕਰਨ ਵਾਲੀ ਮਨਪ੍ਰੀਤ ਕੌਰ ਨੂੰ ਦਿੱਤੀ ਵਧਾਈ

**ਭੀਖੀ (ਧਰਮਵੀਰ ਸ਼ਰਮਾ)**-ਯੂ.ਪੀ.ਐਸ.ਸੀ. 'ਚੋਂ 136ਵਾਂ ਰੈਂਕ ਹਾਸਲ ਕਰਕੇ ਜ਼ਿਲ੍ਹੇ ਦਾ ਨਾਂਅ ਰੌਸ਼ਨ ਕਰਨ ਵਾਲੀ ਪਿੰਡ ਧਲੇਵਾਂ ਦੀ ਜੰਮਪਲ ਤੇ ਵਸਨੀਕ ਮਨਪ੍ਰੀਤ ਕੌਰ ਨੂੰ ਸੀਨੀਅਰ ਕਾਂਗਰਸੀ ਆਗੂ ਗੁਰਪ੍ਰੀਤ ਸਿੰਘ ਵਿੱਕੀ ਨੇ ਪਿੰਡ ਪਹੁੰਚ ਕੇ ਇਸ ਵੱਡੀ ਉਪਲਬਧੀ ਲਈ ਵਧਾਈ ਦਿੱਤੀ।ਗੁਰਪ੍ਰੀਤ ਸਿੰਘ ਵਿੱਕੀ ਨੇ ਕਿਹਾ ਕਿ ਮਨਪ੍ਰੀਤ ਦੀ ਮਿਹਨਤ, ਲਗਨ ਤੇ ਦ੍ਰਿੜ ਨਿਸ਼ਚੇ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਪਿੰਡਾਂ ਦੇ ਬੱਚੇ ਵੀ ਵੱਡੇ ਸੁਪਨੇ ਦੇਖ ਕੇ ਉਨ੍ਹਾਂ ਨੂੰ ਸਾਕਾਰ ਕਰ ਸਕਦੇ ਹਨ।ਉਨ੍ਹਾਂ ਕਿਹਾ ਕਿ ਮਨਪ੍ਰੀਤ ਦੀ ਇਹ ਕਾਮਯਾਬੀ ਖਾਸ ਕਰਕੇ ਪਿੰਡਾਂ ਦੀਆਂ ਧੀਆਂ ਲਈ ਵੱਡੀ ਪ੍ਰੇਰਣਾ ਬਣੇਗੀ।ਇਸ ਦੌਰਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਪਤਨੀ ਅੰਮ੍ਰਿਤਾ ਵੜਿੰਗ ਨੇ ਵੀਡੀਓ ਕਾਲ ਰਾਹੀਂ ਮਨਪ੍ਰੀਤ ਨਾਲ ਗੱਲਬਾਤ ਕੀਤੀ ਤੇ ਉਸ ਨੂੰ ਅਤੇ ਉਸਦੇ ਪਰਵਾਰ ਨੂੰ ਦਿਲੋਂ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਜਿੱਥੇ ਸਿੱਖਿਆ ਪ੍ਰਾਪਤ ਕਰਨਾ ਕਈ ਵਾਰ ਮਹਿੰਗਾ ਅਤੇ ਮੁਸ਼ਕਲ ਹੁੰਦਾ ਹੈ, ਉੱਥੇ ਯੂ.ਪੀ.ਐਸ.ਸੀ. ਵਰਗੀ ਕਠਿਨ ਪ੍ਰੀਖਿਆ ਵਿੱਚ ਏਨਾ ਵੱਡਾ ਮੁਕਾਮ ਹਾਸਲ ਕਰਨਾ ਬਹੁਤ ਹੀ ਮਾਣ ਵਾਲੀ ਗੱਲ ਹੈ।ਉਨ੍ਹਾਂ ਮਨਪ੍ਰੀਤ ਦੇ ਮਾਪਿਆਂ ਦੀ ਵੀ ਪ੍ਰਸੰਸਾ ਕੀਤੀ, ਜਿਨ੍ਹਾਂ ਨੇ ਆਪਣੀ ਧੀ ਨੂੰ ਸਿੱਖਿਆ ਦੇਣ ਲਈ ਬਹੁਤ ਮਿਹਨਤ ਅਤੇ ਤਿਆਗ ਕੀਤਾ।



# ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਸਾੜੀਆਂ ਬਜਟ ਦੀਆਂ ਕਾਪੀਆਂ

## ਪੰਜਾਬ ਸਰਕਾਰ ਝੂਠਿਆਂ ਦੀ ਸਰਕਾਰ : ਜਗਦੀਸ਼ ਚਾਹਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਸਰਕਾਰ ਦੇ ਬਜਟ ਵਿੱਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਲਈ ਕੁੱਝ ਵੀ ਨਾ ਰੱਖੇ ਜਾਣ ਦੇ ਵਿਰੁੱਧ ਰੋਸ ਵਜੋਂ ਪਸਸਫ 1680, ਸੈਕਟਰ 22ਬੀ ਵੱਲੋਂ ਮੋਗਾ ਦੇ ਬੱਸ ਅੱਡੇ ਵਿੱਚ ਬਜਟ ਦੀਆਂ ਕਾਪੀਆਂ ਸਾੜੀਆਂ ਗਈਆਂ।ਇਸ ਮੌਕੇ ਪੰਜਾਬ ਪੈਨਸ਼ਨਰ ਯੂਨੀਅਨ ਏਟਕ ਦੇ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਨੇ ਕਿਹਾ ਕਿ ਸਰਕਾਰ ਦਾ ਫਰਜ਼ ਹੁੰਦਾ ਹੈ ਕਿ ਲੋਕਾਂ ਦੀ ਗੱਲ ਸੁਣੇ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰੇ, ਪਰ ਇਹ ਸਰਕਾਰ ਪਤਾ ਨਹੀਂ ਕਿਹੋ ਜਿਹੀ ਪੇਸ਼ ਪਈ ਹੈ ਜੋ ਗੱਲ ਸੁਣਨ ਦੀ ਬਜਾਏ ਲੋਕਾਂ ਤੇ ਲਾਠੀਚਾਰਜ ਕਰਦੀ ਹੈ ਅਤੇ ਪਾਣੀ ਦੀਆਂ ਬੁਛਾੜਾਂ ਮਾਰਦੀ ਹੈ ਨਾ ਇਹ ਕਿਸਾਨਾਂ ਦੀ ਨਾ ਅਧਿਆਪਕਾਂ ਦੀ ਕਿਸੇ ਦੀ ਪ੍ਰਵਾਹ ਨਹੀਂ ਕਰਦੇ। ਉਨ੍ਹਾਂ ਕਿਹਾ ਕਿ ਇਸ ਸਰਕਾਰ ਨੂੰ ਚਲਦਾ ਕਰਨ ਦੀ ਲੋੜ ਹੈ।ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਪੁਲਸ ਵੱਲੋਂ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਤੇ ਲਾਠੀਚਾਰਜ ਕਰਨ ਅਤੇ ਪਾਣੀ ਦੀਆਂ ਬੁਛਾੜਾਂ ਮਾਰਨ ਦੀ ਪੁਰਜ਼ੋਰ ਨਿਖੇਧੀ ਕਰਦੇ ਹੋਏ ਕਿਹਾ ਕਿ ਹੁਣ ਇਸ ਸਰਕਾਰ ਦਾ ਅੰਤ ਆਇਆ ਹੋਇਆ ਹੈ। ਉਨ੍ਹਾਂ ਕਿਹਾ ਕਿ ਇਹ ਪੰਜਾਬ ਸਰਕਾਰ ਝੂਠਿਆਂ ਦੀ ਸਰਕਾਰ ਹੈ, ਜੋ ਲਾਰਿਆਂ ਨਾਲ ਹੀ ਸਾਰ ਰਹੀ ਹੈ। ਅਜੇ ਤੱਕ ਨਾ ਤਾਂ ਨਵੀਂ ਭਰਤੀ ਚਾਲੂ ਕੀਤੀ ਹੈ ਨਾ ਹੀ ਕੱਚੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਗਿਆ ਹੈ। ਸਰਕਾਰੀ ਜਾਇਦਾਦਾਂ ਵੇਚ ਕੇ ਟਾਈਮ ਪਾਸ ਕੀਤਾ ਜਾ ਰਿਹਾ ਹੈ।ਇਸ ਮੌਕੇ ਸੁਰਿੰਦਰ ਸਿੰਘ ਬਰਾੜ, ਹਰੀ ਬਹਾਦਰ ਬਿੱਟੂ, ਗੁਰਜੰਟ ਸਿੰਘ ਕੋਕਰੀ, ਗੁਰਪ੍ਰੀਤ ਸਿੰਘ, ਜਸਪਾਲ ਪਾਲੀ, ਭੁਪਿੰਦਰ ਸਿੰਘ ਸੇਖੋਂ, ਧਰਮਜੀਤ ਸਿੰਘ, ਰਾਜਬੀਰ ਸਿੰਘ ਆਦਿ ਵੀ ਹਾਜ਼ਰ ਸਨ।

# ਪੰਜਾਬੀ ਸਾਹਿਤ ਸਭਾ ਦੀ ਹੋਈ ਮਹੀਨਾਵਾਰ ਮੀਟਿੰਗ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)** ਪੰਜਾਬੀ ਸਾਹਿਤ ਸਭਾ ਦੀ ਮਹੀਨਾਵਾਰ ਇਕੱਤਰਤਾ ਏ.ਐੱਸ. ਸੀਨੀਅਰ ਸੈਕੰਡਰੀ ਸਕੂਲ ਵਿਖੇ ਸਭਾ ਦੇ ਪ੍ਰਧਾਨ ਨਰਿੰਦਰ ਮਣਕੂ ਤੇ ਸਰਪ੍ਰਸਤ ਮਨਜੀਤ ਸਿੰਘ ਧੰਜਲ ਦੀ ਅਗਵਾਈ ਹੇਠ ਆਯੋਜਤ ਕੀਤੀ ਗਈ।ਦੂਰ-ਦੁਰਾਡੇ ਤੋਂ ਪਹੁੰਚੇ ਸਾਹਿਤਕਾਰਾਂ ਨੇ ਵੱਖ-ਵੱਖ ਸਾਹਿਤਕ ਵੰਨਗੀਆਂ 'ਚ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ।ਸਭਾ ਦੇ ਪੁਰਾਣੇ ਮੈਂਬਰ ਭਗਵੰਤ ਸਿੰਘ ਲਿੱਟ ਅਤੇ ਗੁਰਵਿੰਦਰ ਸਿੰਘ ਸੰਧੂ ਕੋਟਲਾ ਅਜਨੇਰ ਦਾ ਕਨੇਡਾ ਬੜੇ ਲੰਮੇ ਸਮੇਂ ਬਾਅਦ ਪੰਜਾਬ ਵਾਪਸੀ ਮੌਕੇ ਸਨਮਾਨਤ ਸਵਾਗਤ ਕੀਤਾ ਗਿਆ।ਰਚਨਾਵਾਂ ਦੇ ਦੌਰ ਦੌਰਾਨ ਸੁਖਵਿੰਦਰ ਸਿੰਘ ਬਿੱਟੂ ਨੇ ਗੀਤ 'ਦਸ਼ਮ ਪਿਤਾ', ਮਨਜੀਤ ਸਿੰਘ ਧੰਜਲ ਨੇ ਗੀਤ 'ਜ਼ਖ਼ਮੀ', ਗੁਰੀ ਤੁਰਮਰੀ ਨੇ ਕਵਿਤਾ 'ਪੈਸੇ ਦੀ ਸਰਕਾਰ', ਨਰਿੰਦਰ ਮਣਕੂ ਨੇ ਗੀਤ 'ਮਾਫ਼ ਕਰਦੇ', ਨੇਤਰ ਸਿੰਘ ਨੇਤਰ ਨੇ ਕਵਿਤਾ 'ਤਸਵੀਰ', ਨਰੇਸ਼ ਨਿਮਾਣਾ ਨੇ ਰਚਨਾ 'ਵਾਰਤਾਲਾਪ', ਅਮਰਜੀਤ ਸਿੰਘ ਘੁਡਾਣੀ ਨੇ ਕਵਿਤਾ 'ਧੋਖੇਬਾਜ਼', ਬਾਵਾ ਹੋਲੀਆ ਨੇ ਗੀਤ 'ਸੱਸੀ', ਗਰਵਿੰਦਰ ਸਿੰਘ ਸੰਧੂ ਕੋਟਲਾ ਅਜਨੇਰ ਨੇ ਕਵਿਤਾ ਪੇਸ਼ ਕੀਤੀ। ਭਗਵੰਤ ਸਿੰਘ ਲਿੱਟ ਨੇ ਰਚਨਾ 'ਅਜੇ ਤੂੰ ਨਹੀਂ ਜਾਣਦੀ' ਅਤੇ ਅੰਤ ਵਿੱਚ ਅਵਤਾਰ ਸਿੰਘ ਉਟਾਲਾਂ ਨੇ 'ਜੱਗੋਂ ਤੇਰਵੀਂ' ਸੁਣਾ ਕੇ ਹਾਜ਼ਰੀਨ ਤੋਂ ਵਾਹ-ਵਾਹ ਖੱਟੀ।ਇਨ੍ਹਾਂ ਸਾਰੀਆਂ ਰਚਨਾਵਾਂ 'ਤੇ ਉਸਾਰੂ ਵਿਚਾਰ-ਵਟਾਂਦਰਾ ਵੀ ਕੀਤਾ ਗਿਆ, ਜਿਸ ਵਿੱਚ ਮਨਜੀਤ ਸਿੰਘ ਧੰਜਲ, ਪ੍ਰਿਤਪਾਲ ਸਿੰਘ ਅਤੇ ਭਗਵੰਤ ਸਿੰਘ ਲਿੱਟ ਨੇ ਭਾਗ ਲਿਆ।ਸਭਾ ਦੀ ਕਾਰਵਾਈ ਗੁਰੀ ਤੁਰਮਰੀ ਨੇ ਸੁਚੱਜੇ ਢੰਗ ਨਾਲ ਨਿਭਾਈ। ਆਏ ਸਾਰੇ ਸਾਹਿਤਕਾਰਾਂ ਦਾ ਧੰਨਵਾਦ ਸਭਾ ਦੇ ਸਰਪ੍ਰਸਤ ਮਨਜੀਤ ਸਿੰਘ ਧੰਜਲ ਵੱਲੋਂ ਕੀਤਾ ਗਿਆ।

# ਵਿਦਿਆਰਥੀਆਂ ਲਈ ਕੈਰੀਅਰ ਮਾਰਗ ਦਰਸ਼ਨ ਤੇ ਅਧਿਆਪਕਾਂ ਲਈ ਪ੍ਰੇਰਨਾਦਾਇਕ ਸੈਸ਼ਨ ਲਾਇਆ

**ਜਗਰਾਉਂ (ਸੰਜੀਵ ਅਰੋੜਾ)**-ਮਹਾਂਪ੍ਰਗਿਆ ਸਕੂਲ 'ਚ ਵਿਦਿਆਰਥੀਆਂ ਦੇ ਭਵਿੱਖ ਨੂੰ ਧਿਆਨ ਵਿੱਚ ਰੱਖਦਿਆਂ ਸਕੂਲ 'ਚ ਵਿਸ਼ੇਸ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।

ਐਡਵੋਕੇਟ ਰਾਹੁਲ ਵਰਮਾ ਨੇ ਵਿਦਿਆਰਥੀਆਂ ਨੂੰ ਕੈਰੀਅਰ ਸੰਬੰਧੀ ਮਹੱਤਵਪੂਰਨ ਮਾਰਗਦਰਸ਼ਨ ਦਿੱਤਾ ਤੇ ਅਧਿਆਪਕਾਂ ਨੂੰ ਪ੍ਰੇਰਨਾਦਾਇਕ ਸੰਬੋਧਨ ਕੀਤਾ। ਉਨ੍ਹਾਂ ਅਧਿਆਪਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਅਧਿਆਪਕ ਸਮਾਜ ਦੇ ਅਸਲ ਨਿਰਮਾਤਾ ਹੁੰਦੇ ਹਨ ਤੇ ਉਨ੍ਹਾਂ ਦੇ ਮਾਰਗਦਰਸ਼ਨ ਨਾਲ ਹੀ ਵਿਦਿਆਰਥੀ ਜੀਵਨ ਵਿੱਚ ਸਫਲਤਾ ਹਾਸਲ ਕਰਦੇ ਹਨ। ਉਨ੍ਹਾਂ ਦੇ ਪ੍ਰੇਰਨਾਦਾਇਕ ਵਿਚਾਰਾਂ ਨੇ ਅਧਿਆਪਕਾਂ ਵਿੱਚ ਨਵੀਂ ਊਰਜਾ ਤੇ ਉਤਸ਼ਾਹ ਦਾ ਸੰਚਾਰ ਕੀਤਾ। ਇਹ ਪ੍ਰੋਗਰਾਮ ਸਕੂਲ ਦੇ ਡਾਇਰੈਕਟਰ ਵਿਸ਼ਾਲ ਜੈਨ ਦੇ ਮਾਰਗਦਰਸ਼ਨ ਹੇਠ ਸਫਲਤਾਪੂਰਵਕ ਆਯੋਜਤ ਕੀਤਾ ਗਿਆ। ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਦੀ ਪ੍ਰਿੰਸੀਪਲ ਪ੍ਰਭਜੀਤ ਕੌਰ ਤੇ ਜੂਨੀਅਰ ਸਕੂਲ ਕੋਆਰਡੀਨੇਟਰ ਸੁਰਿੰਦਰ ਕੌਰ ਵੱਲੋਂ ਐਡਵੋਕੇਟ ਰਾਹੁਲ ਵਰਮਾ ਨੂੰ ਸਨਮਾਨਤ ਕੀਤਾ ਗਿਆ। ਪੂਰੇ ਪ੍ਰੋਗਰਾਮ ਦਾ ਮੰਚ ਸੰਚਾਲਨ ਨਵਪ੍ਰੀਤ ਸਿੰਘ ਵੱਲੋਂ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਕੀਤਾ ਗਿਆ। ਇਹ ਸ਼ੈਸ਼ਨ ਵਿਦਿਆਰਥੀਆਂ ਤੇ ਅਧਿਆਪਕਾਂ ਦੋਹਾਂ ਲਈ ਬਹੁਤ ਹੀ ਗਿਆਨਵਰਧਕ, ਪ੍ਰੇਰਨਾਦਾਇਕ ਅਤੇ ਯਾਦਗਾਰ ਸਾਬਤ ਹੋਇਆ।

# ਆਪ ਆਗੂਆਂ ਨੇ ਲੱਡੂ ਵੰਡ ਕੇ ਕੀਤਾ ਮੁੱਖ ਮੰਤਰੀ ਦਾ ਧੰਨਵਾਦ



**ਰਾਜਪੁਰਾ (ਰਮੇਸ਼ ਕਟਾਰੀਆ)**-ਆਮ ਆਦਮੀ ਪਾਰਟੀ ਵੱਲੋਂ 2022 ਦੀਆਂ ਵਿਧਾਨ ਸਭਾ ਚੋਣਾਂ ਦੇ ਪ੍ਰਚਾਰ ਮੌਕੇ ਪੰਜਾਬ ਵਾਸੀਆਂ ਨਾਲ ਜੋ ਵਾਅਦੇ ਕੀਤੇ ਗਏ ਸਨ, ਉਹ ਬਾਕੀ ਵਾਅਦੇ ਤਾਂ ਪੂਰੇ ਕਰ ਦਿੱਤੇ ਗਏ ਸਨ, ਪਰ ਔਰਤਾਂ ਨੂੰ ਇੱਕ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਵਾਲਾ ਵਾਅਦਾ ਮਾਨ ਸਰਕਾਰ ਨੇ ਹੁਣ ਪੂਰਾ ਕਰ ਕੇ ਕੌਮਾਂਤਰੀ ਔਰਤ ਦਿਵਸ ਮੌਕੇ ਪੰਜਾਬ ਦੀਆਂ ਔਰਤਾਂ ਨੂੰ ਵਿਸ਼ੇਸ਼ ਤੋਹਫਾ ਦਿੱਤਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮਾਰਕਿਟ ਕਮੇਟੀ ਰਾਜਪੁਰਾ ਦੇ ਚੇਅਰਮੈਨ ਦੀਪਕ ਸੂਦ, ਚੇਅਰਮੈਨ ਜਸਵੀਰ ਸਿੰਘ ਚੰਦੂਆਂ ਤੇ ਪੀਐੱਸਆਈਡੀਸੀ ਦੇ ਸੀਨੀਅਰ ਵਾਈਸ ਚੇਅਰਮੈਨ ਪ੍ਰਵੀਨ ਛਾਬੜਾ ਨੇ ਰਾਜਪੁਰਾ ਦੇ ਟਾਹਲੀ ਵਾਲਾ ਚੌਕ ਵਿਖੇ ਔਰਤਾਂ ਨੂੰ ਹਜ਼ਾਰ ਰੁਪਏ ਮਹੀਨਾ ਦੇਣ ਦੇ ਐਲਾਨ ਦੀ ਖੁਸ਼ੀ ਵਿੱਚ ਲੱਡੂ ਵੰਡ ਕੇ ਮੁੱਖ ਮੰਤਰੀ ਭਗਵੰਤ ਮਾਨ ਤੇ ਆਪ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਧੰਨਵਾਦ ਕਰਦਿਆਂ ਕੀਤਾ।ਇਸ ਮੌਕੇ ਭਗਵੰਤ ਮਾਨ ਸਰਕਾਰ ਦੇ ਹੱਕ ਵਿੱਚ ਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਹੱਕ ਵਿੱਚ ਨਾਅਰੇਬਾਜ਼ੀ ਵੀ ਕੀਤੀ ਗਈ ਤੇ ਢੋਲ ਦੇ ਡਗੇ 'ਤੇ ਭੰਗੜਾ ਵੀ ਪਾਇਆ ਗਿਆ।ਇਸ ਮੌਕੇ ਅਵਤਾਰ ਸਿੰਘ ਹਰਪਾਲਪੁਰ, ਸੁਰਿੰਦਰ ਸਿੰਘ ਬੰਟੀ ਖਾਨਪੁਰ, ਚੰਨਣ ਸਿੰਘ, ਮਹਿੰਦਰ ਸਿੰਘ ਗਣੇਸ਼ ਨਗਰ, ਮਨੀਸ਼ ਸੂਦ, ਜੋਰਾ ਸਿੰਘ ਬਨੂੰੜ, ਮਨੀਸ਼ ਬਤਰਾ, ਕਰਨੈਲ ਪੁਰੀ, ਜਨਕ ਰਾਜ ਭੱਦਕ, ਦਵਿੰਦਰ ਸਿੰਘ ਰੰਗੀਆਂ, ਸ਼੍ਰੀਮਤੀ ਇੰਦੂ ਡਹਿਰਾ, ਮਨੀਸ ਸਰਮਾ, ਮਨੀਸ਼ ਬੱਤਰਾ, ਕਰਨੈਲ ਪੁਰੀ, ਕੇਵਲ ਪੁਰੀ, ਨਰੇਸ਼ ਕੁਮਾਰ, ਅਮਰਜੀਤ, ਅਮਰੀਕ ਸਿੰਘ, ਮਹਿੰਦਰ ਸਿੰਘ ਗਨੇਸ਼ ਨਗਰ, ਕ੍ਰਿਸ਼ਨ ਕੁਮਾਰ ਫੌਜੀ ਸਮੇਤ ਕਈ ਆਪ ਆਗੂ ਮੌਜੂਦ ਸਨ।

# ਗੁਰੂ ਨਾਨਕ ਲਾਅ ਕਾਲਜ 'ਚ ਮਨਾਇਆ ਕੌਮਾਂਤਰੀ ਮਹਿਲਾ ਦਿਵਸ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਗੁਰੂ ਨਾਨਕ ਲਾਅ ਕਾਲਜ ਸਾਈਆਂਵਾਲਾ ਵਿਖੇ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਅੰਮ੍ਰਿਤਪਾਲ ਕੌਰ ਸਾਈਆਂਵਾਲਾ ਹਾਜ਼ਰ ਰਹੇ। ਇਸ ਤੋਂ ਇਲਾਵਾ ਐਸੋਸੀਏਟ ਪ੍ਰੋਫੈਸਰ ਇੰਦੂ ਬਾਲਾ ਤੇ ਅਸਿਸਟੈਂਟ ਪ੍ਰੋਫੈਸਰ ਪਰਮਿੰਦਰ ਕੌਰ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਕਾਲਜ ਦੇ ਪ੍ਰਧਾਨ ਅਸੀਸਪ੍ਰੀਤ ਸਿੰਘ ਸਾਈਆਂਵਾਲਾ ਨੇ ਆਪਣੇ ਵਿਚਾਰ ਸਾਂਝੇ ਕੀਤੇ ਅਤੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਮਹਿਲਾਵਾਂ ਹਰ ਖੇਤਰ ਵਿੱਚ ਅੱਗੇ ਵੱਧ ਰਹੀਆਂ ਹਨ ਤੇ ਸਮਾਜ ਦੀ ਤਰੱਕੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਅ ਰਹੀਆਂ ਹਨ। ਐਸੋਸੀਏਟ ਪ੍ਰੋਫੈਸਰ ਇੰਦੂ ਬਾਲਾ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਮਹਿਲਾਵਾਂ ਨੂੰ ਸਸ਼ਕਤ ਬਣਾਉਣਾ ਸਮੇਂ ਦੀ ਲੋੜ ਹੈ ਅਤੇ ਹਰ ਇੱਕ ਨੂੰ ਮਹਿਲਾਵਾਂ ਦੀ ਇੱਜ਼ਤ ਤੇ ਬਰਾਬਰੀ ਲਈ ਮਿਲ ਕੇ ਕੰਮ ਕਰਨਾ ਚਾਹੀਦਾ ਹੈ। ਕਾਲਜ ਦੇ ਵਿਦਿਆਰਥੀਆਂ ਨੇ ਮਹਿਲਾ ਸਸ਼ਕਤੀਕਰਨ, ਰਾਜਨੀਤੀ ਵਿੱਚ ਮਹਿਲਾਵਾਂ ਦੀ ਭੂਮਿਕਾ ਤੇ ਸਮਾਜ ਵਿੱਚ ਮਹਿਲਾਵਾਂ ਦੀ ਸਥਿਤੀ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਮੁੱਖ ਮਹਿਮਾਨ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਜਦ ਤੱਕ ਸਮਾਜ ਵਿੱਚ ਮਹਿਲਾਵਾਂ ਨੂੰ ਬਰਾਬਰੀ ਦਾ ਦਰਜਾ ਨਹੀਂ ਮਿਲਦਾ, ਤਦ ਤੱਕ ਸਮਾਜ ਦਾ ਪੂਰਾ ਵਿਕਾਸ ਸੰਭਵ ਨਹੀਂ। ਉਨ੍ਹਾਂ ਕਿਹਾ ਕਿ ਸਮਾਜ ਨੂੰ ਅੱਗੇ ਵਧਾਉਣ ਲਈ ਮਹਿਲਾਵਾਂ ਦਾ ਅੱਗੇ ਆਉਣਾ ਬਹੁਤ ਜ਼ਰੂਰੀ ਹੈ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਅਜਵਰ ਖਾਨ ਨੇ ਪ੍ਰੋਗਰਾਮ ਦੀ ਸ਼ਲਾਘਾ ਕੀਤੀ ਤੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ। ਪ੍ਰੋਗਰਾਮ ਦੀ ਮੰਚ ਸੰਚਾਲਨਾ ਅਸਿਸਟੈਂਟ ਪ੍ਰੋਫੈਸਰ ਰਾਧਿਕਾ ਨੇ ਕੀਤੀ। ਇਸ ਮੌਕੇ ਕਾਲਜ ਦਾ ਸਟਾਫ ਸਾਕਸ਼ੀ ਚਨਨਾ, ਜੋਤੀ ਵਿਜ ਤੇ ਰਮਨ ਵੀ ਮੌਜੂਦ ਰਹੇ। ਇਸ ਮੌਕੇ ਕਾਲਜ ਦੇ ਵਿਦਿਆਰਥੀ ਗਗਨਦੀਪ ਸਿੰਘ, ਅਨੌਸ਼ ਪੋਲ, ਅਮਨਦੀਪ ਸਿੰਘ, ਸਵਨੀ ਕਪੂਰ ਤੇ ਪਰਾਚੀ ਨੇ ਮਹਿਲਾ ਦਿਵਸ 'ਤੇ ਆਪਣੇ ਵਿਚਾਰ ਪ੍ਰਗਟ ਕੀਤੇ।

# ਭਾਜਪਾ ਦੀ ਮੋਗਾ ਰੈਲੀ ਦੀ ਤਿਆਰੀ ਦਾ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਲਿਆ ਜਾਇਜ਼ਾ



**ਮੋਗਾ (ਇਕਬਾਲ ਸਿੰਘ ਖਹਿਰਾ)**-14 ਮਾਰਚ ਨੂੰ ਮੋਗਾ ਵਿੱਚ ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਵਿੱਚ ਬਦਲਾਅ ਦੇ ਸੰਦੇਸ਼ ਨਾਲ ਇਕ ਵੱਡੀ ਰੈਲੀ ਕਰਵਾਈ ਜਾ ਰਹੀ ਹੈ, ਜਿਸ ਨੂੰ ਦੇਸ਼ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਸੰਬੋਧਨ ਕਰਨਗੇ।ਰੈਲੀ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਉਚੇਚੇ ਤੌਰ 'ਤੇ ਮੋਗਾ ਪੁੱਜ ਕੇ ਰੈਲੀ ਸਥਾਨ ਦੀ ਤਿਆਰੀ ਦਾ ਜਾਇਜ਼ਾ ਲਿਆ।ਰਵਨੀਤ ਸਿੰਘ ਬਿੱਟੂ ਨੇ ਦੱਸਿਆ ਕਿ 14 ਮਾਰਚ ਨੂੰ ਮੋਗਾ ਵਿੱਚ ਭਾਜਪਾ ਵੱਲੋਂ ਪੰਜਾਬ ਵਿੱਚ ਬਦਲਾਅ ਲਈ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ, ਜਿਸ ਨੂੰ ਭਾਰਤ ਦੇ ਗ੍ਰਹਿ ਮੰਤਰੀ ਅਮਿਤ ਸ਼ਾਹ ਸੰਬੋਧਨ ਕਰਨਗੇ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਡਬਲ ਇੰਜਣ ਦੀ ਸਰਕਾਰ ਬਣਾਉਣ ਲਈ ਤਿਆਰ ਵਿੱਚ ਹਨ ਅਤੇ ਇਸ ਰੈਲੀ ਨੂੰ ਲੈਕੇ ਪੰਜਾਬ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਉਨ੍ਹਾਂ ਦੱਸਿਆ ਕਿ ਰੈਲੀ ਲਈ ਕਰੀਬ 125 ਏਕੜ ਜ਼ਮੀਨ ਦੀ ਵਿਵਸਥਾ ਕੀਤੀ ਗਈ ਹੈ।ਰੈਲੀ ਵਿੱਚ ਆਉਣ ਵਾਲੇ ਲੋਕਾਂ ਲਈ ਲੰਗਰ, ਹੈਲੀਪੈਡ ਤੇ ਵਾਹਨਾਂ ਦੀ ਪਾਰਕਿੰਗ ਲਈ ਵੱਖ-ਵੱਖ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਲੋਕਾਂ ਨੂੰ ਕਿਸੇ ਵੀ ਕਿਸਮ ਦੀ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ।

# ਸਫਾ 1 ਦੇ ਬਾਕੀ...

## ਬਰਨਾਲਾ ਰੈਲੀ 'ਚ ਮੋਰਚੇ ...

ਜਾਵੇਗਾ। ਨਾਲ ਹੀ ਇਹ ਵੀ ਐਲਾਨ ਕੀਤਾ ਗਿਆ ਕਿ ਉਪਰੋਕਤ ਸਾਰੇ ਮੁੱਦਿਆਂ 'ਤੇ ਭਵਿੱਖ ਵਿੱਚ ਮੋਰਚਾ ਲਾਉਣ ਲਈ ਜਨਤਕ ਲਾਮਬੰਦੀ ਦੀ ਮੁਹਿੰਮ ਤੇਜ਼ ਕੀਤੀ ਜਾਵੇਗੀ। ਸੰਘਰਸ਼ ਦੀ ਵਿਉਂਤਬੰਦੀ ਕਰਨ ਲਈ 12 ਮਾਰਚ ਨੂੰ ਕਿਸਾਨ ਭਵਨ ਚੰਡੀਗੜ੍ਹ ਵਿਖੇ ਮੀਟਿੰਗ ਬੁਲਾਈ ਗਈ ਹੈ।ਰੈਲੀ ਵਿੱਚ ਈਰਾਨ ਉਤੇ ਅਮਰੀਕਾ ਅਤੇ ਇਜ਼ਰਾਈਲ ਵੱਲੋਂ ਕੀਤੇ ਹਮਲੇ ਵਿਰੁੱਧ ਮਤਾ ਪਾਸ ਕਰਕੇ ਮੰਗ ਕੀਤੀ ਗਈ ਕਿ ਕੇਂਦਰ ਸਰਕਾਰ ਮੱਧ ਪੂਰਬ ਵਿੱਚ ਫਸੇ ਭਾਰਤੀਆਂ ਦੀ ਸੁਰੱਖਿਅਤ ਵਾਪਸੀ ਦਾ ਉਚੇਚਾ ਪ੍ਰਬੰਧ ਕਰਨ ਦੇ ਨਾਲ ਨਾਲ ਅਮਰੀਕਾ-ਇਜ਼ਰਾਈਲ ਦੀ ਹਮਲਾਵਰ ਨੀਤੀ ਵਿਰੁੱਧ ਡਟ ਕੇ ਸਟੈਂਡ ਲਵੇ। ਤਰਨ ਤਾਰਨ ਵਿਖੇ ਸਹਿਕਾਰੀ ਖੰਡ ਮਿੱਲ ਸ਼ੇਰੋਂ ਦੀ ਜ਼ਮੀਨ ਪੁੱਡਾ ਨੂੰ ਟਰਾਂਸਫਰ ਕਰਨ ਵਿਰੁੱਧ ਮਤਾ ਪਾਸ ਕੀਤਾ ਗਿਆ ਅਤੇ ਮੰਗ ਕੀਤੀ ਗਈ ਕਿ ਮਿੱਲ ਦਾ ਆਧੁਨਿਕੀਕਰਨ ਕਰਕੇ ਚਲਾਇਆ ਜਾਵੇ।

ਇਕੱਠ ਨੇ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਪੁਲਸ ਰਾਜ ਬਣਾਉਣ ਦੀਆਂ ਕਾਰਵਾਈਆਂ ਦਾ ਨਿਖੇਧੀ ਮਤਾ ਪਾਸ ਕਰਦਿਆਂ ਸਰਕਾਰ ਵੱਲੋਂ ਜਿਉਂਦ ਸਮੇਤ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਅਤੇ ਲੋਕਾਂ ਦੇ ਹੱਕੀ ਜਮਹੂਰੀ ਸੰਘਰਸ਼ਾਂ ਨੂੰ ਪੁਲਸ ਦੇ ਜ਼ੋਰ ਕੁਚਲਣ, ਰੋਡਵੇਜ਼ ਕਾਮਿਆਂ ਦੇ ਆਗੂਆਂ, ਡਿਪਟੀ ਕਮਿਸ਼ਨਰ ਦਫ਼ਤਰਾਂ ਦੇ ਮੁਲਾਜ਼ਮ ਆਗੂ ਤਜਿੰਦਰ ਸਿੰਘ ਅਤੇ ਮਜ਼ਦੂਰ ਆਗੂ ਮੁਕੇਸ਼ ਮਲੌਦ 'ਤੇ ਕੇਸ ਦਰਜ ਕਰਕੇ ਜੇਲ੍ਹੀਂ ਡੱਕਣ ਦੀ ਨਿੰਦਾ ਕਰਦਿਆਂ ਰਿਹਾਅ ਕਰਨ ਦੀ ਮੰਗ ਕੀਤੀ ਗਈ।

ਇਹ ਵੀ ਮੰਗ ਕੀਤੀ ਕਿ ਗੁਰਦਾਸਪੁਰ ਜ਼ਿਲ੍ਹੇ ਦੇ ਪਿੰਡ ਆਦੀਆਂ ਦੇ ਨੌਜਵਾਨ ਰਣਜੀਤ ਸਿੰਘ ਦੇ ਫਰਜ਼ੀ ਮੁਕਾਬਲੇ ਦੀ ਹਾਈ ਕੋਰਟ ਦੇ ਸਿਟਿੰਗ ਜੱਜ ਤੋਂ ਜਾਂਚ ਕਰਵਾਈ ਜਾਵੇ ਅਤੇ ਦੋਸ਼ੀ ਪੁਲਸ ਅਧਿਕਾਰੀਆਂ ਵਿਰੁੱਧ ਕਤਲ ਦਾ ਮੁਕੱਦਮਾ ਦਰਜ਼ ਕੀਤਾ ਜਾਵੇ।ਰੈਲੀ ਨੂੰ ਬਲਬੀਰ ਸਿੰਘ ਰਾਜੇਵਾਲ, ਜੋਗਿੰਦਰ ਸਿੰਘ ਉਗਰਾਹਾਂ, ਹਰਿੰਦਰ ਸਿੰਘ ਲੱਖੋਵਾਲ, ਬੂਟਾ ਸਿੰਘ ਬੁਰਜਗਿੱਲ, ਰਜਿੰਦਰ ਸਿੰਘ ਦੀਪ ਸਿੰਘ ਵਾਲਾ, ਮਨਜੀਤ ਸਿੰਘ ਧਨੇਰ, ਬਲਦੇਵ ਸਿੰਘ ਨਿਹਾਲਗੜ੍ਹ, ਰੁਲਦੂ ਸਿੰਘ ਮਾਨਸਾ, ਬੂਟਾ ਸਿੰਘ ਸ਼ਾਦੀਪੁਰ, ਡਾ. ਸਤਨਾਮ ਸਿੰਘ ਅਜਨਾਲਾ, ਜੰਗਵੀਰ ਸਿੰਘ ਚੌਹਾਨ, ਹਰਜਿੰਦਰ ਸਿੰਘ ਟਾਂਡਾ, ਪ੍ਰੇਮ ਸਿੰਘ ਭੰਗੂ, ਮਲੂਕ ਸਿੰਘ ਹੀਰਕੇ, ਜਗਸੀਰ ਸਿੰਘ ਛੀਨੀਵਾਲ, ਬਲਵਿੰਦਰ ਸਿੰਘ ਰਾਜੂ ਔਲਖ,ਅਵਤਾਰ ਸਿੰਘ ਮਹਿਮਾ, ਨਛੱਤਰ ਸਿੰਘ ਜੈਤੋ, ਬਲਵਿੰਦਰ ਸਿੰਘ ਮੱਲ੍ਹੀਨੰਗਲ, ਲਖਨਪਾਲ ਸ਼ਰਮਾ, ਸੁਖਦੇਵ ਸਿੰਘ ਅਰਾਈਆਂਵਾਲਾ, ਕੰਵਲਪ੍ਰੀਤ ਸਿੰਘ ਪੰਨੂ, ਬਲਜੀਤ ਸਿੰਘ ਗਰੇਵਾਲ, ਹਰਦੇਵ ਸਿੰਘ ਸੰਧੂ, ਪਵਿੱਤਰ ਸਿੰਘ ਲਾਲੀ, ਬੋਘ ਸਿੰਘ ਮਾਨਸਾ ਅਤੇ ਕਿਰਨਜੀਤ ਸਿੰਘ ਸੇਖੋਂ ਆਦਿ ਨੇ ਸੰਬੋਧਨ ਕੀਤਾ।ਇਸ ਮੌਕੇ ਜਗਮੋਹਨ ਸਿੰਘ, ਡਾ. ਦਰਸ਼ਨ ਪਾਲ, ਨਿਰਭੈ ਸਿੰਘ ਢੁੱਡੀਕੇ, ਪ੍ਰਸ਼ੋਤਮ ਸਿੰਘ ਚੀਮਾ, ਅੰਗਰੇਜ਼ ਸਿੰਘ ਭਦੌੜ, ਬਲਕਰਨ ਸਿੰਘ ਬਰਾੜ, ਸ਼ਿੰਗਾਰਾ ਸਿੰਘ ਮਾਨ, ਪ੍ਰਿਤਪਾਲ ਸਿੰਘ ਗੁਰਾਇਆ ਆਦਿ ਕਿਸਾਨ ਆਗੂ ਵੀ ਮੌਜੂਦ ਸਨ।

## ਪੀ ਆਰ ਟੀ ਸੀ ...

ਮੁਕਤ ਕਰਮਚਾਰੀਆਂ ਦੀ ਜਥੇਬੰਦੀ ਦੇ ਸਰਪ੍ਰਸਤ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਵਰਤਮਾਨ ਸਰਕਾਰ ਨੇ ਅਦਾਰਾ ਪੀ ਆਰ ਟੀ ਸੀ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕੀਤਾ ਹੋਇਆ ਹੈ, ਸਰਕਾਰ ਵੱਲੋਂ ਇੱਕ ਵੀ ਨਹੀਂ ਬੱਸ ਨਹੀਂ ਪੈਣ ਦਿੱਤੀ ਗਈ, ਜਦੋਂ ਕਿ ਸਰਕਾਰ ਨੇ ਬੱਸਾਂ ਦੀ ਖਰੀਦ ਲਈ ਕੋਈ ਪੈਸਾ ਵੀ ਨਹੀਂ ਦੇਣਾ ਸੀ, ਮਹਿਕਮੇ ਨੇ ਆਪ ਹੀ ਬੈਂਕ ਤੋਂ ਕਰਜ਼ਾ ਲੈ ਕੇ ਬੱਸਾਂ ਪਾਉਣੀਆਂ ਹੁੰਦੀਆਂ ਹਨ। ਨਾ ਹੀ ਇਹ ਸਰਕਾਰ ਮੁਫਤ ਸਫਰ ਸਹੂਲਤਾਂ ਬਦਲੇ ਪੀ ਆਰ ਟੀ ਸੀ ਦੇ ਬਣਦੇ ਪੈਸੇ ਦੇ ਰਹੀ ਹੈ, ਜਦ ਕਿ ਸਰਕਾਰ ਵੱਲ ਲੱਗਭੱਗ 600 ਕਰੋੜ ਰੁਪਏ ਦੀ ਰਕਮ ਖੜੀ ਹੈ।

ਸਰਕਾਰੀ ਮੁਫ਼ਤ ਸਫਰ ਸਹੂਲਤਾਂ ਦਾ ਖਮਿਆਜ਼ਾ ਪੀ ਆਰ ਟੀ ਸੀ ਦੇ ਮੌਜੂਦਾ ਅਤੇ ਸੇਵਾ-ਮੁਕਤ ਕਰਮਚਾਰੀ ਭੁਗਤ ਰਹੇ ਹਨ।

ਸਾਲ 2026—27 ਦੇ ਬਜਟ ਵਿੱਚ ਮੁਫ਼ਤ ਸਫਰ ਲਈ ਸਰਕਾਰ ਨੇ ਰੋਡਵੇਜ਼ ਪਨਬਸ ਅਤੇ ਪੀ ਆਰ ਟੀ ਸੀ ਲਈ ਸਿਰਫ 600 ਕਰੋੜ ਰੁਪਏ ਰੱਖੇ ਹਨ, ਜਦ ਕਿ ਇਹ ਰਕਮ ਘੱਟੋ—ਘੱਟ 1100 ਕਰੋੜ ਰੁਪਏ ਰੱਖੀ ਜਾਣੀ ਚਾਹੀਦੀ ਸੀ ਅਤੇ ਦੋਨਾਂ ਅਦਾਰਿਆਂ ਦਾ ਪਿਛਲਾ ਪੈਸਾ ਜਿਹੜਾ 1000 ਕਰੋੜ ਰੁਪਏ ਤੋਂ ਵੀ ਵੱਧ ਹੈ, ਉਹ ਵੀ ਦਿੱਤਾ ਜਾਣਾ ਚਾਹੀਦਾ ਸੀ।

ਸਪੱਸ਼ਟ ਹੈ ਕਿ ਵਰਕਰਾਂ ਲਈ ਹੁਣ ਤਨਖਾਹ—ਪੈਨਸ਼ਨ ਅਤੇ ਹੋਰ ਬਕਾਇਆਂ ਦੀ ਅਦਾਇਗੀ ਦਾ ਸੰਕਟ ਗੰਭੀਰ ਬਣੇਗਾ। ਸਰਕਾਰ ਨੇ ਇੱਕ ਹੋਰ ਮਾੜਾ ਕੰਮ ਇਹ ਕੀਤਾ ਹੈ ਕਿ ਪੈਨਸ਼ਨਾਂ ਦੀ ਅਦਾਇਗੀ ਲਈ ਹਰ ਮਹੀਨੇ 6.25 ਕਰੋੜ ਰੁਪਏ ਜੋ ਦਿੱਤੇ ਜਾਂਦੇ ਸਨ, ਉਹ ਵੀ ਬੰਦ ਕਰ ਦਿੱਤੇ ਗਏ ਹਨ। ਇਸ ਸਭ ਕੁਝ ਦੇ ਸਿੱਟੇ ਵਜੋਂ ਵਰਕਰਾਂ ਵਿੱਚ ਦਿਨੋਂ—ਦਿਨ ਰੋਸ ਅਤੇ ਬੇਵਿਸ਼ਵਾਸੀ ਵਧਦੀ ਜਾ ਰਹੀ ਹੈ ਅਤੇ ਭਵਿੱਖ ਵਿੱਚ ਇਹ ਮਸਲੇ ਇੱਕ ਸਖਤ ਸੰਘਰਸ਼ ਦਾ ਕਾਰਨ ਬਣਨਗੇ।

ਰੈਲੀ ਨੂੰ ਧਾਲੀਵਾਲ ਤੋਂ ਇਲਾਵਾ ਸੁਖਦੇਵ ਰਾਮ ਸੁੱਖੀ, ਗੁਰਵਿੰਦਰ ਸਿੰਘ ਗੋਲਡੀ, ਰਮੇਸ਼ ਕੁਮਾਰ, ਉਤਮ ਸਿੰਘ ਬਾਗੜੀ ਅਤੇ ਰਾਮ ਸਰੂਪ ਅਗਰਵਾਲ ਨੇ ਵੀ ਸੰਬੋਧਨ ਕੀਤਾ।

## 23 ਨੂੰ ਸਾਮਰਾਜਵਾਦ...

ਦੁਨੀਆ ਦੇ ਮਿਹਨਤੀ ਲੋਕਾਂ ਦੀ ਸਭ ਤੋਂ ਵੱਡੀ ਵੈਰੀ ਬਣੀ ਹੋਈ ਹੈ ਅਤੇ ਵਿਸ਼ਵ ਸ਼ਾਂਤੀ ਲਈ ਬਣੀਆਂ ਅੰਤਰਰਾਸ਼ਟਰੀ ਸੰਸਥਾਵਾਂ ਲਈ ਸਭ ਤੋਂ ਵੱਡਾ ਖ਼ਤਰਾ ਹੈ। ਇਸ ਲਈ ਭਾਰਤ ਸਰਕਾਰ ਨੂੰ ਅਪੀਲ ਕੀਤੀ ਗਈ ਕਿ ਉਹ ਵਪਾਰ ਦੇ ਮਾਮਲੇ ਵਿੱਚ ਅਮਰੀਕੀ ਹੁਕਮਾਂ ਅੱਗੇ ਝੁਕਣਾ ਬੰਦ ਕਰੇ ਅਤੇ ਵਿਸ਼ਵ ਸ਼ਾਂਤੀ ਦੇ ਹਿੱਤ ਵਿੱਚ ਈਰਾਨ ਖ਼ਿਲਾਫ਼ ਜੰਗ ਨੂੰ ਤੁਰੰਤ ਰੋਕਣ ਦੀ ਮੰਗ ਕਰੇ।

ਸੰਸਦ ਨੇ ਇਹ ਵੀ ਮੰਗ ਕੀਤੀ ਕਿ ਖਾੜੀ ਦੇ ਦੇਸ਼ਾਂ ਵਿੱਚ ਕੰਮ ਕਰ ਰਹੇ ਭਾਰਤੀ ਮਜ਼ਦੂਰਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ ਅਤੇ ਖਾੜੀ ਦੇਸ਼ਾਂ ਨੂੰ ਕੀਤੀਆਂ ਜਾਣ ਵਾਲੀਆਂ ਖੇਤੀਬਾੜੀ ਬਰਾਮਦਾਂ ਲਈ ਵਿਸ਼ੇਸ਼ ਮੁਆਵਜ਼ਾ ਦਿੱਤਾ ਜਾਵੇ, ਤਾਂ ਜੋ ਕਿਸਾਨਾਂ ਨੂੰ ਵਾਜਬ ਕੀਮਤ ਮਿਲ ਸਕੇ।

ਮਜ਼ਦੂਰ-ਕਿਸਾਨ ਸੰਸਦ ਨੇ ਕੇਂਦਰ ਸਰਕਾਰ ਦੀ ਇਸ ਗੱਲ ਲਈ ਵੀ ਤਿੱਖੀ ਨਿੰਦਾ ਕੀਤੀ ਕਿ ਉਸ ਨੇ 9 ਦਸੰਬਰ 2021 ਨੂੰ ਸੰਯੁਕਤ ਕਿਸਾਨ ਮੋਰਚਾ ਨਾਲ ਕੀਤੇ ਲਿਖਤੀ ਵਾਅਦੇ ਪੂਰੇ ਨਹੀਂ ਕੀਤੇ, ਜੋ ਕਿ ਇਤਿਹਾਸਕ ਕਿਸਾਨ ਅੰਦੋਲਨ ਦੇ ਪ੍ਰਸੰਗ ਵਿੱਚ ਕੀਤੇ ਗਏ ਸਨ, ਜਿਸ ਵਿੱਚ 736 ਸ਼ਹੀਦਾਂ ਨੇ ਆਪਣੀ ਜਾਨ ਕੁਰਬਾਨ ਕੀਤੀ ਸੀ।

ਘੋਸ਼ਣਾ ਪੱਤਰ ਵਿੱਚ ਮੰਗ ਕੀਤੀ ਗਈ ਕਿ ਸੰਸਦ ਵਿੱਚ ਕਾਨੂੰਨ ਬਣਾ ਕੇ ਸੀ2+50 ਫੀਸਦੀ ਦੇ ਅਧਾਰ 'ਤੇ ਐੱਮ ਐੱਸ ਪੀ 'ਤੇ ਸਾਰੀਆਂ ਫਸਲਾਂ ਦੀ ਖਰੀਦ ਦੀ ਗਾਰੰਟੀ ਦਿੱਤੀ ਜਾਵੇ, ਉਤਪਾਦਕ ਸਹਿਕਾਰਤਾਵਾਂ ਰਾਹੀਂ ਖੇਤੀ ਦੀ ਆਧੁਨਿਕਤਾ ਕੀਤੀ ਜਾਵੇ, ਖੇਤੀ ਆਧਾਰਿਤ ਉਦਯੋਗ ਸਰਕਾਰੀ ਅਤੇ ਸਹਿਕਾਰੀ ਖੇਤਰ ਵਿੱਚ ਵਿਕਸਤ ਕੀਤੇ ਜਾਣ, ਖੇਤੀ ਵਿੱਚ ਕਾਰਪੋਰੇਟ ਕਬਜ਼ਾ ਖ਼ਤਮ ਕੀਤਾ ਜਾਵੇ ਅਤੇ ਵੈਲਿਊ ਐਡੀਸ਼ਨ ਤੋਂ ਬਣੇ ਵਾਧੂ ਲਾਭ ਦਾ ਹਿੱਸਾ ਮੁੱਢਲੇ ਉਤਪਾਦਕਾਂ ਨੂੰ ਦਿੱਤਾ ਜਾਵੇ।

ਜੇਕਰ ਸਰਕਾਰ ਚਾਰ ਮਜ਼ਦੂਰ ਕੋਡਾਂ ਨੂੰ ਲਾਗੂ ਕਰਨ ਲਈ ਅੱਗੇ ਵਧਦੀ ਹੈ, ਜੋ ਮਜ਼ਦੂਰਾਂ ਦੇ ਸਾਰੇ ਹੱਕ ਜਿਵੇਂ ਕਿ ਯੂਨੀਅਨ ਬਣਾਉਣ ਦੀ ਆਜ਼ਾਦੀ, ਸਾਂਝੀ ਮੋਲ-ਭਾਵ ਦਾ ਹੱਕ, ਹੜਤਾਲ ਦਾ ਹੱਕ ਅਤੇ 8 ਘੰਟਿਆਂ ਦੇ ਕੰਮ ਦਾ ਹੱਕ ਖ਼ਤਮ ਕਰਦੇ ਹਨ, ਤਾਂ ਮਿਹਨਤੀ ਲੋਕ ਲਗਾਤਾਰ ਇਕਜੁਟ ਸੰਘਰਸ਼ ਕਰਨਗੇ।

ਸੰਸਦ ਨੇ ਮੰਗ ਕੀਤੀ ਕਿ ਭਾਰਤ ਸਰਕਾਰ ਭਾਰਤ-ਅਮਰੀਕਾ ਅੰਤਰਮ ਵਪਾਰ ਢਾਂਚੇ ਨੂੰ ਰੱਦ ਕਰੇ, ਬਿਜਲੀ (ਸੋਧ) ਬਿੱਲ, ਸੀਡ ਬਿੱਲ 2025 ਵਾਪਸ ਲਵੇ, ਵੀ ਬੀ ਗ੍ਰਾਮ ਜੀ ਐਕਟ ਨੂੰ ਰੱਦ ਕਰੇ ਅਤੇ ਮਨਰੇਗਾ ਨੂੰ ਮੁੜ ਮਜ਼ਬੂਤ ਕਰਕੇ 200 ਦਿਨਾਂ ਦਾ ਕੰਮ ਅਤੇ 700 ਰੁਪਏ ਦਿਹਾੜੀ ਦੀ ਮਜ਼ਦੂਰੀ ਦਿੱਤੀ ਜਾਵੇ।

ਸੰਸਦ ਨੇ ਕੇਂਦਰ ਸਰਕਾਰ ਵੱਲੋਂ ਰਾਜਾਂ ਨੂੰ ਵਿੱਤੀ ਸਰੋਤਾਂ ਤੋਂ ਵੰਚਿਤ ਕਰਨ ਅਤੇ ਸਾਰੀ ਸ਼ਕਤੀ ਕੇਂਦਰ ਵਿੱਚ ਕੇਂਦਰੀਕ੍ਰਿਤ ਕਰਨ ਦੀ ਵੀ ਨਿੰਦਾ ਕੀਤੀ। ਇਸ ਲਈ ਮੰਗ ਕੀਤੀ ਗਈ ਕਿ ਜੀ ਐੱਸ ਟੀ ਐਕਟ 2017 ਵਿੱਚ ਸੋਧ ਕਰਕੇ ਰਾਜਾਂ ਦੀ ਟੈਕਸ ਲਗਾਉਣ ਦੀ ਸ਼ਕਤੀ ਮੁੜ ਬਹਾਲ ਕੀਤੀ ਜਾਵੇ ਅਤੇ ਵੰਡਯੋਗ ਫੰਡ ਵਿੱਚੋਂ ਮੌਜੂਦਾ 33 ਫੀਸਦੀ ਦੀ ਥਾਂ 60 ਫੀਸਦੀ ਹਿੱਸਾ ਰਾਜਾਂ ਨੂੰ ਦਿੱਤਾ ਜਾਵੇ।

ਮਜ਼ਦੂਰ-ਕਿਸਾਨ ਸੰਸਦ ਦੀ ਪ੍ਰਧਾਨਗੀ ਇੱਕ ਪੈਨਲ ਨੇ ਕੀਤੀ, ਜਿਸ ਵਿੱਚ ਸ਼ਹਿਨਾਜ਼ ਰਫ਼ੀਕ (ਇੰਟਕ), ਮੁਕੇਸ਼ ਕਸ਼ਯਪ (ਏਟਕ), ਨਾਰਾਇਣ ਸਿੰਘ (ਐੱਚ ਐੱਮ ਐੱਸ), ਏ ਆਰ ਸਿੰਧੂ (ਸੀਟੂ), ਆਰ ਕੇ ਸ਼ਰਮਾ (ਏ ਆਈ ਯੂ ਟੀ ਯੂ ਸੀ), ਲਤਾ (ਸੇਵਾ), ਰਾਘਵ ਸਿੰਘ (ਏ ਆਈ ਸੀ ਸੀ ਟੀ ਯੂ), ਗਜਰਾਜ ਸਿੰਘ (ਯੂ ਟੀ ਯੂ ਸੀ) ਅਤੇ ਸੰਯੁਕਤ ਕਿਸਾਨ ਮੋਰਚਾ ਵੱਲੋਂ ਪੀ. ਕ੍ਰਿਸ਼ਨਾਪ੍ਰਸਾਦ (ਏ ਆਈ ਕੇ ਐੱਸ), ਰਾਜਨ ਖ਼ੀਰਸਾਗਰ (ਏ ਆਈ ਕੇ ਐੱਸ-ਏ ਬੀ), ਯੁਧਵੀਰ ਸਿੰਘ (ਬੀ ਕੇ ਯੂ), ਹੰਸਰਾਜ ਰਾਣਾ (ਏ ਆਈ ਕੇ ਕੇ ਐੱਮ ਐੱਸ), ਧਰਮਪਾਲ ਸਿੰਘ (ਏ ਆਈ ਕੇ ਕੇ ਐੱਮ ਐੱਸ), ਸਤੀਸ਼ ਆਜ਼ਾਦ (ਕੇ ਕੇ ਯੂ), ਪ੍ਰੇਮ ਸਿੰਘ ਗਹਿਲਾਵਤ (ਏ ਆਈ ਕੇ ਐੱਮ), ਜੋਗਿੰਦਰ ਸਿੰਘ ਨੈਨ (ਐੱਨ ਕੇ ਯੂ-ਨੈਨ) ਅਤੇ ਸੁਨੀਲ ਤਰਾਈ (ਕਿਸਾਨ ਸਮਿਤੀ) ਸ਼ਾਮਲ ਸਨ।

## ਨਸ਼ੇ ਤੇ ਬੇਰੁਜ਼ਗਾਰੀ ...

ਪਹਿਲਕਦਮੀਆਂ ਬਾਰੇ ਜਾਣਕਾਰੀ ਦਿੱਤੀ।ਨਾਲ ਹੀ ਪਿਛਲੀਆਂ ਸਰਕਾਰਾਂ ਵੱਲੋਂ ਲੋਕ ਭਲਾਈ ਤੇ ਪੰਜਾਬ ਦੇ ਨੌਜਵਾਨਾਂ ਦੇ ਭਵਿੱਖ ਨੂੰ ਨਜ਼ਰਅੰਦਾਜ਼ ਕਰਨ ਦੀ ਤਿੱਖੀ ਆਲੋਚਨਾ ਵੀ ਕੀਤੀ।ਮਾਨ ਨੇ ਜਲੰਧਰ ਵਿੱਚ ਹੁਸ਼ਿਆਰਪੁਰ ਜ਼ਿਲ੍ਹੇ ਦੇ ਲੋਕਾਂ ਨਾਲ 'ਲੋਕ ਮਿਲਣੀ' ਦੌਰਾਨ ਮਾਨ ਨੇ ਕਿਹਾ ਕਿ ਇਹ ਜਨਤਕ ਗੱਲਬਾਤ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਸਿੱਧੇ ਤੌਰ 'ਤੇ ਹੱਲ ਕਰਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਬਿਨਾਂ ਦੇਰੀ ਦੇ ਨਿਪਟਾਉਣ ਲਈ ਪ੍ਰਭਾਵਸ਼ਾਲੀ ਢੰਗ ਵਜੋਂ ਉਭਰ ਰਹੀ ਹੈ।

## ਭਾਰਤ-ਅਮਰੀਕਾ ਵਪਾਰ...

ਵਿੱਚ ਢਿੱਲ ਦੇਣ ਨਾਲ ਜੀ ਐੱਮ ਓ ਸਮੱਗਰੀ ਦੇ ਦਾਖਲੇ ਅਤੇ ਨਵੇਂ ਕੀੜਿਆਂ ਜਾਂ ਬਿਮਾਰੀਆਂ ਦੇ ਫੈਲਣ ਦਾ ਖ਼ਤਰਾ ਵੱਧ ਸਕਦਾ ਹੈ, ਜੋ ਖੇਤੀਬਾੜੀ ਪ੍ਰਣਾਲੀ ਲਈ ਹਾਨੀਕਾਰਕ ਹੋ ਸਕਦਾ ਹੈ।ਮੁੱਖ ਮੰਤਰੀ ਨੇ ਕੇਂਦਰ ਸਰਕਾਰ 'ਤੇ ਇਹ ਦੋਸ਼ ਵੀ ਲਗਾਇਆ ਕਿ ਉਹ ਪੰਜਾਬ ਦੇ ਪੇਂਡੂ ਵਿਕਾਸ ਫੰਡ, ਜੀ ਐੱਸ ਟੀ ਅਤੇ ਨੈਸ਼ਨਲ ਹੈਲਥ ਮਿਸ਼ਨ ਨਾਲ ਸਬੰਧਤ ਫੰਡ ਜਾਰੀ ਕਰਨ ਵਿੱਚ ਦੇਰੀ ਕਰ ਰਹੀ ਹੈ। ਇਹ ਕਦਮ ਪੰਜਾਬ ਨਾਲ ਅਨਿਆਂ ਦੀ ਨਿਸ਼ਾਨੀ ਹਨ।ਉਨ੍ਹਾਂ ਕਿਹਾ ਕਿ ਲੋਕਤੰਤਰ ਵਿੱਚ ਪ੍ਰਧਾਨ ਮੰਤਰੀ ਦੀ ਆਲੋਚਨਾ ਕਰਨਾ ਹਰ ਨਾਗਰਿਕ ਦਾ ਅਧਿਕਾਰ ਹੈ ਅਤੇ ਸਰਕਾਰ ਦੀਆਂ ਨੀਤੀਆਂ 'ਤੇ ਸਵਾਲ ਉਠਾਉਣ ਵਾਲਿਆਂ ਨੂੰ ਦੇਸ਼ ਵਿਰੋਧੀ ਨਹੀਂ ਕਿਹਾ ਜਾਣਾ ਚਾਹੀਦਾ।ਮੁੱਖ ਮੰਤਰੀ ਨੇ ਅੰਤ ਵਿੱਚ ਕਿਸਾਨ ਯੂਨੀਅਨਾਂ, ਖੇਤੀਬਾੜੀ ਮਾਹਰਾਂ ਅਤੇ ਬੁੱਧੀਜੀਵੀਆਂ ਨੂੰ ਇਸ ਸਮਝੌਤੇ ਵਿਰੁੱਧ ਇੱਕਜੁੱਟ ਹੋਣ ਅਤੇ ਆਪਣੀ ਆਵਾਜ਼ ਬੁਲੰਦ ਕਰਨ ਦੀ ਅਪੀਲ ਕੀਤੀ। ਮੁੱਖ ਮੰਤਰੀ ਨੇ ਕਿਹਾ, 'ਭਾਰਤੀ ਖੇਤੀਬਾੜੀ ਦੇ ਭਵਿੱਖ ਦੀ ਰੱਖਿਆ ਕਰਨਾ ਸਮੇਂ ਦੀ ਲੋੜ ਹੈ।ਨਹੀਂ ਤਾਂ ਕੇਂਦਰ ਸਰਕਾਰ ਦੇਸ਼ ਅਤੇ ਇਸਦੇ ਲੋਕਾਂ ਦੇ ਅਧਿਕਾਰਾਂ ਨੂੰ ਲੁੱਟ ਲਵੇਗੀ ਅਤੇ ਉਨ੍ਹਾਂ ਨੂੰ ਅਮਰੀਕਾ ਦੇ ਸਾਹਮਣੇ ਗਿਰਵੀ ਰੱਖ ਦੇਵੇਗੀ।ਅਜਿਹਾ ਮਾੜੇ ਕੰਮ ਨਾ ਤਾਂ ਸਵੀਕਾਰਯੋਗ ਹੈ ਅਤੇ ਨਾ ਹੀ ਫਾਇਦੇਮੰਦ ਹਨ।' ਪੰਜਾਬ ਵਿਧਾਨ ਸਭਾ ਨੇ ਪ੍ਰਸਤਾਵਿਤ ਭਾਰਤ-ਅਮਰੀਕਾ ਵਪਾਰ ਸਮਝੌਤੇ ਵਿਰੁੱਧ ਸਰਬਸੰਮਤੀ ਨਾਲ ਨਿੰਦਾ ਮਤਾ ਪਾਸ ਕੀਤਾ।

## ਬਾਬਾ ਸ਼ੇਰ ਸਿੰਘ ਵੇਈਂਪੂੰਈਂ ...

ਮਿਹਨਤਕਸ਼ ਜਨਤਾ ਨੂੰ ਪੂਰਾ ਨਿਆਂ ਮਿਲ ਸਕੇ। ਦੇਸ਼ ਵਿੱਚ ਗਰੀਬ-ਅਮੀਰ ਵਿੱਚ ਪਾੜਾ ਨਾ ਹੋਵੇ ਅਤੇ ਹਰ ਇੱਕ ਨੂੰ ਖੁਸ਼ਹਾਲ ਬਚਪਨ, ਮੁਫਤ ਸਿਹਤ, ਸਿੱਖਿਆ ਅਤੇ ਰੁਜ਼ਗਾਰ ਦੀ ਗਰੰਟੀ ਹੋਵੇ ਅਤੇ ਸਮਾਜ ਵਿੱਚ ਗੈਰ-ਮੁਥਾਜ਼ੀ ਦੇ ਹੁੰਦਿਆਂ ਦੇਸ਼ ਦੇ ਨੌਜਵਾਨ ਭਟਕ ਨਾ ਜਾਣ, ਪਰ ਹੋਇਆ ਇਸ ਦੇ ਉਲਟ ਕਿ ਸਮੇਂ ਦੇ ਹਾਕਮਾਂ ਨੇ ਇਹਨਾਂ ਦੇਸ਼ ਭਗਤ ਯੋਧਿਆਂ ਦੇ ਸੁਪਨਿਆਂ ਨੂੰ ਪੂਰਾ ਨਹੀਂ ਕੀਤਾ।ਅੱਜ ਵੀ ਨਾ ਬਰਾਬਰੀ ਸਿਖਰਾਂ 'ਤੇ ਹੈ।ਕਾਮੇ ਕਿਰਤੀਆਂ ਨੂੰ ਉਹਨਾਂ ਦੀ ਮਿਹਨਤ ਦਾ ਅੱਧਾ ਮੁੱਲ ਵੀ ਨਹੀਂ ਮਿਲਦਾ। ਅੱਜ ਦੇ ਹਾਲਾਤ ਵਿੱਚ ਕਾਰਪੋਰੇਟ ਘਰਾਣੇ ਮਿਹਨਤਕਸ਼ਾਂ ਦੁਆਰਾ ਕਮਾਈ ਅਥਾਹ ਦੌਲਤ ਨੂੰ ਹੜੱਪੀ ਜਾ ਰਹੇ ਹਨ। ਕਾਰਪੋਰੇਟ ਘਰਾਣਿਆਂ ਦਾ ਥਾਣੇਦਾਰ ਅਮਰੀਕਾ ਦਾ ਰਾਸ਼ਟਰਪਤੀ ਟਰੰਪ ਅੱਜ ਦੁਨੀਆ ਨੂੰ ਜੰਗ ਦੀ ਭੱਠੀ ਵਿੱਚ ਝੋਕ ਰਿਹਾ ਹੈ ਅਤੇ ਦੂਸਰੇ ਦੇਸ਼ਾਂ ਦੀ ਦੌਲਤ ਖੋਹਣ ਲਈ ਉਹਨਾਂ 'ਤੇ ਹਮਲੇ ਕਰ ਰਿਹਾ ਹੈ।

ਸਾਡੇ ਦੇਸ਼ ਦੀ ਭਾਜਪਾ ਸਰਕਾਰ ਅਤੇ ਉਸ ਦਾ ਪ੍ਰਧਾਨ ਮੰਤਰੀ ਮੋਦੀ ਟਰੰਪ ਤੋਂ ਡਰਦਿਆਂ ਉੱਚੀ ਸਾਹ ਨਹੀਂ ਲੈ ਰਿਹਾ, ਇਹ ਬੜੀ ਸ਼ਰਮ ਵਾਲੀ ਗੱਲ ਹੈ। ਇਹ ਯਾਦ ਕਰਨਾ ਬਣਦਾ ਹੈ ਕਿ ਇੱਕ ਪਾਸੇ ਸਾਮਰਾਜ ਦੇ ਵਿਰੁੱਧ ਬਾਬਾ ਸ਼ੇਰ ਸਿੰਘ ਵੇਈਂਪੂੰਈਂ ਵਰਗੇ ਯੋਧਿਆਂ ਆਪਣੀਆਂ ਜਾਨਾਂ ਦੀ ਪਰਵਾਹ ਨਾ ਕਰਦਿਆਂ ਉਸ ਵਕਤ ਦੇ ਅੰਗਰੇਜ਼ ਹਾਕਮਾਂ ਨਾਲ ਸਿੱਧੀ ਟੱਕਰ ਲਈ, ਦੂਜੇ ਪਾਸੇ ਅੱਜ ਮੋਦੀ ਵਰਗੇ ਉਸੇ ਸਾਮਰਾਜ ਅੱਗੇ ਗੋਡੇ ਟੇਕ ਰਹੇ ਹਨ।ਇਸ ਕਰਕੇ ਸਾਡਾ ਫਰਜ਼ ਬਣਦਾ ਹੈ ਕਿ ਅਸੀਂ ਬਾਬਾ ਸ਼ੇਰ ਸਿੰਘ ਦੇ ਨਕਸ਼ੇ ਕਦਮਾਂ 'ਤੇ ਚਲਦਿਆਂ ਇਸ ਦੇਸ਼ ਵਿੱਚ ਸਮਾਜਵਾਦੀ ਰਾਜ ਪ੍ਰਬੰਧ ਕਾਇਮ ਕਰਨ ਲਈ ਸੰਘਰਸ਼ ਕਰੀਏ।

ਪੰਜਾਬ ਇਸਤਰੀ ਸਭਾ ਦੀ ਸੂਬਾ ਪ੍ਰਧਾਨ ਰਜਿੰਦਰ ਪਾਲ ਕੌਰ ਨੇ ਕਿਹਾ ਕਿ ਸਮੁੱਚੇ ਗਦਰੀ ਯੋਧੇ ਅਤੇ ਬਾਬਾ ਸ਼ੇਰ ਸਿੰਘ ਔਰਤਾਂ ਦੇ ਹੱਕਾਂ ਲਈ ਸੰਘਰਸ਼ਸ਼ੀਲ ਰਹੇ। ਉਹ ਸਮਝਦੇ ਸਨ ਕਿ ਔਰਤਾਂ ਨੂੰ ਵੀ ਬਰਾਬਰ ਦੇ ਹੱਕ ਚਾਹੀਦੇ ਹਨ। ਇਸ ਕਰਕੇ ਜ਼ਰੂਰੀ ਬਣ ਜਾਂਦਾ ਹੈ ਕਿ ਅੱਜ ਦੇਸ਼ ਦੀ ਹਰ ਬੱਚੀ ਲਈ ਸਮੁੱਚੀ ਸਿੱਖਿਆ ਤੇ ਸਿਹਤ ਲਾਜ਼ਮੀ ਹੋਵੇ ਅਤੇ ਉਹਦੇ ਰੁਜ਼ਗਾਰ ਦੀ ਗਰੰਟੀ ਹੋਵੇ।ਅਗਰ ਔਰਤ ਬਾ-ਰੁਜ਼ਗਾਰ ਹੁੰਦੀ ਹੈ ਤਾਂ ਉਸ ਦਾ ਸਮੁੱਚਾ ਪਰਵਾਰ ਖੁਸ਼ਹਾਲ ਬਣਦਾ ਹੈ । ਇਸ ਕਰਕੇ ਹਰ ਔਰਤ ਦਾ ਫਰਜ਼ ਬਣਦਾ ਹੈ ਕਿ ਉਹ ਆਪਣੇ ਹੱਕਾਂ ਲਈ ਸੰਘਰਸ਼ ਦੇ ਮੈਦਾਨ ਮੱਲੇ।ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਪ੍ਰਿਥੀਪਾਲ ਸਿੰਘ ਮਾੜੀਮੇਘਾ ਨੇ ਕਿਹਾ ਕਿ ਗ਼ਦਰੀ ਬਾਬਿਆਂ ਦਾ ਇਤਿਹਾਸ ਹਰ ਇੱਕ ਨੂੰ ਪੜ੍ਹਨਾ ਚਾਹੀਦਾ ਹੈ।ਉਹਨਾ ਮਜ਼ਦੂਰਾਂ, ਕਿਸਾਨਾਂ ਅਤੇ ਹੋਰ ਮਿਹਨਤਕਸ਼ ਲੋਕਾਂ ਦੀ ਜ਼ਿੰਦਗੀ ਨੂੰ ਵਧੀਆ ਬਣਾਉਣ ਲਈ ਆਪਣੀ ਜ਼ਿੰਦਗੀ ਦਾਅ 'ਤੇ ਲਾਈ ਸੀ।

ਕੁੱਲ ਹਿੰਦ ਕਿਸਾਨ ਸਭਾ ਦੇ ਜਨਰਲ ਸਕੱਤਰ ਬਲਕਾਰ ਸਿੰਘ ਵਲਟੋਹਾ ਨੇ ਕਿਹਾ ਕਿ ਟਰੰਪ-ਮੋਦੀ ਸਮਝੌਤਾ ਖੇਤੀ ਸੈਕਟਰ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰ ਦੇਵੇਗਾ।ਕੇਂਦਰ ਸਰਕਾਰ ਵੱਲੋਂ ਸੰਸਦ ਵਿੱਚ ਪੇਸ਼ ਕੀਤਾ ਜਾ ਰਿਹਾ ਬਿਜਲੀ ਬਿੱਲ 2025 ਸਮੁੱਚੇ ਬਿਜਲੀ ਸੈਕਟਰ ਨੂੰ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰ ਦੇਵੇਗਾ। ਇਸ ਲਈ ਕਿਸਾਨ-ਮਜ਼ਦੂਰ ਸਾਂਝੇ ਸੰਘਰਸ਼ ਹੋਣੇ ਸਮੇਂ ਦੀ ਲੋੜ ਹੈ।

ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਤਰਨ ਤਾਰਨ ਦੇ ਐਕਟਿੰਗ ਸਕੱਤਰ ਗੁਰਦਿਆਲ ਸਿੰਘ ਖਡੂਰ ਸਾਹਿਬ ਨੇ ਕਿਹਾ ਕਿ ਅੱਜ ਮਜ਼ਦੂਰਾਂ ਦੀ ਲੁੱਟ ਸਭ ਤੋਂ ਵੱਧ ਹੋ ਰਹੀ ਹੈ, ਮਜ਼ਦੂਰ ਰਾਤ-ਦਿਨ ਹੱਡ-ਭੰਨਵੀਂ ਮਿਹਨਤ ਕਰਦੇ ਹਨ, ਪਰ ਉਹਨਾਂ ਨੂੰ ਸੁਖੀ ਜੀਵਨ ਬਤੀਤ ਨਹੀਂ ਹੁੰਦਾ। ਨਸ਼ਿਆਂ ਨੇ ਸਾਡੇ ਇਲਾਕੇ ਦੀ ਮੱਤ ਮਾਰ ਦਿੱਤੀ ਹੈ। ਸਮੇਂ ਦੀਆਂ ਸਰਕਾਰਾਂ ਲਾਪਰਵਾਹ ਹਨ, ਇਸ ਕਰਕੇ ਲੋੜ ਹੈ ਕਿ ਮਜ਼ਦੂਰ-ਕਿਸਾਨ ਅਤੇ ਹੋਰ ਮਿਹਨਤਕਸ਼ ਲੋਕ ਭਾਰਤੀ ਕਮਿਊਨਿਸਟ ਪਾਰਟੀ ਦੇ ਝੰਡੇ ਹੇਠ ਇਕੱਠੇ ਹੋ ਕੇ ਆਪਣੇ ਹੱਕਾਂ ਲਈ ਲੜਨ। ਸਟੇਜ ਸਕੱਤਰ ਦੀ ਜ਼ਿੰਮੇਵਾਰੀ ਸੀ ਪੀ ਆਈ ਬਲਾਕ ਖਡੂਰ ਸਾਹਿਬ ਦੇ ਸਕੱਤਰ ਬਲਜੀਤ ਸਿੰਘ ਫਤਿਹਾਬਾਦ ਨੇ ਨਿਭਾਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਸ਼ੇਰ ਸਿੰਘ ਦਾ ਦੋਹਤਾ ਮਨਿੰਦਰ ਸਿੰਘ ਮੰਨਾ, ਹਰਪਾਲ ਸਿੰਘ ਸੰਧਾਵਾਲੀਆ ਰਿਟਾਇਰ ਡੀ ਈ ਓ, ਗੁਰਚਰਨ ਸਿੰਘ ਕੰਡਾ ਫਤਿਹਾਬਾਦ, ਜਤਿੰਦਰ ਕੁਮਾਰ, ਸੁਖਵਿੰਦਰ ਕੁਮਾਰ ਮੁਗਲਾਣੀ, ਬਾਬਾ ਮਹਿੰਦਰ ਸਿੰਘ ਵੇਈਂਪੂੰਈਂ, ਜਗਤਾਰ ਸਿੰਘ ਖਡੂਰ ਸਾਹਿਬ, ਸੰਤੋਖ ਕੌਰ ਵੇਈਂਪੂੰਈਂ ਅਤੇ ਜਸਵੰਤ ਸਿੰਘ ਖਡੂਰ ਸਾਹਿਬ ਹਾਜ਼ਰ ਸਨ।

## ਖਹਿਰਾ ਖਿਲਾਫ ਨਿੰਦਾ...

ਕਿ ਬਾਕੀ ਦੱਸੇ ਜਾ ਰਹੇ ਕਾਲਜ ਪ੍ਰਾਈਵੇਟ ਹਨ ਅਤੇ ਸਰਕਾਰ ਆਪਣੇ ਵਾਅਦੇ ਤੋਂ ਭੱਜ ਰਹੀ ਹੈ।

ਜਵਾਬ ਵਿੱਚ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਾਂਗਰਸ 'ਤੇ ਪਿਛਲੇ 40 ਸਾਲਾਂ ਵਿੱਚ ਕੁਝ ਨਾ ਕਰਨ ਦਾ ਦੋਸ਼ ਮੜ੍ਹਦਿਆਂ ਕਿਹਾ ਕਿ 'ਆਪ' ਸਰਕਾਰ ਨੇ 4 ਸਾਲਾਂ ਵਿੱਚ ਮਿਸਾਲੀ ਕੰਮ ਕੀਤੇ ਹਨ। ਇਸ ਬਹਿਸ ਦੌਰਾਨ ਮਾਹੌਲ ਉਦੋਂ ਹੋਰ ਭਖ ਗਿਆ ਜਦੋਂ ਮੰਤਰੀ ਅਮਨ ਅਰੋੜਾ ਦੇ ਬੋਲਣ 'ਤੇ ਪ੍ਰਤਾਪ ਸਿੰਘ ਬਾਜਵਾ ਨੇ ਸਖਤ ਇਤਰਾਜ਼ ਜਤਾਇਆ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਬਾਜਵਾ 'ਤੇ ਅਪਸ਼ਬਦ ਬੋਲਣ ਦੇ ਗੰਭੀਰ ਦੋਸ਼ ਲਗਾਏ, ਜਿਸ ਤੋਂ ਬਾਅਦ ਦੋਵਾਂ ਪਾਰਟੀਆਂ ਦੇ ਵਿਧਾਇਕ ਸਦਨ ਦੇ ਵਿਚਕਾਰ ਇਕੱਠੇ ਹੋ ਗਏ ਅਤੇ ਟਕਰਾਅ ਵਾਲੀ ਸਥਿਤੀ ਬਣ ਗਈ। ਅਖੀਰ ਸਪੀਕਰ ਨੇ ਦਖਲ ਦਿੰਦਿਆਂ ਦੋਵਾਂ ਧਿਰਾਂ ਨੂੰ ਸ਼ਾਂਤ ਕਰਵਾ ਕੇ ਬਿਠਾਇਆ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

ਨਵਾਂ ਜ਼ਮਾਨਾ
ਬੁੱਧਵਾਰ, 11 ਮਾਰਚ 2026

# ਕਰਜ਼ ਲੈ ਕੇ ਘਿਓ ਪੀਣ ਵਾਲਾ ਉੱਤਰਾਖੰਡ

*ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ ਨੇ 2026-27 ਲਈ ਜਿਹੜਾ ਬਜਟ ਪੇਸ਼ ਕੀਤਾ, ਉਹ ਸੂਬੇ ਦੀ ਭਵਿੱਖੀ ਪੀੜ੍ਹੀ ਲਈ ਭਾਰੀ ਕਰਜ਼ ਦਾ ਹੀ ਇੱਕ ਦਸਤਾਵੇਜ਼ ਹੈ। ਸਾਲ 2011-12 ਵਿੱਚ ਜਿੱਥੇ ਸੂਬੇ 'ਤੇ ਕੁੱਲ ਕਰਜ਼ਾ 23609 ਕਰੋੜ ਰੁਪਏ ਸੀ, ਉਹ ਨਵੇਂ ਵਿੱਤੀ ਸਾਲ ਵਿੱਚ ਵਧ ਕੇ 104245 ਕਰੋੜ ਰੁਪਏ ਤੱਕ ਪੁੱਜਣ ਦਾ ਅਨੁਮਾਨ ਹੈ। ਡੇਢ ਦਹਾਕਿਆਂ ਵਿੱਚ ਸੂਬੇ ਸਿਰ ਕਰਜ਼ਾ ਚਾਰ ਗੁਣਾ ਤੋਂ ਜ਼ਿਆਦਾ ਵਧ ਗਿਆ ਹੈ। 2007 ਵਿੱਚ ਨਾਰਾਇਣ ਦੱਤ ਤਿਵਾੜੀ ਦੀ ਕਾਂਗਰਸ ਸਰਕਾਰ 13 ਹਜ਼ਾਰ ਕਰੋੜ ਰੁਪਏ ਦਾ ਕਰਜ਼ਾ ਛੱਡ ਕੇ ਗਈ ਸੀ। ਉਦੋਂ ਭਾਜਪਾ ਨੇ ਇਸ ਨੂੰ ਸਭ ਤੋਂ ਵੱਡਾ ਮੁੱਦਾ ਬਣਾਇਆ ਸੀ, ਪਰ ਭਾਜਪਾ ਦੇ ਰਾਜ ਵਿੱਚ 2024-25 'ਚ ਕਰਜ਼ਾ 94666 ਕਰੋੜ ਤੱਕ ਪੁੱਜ ਗਿਆ। ਸੂਬੇ ਦੀ ਆਪਣੀ ਸ਼ੁੱਧ ਕਮਾਈ ਏਨੀ ਨਹੀਂ, ਜਿੰਨੀ ਕਿ ਪੁਰਾਣੇ ਕਰਜ਼ ਚੁਕਾਉਣ ਤੇ ਲੋਕ-ਲੁਭਾਊ ਐਲਾਨਾਂ ਨੂੰ ਅਮਲੀ ਜਾਮਾ ਪਹਿਨਾਉਣ ਵਿੱਚ ਝੋਕੀ ਜਾ ਰਹੀ ਹੈ।*

*2026-27 ਵਿੱਚ ਸਿਰਫ ਵਿਆਜ ਚੁਕਾਉਣ 'ਤੇ ਹੀ ਲਗਭਗ 7929 ਕਰੋੜ ਰੁਪਏ ਖਰਚ ਹੋਣ ਦਾ ਅਨੁਮਾਨ ਹੈ, ਜਦਕਿ ਦੋ ਸਾਲ ਪਹਿਲਾਂ ਇਹ ਰਕਮ ਕਰੀਬ 5575 ਕਰੋੜ ਰੁਪਏ ਸੀ। ਇਸ ਦਾ ਸਿੱਧਾ ਮਤਲਬ ਹੈ ਕਿ ਲੋਕਾਂ ਦੇ ਪਸੀਨੇ ਦੀ ਕਮਾਈ ਨਾਲ ਮਿਲਣ ਵਾਲੇ ਟੈਕਸ ਦਾ ਇੱਕ ਵੱਡਾ ਹਿੱਸਾ ਵਿਕਾਸ ਦੀ ਇੱਟ ਲਾਉਣ ਦੀ ਥਾਂ ਸ਼ਾਹੂਕਾਰਾਂ ਦੀਆਂ ਕਿਸ਼ਤਾਂ ਭਰਨ ਵਿੱਚ ਜਾ ਰਿਹਾ ਹੈ। ਬਜਟ ਦਸਤਾਵੇਜ਼ਾਂ ਮੁਤਾਬਕ 2026-27 ਵਿੱਚ ਸੂਬੇ ਦੀਆਂ ਕੁੱਲ ਪ੍ਰਾਪਤੀਆਂ ਲਗਭਗ 110143 ਕਰੋੜ ਰੁਪਏ ਰਹਿਣ ਦਾ ਅਨੁਮਾਨ ਹੈ, ਜਦਕਿ ਕੁੱਲ ਖਰਚ 111703 ਕਰੋੜ ਰੁਪਏ ਹੋਵੇਗਾ। ਪੂੰਜੀਗਤ ਪ੍ਰਾਪਤੀਆਂ ਵਿੱਚ ਵੀ ਸਭ ਤੋਂ ਵੱਡਾ ਹਿੱਸਾ 40250 ਕਰੋੜ ਰੁਪਏ ਦਾ ਅੰਦਰੂਨੀ ਕਰਜ਼ ਹੈ, ਜੋ ਦੱਸਦਾ ਹੈ ਕਿ ਸੂਬੇ ਕਰਜ਼ ਨਾਲ ਹੀ ਵਿਕਾਸ ਦਾ ਢਾਂਚਾ ਖੜ੍ਹਾ ਕਰਨ ਦੀ ਕਰਜ਼ਖੋਰੀ ਦੀ ਆਦਤ ਦਾ ਸ਼ਿਕਾਰ ਹੋ ਚੁੱਕੇ ਹਨ। ਕਰਜ਼ ਲੈ ਕੇ ਘਿਓ ਪੀਣ ਦੀ ਸੰਸਕ੍ਰਿਤੀ ਬਣ ਚੁੱਕੀ ਹੈ। ਕੇਂਦਰ ਸਰਕਾਰ ਨੇ ਆਯੂਸ਼ਮਾਨ ਯੋਜਨਾ ਸਿਰਫ ਗਰੀਬੀ ਰੇਖਾ ਤੋਂ ਹੇਠਾਂ ਦੇ ਲੋਕਾਂ ਲਈ ਸ਼ੁਰੂ ਕੀਤੀ ਸੀ, ਪਰ ਉੱਤਰਾਖੰਡ ਸਰਕਾਰ ਨੇ ਸ਼ੋਹਰਤ ਦੇ ਮੋਹ ਵਿੱਚ 'ਅਟੱਲ ਆਯੂਸ਼ਮਾਨ' ਰਾਹੀਂ ਸਾਰਿਆਂ ਲਈ ਖੋਲ੍ਹ ਦਿੱਤੀ।*

*ਮਾਹਰਾਂ ਦਾ ਕਹਿਣਾ ਹੈ ਕਿ ਜੇ ਆਮਦਨ ਦੇ ਸਰੋਤਾਂ ਵਿੱਚ ਕ੍ਰਾਂਤੀਕਾਰੀ ਵਾਧਾ ਨਹੀਂ ਹੋਇਆ ਤਾਂ ਆਉਣ ਵਾਲੇ ਵਰ੍ਹਿਆਂ ਵਿੱਚ ਉੱਤਰਾਖੰਡ ਸਿਰਫ ਤਨਖਾਹ, ਪੈਨਸ਼ਨ ਤੇ ਵਿਆਜ ਚੁਕਾਉਣ ਵਾਲਾ ਸੂਬਾ ਬਣ ਕੇ ਰਹਿ ਜਾਵੇਗਾ। ਚੋਣਾਂ ਜਿੱਤਣ ਲਈ ਲੋਕ-ਲੁਭਾਊਵਾਦ ਦਾ ਜਿਹੜਾ ਰਾਹ ਚੁਣਿਆ ਗਿਆ ਹੈ, ਉਸ ਦੀ ਕੀਮਤ ਆਉਣ ਵਾਲੀਆਂ ਪੀੜ੍ਹੀਆਂ ਨੂੰ ਭਾਰੀ ਕਰਜ਼ ਤੇ ਵਿਕਾਸ ਦੀ ਸੁਸਤੀ ਦੇ ਰੂਪ ਵਿੱਚ ਚੁਕਾਉਣੀ ਪਵੇਗੀ। ਵਿਡੰਬਨਾ ਇਹ ਹੈ ਕਿ ਇੱਥੇ ਕਈ ਵਰ੍ਹਿਆਂ ਤੋਂ ਭਾਜਪਾ ਦਾ ਰਾਜ ਹੈ ਤੇ ਇਸ ਦੇ ਆਗੂ ਨਰਿੰਦਰ ਮੋਦੀ ਗੈਰ-ਭਾਜਪਾ ਸੂਬਾਈ ਸਰਕਾਰਾਂ 'ਤੇ ਰਿਓੜੀਆਂ ਵੰਡਣ ਦੇ ਦੋਸ਼ ਲਾਉਂਦੇ ਹਨ।*

## ਪਾਠਕ-ਸੱਥ

### ਡਿਜੀਟਲ ਦੌਰ 'ਚ ਬੱਚੇ ਕਿਸ ਕਰਵਟ ਬੈਠਣਗੇ

ਏ ਆਈ ਦਾ ਦੌਰ ਚੱਲ ਰਿਹਾ ਹੈ। ਵਿਗਿਆਨ ਬਹੁਤ ਤਰੱਕੀ ਕਰ ਰਿਹਾ ਹੈ।ਅੱਜ ਦੇ ਜ਼ਮਾਨੇ ਵਿੱਚ ਬੱਚੇ ਟੈਕਨਾਲੋਜੀ ਦੇ ਜ਼ਿਆਦਾ ਮਾਹਰ ਹਨ। ਹਾਲਾਂਕਿ ਮਾਪੇ ਵੀ ਪੜ੍ਹੇ-ਲਿਖੇ ਹਨ, ਪਰ ਉਹਨਾਂ ਨੂੰ ਇਸ ਬਾਰੇ ਏਨੀ ਜਾਣਕਾਰੀ ਨਹੀਂ ਹੈ। ਬੱਚੇ ਆਨਲਾਈਨ, ਵਰਚੁਅਲ (ਸੋਸ਼ਲ ਮੀਡੀਆ), ਤੇ ਕੀ ਦੇਖਦੇ ਹਨ, ਕੀ ਖੇਡਦੇ ਹਨ? ਕਿਸ ਤਰ੍ਹਾਂ ਉਹ ਆਨਲਾਈਨ ਧੋਖਾਧੜੀ ਦਾ ਸ਼ਿਕਾਰ ਹੋ ਜਾਂਦੇ ਹਨ, ਇਸ ਬਾਰੇ ਮਾਪਿਆਂ ਨੂੰ ਨਾ ਬਰਾਬਰ ਜਾਣਕਾਰੀ ਹੁੰਦੀ ਹੈ। ਅੱਜ ਬੱਚੇ ਬਹੁਤ ਜ਼ਿਆਦਾ ਸੰਵੇਦਨਸ਼ੀਲ ਹੋ ਗਏ ਹਨ। ਜ਼ਰਾ ਜਿਹਾ ਝਿੜਕੋ, ਅਣਕਿਆਸੇ ਕਦਮ ਚੁੱਕ ਲੈਂਦੇ ਹਨ। ਬਰਦਾਸ਼ਤ ਸ਼ਕਤੀ ਹੈ ਨਹੀਂ। ਗਾਜ਼ੀਆਬਾਦ ਵਿਖੇ ਜੋ ਅਣਸੁਖਾਵੀਂ ਘਟਨਾ ਵਾਪਰੀ, ਸਾਰਿਆਂ ਨੂੰ ਪਤਾ ਹੈ ਤਿੰਨੋਂ ਭੈਣਾਂ ਨੇ ਨੌਵੀਂ ਮੰਜ਼ਲ ਤੋਂ ਛਾਲ ਮਾਰ ਕੇ ਖੁਦਕੁਸ਼ੀ ਕਰ ਲਈ। ਕਾਰਨ ਸੀ ਮਾਪਿਆਂ ਨੇ ਕੁੜੀਆਂ ਤੋਂ ਮੋਬਾਇਲ ਖੋਹ ਲਿਆ ਸੀ।

ਹਿਮਾਚਲ ਪ੍ਰਦੇਸ਼ ਵਿਖੇ 14 ਸਾਲ ਬੱਚਾ ਆਨਲਾਈਨ ਗੇਮ ਵਿੱਚ ਵੱਡੀ ਰਕਮ ਹਾਰ ਗਿਆ ਸੀ, ਮਾਪਿਆਂ ਦੇ ਡਰ ਤੋਂ ਉਸ ਨੇ ਆਤਮ-ਹੱਤਿਆ ਕਰ ਲਈ। ਅੱਜ ਕੁਰਾਹੇ ਪੈ ਰਹੀ ਨੌਜਵਾਨੀ ਨੂੰ ਮਾਪੇ ਜੇ ਝਿੜਕਣ ਨਾ ਤਾਂ ਵੀ ਮਰਦੇ ਹਨ, ਜੇ ਝਿੜਕਣ ਤਾਂ ਵੀ। ਆਖਰ ਮਾਪਿਆਂ ਦਾ ਇਸ ਵਿੱਚ ਕੀ ਦੋਸ਼ ਹੈ? ਅੱਜ ਨੌਕਰੀਪੇਸ਼ਾ ਮਾਪੇ ਬੱਚਿਆਂ ਦਾ ਪਹਿਲਾਂ ਵਾਂਗੂੰ ਧਿਆਨ ਨਹੀਂ ਰੱਖ ਪਾਉਂਦੇ। ਅਕਸਰ ਪਹਿਲਾਂ ਘਰਾਂ ਵਿੱਚ ਬਜ਼ੁਰਗ ਰਹਿੰਦੇ ਸਨ, ਬਜ਼ੁਰਗ ਬੱਚਿਆਂ ਦੀ ਸਾਂਭ-ਸੰਭਾਲ ਚੰਗੀ ਤਰ੍ਹਾਂ ਕਰਦੇ ਸਨ। ਚੰਗੇ ਸੰਸਕਾਰ ਸਿਖਾਉਂਦੇ ਸਨ। ਅੱਜ ਮਾਪੇ ਆਪਣੇ ਕੰਮਾਂਕਾਰਾਂ ਵਿੱਚ ਏਨੇ ਰੁਝ ਚੁੱਕੇ ਹਨ ਕਿ ਉਹਨਾਂ ਕੋਲ ਬੱਚਿਆਂ ਲਈ ਵਿਹਲ ਤੱਕ ਨਹੀਂ। ਸਕੂਲ ਤੋਂ ਘਰ ਤੇ ਘਰ ਤੋਂ ਕੋਚਿੰਗ ਸੈਂਟਰਾਂ ਤੱਕ ਬੱਚਿਆਂ ਦਾ ਸਫ਼ਰ ਰਹਿ ਚੁੱਕਿਆ ਹੈ। ਅੰਕਾਂ ਦੀ ਅੰਨ੍ਹੀ ਦੌੜ ਨੇ ਬਚਪਨ ਖ਼ਤਮ ਕਰ ਦਿੱਤਾ ਹੈ। ਬੱਚੇ ਘਰ ਆਉਂਦੇ ਹੀ ਸੋਸ਼ਲ ਮੀਡੀਆ ਦੀ ਧੜੱਲੇ ਨਾਲ ਵਰਤੋਂ ਕਰਦੇ ਹਨ। ਥੱਕੇ-ਹਾਰੇ ਦਫਤਰਾਂ ਤੋਂ ਆਏ ਮਾਪੇ ਆਪਣੇ ਕਮਰੇ ਵਿੱਚ ਜਾ ਕੇ ਬੈੱਡ 'ਤੇ ਪੈ ਜਾਂਦੇ ਹਨ, ਇੱਥੋਂ ਤੱਕ ਖਾਣਾ ਵੀ ਬਾਹਰੋਂ ਆਨਲਾਈਨ ਕਰਕੇ ਮੰਗਵਾ ਲੈਂਦੇ ਹਨ।ਸੰਯੁਕਤ ਪਰਵਾਰਾਂ ਤੋਂ ਇਕਹਿਰੇ ਪਰਵਾਰਾਂ ਵੱਲ ਵਧ ਚੁੱਕੇ ਹਨ।

ਸੰਯੁਕਤ ਪਰਵਾਰ ਟੁੱਟ ਚੁੱਕੇ ਹਨ। ਕਈ ਪਰਵਾਰਾਂ ਵਿੱਚ ਤਾਂ ਮਾਪੇ ਰਹਿ ਤਾਂ ਇੱਕ ਛੱਤ ਹੇਠ ਰਹੇ ਹਨ, ਪਰ ਇੱਕ-ਦੂਜੇ ਨਾਲ ਬੋਲਦੇ ਤੱਕ ਨਹੀਂ ਹਨ। ਇਕੱਠੇ ਬੈਠ ਕੇ ਖਾਣਾ ਖਾਣ ਲਈ ਸਮਾਂ ਨਹੀਂ। ਇਸ ਦਾ ਵੀ ਬੱਚਿਆਂ ਤੇ ਬਹੁਤ ਮਾੜਾ ਅਸਰ ਪੈ ਰਿਹਾ ਹੈ। ਜਿਸ ਕਾਰਨ ਬੱਚਿਆਂ ਨੂੰ ਨੈਤਿਕ ਕਦਰਾਂ-ਕੀਮਤਾਂ ਬਾਰੇ ਬਿਲਕੁਲ ਵੀ ਨਹੀਂ ਪਤਾ। ਬੱਚੇ ਅੱਜ ਡਿਜੀਟਲ ਸੰਸਾਰ 'ਤੇ ਇਕੱਲੇ ਰਹਿਣ ਦੇ ਆਦੀ ਹੋ ਚੁੱਕੇ ਹਨ। ਚੰਗੇ ਦੋਸਤਾਂ ਵਿੱਚ ਵਿਚਰਨਾ, ਖੇਡ ਮੈਦਾਨ ਵਿੱਚ ਜਾਣਾ ਘੱਟ ਹੋ ਚੁੱਕਿਆ ਹੈ। ਸਕਰੀਨ ਕਾਰਨ ਬੱਚਿਆਂ ਦੀ ਨਿਗ੍ਹਾ ਕਮਜ਼ੋਰ ਹੋ ਚੁੱਕੀ ਹੈ। ਅੱਜ ਬੱਚਿਆਂ ਨੇ ਵਰਚੁਅਲ ਸੰਪਰਕ ਦਾ ਭਰਮ ਪਾਲ ਲਿਆ ਹੈ ਕਿ ਮੇਰੇ ਤਾਂ ਸੋਸ਼ਲ ਮੀਡੀਆ 'ਤੇ ਬਹੁਤ ਫਰੈਂਡ ਹਨ। ਅੱਜ ਆਧੁਨਿਕਤਾ ਦੇ ਦੌਰ ਵਿੱਚ ਸਿੰਗਲ ਰਹਿਣ ਦਾ ਰੁਝਾਨ ਜ਼ਿਆਦਾ ਵਧ ਗਿਆ ਹੈ। ਮਾਪਿਆਂ ਨੂੰ ਬੱਚਿਆਂ ਨਾਲ ਪਰਛਾਵੇਂ ਦੀ ਤਰ੍ਹਾਂ ਚਲਣਾ ਪੈਣਾ ਹੈ।

**-ਸੰਜੀਵ ਸਿੰਘ ਸੈਣੀ, ਮੋਹਾਲੀ**

# ਅਬਾਦੀ ਦਾ ਅੱਧ, ਪਰ ਅਧੂਰੇ ਹੱਕ



**ਗੁਰਮੀਤ ਸਿੰਘ ਪਲਾਹੀ**

ਦੇਸ਼ ਭਾਰਤ ਦੀ ਲਗਭਗ ਅੱਧੀ ਅਬਾਦੀ ਦੇਸ਼ ਦੀ ਅਜ਼ਾਦੀ ਦੇ 78 ਵਰ੍ਹਿਆਂ ਬਾਅਦ ਵੀ ਰੂੜ੍ਹੀਵਾਦੀ ਪਰੰਪਰਾਵਾਂ ਤੋਂ ਮੁਕਤੀ ਨਹੀਂ ਪਾ ਸਕੀ। ਅਜ਼ਾਦੀ ਦੀ ਪੌਣੀ ਸਦੀ ਬੀਤ ਜਾਣ ਬਾਅਦ ਵੀ ਭਾਰਤੀ ਸਮਾਜ ਵਿੱਚ ਔਰਤ ਨੂੰ ਬਰਾਬਰੀ, ਸੁਰੱਖਿਆ ਅਤੇ ਮੌਕਿਆਂ ਲਈ ਸੰਘਰਸ਼ ਕਰਨਾ ਪੈ ਰਿਹਾ ਹੈ। ਜਦੋਂ ਸਮਾਜ ਦੀ ਅੱਧੀ ਅਬਾਦੀ ਨੂੰ ਪੂਰੇ ਹੱਕ ਹੀ ਨਾ ਮਿਲ ਰਹੇ ਹੋਣ, ਤਾਂ ਉਹਨਾਂ ਦੇ ਹੱਕ ਹੀ ਨਹੀਂ, ਬਲਕਿ ਅਜ਼ਾਦੀ ਵੀ ਅਧੂਰੀ ਹੀ ਰਹਿੰਦੀ ਹੈ।

ਭਾਰਤੀ ਸਮਾਜ ਵਿੱਚ ਵਿਚਰਨ ਲਈ ਔਰਤ ਅੱਗੇ ਵੱਡੀਆਂ ਚੁਣੌਤੀਆਂ ਹਨ, ਜਿਨ੍ਹਾਂ ਨੂੰ ਸਵੀਕਾਰ ਕਰਨ ਦੇ ਬਾਵਜੂਦ ਉਹ ਮਰਦ ਪ੍ਰਧਾਨ ਸਮਾਜ ਵਿੱਚ ਆਪਣਾ ਬਣਦਾ ਰੁਤਬਾ ਅਤੇ ਸਥਾਨ ਪ੍ਰਾਪਤ ਕਰਨ ਦੇ ਯੋਗ ਨਹੀਂ ਹੋ ਰਹੀ। ਹਾਲਾਂਕਿ ਉਹ ਹਰ ਖੇਤਰ ਵਿੱਚ ਆਤਮ-ਵਿਸ਼ਵਾਸ ਅਤੇ ਹੌਸਲੇ ਨਾਲ ਪੁਲਾਂਘਾਂ ਪੁੱਟ ਰਹੀ ਹੈ ਤੇ ਅੱਗੇ ਵਧਣ ਲਈ ਯਤਨਸ਼ੀਲ ਹੈ।

ਸਿਆਸਤ ਦੇ ਖੇਤਰ ਵਿੱਚ ਉਸ ਦੀ ਭਾਗੀਦਾਰੀ ਮਸਾਂ 14 ਫ਼ੀਸਦੀ ਹੈ। 543 ਲੋਕ ਸਭਾ ਲਈ ਚੁਣੇ ਮੈਂਬਰਾਂ ਵਿੱਚ ਉਹਨਾਂ ਦੀ ਗਿਣਤੀ 78 ਹੈ, (ਸਿਰਫ਼ 13 ਫ਼ੀਸਦੀ), ਜਦਕਿ ਦੇਸ਼ ਦੇ ਸਾਰੇ ਸੂਬਿਆਂ ਦੀਆਂ ਵਿਧਾਨ ਸਭਾਵਾਂ ਦੇ 4600 ਤੋਂ ਵੱਧ ਮੈਂਬਰਾਂ ਵਿੱਚੋਂ ਮਸਾਂ 400 ਤੋਂ ਕੁਝ ਵੱਧ ਮੈਂਬਰ ਇਸਤਰੀਆਂ ਹਨ। ਇਹ ਪ੍ਰਤੀਸ਼ਤ 9 ਫ਼ੀਸਦੀ ਤੋਂ ਵੱਧ ਨਹੀਂ।

ਹਰ ਖੇਤਰ ਵਿੱਚ ਔਰਤਾਂ ਦੀ ਹਿੱਸੇਦਾਰੀ ਅਤੇ ਉਸ ਦਾ ਹੱਕ ਵੱਡਾ ਹੈ, ਪਰ ਹਾਲੇ ਤੱਕ ਉਸ ਦੀ ਪ੍ਰਾਪਤੀ ਸਿਹਤ ਦੇ ਖੇਤਰ ਵਿੱਚ 29 ਫ਼ੀਸਦੀ, ਆਈ ਟੀ ਦੇ ਖੇਤਰ ਵਿੱਚ 23 ਫ਼ੀਸਦੀ, ਬੈਂਕਿੰਗ ਵਿੱਚ 17 ਫ਼ੀਸਦੀ, ਕਾਨੂੰਨ ਦੇ ਖੇਤਰ ਵਿੱਚ 14 ਫ਼ੀਸਦੀ, ਸਿੱਖਿਆ ਦੇ ਖੇਤਰ ਵਿੱਚ 13 ਫ਼ੀਸਦੀ, ਖੇਤੀ ਖੇਤਰ ਵਿੱਚ 13 ਫ਼ੀਸਦੀ ਹੈ; ਜਦਕਿ ਸਟਾਰਟਅਪ ਵਿੱਚ 5 ਫ਼ੀਸਦੀ, ਸੁਰੱਖਿਆ ਵਿੱਚ 4 ਫ਼ੀਸਦੀ ਅਤੇ ਮੈਨੂਫੈਕਚਰਿੰਗ ਵਿੱਚ ਤਿੰਨ ਫ਼ੀਸਦੀ ਤੋਂ ਵੱਧ ਨਹੀਂ ਟੱਪ ਸਕੀ। ਸਮਾਜਿਕ ਤਾਣੇ-ਬਾਣੇ ਅਤੇ ਪੁਰਸ਼ ਪ੍ਰਧਾਨ ਸਮਾਜ ਦੀ ਬਣਤਰ ਦੇ ਚਲਦਿਆਂ ਖੇਤੀ ਖੇਤਰ ਵਿੱਚ ਕਾਮੇ ਵਜੋਂ 64 ਫ਼ੀਸਦੀ ਔਰਤਾਂ ਹਨ।

ਔਰਤਾਂ, ਖ਼ਾਸ ਕਰ ਘਰੇਲੂ ਔਰਤਾਂ ਨੂੰ, ਜਿਹੜਾ ਹੱਕ ਅਤੇ ਆਦਰ-ਸਤਿਕਾਰ ਮਿਲਣਾ ਚਾਹੀਦਾ ਸੀ, ਉਹ ਹਾਲੇ ਤੱਕ ਵੀ ਨਹੀਂ ਮਿਲ ਸਕਿਆ। ਬਿਨਾਂ ਸ਼ੱਕ ਸਿੱਖਿਆ, ਬੈਂਕਿੰਗ, ਨਰਸਿੰਗ ਅਤੇ ਆਈ ਟੀ ਖੇਤਰ ਵਿੱਚ ਉਹਨਾਂ ਦੀ ਹਾਜ਼ਰੀ ਵੇਖਣ ਨੂੰ ਮਿਲਦੀ ਹੈ, ਪਰ ਕੀ ਇਹ ਹੈਰਾਨ ਕਰਨ ਵਾਲੀ ਗੱਲ ਨਹੀਂ ਕਿ ਖੇਤੀ ਖੇਤਰ ਵਿੱਚ ਉਸ ਦੀ ਇਕੱਲੀ ਮਾਲਕੀ 13 ਫ਼ੀਸਦੀ ਤੋਂ ਵੱਧ ਨਹੀਂ? ਭਾਵ ਮਰਦ ਪ੍ਰਧਾਨ ਸਮਾਜ ਦਾ ਪਰਛਾਵਾਂ ਲਗਭਗ ਹਰ ਥਾਂ ਦਿਖਾਈ ਦਿੰਦਾ ਹੈ।

ਅਸਲ ਵਿੱਚ ਸਮਾਜ ਦਾ ਵੱਡਾ ਹਿੱਸਾ ਉਸ ਨੂੰ ਬਰਾਬਰੀ ਦੇ ਹੱਕ ਦੇਣੇ ਪ੍ਰਵਾਨ ਨਹੀਂ ਕਰ ਰਿਹਾ, ਭਾਵੇਂ ਕਿ ਸਰਕਾਰੀ ਤੌਰ 'ਤੇ ਵੱਡੇ ਕਾਨੂੰਨ ਔਰਤ ਦੇ ਹੱਕ ਵਿੱਚ ਬਣਾਏ ਹੋਏ ਹਨ, ਪਰ ਘਰ, ਦਫ਼ਤਰ ਅਤੇ ਪਬਲਿਕ ਥਾਵਾਂ ਉੱਤੇ ਔਰਤ ਲਈ ਬਣੇ ਕਾਨੂੰਨ ਜ਼ਮੀਨੀ ਪੱਧਰ 'ਤੇ ਸੁਖਾਵੇਂ ਨਹੀਂ ਹਨ।

ਅਜੋਕੇ ਸਮਾਜ ਵਿੱਚ ਘਰੇਲੂ ਹਿੰਸਾ ਵਿੱਚ ਲਗਾਤਾਰ ਵਾਧਾ ਹੋਇਆ ਹੈ, ਪਰ ਹੈਰਾਨੀ ਵਾਲੀ ਗੱਲ ਇਹ ਹੈ ਕਿ ਘਰੇਲੂ ਹਿੰਸਾ ਕਾਨੂੰਨ ਆਈ ਪੀ ਸੀ 498 ਅਤੇ ਹੁਣ ਬੀ ਐਨ ਐਸ 85 ਦੇ ਤਹਿਤ 80 ਫ਼ੀਸਦੀ ਮਾਮਲਿਆਂ ਵਿੱਚ ਪੀੜਤ ਔਰਤਾਂ ਨੂੰ ਇਨਸਾਫ਼ ਹੀ ਨਹੀਂ ਮਿਲਦਾ। ਬਿਨਾਂ ਸ਼ੱਕ ਕਾਨੂੰਨ ਮਜ਼ਬੂਤ ਹੈ, ਪਰ ਇਨਸਾਫ਼ ਤੱਕ ਪਹੁੰਚ ਪੈਸੇ ਅਤੇ ਚੰਗੇ ਵਕੀਲ 'ਤੇ ਨਿਰਭਰ ਹੈ। ਪੇਂਡੂ ਔਰਤਾਂ ਲਈ ਇਨਸਾਫ਼ ਤਾਂ ਨਾ-ਬਰਾਬਰ ਹੀ ਹੈ।

ਘਰੇਲੂ ਹਿੰਸਾ ਵਰਤਾਰਾ ਔਰਤਾਂ ਲਈ ਇੱਕ ਹੋਰ ਸੰਕਟ ਹੈ। ਔਰਤਾਂ ਲਈ ਕੰਮ ਦੀ ਥਾਂ 'ਤੇ ਦੁਰਵਿਹਾਰ-ਇਗਨੋਰ ਕਰੋ, ਸਮਝੌਤਾ ਕਰੋ, ਆਵਾਜ਼ ਨਾ ਚੁੱਕੋ, ਜਿਹੀ ਪ੍ਰਵਿਰਤੀ ਵੀ ਵੱਡੀ ਸਮੱਸਿਆ ਹੈ। ਕੰਮ ਵਾਲੀਆਂ ਥਾਵਾਂ 'ਤੇ ਬਣੇ ਕਾਨੂੰਨ ਪੋਸ਼ ਐਕਟ 2013, ਅਰਥਾਤ ਸੈਕਸੁਅਲ ਹਰਾਸਮੈਂਟ ਆਫ਼ ਵੋਮੈਨ ਐਟ ਵਰਕਪਲੇਸ ਐਕਟ ਨੂੰ ਵੀ ਕਦੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਨਹੀਂ ਹੋਣ ਦਿੱਤਾ ਗਿਆ।

ਦੇਸ਼ ਵਿੱਚ 16.9 ਲੱਖ ਕੰਪਨੀਆਂ, 2.5 ਲੱਖ ਫੈਕਟਰੀਆਂ ਅਤੇ 6 ਲੱਖ ਮਾਲ-ਸ਼ੋਅ ਰੂਮ ਹਨ, ਪਰ ਇਹਨਾਂ ਥਾਵਾਂ ਉੱਤੇ ਔਰਤਾਂ ਅਤੇ ਲੜਕੀਆਂ ਨਾਲ ਹੋ ਰਹੇ ਮਾਨਸਿਕ ਅਤੇ ਸਰੀਰਕ ਦੁਰਵਿਹਾਰ, ਜਿਨਸੀ ਸ਼ੋਸ਼ਣ ਦੀ ਬਹੁਤਾਤ ਔਰਤਾਂ ਲਈ ਵੱਡੀ ਚੁਣੌਤੀ ਹੈ, ਜੋ ਸਮਾਜ ਨੂੰ ਕਲੰਕਿਤ ਕਰ ਰਹੀ ਹੈ।

ਰਾਸ਼ਟਰੀ ਮਹਿਲਾ ਕਮਿਸ਼ਨ ਨੂੰ 2018 ਤੋਂ 2023 ਦੇ ਵਿਚਕਾਰ ਸੈਂਕੜੇ ਸ਼ਿਕਾਇਤਾਂ ਕੰਮਕਾਜੀ ਥਾਵਾਂ ਉੱਤੇ ਦੁਰਵਿਹਾਰ ਦੀਆਂ ਮਿਲੀਆਂ, ਪਰ ਦੋਸ਼ੀਆਂ ਨੂੰ ਸਜ਼ਾਵਾਂ ਨਾ ਮਿਲ ਸਕੀਆਂ। ਇਸ ਦੇ ਨਾਲ ਹੀ ਸਰਵਜਨਕ ਥਾਵਾਂ ਉੱਤੇ ਲੜਕੀਆਂ ਲਈ ਗੁੰਡਾ ਅਨਸਰਾਂ ਵੱਲੋਂ ਕੀਤੀ ਛੇੜਛਾੜ ਲਈ ਮਹਿਲਾ ਸੁਰੱਖਿਆ ਦੇ ਕਾਨੂੰਨ ਵੀ ਮੌਜੂਦ ਹਨ। ਬੀ ਐੱਨ ਐੱਸ 74 ਅਤੇ 79 ਵਰਗੇ ਕਾਨੂੰਨ ਛੇੜਛਾੜ ਅਤੇ ਲੜਕੀਆਂ ਦਾ ਪਿੱਛਾ ਕਰਨ ਦੇ ਮਾਮਲਿਆਂ ਲਈ ਬਣੇ ਹਨ।

ਫਰਵਰੀ 2025 ਵਿੱਚ ਭਾਰਤ ਸਰਕਾਰ ਦੇ ਗ੍ਰਹਿ ਮੰਤਰਾਲੇ ਦੀ ਇੱਕ ਰਿਪੋਰਟ ਅਨੁਸਾਰ ਪਿਛਲੇ ਕੁਝ ਸਾਲਾਂ ਵਿੱਚ ਇਹ ਮਾਮਲੇ ਪਹਿਲਾਂ ਨਾਲੋਂ 33 ਫ਼ੀਸਦੀ ਵਧੇ ਹਨ। ਮਾਮਲੇ ਦਰਜ ਵੀ ਹੋਏ ਹਨ, ਪਰ ਕੇਸ ਲੰਮੇ ਚੱਲਦੇ ਹਨ। ਦੇਰੀ ਅਤੇ ਦਬਾਅ ਪੀੜਤਾਂ ਲਈ ਇਨਸਾਫ਼ ਵਿੱਚ ਵੱਡਾ ਰੋੜਾ ਹੈ। ਔਰਤ ਨਾਲ ਕਰੂਰਤਾ ਹੁੰਦੀ ਹੈ, ਦਬਾਅ ਬਣਦਾ ਹੈ, ਨਵੇਂ ਕਾਨੂੰਨ ਬਣਦੇ ਹਨ, ਪਰ ਇਹ ਸਭ ਕੁਝ ਲੋਕਾਂ ਨੂੰ ਸ਼ਾਂਤ ਕਰਨ ਲਈ ਹੈ, ਔਰਤਾਂ ਦੀਆਂ ਸਮੱਸਿਆਵਾਂ ਦਾ ਹੱਲ ਨਹੀਂ।

ਇਨ੍ਹੀਂ ਦਿਨੀਂ ਪਿੰਡ ਪੰਚਾਇਤਾਂ ਅਤੇ ਖਾਪਾਂ ਵਿੱਚ ਇਨਸਾਫ਼ ਦੇ ਮਾਮਲਿਆਂ ਵਿੱਚ ਔਰਤ ਨਾਲ ਬੇਇਨਸਾਫ਼ੀ ਵੇਖਣ ਨੂੰ ਮਿਲਦੀ ਹੈ। ਭਾਵੇਂ ਕਿ ਪਿੰਡਾਂ ਵਿੱਚ ਪੰਚਾਇਤਾਂ ਬਣੀਆਂ ਹਨ ਅਤੇ ਨਵੇਂ ਐਕਟ ਅਨੁਸਾਰ 50 ਫ਼ੀਸਦੀ ਔਰਤਾਂ ਨੂੰ ਸਰਪੰਚ ਤੇ ਪੰਚ ਬਣਾਇਆ ਜਾ ਰਿਹਾ ਹੈ, ਪਰ ਜ਼ਮੀਨੀ ਪੱਧਰ 'ਤੇ ਉਹਨਾਂ ਦੇ ਅਧਿਕਾਰ ਮਰਦਾਂ ਦੇ ਹੱਥ ਵਿੱਚ ਹਨ।

ਫ਼ੈਸਲਿਆਂ ਅਤੇ ਕਾਰਜਾਂ ਵਿੱਚ ਉਹਨਾਂ ਦੀ ਸ਼ਮੂਲੀਅਤ ਨਾ ਹੋਇਆਂ ਵੇਖਣ ਨੂੰ ਮਿਲਦੀ ਹੈ। ਸਥਾਨਕ ਸਰਕਾਰਾਂ ਵਿੱਚ ਹਾਲਾਂਕਿ ਉਹਨਾਂ ਨੂੰ ਚੁਣ ਕੇ ਅੱਗੇ ਲਿਆਂਦਾ ਜਾਂਦਾ ਹੈ, ਪਰ ਉਹਨਾਂ ਦੀ ਥਾਂ ਦਫ਼ਤਰਾਂ ਵਿੱਚ ਕੰਮ ਕਰਾਉਣ ਲਈ ਉਹਨਾਂ ਦੇ ਪਰਿਵਾਰਕ ਮਰਦ ਮੈਂਬਰ ਜਾਂਦੇ ਵੇਖੇ ਗਏ ਹਨ-ਭਾਵ ਪ੍ਰੌਕਸੀ ਦੇ ਤੌਰ 'ਤੇ ਉਹਨਾਂ ਦੇ ਹੱਕ ਦੀ ਵਰਤੋਂ ਕਰਦੇ ਹਨ।

ਸਮਾਜ ਦੇ ਬਣੇ ਭੈੜੇ ਰਸਮੋ-ਰਿਵਾਜ ਕਿ ਬੇਟੀ ਆਪਣੇ ਪਿਤਾ ਦੀ ਅਰਥੀ ਨੂੰ ਮੋਢਾ ਨਹੀਂ ਦੇ ਸਕਦੀ, ਘਰ ਦੇ ਬਾਹਰ ਉਸ ਦੀ ਨੇਮ-ਪਲੇਟ ਨਹੀਂ ਲੱਗ ਸਕਦੀ, ਵਿਧਵਾ ਔਰਤਾਂ ਸਿਰਫ਼ ਸਫ਼ੈਦ ਸਾੜ੍ਹੀ ਪਹਿਨਣਗੀਆਂ-ਦਾਜ-ਦਹੇਜ ਦੀ ਵਧ ਰਹੀ ਪ੍ਰਥਾ, ਕੁੱਖ ਵਿੱਚ ਬੱਚੀਆਂ ਨੂੰ ਮਾਰਨਾ, ਲੜਕੀਆਂ ਨੂੰ ਬਚਪਨ ਵਿੱਚ ਕੁਪੋਸ਼ਣ ਦਾ ਸ਼ਿਕਾਰ ਬਣਾਈ ਰੱਖਣਾ, ਇਹ ਕੁਝ ਐਸੇ ਕਲੰਕ ਹਨ, ਜਿਨ੍ਹਾਂ ਨੇ ਭਾਰਤੀ ਸਮਾਜ ਦੇ ਰੂੜ੍ਹੀਵਾਦੀ ਢਾਂਚੇ ਨੂੰ ਮਜ਼ਬੂਤ ਕੀਤਾ ਹੋਇਆ ਹੈ।

ਸਭ ਤੋਂ ਵੱਡੀ ਗੱਲ ਔਰਤ ਦੀ ਆਰਥਿਕ ਪੱਖੋਂ ਕਮਜ਼ੋਰੀ ਹੈ। ਜੇਕਰ ਉਹ ਮਰਦ ਦੇ ਬਰਾਬਰ ਕਮਾਈ ਕਰਦੀ ਹੈ ਅਤੇ ਰੁਜ਼ਗਾਰ ਜਾਂ ਸਵੈ-ਰੁਜ਼ਗਾਰ ਵਿੱਚ ਆਤਮ ਨਿਰਭਰ ਹੈ ਤਾਂ ਉਸ ਦਾ ਸਮਾਜਿਕ ਕੱਦ-ਕਾਠ ਵਧਦਾ ਹੈ, ਪਰ ਦੂਜੇ ਪਾਸੇ ਗ੍ਰਹਿਸਥ ਜੀਵਨ ਵਿੱਚ ਮਰਦ ਉੱਤੇ ਨਿਰਭਰਤਾ ਉਸ ਨੂੰ ਬੱਚੇ ਪਾਲਣ ਅਤੇ ਘਰੇਲੂ ਕੰਮਕਾਰ ਤੱਕ ਸੀਮਤ ਕਰ ਦਿੰਦੀ ਹੈ।

ਮਰਦ ਦੀ ਬਿਮਾਰ ਮਾਨਸਿਕਤਾ ਕਈ ਵਾਰ ਉਸ ਨੂੰ ਉਹਨਾਂ ਰਾਹਾਂ ਉੱਤੇ ਤੋਰ ਦਿੰਦੀ ਹੈ, ਜਿੱਥੇ ਉਸ ਦਾ ਜੀਵਨ ਨਰਕ ਬਣ ਜਾਂਦਾ ਹੈ। ਹੈਵਾਨੀਅਤ ਦੀਆਂ ਹੱਦਾਂ-ਬੰਨੇ ਤੋੜ ਕੇ ਮਰਦ ਪ੍ਰਧਾਨ ਸਮਾਜ ਵਿੱਚ ਉਸ ਦਾ ਜੀਵਨ ਦਲਦਲ ਵਿੱਚ ਫਸਾ ਦਿੱਤਾ ਜਾਂਦਾ ਹੈ। ਅਸਲ ਵਿੱਚ ਇਹ ਸਾਮਰਾਜੀ ਪ੍ਰਬੰਧ ਦੀ ਇੱਕ ਚਾਲ ਹੈ, ਜੋ ਫੈਸ਼ਨ ਦੇ 'ਤੇ ਔਰਤਾਂ ਦੇ ਜਿਸਮ ਦਾ ਦਿਖਾਵਾ ਕਰਵਾਉਂਦੀ ਹੈ, ਨੰਗੇਜ਼ਵਾਦ ਨੂੰ ਉਤਸ਼ਾਹਤ ਕਰਦੀ ਹੈ। ਇਸ਼ਤਿਹਾਰਾਂ ਅਤੇ ਮਨੋਰੰਜਨ ਵਿੱਚ ਉਸ ਦੇ ਜਿਸਮ ਨੂੰ ਸੌਦੇਬਾਜ਼ੀ ਲਈ ਵਰਤਿਆ ਜਾਂਦਾ ਹੈ।

ਇੱਕ ਤਾਕਤਵਰ ਵਰਗ, ਜਿਸ ਦੀ ਗਿਣਤੀ ਭਾਰਤ ਵਿੱਚ ਲਗਾਤਾਰ ਵਧ ਰਹੀ ਹੈ ਅਤੇ ਜਿਹੜਾ ਗ਼ਰੀਬ ਲੋੜਵੰਦਾਂ ਦੇ ਆਰਥਿਕ ਅਤੇ ਸਮਾਜਿਕ ਸ਼ੋਸ਼ਣ ਲਈ ਆਪਣਾ ਹਰ ਹਰਬਾ ਵਰਤਦਾ ਹੈ, ਉਸ ਦਾ ਸ਼ਿਕਾਰ ਵੀ ਸਮਾਜ ਦੀ ਇਹ ਅੱਧੀ ਅਬਾਦੀ ਵੱਧ ਹੁੰਦੀ ਹੈ। ਮਹਿੰਗਾਈ ਦੀ ਮਾਰ ਵੀ ਵੱਧ ਔਰਤ 'ਤੇ ਪੈਂਦੀ ਹੈ। ਸਮਾਜਿਕ ਤਾਣੇ-ਬਾਣੇ ਅਤੇ ਬੇਇਨਸਾਫ਼ੀ ਦੀ ਸ਼ਿਕਾਰ ਸਭ ਤੋਂ ਵੱਧ ਔਰਤ ਹੀ ਹੁੰਦੀ ਹੈ।

ਘਰੇਲੂ ਹਿੰਸਾ ਤੋਂ ਲੈ ਕੇ ਸਮਾਜਿਕ ਹਿੰਸਾ, ਜੰਗ ਅਤੇ ਹੋਰ ਆਫ਼ਤਾਂ ਵਿੱਚ ਸਭ ਤੋਂ ਵੱਧ ਪ੍ਰਭਾਵ ਔਰਤ 'ਤੇ ਪੈਂਦਾ ਹੈ। ਉਹ ਸਰੀਰਕ ਅਤੇ ਮਾਨਸਿਕ ਤੌਰ 'ਤੇ ਵਲੂੰਧਰੀ ਜਾਂਦੀ ਹੈ। ਦੇਵਦਾਸੀ ਪ੍ਰਥਾ, ਗ਼ਰੀਬ ਦਲਿਤ ਔਰਤਾਂ ਨੂੰ ਮੰਦਰਾਂ ਵਿੱਚ ਦੇਵੀ-ਦੇਵਤਿਆਂ ਦੇ ਚਰਨਾਂ ਵਿੱਚ ਅਰਪਿਤ ਕਰਨਾ, ਘਰੇਲੂ ਹਿੰਸਾ, ਬਲਾਤਕਾਰ, ਤੇਜ਼ਾਬੀ ਹਮਲੇ ਵਰਗੀਆਂ ਸਮੱਸਿਆਵਾਂ ਅੱਜ ਵੀ ਦੇਸ਼ ਵਿੱਚ ਪੂਰੇ ਜ਼ੋਰ 'ਤੇ ਹਨ ਅਤੇ ਕਈ ਹਾਲਤਾਂ ਵਿੱਚ ਇਹਨਾਂ ਮਾਮਲਿਆਂ ਵਿੱਚ ਕਾਨੂੰਨ ਅਤੇ ਸਮਾਜ ਬੇਬਸ ਦਿਖਾਈ ਦਿੰਦੇ ਹਨ।

ਭਾਰਤ ਵਿੱਚ ਗ਼ਰੀਬ ਅਤੇ ਅਮੀਰ ਦਾ ਆਰਥਿਕ ਪਾੜਾ ਲਗਾਤਾਰ ਵਧ ਰਿਹਾ ਹੈ। ਮੁੱਠੀਭਰ ਲੋਕ ਭਾਰਤ ਦੇ ਕੁਦਰਤੀ ਸਾਧਨਾਂ ਅਤੇ ਜ਼ਮੀਨ-ਜਾਇਦਾਦ ਦੇ ਮਾਲਕ ਬਣ ਰਹੇ ਹਨ। ਅਰਬਪਤੀਆਂ ਦੀ ਗਿਣਤੀ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਕਈ ਵੱਡੇ ਘਰਾਣੇ ਦੇਸ਼ ਦੀ ਆਰਥਿਕਤਾ ਤੇ ਹਾਵੀ ਹੋ ਰਹੇ ਹਨ। ਹੈਰਾਨੀ ਵਾਲੀ ਗੱਲ ਨਹੀਂ ਮੰਨੀ ਜਾਣੀ ਚਾਹੀਦੀ ਕਿ ਪਿਛਲੇ 10 ਵਰ੍ਹਿਆਂ ਵਿੱਚ ਹੀ ਭਾਰਤ ਵਿੱਚ ਹੋਣ ਵਾਲੇ 308 ਅਰਬਪਤੀਆਂ ਵਿੱਚੋਂ 80 ਫ਼ੀਸਦੀ ਪਹਿਲਾਂ ਇਸ ਲਿਸਟ ਵਿੱਚ ਹੀ ਨਹੀਂ ਸਨ। ਇਹਨਾਂ ਦੀ ਸੰਪਤੀ ਲਗਾਤਾਰ ਵਧ ਰਹੀ ਹੈ ਅਤੇ ਆਮ ਜਨਤਾ ਦੋ ਡੰਗ ਦੀ ਰੋਟੀ ਤੋਂ ਵੀ ਆਤੁਰ ਹੋ ਰਹੀ ਹੈ, ਜਿਸ ਦਾ ਸਿੱਟਾ ਅਕਸਰ ਔਰਤ ਦੇ ਚੁੱਲ੍ਹੇ 'ਤੇ ਪੈਂਦਾ ਹੈ। ਪਹਿਲਾਂ ਅਤੇ ਆਖ਼ਰੀ ਅਸਰ ਘਰ ਦੀ ਗ੍ਰਹਿਣੀ 'ਤੇ ਹੀ ਪੈਂਦਾ ਹੈ, ਜਿਸ ਉੱਤੇ ਪੂਰੇ ਪਰਵਾਰ ਦੇ ਪਾਲਣ-ਪੋਸ਼ਣ ਦੀ ਜ਼ਿੰਮੇਵਾਰੀ ਹੁੰਦੀ ਹੈ।

ਦੇਸ਼ ਦੀ ਔਰਤ ਸਮਾਜ ਵਿੱਚ ਦੋਹਰੀ ਮਾਰ ਝੱਲ ਰਹੀ ਹੈ। ਮੁੱਢਲੇ ਹੱਕ ਤਾਂ ਉਸ ਦੇ ਜਨਮ ਲੈਣ ਵੇਲੇ ਤੋਂ ਹੀ ਖੋਹੇ ਜਾਂਦੇ ਹਨ, ਪਰ ਉਸ ਦੇ ਪਾਲਣ-ਪੋਸ਼ਣ, ਪੜ੍ਹਾਈ ਅਤੇ ਕੰਮ ਦੇ ਸਥਾਨ 'ਤੇ ਮਜ਼ਦੂਰੀ ਤੱਕ ਵੀ ਵਿਤਕਰਾ ਕੀਤਾ ਜਾਂਦਾ ਹੈ। ਇਹ ਸਿਰਫ਼ ਸਮਾਜਕ ਸੋਚ ਦਾ ਨਤੀਜਾ ਨਹੀਂ, ਸਗੋਂ ਸਾਮਰਾਜੀ ਪੂੰਜੀਵਾਦ ਦੇ ਕਰੜੇ ਪੰਜਿਆਂ ਦੀ ਜਕੜ ਦਾ ਵੀ ਸਿੱਟਾ ਹੈ।

ਇਹ ਗੱਲ ਸਮਝਣ ਵਾਲੀ ਹੈ ਕਿ ਇਹ ਸਿਰਫ਼ ਔਰਤ ਦੇ ਹੱਕਾਂ ਦੀ ਗੱਲ ਨਹੀਂ, ਸਗੋਂ ਇਹ ਹੱਕ ਸਮਾਜ ਵਿੱਚ ਮਨੁੱਖ ਦੀ ਅਜ਼ਾਦੀ ਅਤੇ ਸਮਾਜਿਕ ਬਰਾਬਰਤਾ ਨਾਲ ਵੀ ਜੁੜੇ ਹੋਏ ਹਨ। ਇਹ ਵੀ ਸਮਝਣ ਵਾਲੀ ਗੱਲ ਹੈ ਕਿ ਸ਼ੋਸ਼ਣ ਉੱਤੇ ਅਧਾਰਿਤ ਸਮਾਜ ਵਿੱਚ ਔਰਤਾਂ ਦੀ ਬਰਾਬਰੀ ਦੀ ਕਲਪਨਾ ਨਿਰਾਰਥਕ ਹੈ।

ਔਰਤ ਵੱਲੋਂ ਆਰੰਭਿਆ ਹੱਕਾਂ ਲਈ ਸੰਘਰਸ਼ ਹੀ ਉਸ ਨੂੰ ਸਮਾਜਿਕ ਅਤੇ ਆਰਥਿਕ ਗੁਲਾਮੀ ਤੋਂ ਨਿਜਾਤ ਦਿਵਾ ਸਕਦਾ ਹੈ। ਇਤਿਹਾਸ ਗਵਾਹ ਹੈ ਕਿ ਔਰਤਾਂ ਨੇ ਇਕੱਠੇ ਹੋ ਕੇ ਪਹਿਲਾਂ ਬਰਾਬਰ ਦੀ ਤਨਖਾਹ ਅਤੇ ਵੋਟ ਪਾਉਣ ਦਾ ਅਧਿਕਾਰ ਪ੍ਰਾਪਤ ਕੀਤਾ। ਉਸ ਤੋਂ ਬਾਅਦ ਪੂੰਜੀਵਾਦੀ ਗੁਲਾਮੀ ਦੇ ਜੂਲੇ ਨੂੰ ਗਲੋਂ ਲਾਹੁਣ ਲਈ ਮਰਦਾਂ ਦੇ ਨਾਲ ਹਿੱਕ ਡਾਹ ਕੇ ਹਰ ਕਾਰਜ ਵਿੱਚ ਅਜ਼ਾਦੀ ਅਤੇ ਹੱਕਾਂ ਦੀ ਪ੍ਰਾਪਤੀ ਲਈ ਲੜਾਈ ਲੜੀ।

ਅਸਲ ਗੱਲ ਇਹ ਹੈ ਕਿ ਔਰਤਾਂ ਦੇ ਹੱਕਾਂ ਦਾ ਮਸਲਾ ਸਿਰਫ਼ ਔਰਤਾਂ ਦਾ ਮਸਲਾ ਨਹੀਂ, ਸਗੋਂ ਪੂਰੇ ਸਮਾਜ ਦੀ ਤਰੱਕੀ ਨਾਲ ਜੁੜਿਆ ਹੋਇਆ ਮਸਲਾ ਹੈ। ਜਿਸ ਸਮਾਜ ਵਿੱਚ ਅੱਧੀ ਅਬਾਦੀ ਨੂੰ ਬਰਾਬਰ ਦੇ ਹੱਕ, ਸੁਰੱਖਿਆ ਅਤੇ ਮੌਕੇ ਨਾ ਮਿਲਣ, ਉਹ ਸਮਾਜ ਕਦੇ ਵੀ ਅਸਲ ਤਰੱਕੀ ਨਹੀਂ ਕਰ ਸਕਦਾ। ਲੋੜ ਇਸ ਗੱਲ ਦੀ ਹੈ ਕਿ ਕਾਨੂੰਨਾਂ ਨੂੰ ਸਿਰਫ਼ ਕਾਗਜ਼ਾਂ ਤੱਕ ਸੀਮਿਤ ਨਾ ਰੱਖਿਆ ਜਾਵੇ, ਸਗੋਂ ਜ਼ਮੀਨੀ ਪੱਧਰ 'ਤੇ ਲਾਗੂ ਕੀਤਾ ਜਾਵੇ ਅਤੇ ਸਮਾਜਕ ਸੋਚ ਵਿੱਚ ਬਦਲਾਅ ਲਿਆਂਦਾ ਜਾਵੇ। ਜਦੋਂ ਔਰਤ ਆਰਥਿਕ, ਸਮਾਜਿਕ ਅਤੇ ਰਾਜਨੀਤਿਕ ਤੌਰ 'ਤੇ ਮਜ਼ਬੂਤ ਹੋਵੇਗੀ, ਤਦੋਂ ਹੀ ਭਾਰਤ ਅਸਲ ਅਰਥਾਂ ਵਿੱਚ ਪ੍ਰਗਤੀਸ਼ੀਲ, ਅਗਾਂਹਵਧੂ ਅਤੇ ਸਮਾਨਤਾ ਵਾਲਾ ਸਮਾਜ ਬਣ ਸਕੇਗਾ। ਅੱਧੀ ਅਬਾਦੀ ਨੂੰ ਪੂਰੇ ਹੱਕ ਮਿਲਣਗੇ,ਤਾਂ ਹੀ ਦੇਸ਼ ਦੀ ਤਰੱਕੀ ਪੂਰੀ ਹੋਵੇਗੀ।

**# ਸੰਪਰਕ : 98158-02070**

# ਮੇਰੇ ਸ਼ਹਿਰ 'ਚ ਹੋਰ ਸੁਧਾਰਾਂ ਦੀ ਲੋੜ

**ਪ੍ਰਿੰਸੀਪਲ ਜਸਪਾਲ ਸਿੰਘ ਲੋਹਾਮ**

ਮੇਰਾ ਬਚਪਨ ਮੋਗਾ ਸ਼ਹਿਰ ਵਿਚ ਬਤੀਤ ਹੋਇਆ ਅਤੇ ਨਿੱਕੇ ਹੁੰਦੇ ਤੋਂ ਹੀ ਮੈਂ ਦੇਖਿਆ ਕਿ ਇਸ ਸ਼ਹਿਰ ਦੀ ਆਬਾਦੀ ਘੱਟ ਸੀ। ਸੜਕਾਂ ਛੋਟੀਆਂ ਸਨ। ਸ਼ਹਿਰ ਦਾ ਘੇਰਾ ਘੱਟ ਸੀ, ਚਹਿਲ-ਪਹਿਲ ਘੱਟ ਸੀ। ਪੁਰਾਤਨ ਕਾਰਜ-ਪ੍ਰਣਾਲੀ ਸੀ, ਪਰ ਕੁਝ ਦਹਾਕਿਆਂ ਬਾਅਦ ਸਮੇਂ ਦੀ ਰਫਤਾਰ ਨੇ ਸਭ ਕੁਝ ਬਦਲ ਦਿੱਤਾ। ਅਜੋਕੇ ਸਮੇਂ ਦੇ ਵਿਚ ਸਰਕਾਰੀ, ਪ੍ਰਾਈਵੇਟ ਅਤੇ ਘਰੇਲੂ ਇਮਾਰਤਾਂ ਉੱਸਰ ਗਈਆਂ। ਸ਼ਹਿਰੀ ਆਬਾਦੀ ਕਾਫੀ ਵਧ ਗਈ। ਹੁਣ ਤਾਂ ਦੁਪਹਿਰ, ਸ਼ਾਮ ਨੂੰ ਹਰ ਪਾਸੇ ਟਰੈਫਿਕ ਹੁੰਦਾ ਹੈ। ਕਈ ਵਾਰ ਗੱਡੀਆਂ ਦੀ ਤੇਜ਼ੀ ਦਾ ਮੰਜ਼ਰ ਝਲਕਦਾ ਹੈ ਅਤੇ ਆਪ-ਹੁਦਰੇ ਢੰਗ ਨਾਲ ਸੜਕਾਂ 'ਤੇ ਜਾਮ ਲੱਗਦਾ ਰਹਿੰਦਾ ਹੈ। ਆਮ ਲੋਕਾਂ ਨੂੰ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਹੈ। ਸੜਕਾਂ ਦੇ ਆਸੇ-ਪਾਸੇ ਦੁਕਾਨਦਾਰਾਂ ਨੇ ਆਪਣੇ ਸਮਾਨ ਤੇ ਵਹੀਕਲ ਅੱਗੇ ਖੜ੍ਹਾ ਕੇ ਟਰੈਫਿਕ ਸਮੱਸਿਆ ਨੂੰ ਜਨਮ ਦਿੱਤਾ ਹੈ। ਲੋਕਾਂ ਦੇ ਵਹੀਕਲ ਸੜਕ 'ਤੇ ਪਾਸੇ ਲੱਗੀਆਂ ਚਿੱਟੀਆਂ ਲਾਈਨਾਂ 'ਤੇ ਖੜ੍ਹੇ ਹੁੰਦੇ ਹਨ। ਕਈ ਲੋਕ ਸੜਕ ਦੇ ਦੋਵੇਂ ਪਾਸੇ ਸਮਾਨਅੰਤਰ ਵਹੀਕਲ ਖੜ੍ਹਾ ਕੇ ਆਪ ਆਪਣੇ ਕੰਮ ਕਰਨ ਚਲੇ ਜਾਂਦੇ ਹਨ। ਇਸ ਤਰਾਂ ਆਮ ਜਨਤਾ ਪਰੇਸ਼ਾਨ ਹੋ ਜਾਂਦੀ ਹੈ। ਜੇ ਕੋਈ ਉਹਨਾਂ ਨੂੰ ਮੱਤ ਦਿੰਦਾ ਹੈ ਤਾਂ ਉਹ ਲੜਨ ਨੂੰ ਆਉਂਦੇ ਹਨ। ਅੱਜ ਦੇ ਸਮੇਂ ਵਿਚ ਕਿਸੇ ਨੂੰ ਸਮਝਾਉਣਾ ਬੜਾ ਔਖਾ ਕੰਮ ਹੈ। ਕਈ ਮਨਚਲੇ ਆਪਣੇ ਸਕੂਟਰ, ਮੋਟਰਸਾਈਕਲ ਸੜਕ ਦੇ ਵਿਚਕਾਰ ਚਲਾਉਂਦੇ ਹਨ ਤੇ ਕਿਸੇ ਨੂੰ ਵੀ ਰਾਹ ਵੀ ਨਹੀਂ ਦਿੰਦੇ ਅਤੇ ਦੱਬ ਕੇ ਚਲਾਉਂਦੇ ਹਨ। ਉਹ ਅੜਿੱਕਾ ਹੀ ਪਾਉਂਦੇ ਹਨ। ਸ਼ਹਿਰ ਵਿਚ ਵੱਖ-ਵੱਖ ਥਾਵਾਂ 'ਤੇ ਪਾਰਕਿੰਗ ਹੈ, ਜਿੱਥੇ ਕੋਈ ਵੀ ਆਸਾਨੀ ਨਾਲ ਪਾਰਕ ਕਰ ਸਕਦਾ ਹੈ। ਪੁਰਾਣੀ ਸਬਜੀ ਮੰਡੀ, ਅਕਾਲਸਰ ਰੋਡ, ਜੀ ਟੀ ਰੋਡ ਸਾਹਮਣੇ ਗਾਂਧੀ ਰੋਡ ਆਦਿ ਵਿਖੇ ਪਾਰਕਿੰਗ ਹੈ। ਕਈ ਸਿਆਣੇ ਵਿਅਕਤੀ ਆਪਣੇ ਵਹੀਕਲ ਪਾਰਕਿੰਗ ਵਿਚ ਲਾ ਕੇ ਅੱਗੇ ਕੰਮਾਂ ਨੂੰ ਚਲੇ ਜਾਂਦੇ ਹਨ। ਕਈ ਨਿਊ-ਟਾਊਨ ਇਲਾਕੇ ਦੀਆਂ ਗਲੀਆਂ ਵਿਚ ਆਪਣੀਆਂ ਗੱਡੀਆਂ ਪਾਰਕ ਕਰਕੇ ਚਲੇ ਜਾਂਦੇ ਹਨ।ਅਸਲ ਵਿਚ ਪਾਰਕਿੰਗ ਵਿਚ ਵਹੀਕਲ ਵੀ ਸੁਰੱਖਿਅਤ ਰਹਿੰਦੇ ਹਨ ਨਹੀਂ ਤਾਂ ਗਲਤ ਥਾਵਾਂ 'ਤੇ ਵਹੀਕਲ ਪਾਰਕ ਕਰਨ ਤੇ ਗੱਡੀ ਦਾ ਸੁਰੱਖਿਅਤ ਨਹੀਂ ਰਹਿੰਦੀ। ਰੇਲਵੇ ਲਾਈਨ ਸ਼ਹਿਰ ਨੂੰ ਦੋ ਹਿੱਸਿਆਂ ਵਿਚ ਵੰਡਦੀ ਹੈ। ਜਦੋਂ ਰੇਲ ਦੇ ਲੰਘਣ ਦਾ ਸਮਾਂ ਹੁੰਦਾ ਹੈ ਤਾਂ ਸਾਰੇ ਫਾਟਕ ਬੰਦ ਹੋ ਜਾਂਦੇ ਹਨ ਤੇ ਟਰੈਫਿਕ ਜਾਮ ਹੋ ਜਾਂਦਾ ਹੈ, ਜਿਸ ਕਰਕੇ ਬੰਦ ਫਾਟਕ ਕੈਂਪ, ਅਕਾਲ ਸਰ, ਮੇਨ ਬਾਜ਼ਾਰ, ਗਾਂਧੀ ਰੋਡ ਅਤੇ ਨੈਸਲੇ ਫਾਟਕ ਸਾਰੇ ਸ਼ਹਿਰ ਦੇ ਅੰਦਰ ਹਨ ਤੇ ਇੱਥੇ ਆਵਾਜਾਈ ਰੁਕ ਜਾਂਦੀ ਹੈ ਤੇ ਜਾਮ ਲੱਗ ਜਾਂਦਾ ਹੈ। ਇਸੇ ਤਰ੍ਹਾਂ ਗਾਂਧੀ ਰੋਡ ਫਾਟਕ ਤੇ ਰੇਲ ਲਾਈਨਾਂ ਦੇ ਨੇੜੇ ਜਿੱਥੇ ਅਕਸਰ ਹੀ ਟਰੱਕ ਟਰਾਲੀਆਂ ਦਾ ਆਉਣ-ਜਾਣ ਵੱਡੀ ਪੱਧਰ 'ਤੇ ਹੈ ਇਥੇ ਸੜਕ ਤੇ ਖੱਡੇ ਬਣ ਜਾਂਦੇ ਹਨ। ਇਸ ਥਾਂ 'ਤੇ ਕਈ ਹਾਦਸੇ ਹੋ ਚੁੱਕੇ ਹਨ।

ਜਦੋਂ ਇੱਥੇ ਸਪੈਸ਼ਲ ਗੱਡੀਆਂ ਲੱਗਦੀਆਂ ਹਨ ਤਾਂ ਇਥੇ ਵੀ ਕਈ ਵਾਰ ਭਾਰੀ ਟਰੈਫਿਕ ਹੋ ਜਾਂਦਾ ਹੈ, ਜਿਹੜਾ ਆਰ-ਪਾਰ ਦੇ ਟਰੈਫਿਕ ਨੂੰ ਵੀ ਪ੍ਰਭਾਵਤ ਕਰਦਾ ਹੈ। ਕਈ ਵਾਰ ਇਥੇ ਇਕ ਪ੍ਰਾਈਵੇਟ ਬੰਦਾ ਟਰੈਫਿਕ ਕੰਟਰੋਲ ਕਰਦਾ ਦਿਖਾਈ ਦਿੰਦਾ ਹੈ। ਸ਼ਹਿਰ ਦੇ ਟਰੈਫਿਕ ਨੂੰ ਕੋਟਕਪੂਰਾ ਬਾਈਪਾਸ ਤੇ ਬਣਿਆ ਉੱਚਾ ਪੁਲ ਅਤੇ ਦੂਸਰਾ ਨੀਵਾ ਪੁਲ ਨੇੜੇ ਨੇਚਰ ਪਾਰਕ ਲਗਾਤਾਰ ਟਰੈਫਿਕ ਨੂੰ ਕੰਟਰੋਲ ਕਰਦੇ ਹਨ। ਬਾਕੀ ਦੇ ਫਾਟਕ ਕੈਂਪਾਂ ਵਾਲੇ ਬੰਦ ਫਾਟਕ, ਅਕਾਲਸਰ, ਮੇਨ ਬਾਜ਼ਾਰ, ਗਾਂਧੀ ਰੋਡ, ਨੈਸਲੇ ਫਾਟਕ ਰੇਲ ਗੱਡੀ ਦੇ ਆਉਣ ਸਮੇਂ ਬੰਦ ਹੋ ਜਾਂਦੇ ਹਨ। ਇਥੇ ਟਰੈਫਿਕ ਵਧ ਜਾਂਦਾ ਹੈ ਤੇ ਕਈ ਵਾਰ ਜਾਮ ਵੀ ਲੱਗ ਜਾਂਦਾ ਹੈ। ਚੌਂਕਾਂ ਵਿਚ ਡਿਊਟੀ ਕਰ ਰਹੇ ਟਰੈਫਿਕ ਅਧਿਕਾਰੀ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਂਦੇ ਹਨ ਅਤੇ ਟਰੈਫਿਕ ਨੂੰ ਕੰਟਰੋਲ ਕਰਦੇ ਹਨ। ਫਿਰ ਵੀ ਪ੍ਰਸ਼ਾਸਨ ਇੱਕ ਵਾਰ ਸ਼ਹਿਰ ਦੇ ਟਰੈਫਿਕ ਨੂੰ ਇੱਕਤਰਫਾ ਕਰਕੇ ਦੇਖੇ। ਇਸ ਤਰ੍ਹਾਂ ਜ਼ਰੂਰ ਸਾਰਥਕ ਨਤੀਜੇ ਨਿਕਲਣਗੇ। ਸ਼ਹਿਰ ਵਿਚ ਇੱਕਤਰਫਾ ਟਰੈਫਿਕ ਚੱਲੇ ਤਾਂ ਕੋਈ ਰੁਕਾਵਟ ਨਹੀਂ ਆਵੇਗੀ। ਇਹ ਤਾਂ ਸੋਨੇ 'ਤੇ ਸੁਹਾਗੇ ਵਾਲੀ ਗੱਲ ਬਣ ਜਾਵੇਗੀ। ਵਹੀਕਲ ਮਾਲਕਾਂ ਨੂੰ ਆਪਣੇ ਵਹੀਕਲ ਚਲਾਉਂਦੇ ਸਮੇਂ ਟਰੈਫਿਕ ਨਿਯਮਾਂ ਦੀ ਪਾਲਣਾ ਕਰਨੀ ਚਾਹੀਦੀ ਹੈ। ਜਿਹੜੇ ਲੋਕ ਨਿਯਮਾਂ ਦੀ ਪਾਲਣਾ ਨਹੀਂ ਕਰਦੇ, ਉਹ ਖੁਦ ਕਾਨੂੰਨੀ ਕਾਰਵਾਈ ਦਾ ਸ਼ਿਕਾਰ ਹੋ ਜਾਂਦੇ ਹਨ। ਸਥਾਨਕ ਸ਼ਹਿਰ ਵਿਚ ਨੈਸਲੇ ਫਾਟਕ, ਗਾਂਧੀ ਰੋਡ ਫਾਟਕ, ਅਕਾਲਸਰ ਫਾਟਕ ਅਤੇ ਕੈਂਪਾਂ ਵਾਲੇ ਫਾਟਕ ਤੇ ਉੱਚੇ ਜਾਂ ਨੀਵੇਂ ਪੁਲਾਂ ਦੀ ਉਸਾਰੀ ਕਰਨ ਦੀ ਲੋੜ ਹੈ, ਤਾਂ ਜੋ ਟਰੈਫਿਕ ਦੀ ਸਮੱਸਿਆ ਚੰਗੀ ਤਰਾਂ ਹੱਲ ਹੋ ਸਕੇ। ਇਹ ਸਾਰੀਆਂ ਸਮੱਸਿਆ ਦਾ ਨਿਪਟਾਰਾ ਪੁਲਾਂ ਦੀ ਉਸਾਰੀ ਨਾਲ ਜ਼ਿਆਦਾ ਬਿਹਤਰ ਹੋਵੇਗਾ, ਤਾਂ ਹੀ ਲਗਾਤਾਰ ਟਰੈਫਿਕ ਚਲਦਾ ਰਹੇਗਾ, ਨਹੀਂ ਤਾਂ ਸਮੱਸਿਆ ਬਣੀ ਰਹੇਗੀ। ਰਾਜ ਤੇ ਕੇਂਦਰ ਸਰਕਾਰ ਦੋਹਾਂ ਨੂੰ ਇਸ ਪਾਸੇ ਵੱਲ ਧਿਆਨ ਦੇਣਾ ਚਾਹੀਦਾ ਹੈ। ਇਲਾਕੇ ਦੀਆਂ ਸਿਰਕੱਢ ਸ਼ਖਸੀਅਤਾਂ ਦਾ ਫਰਜ਼ ਬਣਦਾ ਹੈ ਕਿ ਇਹ ਮੰਗ ਸਰਕਾਰ ਦੇ ਦਰ 'ਤੇ ਪਹੁੰਚਾਈ ਜਾਵੇ ਤੇ ਇਸ ਨੂੰ ਲਾਗੂ ਕਰਵਾਇਆ ਜਾਵੇ। ਇਸ ਕਾਰਜ ਨਾਲ ਜਿੱਥੇ ਸ਼ਹਿਰੀਆਂ ਦਾ ਭਲਾ ਹੋਵੇਗਾ, ਉੱਥੇ ਪਿੰਡਾਂ ਵਾਲਿਆਂ ਅਤੇ ਰਾਹਗੀਰਾਂ ਸਭ ਨੂੰ ਵੀ ਫਾਇਦਾ ਹੋਏਗਾ।

**ਵਟਸਐਪ:** +91-97-810-40140

# ਹੱਕ-ਸੱਚ ਲਈ ਲੜਨ ਵਾਲੀਆਂ ਭਾਰਤੀ ਔਰਤਾਂ

**ਰਜਿੰਦਰਪਾਲ ਕੌਰ**

ਹਰ ਸਾਲ ਸਾਰੀ ਦੁਨੀਆ ਵਿੱਚ ਔਰਤਾਂ ਦਾ ਅੰਤਰਰਾਸ਼ਟਰੀ ਦਿਹਾੜਾ ਅੱਠ ਮਾਰਚ ਬੜੀ ਸ਼ਾਨੋ-ਸ਼ੌਕਤ ਨਾਲ ਮਨਾਇਆ ਜਾਂਦਾ ਹੈ।ਵਿਕਸਤ ਦੇਸ਼ਾ ਵਿੱਚ ਜਿੱਥੇ ਔਰਤਾਂ ਕੁਝ ਹੱਕ ਪ੍ਰਾਪਤ ਕਰ ਚੁੱਕੀਆਂ ਹਨ ,ਉਹ ਇਸ ਨੂੰ ਤਿਉਹਾਰ ਵਾਂਗ ਮਨਾਉਂਦੀਆਂ ਹਨ, ।ਜਦਕਿ ਵਿਕਾਸਸ਼ੀਲ ਅਤੇ ਪਛੜੇ ਦੇਸ਼ਾਂ ਦੀਆਂ ਔਰਤਾਂ ਆਉਣ ਵਾਲੀ ਲੜਾਈ ਵਾਸਤੇ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕਰਕੇ ਇਹ ਦਿਨ ਮਨਾਉਂਦੀਆਂ ਹਨ ।ਪੰਜਾਬ ਇਸਤਰੀ ਸਭਾ ਹਰ ਸਾਲ 8 ਮਾਰਚ ਤੋਂ 23 ਮਾਰਚ ਤੱਕ ਪੰਦਰਵਾੜਾ ਮਨਾ ਕੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਪ੍ਰੋਗਰਾਮ ਕਰਦੀ ਹੈ।

8 ਮਾਰਚ ਦੇ ਇਤਿਹਾਸ ਬਾਰੇ ਪਹਿਲਾਂ ਗੱਲ ਹੋ ਚੁੱਕੀ ਹੈ ।ਅੱਜ ਮੈਂ ਗੱਲ ਕਰਨਾ ਚਾਹਾਂਗੀ ਕੁਝ ਕੁ ਉਹਨਾਂ ਔਰਤਾਂ ਦੀ, ਜਿਨ੍ਹਾਂ ਨੇ ਇਸ ਸਮਾਜ ਨੂੰ ਸੋਹਣਾ ਬਣਾਉਣ ਲਈ ਅਤੇ ਆਪਣੇ ਹੱਕਾਂ ਦੀ ਰਾਖੀ ਲਈ ਬਹੁਤ ਜਦੋਂ-ਜਹਿਦ ਕੀਤੀ ।ਇਹਨਾਂ ਵਿੱਚ ਧਾਰਮਿਕ ਔਰਤਾਂ ਵੀ ਸਨ ਅਤੇ ਸਿਆਸੀ ਔਰਤਾਂ ਵੀ।

ਸਭ ਤੋਂ ਪਹਿਲਾਂ ਮੈਂ ਗੱਲ ਕਰਨਾ ਚਾਹਾਂਗੀ ਬੀਬੀ ਨਾਨਕੀ ਜੀ ਦੀ, ਜੋ ਕਿ ਗੁਰੂ ਨਾਨਕ ਦੇਵ ਜੀ ਦੀ ਵੱਡੀ ਭੈਣ ਸੀ ਅਤੇ ਆਪਣੇ ਭਰਾ ਨੂੰ ਬਹੁਤ ਪਿਆਰ ਕਰਦੀ ਸੀ। ਜਦੋਂ ਗੁਰੂ ਨਾਨਕ ਦੇਵ ਜੀ ਕੰਡਿਆਲੇ ਰਾਹਾਂ 'ਤੇ ਤੁਰੇ ਤਾਂ ਵੱਡੀ ਭੈਣ ਦਾ ਪਿਆਰ ਅਤੇ ਅਸ਼ੀਰਵਾਦ ਉਹਨਾ ਨੂੰ ਹਮੇਸ਼ਾ ਤਾਕਤ ਬਖਸ਼ਦਾ ਰਿਹਾ ਹੋਵੇਗਾ, ਕਿਉਂਕਿ ਉਹ ਜ਼ਰੂਰ ਮਹਿਸੂਸ ਕਰਦੇ ਹੋਣਗੇ ਕਿ ਸਥਾਪਤ ਕਦਰਾਂ-ਕੀਮਤਾਂ ਨੂੰ ਤੋੜਨ 'ਤੇ ਜਿੱਥੇ ਜਿਆਦਾ ਲੋਕ ਉਹਨਾਂ ਦਾ ਵਿਰੋਧ ਕਰ ਰਹੇ ਹਨ, ਉਥੇ ਉਹਨਾਂ ਦੀ ਭੈਣ ਹਮੇਸ਼ਾ ਉਹਨਾ ਦਾ ਸਾਥ ਦਿੰਦੀ ਹੈ ਉਹਨਾ ਦੇ ਕਾਰਜ ਨੂੰ ਸਮਝਦੀ ਹੈ।

ਇਸ ਤੋਂ ਬਾਅਦ ਬੀਬੀ ਖੀਵੀ ਜੀ ਦਾ ਵੀ ਸਮਾਜ ਨੂੰ ਸੋਹਣਾ ਬਣਾਉਣ ਲਈ ਯੋਗਦਾਨ ਰਿਹਾ ਹੈ। ਬੀਬੀ ਖੀਵੀ ਜੀ, ਜੋ ਕਿ ਗੁਰੂ ਅੰਗਦ ਦੇਵ ਜੀ ਦੀ ਜੀਵਨ ਸਾਥਣ ਸਨ, ਗੁਰੂ ਨਾਨਕ ਦੇਵ ਜੀ ਦੀ ਸਿੱਖਿਆ 'ਏਕ ਪਿਤਾ ਏਕਸ ਕੇ ਹਮ ਬਾਰਕ' 'ਤੇ ਚਲਦੇ ਹੋਏ ਲੰਗਰ ਦੀ ਸੇਵਾ ਕਰਦੇ ਸਨ, ਤਾਂ ਕਿ ਲੋਕਾਂ ਨੂੰ ਲੰਗਰ ਬਿਨਾਂ ਭੇਦ ਭਾਵ ਦੇ ਵਰਤਾਇਆ ਜਾਵੇ, ਕਿਸੇ ਨਾਲ ਕੋਈ ਵਿਤਕਰਾ ਨਾ ਕੀਤਾ ਜਾਵੇ ।ਇਹ ਲੰਗਰ ਦੇ ਜ਼ਰੀਏ ਹੀ ਬਰਾਬਰੀ ਦੀ ਲੜਾਈ ਸੀ ,ਜਿਸ ਵਿੱਚ ਬੀਬੀ ਖੀਵੀ ਜੀ ਨੇ ਭਰਪੂਰ ਹਿੱਸਾ ਪਾਇਆ।

ਮਾਤਾ ਗੁਜਰੀ ਜੀ ਨੇ ਵੀ ਧੱਕੇਸ਼ਾਹੀ ਅਤੇ ਜ਼ੁਲਮ ਨੂੰ ਰੋਕਣ ਵਾਸਤੇ ਅਤਿਅੰਤ ਕੁਰਬਾਨੀਆਂ ਦਿੱਤੀਆਂ ।ਸਭ ਤੋਂ ਪਹਿਲਾਂ ਉਹਨਾਂ ਆਪਣਾ ਪਤੀ ਵਾਰਿਆ ਅਤੇ ਆਪਣੇ ਪੁੱਤ ਗੋਬਿੰਦ ਸਿੰਘ ਜੀ ਨੂੰ ਆਪਣੇ ਦਾਦੇ-ਪੜਦਾਦੇ ਅਤੇ ਗੁਰੂ ਘਰ ਦੀਆਂ ਕਹਾਣੀਆਂ ਸੁਣਾ ਕੇ ਇਸ ਔਖੇ ਰਾਹ ਦੇ ਤੋਰਿਆ, ਤਾਂ ਕਿ ਉਹ ਆਪਣੇ ਵਿਰਸੇ ਨੂੰ ਯਾਦ ਰੱਖੇ ਅਤੇ ਕਦੇ ਥਿੜਕੇ ਨਾ ।ਵਰਨਣਯੋਗ ਹੈ ਕਿ ਇਸ ਕੰਮ ਵਿੱਚ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਪਤਨੀ ਅਤੇ ਗੁਰੂ ਤੇਗ ਬਹਾਦਰ ਜੀ ਦੀ ਮਾਂ ਨਾਨਕੀ ਜੀ ਦਾ ਵੀ ਪੂਰਾ ਯੋਗਦਾਨ ਸੀ ।ਉਹਨਾਂ ਵੀ ਆਪਣੇ ਪੋਤਰੇ ਨੂੰ ਬਹਾਦਰ ਬਣਾ ਕੇ ਵੇਲੇ ਦੇ ਜ਼ੁਲਮ ਨਾਲ ਟੱਕਰ ਲੈਣ ਦੇ ਕਾਬਲ ਬਣਾਇਆ ।ਮਾਤਾ ਗੁਜਰੀ ਜੀ ਨੇ ਆਪਣੇ ਚਾਰ ਪੋਤਰੇ ਇਸ ਧਰਮ ਦੀ ਲੜਾਈ ਵਿੱਚ ਵਾਰ ਦਿੱਤੇ ਅਤੇ ਆਪਣੇ ਪੋਤਰਿਆਂ ਦੀ ਸ਼ਹਾਦਤ ਤੋਂ ਬਾਅਦ ਉਹਨਾਂ ਖੁਦ ਵੀ ਪਰਾਣ ਤਿਆਗ ਦਿੱਤੇ।

ਆਪਣੇ ਸਿਆਸੀ ਹੱਕਾਂ ਲਈ ਲੜਨ ਵਾਲੀਆਂ ਵੀ ਅਨੇਕਾਂ ਔਰਤਾਂ ਹੋਈਆਂ ਹਨ, ਜਿਨ੍ਹਾਂ ਵਿੱਚੋਂ 1550 ਤੋਂ 1564 ਤੱਕ ਗੋਂਡਵਾਨਾ 'ਤੇ ਰਾਜ ਕਰਨ ਵਾਲੀ ਰਾਣੀ ਦੁਰਗਾਵਤੀ ਸੀ ,ਜਿਸ ਦਾ ਪੁੱਤਰ ਛੋਟਾ ਸੀ ਅਤੇ ਉਹ ਉਸ ਦੀ ਕਾਰਜਕਾਰੀ ਸ਼ਾਸਕ ਸੀ।ਉਸ ਨੇ ਗੋਂਡਵਾਨਾਂ ਵਿੱਚ ਅੰਗਰੇਜ਼ਾਂ ਨਾਲ ਲੜਾਈ ਲੜੀ, ਪਰੰਤੂ ਦੁਸ਼ਮਣ ਦੀਆਂ ਗੋਲੀਆਂ ਨੇ ਉਸ ਦੇ ਨੱਕ, ਕੰਨ ਅਤੇ ਹੋਰ ਕਈ ਅੰਗਾਂ ਨੂੰ ਜ਼ਖਮੀ ਕਰ ਦਿੱਤਾ ।ਜਦੋਂ ਉਸ ਦੀ ਫੌਜ ਦੇ ਜਰਨੈਲ ਨੇ ਰਾਣੀ ਨੂੰ ਜੰਗ ਦੇ ਮੈਦਾਨ 'ਚੋਂ ਬਾਹਰ ਜਾਣ ਲਈ ਕਿਹਾ ਤਾਂ ਰਾਣੀ ਨੇ ਜੰਗ ਦਾ ਮੈਦਾਨ ਛੱਡ ਕੇ ਜਾਣ ਦੀ ਬਜਾਏ ਮੌਤ ਨੂੰ ਚੁਣਿਆ। ਉਸ ਨੇ ਆਪਣੇ ਹੀ ਖੰਜਰ ਨਾਲ ਆਤਮ ਹੱਤਿਆ ਕਰ ਲਈ।

ਆਪਣੇ ਹੱਕ ਲਈ ਅੰਗਰੇਜ਼ਾਂ ਵਿਰੁੱਧ ਸੰਘਰਸ਼ ਕਰਨ ਵਾਲੀ ਰਾਣੀ ਲਕਸ਼ਮੀ ਬਾਈ ਕਿਸੇ ਜਾਣ-ਪਛਾਣ ਦੀ ਮੁਹਤਾਜ ਨਹੀਂ ਹੈ, ਜਿਸ ਦੀ ਬਹਾਦਰੀ ਦੀ ਸਿਫਤ ਦੁਸ਼ਮਣ ਦੇ ਅਫਸਰਾਂ ਨੂੰ ਵੀ ਕਰਨੀ ਪਈ, ਪ੍ਰੰਤੂ ਲੜਾਈ ਵਿੱਚ ਉਸ ਦਾ ਪੂਰਾ ਸਾਥ ਦੇਣ ਵਾਲੀ ਉਸ ਦੀ ਸਹਾਇਕ ਝਲਕਾਰੀ ਬਾਈ ਦਾ ਨਾਂਅ ਇਤਿਹਾਸ ਵਿੱਚੋਂ ਗਾਇਬ ਹੀ ਰਿਹਾ।

ਕਿਤੂਰ ਚਨਮਈਆ ਜੋ ਕਿ ਕਿਤੂਰ (ਕਰਨਾਟਕ) ਦੀ ਰਾਣੀ ਸੀ, ਉਸ ਨੇ ਅੰਗਰੇਜ਼ਾਂ ਨਾਲ 1778 ਵਿੱਚ ਜ਼ਬਰਦਸਤ ਟੱਕਰ ਲਈ ਅਤੇ ਇੱਕ ਲੜਾਈ ਵਿੱਚ ਅੰਗਰੇਜ਼ਾਂ ਨੂੰ ਮਾਤ ਦਿੱਤੀ, ਪਰੰਤੂ ਦੂਸਰੀ ਲੜਾਈ ਵਿੱਚ ਉਹ ਹਾਰ ਗਈ।

ਬੇਗਮ ਹਜ਼ਰਤ ਮਹੱਲ, ਜੋ ਕਿ ਅਵਧ ਦੇ ਨਵਾਬ ਦੀ ਬੇਗਮ ਸੀ, ਉਸ ਨੇ ਵੀ ਬ੍ਰਿਟਿਸ਼ ਈਸਟ ਇੰਡੀਆ ਕੰਪਨੀ ਦੇ ਖਿਲਾਫ ਆਗੂ ਭੂਮਿਕਾ ਨਿਭਾਈ।

ਕਮਲਾ ਦੇਵੀ ਚਟੋਪਾਧਿਆਏ ਇੱਕ ਸੁਤੰਤਰਤਾ ਸੈਨਾਨੀ ਸੀ, ਜਿਸ ਨੇ ਕਿ ਗਾਂਧੀ ਜੀ ਨੂੰ ਮਨਾਇਆ ਕਿ ਔਰਤਾਂ ਨੂੰ ਨਮਕ ਸਤਿਆਗ੍ਰਹਿ ਵਿੱਚ ਸ਼ਾਮਿਲ ਕੀਤਾ ਜਾਵੇ। ਕਮਲਾ ਦੇਵੀ ਲਗਾਤਾਰ ਆਜ਼ਾਦੀ ਦੀ ਲੜਾਈ ਦਾ ਹਿੱਸਾ ਰਹੀ ਅਤੇ ਮੰਗਲੂਰ ਤੋਂ ਵਿਧਾਨ ਸਭਾ ਸੀਟ ਲੜਨ ਵਾਲੀ ਉਹ ਪਹਿਲੀ ਔਰਤ ਸੀ।

ਤਾਰਾ ਰਾਣੀ ਸ੍ਰੀਵਾਸਤਵ, ਜੋ ਕਿ ਬਿਹਾਰ ਤੋਂ ਸੀ ਅਤੇ ਉਸ ਨੇ 1942 ਦੀ ਅੰਗਰੇਜ਼ੋ ਭਾਰਤ ਛੋੜੋ ਮੁਹਿੰਮ ਵਿੱਚ ਹਿੱਸਾ ਲਿਆ। ਉਹ ਅਤੇ ਉਸ ਦਾ ਪਤੀ ਇੱਕ ਜਲੂਸ ਦੀ ਅਗਵਾਈ ਕਰ ਰਹੇ ਸਨ, ਜਦੋਂ ਉਸ ਦਾ ਪਤੀ ਪੁਲਸ ਦੀ ਗੋਲੀ ਦਾ ਸ਼ਿਕਾਰ ਹੋ ਕੇ ਡਿੱਗ ਪਿਆ। ਤਾਰਾ ਰਾਣੀ ਨੇ ਆਪਣਾ ਮਾਰਚ ਜਾਰੀ ਰੱਖਿਆ ਅਤੇ ਮਾਰਚ ਖਤਮ ਹੋਣ ਤੋਂ ਬਾਅਦ ਉਸ ਨੇ ਆ ਕੇ ਆਪਣੇ ਪਤੀ ਦੀ ਲਾਸ਼ ਵੇਖੀ। ਸਲਾਮ ਹੈ ਇਹੋ ਜਿਹੀਆਂ ਵੀਰਾਂਗਣਾਂ ਨੂੰ, ਜਿਨ੍ਹਾਂ ਨੂੰ ਕਿ ਇਤਿਹਾਸ ਭੁਲਾਈ ਬੈਠਾ ਹੈ।

ਇਸ ਤੋਂ ਇਲਾਵਾ ਅਰੁਨਾ ਆਸਿਫ ਅਲੀ, ਜਿਹਦਾ ਨਾਂਅ ਕਿਸੇ ਜਾਣ-ਪਛਾਣ ਦਾ ਮੁਹਤਾਜ ਨਹੀਂ, ਜੋ ਕਿ ਇੱਕ ਮਹਾਨ ਸਵਤੰਤਰਤਾ ਸੈਨਾਨੀ ਸੀ ।ਉਸ ਨੇ ਖੁੱਲ੍ਹ ਕੇ ਆਜ਼ਾਦੀ ਦੀ ਲੜਾਈ ਵਿੱਚ ਹਿੱਸਾ ਲਿਆ ਅਤੇ ਗੋਵਾਲੀਆ ਟੈਂਕ ਮੈਦਾਨ ਬੰਬਈ ਕਿਲ੍ਹੇ ਵਿੱਚ ਅੰਗਰੇਜ਼ਾਂ ਵਿਰੁੱਧ ਲੜਾਈ ਤਹਿਤ ਅਜ਼ਾਦੀ ਦਾ ਝੰਡਾ ਲਹਿਰਾਇਆ ,ਜੋ ਕਿ ਸੀਸ ਤਲੀ 'ਤੇ ਧਰਨ ਵਾਲੀ ਗੱਲ ਸੀ, ਪਰ ਇਹ ਸ਼ੇਰਨੀ ਝੰਡਾ ਲਹਿਰਾ ਕੇ ਪੁਲਸ ਦੀਆਂ ਅੱਖਾਂ ਵਿੱਚ ਘੱਟਾ ਪਾ ਕੇ ਨਿਕਲ ਗਈ।

ਸਰੋਜਨੀ ਨਾਇਡੂ, ਜਿਸ ਨੂੰ ਕਿ ਭਾਰਤ ਕੋ ਕਿਲਾ ਵੀ ਕਿਹਾ ਜਾਂਦਾ ਹੈ, ਉਸ ਨੇ ਆਜ਼ਾਦੀ ਦੀ ਲੜਾਈ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ ਅਤੇ ਉਸ ਦੀ ਭੈਣ ਸੁਹਾਸਨੀ ਜੰਭੇਕਰ ਪਿੱਛੇ ਨਹੀਂ ਰਹੀ। ਲਕਸ਼ਮੀ ਸਹਿਗਲ ਨੇ ਆਜ਼ਾਦ ਹਿੰਦ ਫੌਜ ਵਿੱਚ ਭਰਤੀ ਹੋ ਕੇ ਆਜ਼ਾਦੀ ਦੀ ਲੜਾਈ ਵਿੱਚ ਹਿੱਸਾ ਪਾਇਆ।

ਬੀਬੀ ਗੁਲਾਬ ਕੌਰ, ਜਿਹੜੀ ਕਿ ਆਪਣੇ ਪਤੀ ਸਮੇਤ ਵਿਦੇਸ਼ਾਂ ਵਿੱਚ ਕਮਾਈ ਕਰਨ ਵਾਸਤੇ ਗਈ ਸੀ ,ਉਹ ਵੀ ਗਦਰੀਆਂ ਨਾਲ ਰਲ ਗਈ ਅਤੇ ਵਾਪਸ ਭਾਰਤ ਆਉਣ ਲਈ ਤਿਆਰ ਹੋ ਗਈ ।ਉਸ ਦਾ ਪਤੀ ਇਸ ਗੱਲ ਵਾਸਤੇ ਤਿਆਰ ਨਹੀਂ ਸੀ ।ਬੀਬੀ ਗੁਲਾਬ ਕੌਰ ਨੇ ਆਪਣੇ ਪਤੀ ਨੂੰ ਆਪਣੇ ਘਰ-ਪਰਵਾਰ ਨੂੰ ਛੱਡ ਦਿੱਤਾ ਅਤੇ ਗਦਰੀਆਂ ਨਾਲ ਰਲ ਕੇ ਆਜ਼ਾਦੀ ਦੀ ਲੜਾਈ ਲੜੀ ।ਉਹ ਇਕ ਮਹਾਨ ਸਿਪਾਹੀ ਸੀ, ਜੋ ਕਿ ਗਦਰੀਆਂ ਦੇ ਸੁਨੇਹੇ ਇਧਰ-ਉਧਰ ਪਹੁੰਚਾਉਂਦੀ ਸੀ, ਉਹਨਾਂ ਦੀ ਹੋਰ ਕਈ ਢੰਗਾਂ ਨਾਲ ਮਦਦ ਕਰਦੀ ਸੀ।

ਮੈਡਮ ਭੀਖਾ ਜੀ ਕਾਮਾ ਨੇ ਵੀ ਆਪਣਾ ਸਾਰਾ ਪਰਵਾਰ, ਜੋ ਕਿ ਉਸ ਦੇ ਆਜ਼ਾਦੀ ਦੇ ਸੰਘਰਸ਼ ਵਿੱਚ ਰੋੜਾ ਬਣਦਾ ਸੀ, ਛੱਡ ਦਿੱਤਾ ਅਤੇ ਆਪ ਆਜ਼ਾਦੀ ਦੇ ਲੜਾਈ ਵਿੱਚ ਕੁੱਦ ਪਈ। ਉਹ ਲੰਮਾ ਸਮਾਂ ਵਿਦੇਸ਼ਾਂ ਵਿੱਚ ਹੀ ਰਹੀ, ਆਪਣੇ ਦੇਸ਼ ਤੋਂ ਦੂਰ, ਤਾਂ ਕਿ ਉਹ ਆਪਣੇ ਦੇਸ਼ ਦੀ ਸੇਵਾ ਕਰ ਸਕੇ।

ਸਿੱਖਿਆ ਦੀ ਪ੍ਰਾਪਤੀ ਅਤੇ ਪ੍ਰਸਾਰ ਲਈ ਸਵਿੱਤਰੀ ਬਾਈ ਫੂਲੇ ਨੇ ਬਹੁਤ ਕਸ਼ਟ ਝੱਲੇ ਅਤੇ ਪਹਿਲੀ ਔਰਤ ਅਧਿਆਪਕਾ ਬਣ ਕੇ ਲੜਕੀਆਂ ਵਾਸਤੇ ਸਿੱਖਿਆ ਦਾ ਰਸਤਾ ਖੋਲ੍ਹ ਦਿੱਤਾ। ਉਸ ਦਾ ਨਾਂਅ ਲਗਭਗ ਇਕ ਸਦੀ ਲੁਕਿਆ ਰਿਹਾ ।ਹੁਣ ਸੋਸ਼ਲ ਮੀਡੀਆ ਨੇ ਉਸਨੂੰ ਸਾਹਮਣੇ ਲਿਆਂਦਾ ਹੈ ਪਰ ਉਸਦੀ ਸਹਿਯੋਗੀ ਪਹਿਲੀ ਮੁਸਲਿਮ ਅਧਿਆਪਕਾ ਫਾਤਮਾ ਸ਼ੇਖ ਨੂੰ ਬਹੁਤ ਘੱਟ ਲੋਕ ਜਾਣਦੇ ਹਨ।

ਇਸ ਮਾਰਗ 'ਤੇ ਚਲਦਿਆਂ 12 ਸਾਲ ਦੀ ਉਮਰ ਵਿੱਚ ਕਾਲੀ ਬਾਈ ਭੀਲ ਵੀਰਗਤੀ ਨੂੰ ਪ੍ਰਾਪਤ ਹੋਈ।ਕਾਲੀ ਬਾਈ ਭੀਲ ਕਬੀਲੇ ਨਾਲ ਸੰਬੰਧਤ ਸੀ ਅਤੇ ਰਾਜਸਥਾਨ ਦੇ ਭੀਲਵਾੜਾ ਦੀ ਵਸਨੀਕ ਸੀ। 20 ਸਤੰਬਰ 1947 ਨੂੰ ਉਸ ਦੀ ਅਧਿਆਪਕਾ, ਜੋ ਕਿ ਸਮਾਜਿਕ ਕਾਰਕੁਨ ਵੀ ਸੀ ਅਤੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰ ਰਹੀ ਸੀ, ਨੂੰ ਰਾਜੇ ਦੇ ਹੁਕਮ ਅਨੁਸਾਰ ਜੀਪ ਨਾਲ ਬੰਨ੍ਹ ਕੇ ਘਸੀਟਿਆ ਜਾ ਰਿਹਾ ਸੀ। ਲੋਕ ਖੜੇ ਵੇਖ ਰਹੇ ਸਨ।ਆਪਣੀ ਅਧਿਆਪਕਾ ਦੀ ਇਹ ਹਾਲਤ ਵੇਖ ਕੇ ਕਾਲੀ ਬਾਈ ਦਾ ਖ਼ੂਨ ਖੌਲ ਉਠਿਆ, ਉਸ ਨੇ ਆਪਣੀ ਦਵਤਰੀ ਨਾਲ ਰੱਸਾ ਵੱਢ ਦਿੱਤਾ। ਇਸ ਤੋਂ ਬਾਅਦ ਕਾਲੀ ਬਾਈ ਨੂੰ ਤਸੀਹੇ ਦੇ ਕੇ ਮੌਤ ਦੇ ਘਾਟ ਉਤਾਰ ਦਿੱਤਾ ਗਿਆ।

ਜੁਝਾਰੂ ਔਰਤਾਂ, ਜੋ ਕਿ ਜ਼ੁਲਮ ਵਿਰੁੱਧ ਲੜੀਆਂ, ਦੀ ਲਾਈਨ ਬੜੀ ਲੰਮੀ ਹੈ, ਜਿਹਨਾਂ ਵਿੱਚੋਂ ਕੁਝ ਕੁ ਦਾ ਜ਼ਿਕਰ ਕੀਤਾ ਗਿਆ, ਕਿਉਂਕਿ ਸਮੇਂ-ਸਮੇਂ 'ਤੇ ਖੋਜਾਂ ਹੋਣ ਨਾਲ ਉਹਨਾਂ ਦੇ ਨਾਂਅ ਸਾਹਮਣੇ ਆਉਣਗੇ ਅਤੇ ਔਰਤ ਜਾਤੀ ਵਾਸਤੇ ਪ੍ਰੇਰਨਾਸਰੋਤ ਬਣਨਗੇ।

**# ਸੰਪਰਕ : 99881-76811**

# ਅਧਿਆਪਕਾਂ ਵੱਲੋਂ ਡੀ ਈ ਓ ਦਫਤਰ ਅੱਗੇ ਨਾਅਰੇਬਾਜ਼ੀ

## ਅਫਸਰਾਂ ਦੀ ਨਾਲਾਇਕੀ ਕਾਰਨ ਅਧਿਆਪਕ ਫਾਕੇ ਕੱਟਣ ਲਈ ਮਜਬੂਰ : ਆਗੂ



**ਮਾਨਸਾ (ਆਤਮਾ ਸਿੰਘ ਪਮਾਰ)**-ਤਨਖਾਹਾਂ ਲਈ ਲੋੜੀਂਦਾ ਬਜਟ ਨਾ ਹੋਣ ਕਾਰਨ ਜ਼ਿਲ੍ਹੇ ਭਰ 'ਚ ਅਧਿਆਪਕ ਫਾਕੇ ਕੱਟਣ ਲਈ ਮਜਬੂਰ ਹਨ। ਅੱਜ ਅੱਕ ਕੇ ਜ਼ਿਲ੍ਹਾ ਸਿੱਖਿਆ ਦਫਤਰ ਪਹੁੰਚੇ ਅਧਿਆਪਕ ਜਥੇਬੰਦੀਆਂ ਦੇ ਆਗੂਆਂ ਕਰਮਜੀਤ ਤਾਮਕੋਟ, ਲਖਵਿੰਦਰ ਮਾਨ ਤੇ ਰਾਜਵਿੰਦਰ ਸਿੰਘ ਬੈਹਣੀਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਸਾਲ ਮਾਰਚ ਮਹੀਨੇ ਬਜਟ ਘਟਣ ਦੀ ਸਮੱਸਿਆ ਕਾਰਨ ਅਧਿਆਪਕਾਂ ਨੂੰ ਤਨਖਾਹ ਲੈਣ ਲਈ ਪ੍ਰੇਸ਼ਾਨ ਹੋਣਾ ਪੈਂਦਾ ਹੈ, ਪਰ ਪਿਛਲੇ ਸਾਲਾਂ ਤੋਂ ਅਫ਼ਸਰ ਕੋਈ ਸਬਕ ਨਹੀਂ ਲੈ ਰਹੇ। ਅੱਕੇ ਹੋਏ ਅਧਿਆਪਕ ਆਗੂਆਂ ਨੇ ਜ਼ਿਲ੍ਹਾ ਸਿੱਖਿਆ ਦਫਤਰ ਦੇ ਬਾਹਰ ਬੈਠ ਕੇ ਨਾਅਰੇਬਾਜ਼ੀ ਕੀਤੀ।ਕੁੱਝ ਅਧਿਆਪਕ ਆਗੂਆਂ ਨੂੰ ਪ੍ਰਬੰਧਕੀ ਕੰਪਲੈਕਸ ਦੇ ਬਾਹਰ ਰੋਕਣ ਕਰਕੇ ਉਨ੍ਹਾਂ ਨੇ ਕੰਪਲੈਕਸ ਦੇ ਮੁੱਖ ਗੇਟ 'ਤੇ ਹੀ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ।

ਅਧਿਆਪਕ ਆਗੂਆਂ ਹੰਸਾ ਸਿੰਘ ਡੇਲੂਆਣਾ, ਸੁਖਵੀਰ ਸਿੰਘ, ਨਵੀਨ ਬੋਹਾ ਨੇ ਦੱਸਿਆ ਕਿ ਕਰਜ਼ਿਆਂ ਦੀਆਂ ਕਿਸ਼ਤਾਂ ਟੁੱਟ ਰਹੀਆਂ ਤੇ ਬੱਚਿਆਂ ਦੀਆਂ ਫੀਸਾਂ ਅਤੇ ਹੋਰ ਖਰਚੇ ਰੁਕੇ ਪਏ ਹਨ, ਪਰ ਅਫਸਰਾਂ ਦੇ ਕੰਨਾਂ 'ਤੇ ਜੂੰ ਤੱਕ ਨਹੀਂ ਸਰਕ ਰਹੀ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਨੇ ਬੱਜਟ ਲਈ ਡੀ ਐੱਸ ਈ ਦਫਤਰ ਨੂੰ ਯਾਦ ਪੱਤਰ ਭੇਜਣ ਦਾ ਵਿਸ਼ਵਾਸ ਦਿਵਾਇਆ।

ਆਗੂਆਂ ਨੇ ਚਿਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਜੇਕਰ 12 ਮਾਰਚ ਤੱਕ ਤਨਖਾਹ ਨਾ ਮਿਲੀ ਤਾਂ 13 ਮਾਰਚ ਨੂੰ ਦੁਬਾਰਾ ਜ਼ਿਲ੍ਹਾ ਸਿੱਖਿਆ ਦਫਤਰ ਦਾ ਘਿਰਾਓ ਕੀਤਾ ਜਾਵੇਗਾ।

ਇਸ ਮੌਕੇ ਰਣਜੀਤ ਸਿੰਘ, ਮਨਜੀਤ ਅਕਲੀਆ, ਕੁਲਦੀਪ ਅੱਕਾਵਾਲੀ, ਸੁਖਚੈਨ ਸੇਖੋਂ, ਹਰਿੰਦਰ, ਮਨਮੋਹਨ ਸਿੰਘ, ਜਗਮੀਤ ਸਿੰਘ, ਸਹਿਦੇਵ ਸਿੰਘ, ਰੋਮੀ ਸਿੰਘ, ਵਰਿੰਦਰਪਾਲ, ਜਗਤਾਰ ਸਿੰਘ, ਗੁਰਵਿੰਦਰ ਸਿੰਘ, ਗੁਰਦੀਪ ਬਰਨਾਲਾ, ਤੇਜਿੰਦਰ ਸਿੰਘ, ਲੱਖਾ ਸਿੰਘ, ਜਗਤਾਰ ਸਿੰਘ ਹਾਜ਼ਰ ਸਨ।

# ਕਮਿਸ਼ਨ ਹਰ ਵਰਗ ਦੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਵਚਨਬੱਧ : ਪ੍ਰਿਆਂਕ ਕਾਨੂੰਗੋ

**ਮੋਗਾ (ਇਕਬਾਲ ਸਿੰਘ ਖਹਿਰਾ)**

ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਹਰ ਵਰਗ ਦੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਵਚਨਬੱਧ ਹੈ ਅਤੇ ਇਸ ਦਾ ਮਨੋਰਥ ਹੀ ਆਮ ਵਿਅਕਤੀ ਦੇ ਮਨੁੱਖੀ ਅਧਿਕਾਰਾਂ ਦੀ ਕਿਸੇ ਵੀ ਪੱਧਰ 'ਤੇ ਉਲੰਘਣਾ ਨਾ ਹੋਣ ਦੇਣਾ ਹੈ।ਕਮਿਸ਼ਨ ਵਲੋਂ ਸਮੇਂ-ਸਮੇਂ 'ਤੇ ਸਰਕਾਰੀ ਵਿਭਾਗਾਂ, ਹਸਪਤਾਲਾਂ ਦੀ ਚੈਕਿੰਗ ਕੀਤੀ ਜਾਂਦੀ ਹੈ ਤਾਂ ਜੁ ਕੋਈ ਵੀ ਆਪਣੇ ਅਧਿਕਾਰਾਂ ਤੋਂ ਵਾਂਝਾ ਨਾ ਰਹੇ।ਹਰ ਵਿਭਾਗ ਵਲੋਂ ਭਲਾਈ ਸਬੰਧੀ ਵੱਖ-ਵੱਖ ਸਕੀਮਾਂ ਚਲਾਈਆਂ ਜਾ ਰਹੀਆਂ ਹਨ, ਜਿਸਦਾ ਫਾਇਦਾ ਤਾਂ ਹੀ ਹੋ ਸਕਦਾ ਹੈ ਜੇਕਰ ਇਹ ਜ਼ਮੀਨੀ ਪੱਧਰ ਤੱਕ ਜਨਤਾ ਤੱਕ ਪਹੁੰਚਣ, ਇਸ ਲਈ ਵਿਭਾਗਾਂ ਦੇ ਅਧਿਕਾਰੀਆਂ ਨੂੰ ਇਸ ਗੱਲ ਲਈ ਯਕੀਨੀ ਬਣਾਇਆ ਜਾਂਦਾ ਹੈ ਕਿ ਉਹ ਚੰਗੀ ਤਰ੍ਹਾਂ ਨਾਲ ਸਕੀਮਾਂ ਦੀ ਜਾਣਕਾਰੀ ਰੱਖਦੇ ਹੋਣ।



ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅੱਜ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਸ਼੍ਰੀ ਪ੍ਰਿਆਂਕ ਕਾਨੂੰਗੋ ਵੱਲੋਂ ਅੱਜ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਮੋਗਾ ਵਿਖੇ ਮਨੁੱਖੀ ਅਧਿਕਾਰਾਂ ਤੇ ਭਲਾਈ ਸਬੰਧੀ ਚਲਾਈਆਂ ਜਾ ਰਹੀਆਂ ਸਕੀਮਾਂ ਸਬੰਧੀ ਵਿਸ਼ੇਸ਼ ਮੀਟਿੰਗ ਕਰਨ ਮੌਕੇ ਕੀਤਾ।ਡਿਪਟੀ ਕਮਿਸ਼ਨਰ ਸ੍ਰੀ ਸਾਗਰ ਸੇਤੀਆ , ਵਧੀਕ ਡਿਪਟੀ ਕਮਿਸ਼ਨਰ (ਜ) ਜਸਪਿੰਦਰ ਸਿੰਘ ਵੀ ਹਾਜ਼ਰ ਸਨ।ਉਨ੍ਹਾਂ ਮੀਟਿੰਗ ਵਿੱਚ ਪੀਐਸ ਵਿਸ਼ਵਕਰਮਾ ਯੋਜਨਾ, ਨਮਸਤੇ ਸਕੀਮ, ਮੈਂਟਲ ਹੈਲਥ ਪ੍ਰੋਗਰਾਮ, ਪ੍ਰਾਇਮਰੀ ਐਂਡ ਹਾਈ ਸਕੂਲ, ਪ੍ਰੀ ਐਂਡ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ, ਆਯੁਸ਼ਮਾਨ ਯੋਜਨਾ, ਸੰਬੰਧੀ ਵਿਸਥਾਰ ਨਾਲ ਜਾਣਕਾਰੀ ਹਾਸਲ ਕੀਤੀ ਤੇ ਸੰਬੰਧਤ ਅਧਿਕਾਰੀਆ ਨੂੰ ਲੋੜੀਂਦੇ ਨਿਰਦੇਸ਼ ਦਿੱਤੇ।ਉਨ੍ਹਾਂ ਕਿਹਾ ਕਿ ਆਜੀਵਿਕਾ ਮਿਸ਼ਨ ਤਹਿਤ ਔਰਤਾਂ ਦੇ ਸੈਲਫ ਹੈਲਪ ਗਰੁੱਪ ਬਣਾਏ ਜਾਣ ਤੇ ਉਸ ਵਿੱਚ ਲੋੜਵੰਦ ਤੇ ਵਿਧਵਾ ਔਰਤਾਂ ਨੂੰ ਸ਼ਾਮਲ ਕੀਤਾ ਜਾਵੇ।ਉਨ੍ਹਾਂ ਮੀਟਿੰਗ ਵਿੱਚ ਕਿਰਤ ਵਿਭਾਗ ਦੇ ਕੰਮਾਂ ਦੀ ਜਾਂਚ ਦੌਰਾਨ ਸਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਵਿਭਾਗ ਅਧੀਨ ਰਜਿਸਟਰਡ ਸਾਰੇ ਮਜ਼ਦੂਰਾਂ ਕੋਲ ਆਯੁਸ਼ਮਾਨ ਕਾਰਡ ਹੋਣਾ ਯਕੀਨੀ ਬਣਾਇਆ ਜਾਵੇ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਜ਼ਿਲ੍ਹੇ ਵਿੱਚ 4800 ਵਿਲੇਜ ਤੇ ਵਾਰਡ ਡਿਫੈਂਸ ਕਮੇਟੀਆਂ ਕਾਰਜਸ਼ੀਲ ਹਨ।ਇਸ ਮੁਹਿੰਮ ਨਾਲ ਨਸ਼ਿਆਂ ਨੂੰ ਠੱਲ੍ਹ ਪਾਉਣ ਵਿੱਚ ਬਹੁਤ ਮੱਦਦ ਮਿਲੀ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਮੋਗਾ ਜ਼ਿਲ੍ਹੇ ਦੇ ਲੋਕਾਂ ਦੇ ਮਨੁੱਖੀ ਅਧਿਕਾਰਾਂ ਦੀ ਰਾਖੀ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਮੈਂਬਰ ਦੁਆਰਾ ਜਾਰੀ ਸਾਰੇ ਦਿਸ਼ਾ-ਨਿਰਦੇਸ਼ਾਂ ਨੂੰ ਲਾਗੂ ਕਰੇਗਾ। ਉਨ੍ਹਾਂ ਚਲਾਈਆਂ ਜਾ ਰਹੀਆਂ ਸਕੀਮਾਂ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ।ਇਸ ਮੌਕੇ ਸਮੂਹ ਵਿਭਾਗਾਂ ਦੇ ਜ਼ਿਲ੍ਹਾ ਮੁਖੀ ਹਾਜ਼ਰ ਸਨ।

## ਭਾਰਤ ਵਿਕਾਸ ਪ੍ਰੀਸ਼ਦ ਇਕਾਈ ਨਾਭਾ ਕਮੇਟੀ ਦੀ ਚੋਣ



**ਨਾਭਾ (ਵਰਿੰਦਰ ਵਰਮਾ)**-ਭਾਰਤ ਵਿਕਾਸ਼ ਪ੍ਰੀਸ਼ਦ ਇਕਾਈ ਨਾਭਾ ਦੀ ਮਟਿੰਗ ਸਥਾਨਕ ਸ੍ਰੀ ਹਨੂਮਾਨ ਮੰਦਰ ਬਠਿੰਡੀਆ ਮੁਹੱਲਾ ਵਿਖੇ ਕੀਤੀ ਗਈ।ਇਸ ਮੌਕੇ ਪੰਜਾਬ ਈਸਟ ਵੱਲੋਂ ਵਿਸ਼ੇਸ਼ ਤੌਰ 'ਤੇ ਪੁਨੀਤ ਮਹਾਵਰ ਗੋਬਿੰਦਗੜ੍ਹ ਨੂੰ ਚੋਣ ਅਬਜ਼ਰਵਰ ਨਿਯੁਕਤ ਕੀਤਾ ਗਿਆ।ਪੁਨੀਤ ਮਹਾਵਰ ਦੀ ਅਗਵਾਈ ਹੇਠ ਸਰਬ ਸੰਮਤੀ ਨਾਲ ਓਮ ਪ੍ਰਕਾਸ਼ ਗਰਗ ਨੂੰ ਪ੍ਰਧਾਨ, ਵਿਕਾਸ ਮਿੱਤਲ ਨੂੰ ਜਨਰਲ ਸਕੱਤਰ, ਅਸ਼ਵਨੀ ਮਦਾਨ ਨੂੰ ਕੈਸ਼ੀਅਰ ਨਿਯੁਕਤ ਕੀਤਾ ਗਿਆ।ਵਰਨਣਯੋਗ ਹੈ ਕਿ ਵਿਕਾਸ ਮਿੱਤਲ ਨੂੰ ਜਨਰਲ ਸਕੱਤਰ ਤੇ ਅਸ਼ਵਨੀ ਮਦਾਨ ਨੂੰ ਕੈਸ਼ੀਅਰ ਲਗਾਤਾਰ ਦੂਜੀ ਵਾਰ ਚੁਣਿਆ ਗਿਆ ਹੈ।ਨਵ-ਨਿਯੁਕਤ ਪ੍ਰਧਾਨ ਓਮ ਪ੍ਰਕਾਸ਼ ਗਰਗ ਨੇ ਸਾਰੇ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਲਈ ਬੜੇ ਮਾਣ ਵਾਲੀ ਗੱਲ ਹੈ ਕਿ ਉਨ੍ਹਾਂ 'ਤੇ ਵਿਸ਼ਵਾਸ ਕਰਦੇ ਮੈਂਬਰਾਂ ਵੱਲੋਂ ਉਨ੍ਹਾਂ ਨੂੰ ਪ੍ਰਧਾਨ ਚੁਣਿਆ ਗਿਆ ਹੈ।ਉਨ੍ਹਾਂ ਕਿਹਾ ਕਿ ਜ਼ਿੰਮੇਵਾਰੀ ਨੂੰ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਵਾਂਗਾ।ਇਸ ਮੌਕੇ ਲਲਿਤ ਸ਼ਰਮਾ, ਮਹਿਲਾ ਪ੍ਰਧਾਨ ਗੀਤਾ ਸਿੰਗਲਾ, ਪ੍ਰਧਾਨ ਨਰਿੰਦਰ ਵਰਮਾ, ਹੇਮੰਤ ਧਵਨ, ਮਹਿਲਾ ਪ੍ਰਮੁੱਖ ਹੀਨਾ ਸਿੰਗਲਾ, ਡਾਕਟਰ ਮੁਕਤਾ ਜੈਨ, ਸੰਜੇ ਢੀਂਗਰਾ, ਨਰਿੰਦਰ ਮੋਹਣ ਸ਼ਰਮਾ, ਸ਼ੀਤਲ ਜੈਨ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ।

## ਬੀ ਪੀ ਈ ਓ ਵੱਲੋਂ ਸਰਕਾਰੀ ਸਕੂਲਾਂ ਦੀ ਚੈਕਿੰਗ



**ਬੱਧਨੀ ਕਲਾਂ (ਲਵਲੀ ਮਾਛੀਕੇ)**-ਸਿੱਖਿਆ ਵਿਭਾਗ ਦੇ ਗੁਰਪ੍ਰੀਤ ਸਿੰਘ ਸੰਧੂ ਬੀਪੀਈਓ ਜਗਰਾਓਂ ਦੀ ਅਗਵਾਈ ਹੇਠ ਸਰਕਾਰੀ ਪ੍ਰਾਇਮਰੀ ਸਮਰਾਟ ਸਕੂਲ ਮੱਲ੍ਹਾ, ਸਰਕਾਰੀ ਪ੍ਰਾਇਮਰੀ ਸਮਰਾਟ ਸਕੂਲ ਰਸੂਲਪੁਰ ਤੇ ਸਰਕਾਰੀ ਪ੍ਰਾਇਮਰੀ ਸਮਰਾਟ ਸਕੂਲ ਡੱਲਾ ਦੀ ਚੈਕਿੰਗ ਕੀਤੀ ਗਈ।ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਬੀਪੀਈਓ ਗੁਰਪ੍ਰੀਤ ਸਿੰਘ ਸੰਧੂ ਨੇ ਦੱਸਿਆ ਕਿ ਪੰਜਵੀਂ ਕਲਾਸ ਦੀਆਂ ਪ੍ਰੀਖਿਆਵਾਂ 6 ਮਾਰਚ ਤੋਂ ਲੈ ਕੇ 12 ਮਾਰਚ ਤੱਕ ਹੋਣਗੀਆਂ, ਜਿਨ੍ਹਾਂ ਦੀ ਚੈਕਿੰਗ ਲਈ ਵੱਖ-ਵੱਖ ਟੀਮਾਂ ਬਣਾਈਆਂ ਗਈਆਂ ਹਨ, ਜੋ ਪ੍ਰੀਖਿਆ ਕੇਂਦਰਾਂ ਦੀ ਚੈਕਿੰਗ ਕਰਦੀਆਂ ਹਨ।ਇਸ ਮੌਕੇ ਉਨ੍ਹਾ ਸਕੂਲ ਵੱਲੋਂ ਬੱਚਿਆਂ ਨੂੰ ਦਿੱਤਾ ਜਾ ਰਿਹਾ ਦੁਪਹਿਰ ਦਾ ਖਾਣਾ ਤੇ ਸਕੂਲੀ ਰਿਕਾਰਡ ਚੈੱਕ ਕੀਤਾ।ਉਨ੍ਹਾ ਪਿੰਡਾਂ ਦੀਆਂ ਗ੍ਰਾਮ ਪੰਚਾਇਤਾਂ ਤੇ ਆਮ ਲੋਕਾਂ ਨੂੰ ਬੇਨਤੀ ਕੀਤੀ ਕਿ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਓ, ਜਿਨ੍ਹਾਂ ਦੇ ਦਾਖਲੇ ਸ਼ੁਰੂ ਹਨ ਤੇ ਸਾਰੀ ਪੜ੍ਹਾਈ ਫਰੀ ਹੈ।ਇਸ ਮੌਕੇ ਸਰਕਾਰੀ ਪ੍ਰਾਇਮਰੀ ਸਮਰਾਟ ਸਕੂਲ ਮੱਲ੍ਹਾ ਦੀ ਮੁੱਖ ਅਧਿਆਪਕਾ ਸੋਨੀਆ ਰਾਣੀ ਨੇ ਚੈਕਿੰਗ ਟੀਮ ਦਾ ਧੰਨਵਾਦ ਕੀਤਾ।ਇਸ ਮੌਕੇ ਉਨ੍ਹਾ ਨਾਲ ਮੁੱਖ ਅਧਿਆਪਕਾ ਗਗਨਦੀਪ ਕੌਰ, ਮੁੱਖ ਅਧਿਆਪਕ ਜਸਵਿੰਦਰ ਸਿੰਘ, ਮੁੱਖ ਅਧਿਆਪਕ ਹਰਦੀਪ ਸਿੰਘ ਕਾਉਂਕੇ, ਗੁਰਚਰਨ ਸਿੰਘ ਬੁੱਟਰ, ਪਰਮਜੀਤ ਕੌਰ ਰਸੂਲਪੁਰ, ਸਾਜਨ ਕੁਮਾਰ ਫਿਰੋਜ਼ਪੁਰ, ਮਨਦੀਪ ਸਿੰਘ ਹਾਜ਼ਰ ਸਨ।

## ਕਾਤਰਾਂ

### ਦੀਪਾ ਘੋਲੀਆ ਦੀ ਯਾਦ 'ਚ ਸੱਭਿਆਚਾਰਕ ਮੇਲਾ 14 ਨੂੰ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪੰਜਾਬੀ ਸੰਗੀਤ ਜਗਤ ਵਿੱਚ ਆਪਣੀ ਵੱਖਰੀ ਪਹਿਚਾਣ ਬਣਾਉਣ, ਸਾਫ ਸੁਥਰੀ ਗਾਇਕੀ ਤੇ ਸੱਭਿਆਚਾਰਕ ਗੀਤਾਂ ਰਾਹੀਂ ਆਪਣੀ ਵੱਖਰੀ ਪਹਿਚਾਣ ਬਣਾ ਚੁੱਕੇ ਸੁਪਰ ਡੁਪਰ ਹਿੱਟ ਪੇਸ਼ਕਾਰ/ਗੀਤਕਾਰ ਸਵ: ਦੀਪਾ ਘੋਲੀਆ ਦੀ ਯਾਦ 'ਚ ਸੱਭਿਆਚਾਰਕ ਮੇਲਾ 14 ਮਾਰਚ ਨੂੰ ਪਿੰਡ ਘੋਲੀਆ ਕਲਾਂ ਵਿਖੇ ਮਨਾਇਆ ਜਾਵੇਗਾ। ਸੱਭਿਆਚਾਰਕ ਮੇਲੇ ਸਬੰਧੀ ਜਾਣਕਾਰੀ ਦਿੰਦਿਆਂ ਮਾਲਵੇ ਦੇ ਪ੍ਰਸਿੱਧ ਲੋਕ ਗਾਇਕ ਹਰਜੀਤ ਜੋਗਾ ਨੇ ਦੱਸਿਆ ਕਿ ਪਿੰਡ ਘੋਲੀਏ ਕਲਾਂ ਨਗਰ ਨਿਵਾਸੀ, ਸਮੂਹ ਪੰਚਾਇਤ, ਕਲੱਬਾਂ, ਐੱਨ ਆਰ ਆਈ ਵੀਰਾਂ ਤੇ ਸੰਗੀਤ ਸਿਤਾਰੇ ਫਾਊਂਡੇਸ਼ਨ ਪੰਜਾਬ ਵੱਲੋਂ ਦੂਜਾ ਸੱਭਿਆਚਾਰਕ ਸਾਲਾਨਾ ਮੇਲਾ ਧੂਮਧਾਮ ਨਾਲ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਮੇਲੇ ਦੌਰਾਨ ਮੰਚ ਸੰਚਾਲਕ ਦੀ ਭੂਮਿਕਾ ਪ੍ਰਸਿੱਧ ਗਾਇਕ ਤੇ ਐਂਕਰ ਕੁਲਵੰਤ ਸੇਖੋਂ ਤੇ ਗੈਰੀ ਸਿੰਘ ਨਿਭਾਉਣਗੇ ਤੇ ਪ੍ਰੋਗਰਾਮ ਦਾ ਜਗਦੇਵ ਬਰਾੜ ਟਹਿਣਾ ਵੱਲੋਂ ਟੀਵੀ 'ਤੇ ਲਾਈਵ ਪ੍ਰਸਾਰਨ ਕੀਤਾ ਜਾਵੇਗਾ।ਹਰਜੀਤ ਜੋਗਾ ਨੇ ਦੱਸਿਆ ਕਿ ਮੇਲੇ 'ਚ ਫਿਲਮੀ ਹਸਤੀਆਂ, ਪ੍ਰਸਿੱਧ ਗੀਤਕਾਰ, ਪੇਸ਼ਕਾਰ, ਕਹਾਣੀਕਾਰ, ਕਵੀ, ਨਾਵਲਕਾਰ, ਮਾਡਲ, ਸਮਾਜ ਸੇਵੀ ਜਥੇਬੰਦੀਆਂ ਤੇ ਪੱਤਰਕਾਰ ਭਾਈਚਾਰਾ ਉਚੇਚੇ ਤੌਰ 'ਤੇ ਸ਼ਿਰਕਤ ਕਰੇਗਾ ਤੇ ਮੇਲਾ ਵੱਡੇ ਪੱਧਰ 'ਤੇ ਕਰਵਾਇਆ ਜਾਵੇਗਾ।

### ਸ਼ਹੀਦਾਂ ਦੀ ਵਿਚਾਰਧਾਰਾ 'ਤੇ ਚਰਚਾ 29 ਨੂੰ

**ਲੌਂਗੋਵਾਲ (ਪ੍ਰਦੀਪ ਸੱਪਲ)**-ਦੇਸ਼ ਭਗਤ ਯਾਦਗਾਰ ਲੌਂਗੋਵਾਲ ਦੀ ਮੀਟਿੰਗ ਯਾਦਗਾਰ ਦੇ ਪ੍ਰਧਾਨ ਬਲਬੀਰ ਲੌਂਗੋਵਾਲ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਮੀਤ ਪ੍ਰਧਾਨ ਰਣਜੀਤ ਸਿੰਘ, ਵਿੱਤ ਸਕੱਤਰ ਅਨਿਲ ਸ਼ਰਮਾ, ਦਾਤਾ ਸਿੰਘ ਨਮੋਲ, ਜਸਵੀਰ ਨਮੋਲ, ਚੰਦਰ ਸ਼ੇਖਰ, ਗੁਰਮੇਲ ਸਿੰਘ, ਸੁਖਪਾਲ ਸਿੰਘ, ਕੁਲਵਿੰਦਰ ਵਿੱਕੀ ਤੇ ਕੇਵਲ ਸਿੰਘ ਨੇ ਭਾਗ ਲਿਆ।ਮੀਟਿੰਗ ਵਿੱਚ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਦੇ ਸ਼ਹਾਦਤ ਦਿਵਸ ਨੂੰ ਸਮਰਪਤ ਇਨ੍ਹਾਂ ਸ਼ਹੀਦਾਂ ਦੀ ਵਿਚਾਰਧਾਰਾ 'ਤੇ 29 ਮਾਰਚ ਨੂੰ ਸ਼ਹੀਦ ਭਗਤ ਸਿੰਘ ਯਾਦਗਾਰੀ ਲਾਇਬ੍ਰੇਰੀ (ਦੇਸ਼ ਭਗਤ ਯਾਦਗਾਰ) ਲੌਂਗੋਵਾਲ ਵਿਖੇ ਵਿਚਾਰ ਚਰਚਾ ਕਰਨ ਦਾ ਫ਼ੈਸਲਾ ਕੀਤਾ ਗਿਆ।ਇਸ ਤੋਂ ਬਿਨਾਂ ਜਨਤਕ ਇਕੱਤਰਤਾਵਾਂ, ਵਿੱਦਿਅਕ ਅਦਾਰਿਆਂ 'ਚ ਸਮੇਂ-ਸਮੇਂ 'ਤੇ ਜਾ ਕੇ ਇਸ ਮਹੀਨੇ ਦੌਰਾਨ ਸ਼ਹੀਦਾਂ ਦੀ ਵਿਚਾਰਧਾਰਾ 'ਤੇ ਗੱਲ ਕੀਤੀ ਜਾਵੇਗੀ।ਇਨ੍ਹਾਂ ਸ਼ਹੀਦਾਂ ਦੇ ਵਿਚਾਰਾਂ ਦੀ ਇੱਕ ਦੁਵਰਕੀ ਵੀ ਜਾਰੀ ਕੀਤੀ ਜਾਵੇਗੀ।ਮੀਟਿੰਗ ਦੌਰਾਨ ਯਾਦਗਾਰ ਦੀ ਅਧੂਰੀ ਉਸਾਰੀ ਨੂੰ ਪੂਰਾ ਕਰਨ ਤੇ ਸ਼ਹੀਦ ਭਗਤ ਸਿੰਘ ਯਾਦਗਾਰ ਲਾਇਬਰੇਰੀ ਦੇ ਸੁਚੱਜੇ ਸੰਚਾਲਨ ਲਈ ਵੀ ਵਿਚਾਰ ਕੀਤਾ ਗਿਆ।

### ਡਾ. ਸਲੋਨੀ ਗੋਇਲ ਤ੍ਰਿਪੁਰਾ 'ਚ ਗੋਲਡ ਮੈਡਲ ਨਾਲ ਸਨਮਾਨਤ



**ਭੀਖੀ (ਧਰਮਵੀਰ ਸ਼ਰਮਾ)**-ਕਸਬਾ ਭੀਖੀ ਦੀ ਹੋਣਹਾਰ ਧੀ ਡਾ. ਸਲੋਨੀ ਗੋਇਲ (ਐਮ.ਐਸ. ਉਪਥੈਲਮੋਲੋਜੀ) ਨੂੰ ਤ੍ਰਿਪੁਰਾ ਵਿੱਚ ਆਯੋਜਤ ਇੱਕ ਸਮਾਰੋਹ ਦੌਰਾਨ ਗੋਲਡ ਮੈਡਲ ਨਾਲ ਸਨਮਾਨਤ ਕੀਤਾ ਗਿਆ।ਸਮਾਰੋਹ ਵਿੱਚ ਭਾਰਤ ਦੇ ਉਪ ਰਾਸ਼ਟਰਪਤੀ ਸੀ.ਪੀ. ਰਾਧਾਕ੍ਰਿਸ਼ਨਨ ਮੁੱਖ ਮਹਿਮਾਨ ਵਜੋਂ ਪਹੁੰਚੇ ਸਨ ਤੇ ਉਨਾਂ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ।ਉਨ੍ਹਾਂ ਦੇ ਸੰਬੋਧਨ ਤੋਂ ਬਾਅਦ ਤ੍ਰਿਪੁਰਾ ਦੇ ਮੁੱਖ ਮੰਤਰੀ, ਚੀਫ ਸੈਕਟਰੀ ਤੇ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਦੀ ਮੌਜੂਦਗੀ ਵਿੱਚ ਡਾ. ਸਲੋਨੀ ਗੋਇਲ ਨੂੰ ਗੋਲਡ ਮੈਡਲ ਪ੍ਰਦਾਨ ਕੀਤਾ ਗਿਆ।ਡਾ. ਸਲੋਨੀ ਗੋਇਲ ਦੇ ਪਿਤਾ ਭੀਮ ਸੈਨ ਗੋਇਲ, ਮਾਤਾ ਸੀਮਾ ਰਾਣੀ ਅਤੇ ਨਾਨਾ-ਨਾਨੀ ਵੀ ਮੌਜੂਦ ਸਨ।ਡਾ. ਸਲੋਨੀ ਗੋਇਲ ਦੀ ਇਸ ਉਪਲਬਧੀ ਲਈ ਭਾਜਪਾ ਦੇ ਜ਼ਿਲ੍ਹਾ ਜਨਰਲ ਸਕੱਤਰ ਮੁਨੀਸ਼ ਬੱਬੀ ਦਾਨੇਵਾਲੀਆ, ਭਾਜਪਾ ਆਗੂ ਰਜਿੰਦਰ ਰਾਜੀ, ਐਡਵੋਕੇਟ ਮਨੋਜ ਸਿੰਗਲਾ ਰੌਕੀ, ਭਾਜਪਾ ਮੰਡਲ ਭੀਖੀ ਦੇ ਪ੍ਰਧਾਨ ਵਿਵੇਕ ਜੈਨ ਬੱਬੂ, ਸੀਨੀਅਰ ਭਾਜਪਾ ਆਗੂ ਅਜੈ ਸ਼ਰਮਾ ਸਮਾਉਂ, ਯੂਥ ਅਕਾਲੀ ਦਲ ਦੇ ਕੁਲਸ਼ੇਰ ਸਿੰਘ ਰੂਬਲ, ਗੁਰਇਕਬਾਲ ਸਿੰਘ ਬਾਲੀ, ਰਜਿੰਦਰ ਸਿੰਘ ਚਹਿਲ, ਕਾਂਗਰਸੀ ਆਗੂ ਸੰਦੀਪ ਮਹਿਤਾ, ਪ੍ਰੈਸ ਕਲੱਬ ਭੀਖੀ ਦੇ ਪ੍ਰਧਾਨ ਸੁਰੇਸ਼ ਸਿੰਗਲਾ ਤੋਂ ਇਲਾਵਾ ਵੱਖ ਵੱਖ ਸੰਸਥਾਵਾਂ ਦੇ ਅਹੁਦੇਦਾਰਾਂ ਅਤੇ ਰਾਜਨੀਤਿਕ ਆਗੂਆਂ ਨੇ ਉਨ੍ਹਾਂ ਨੂੰ ਵਧਾਈ ਦਿੱਤੀ।



ਐਡਵੋਕੇਟ ਪ੍ਰਭਜੀਤ ਸਿੰਘ ਸਿੱਧੂ ਨੂੰ ਭਾਜਪਾ ਹਾਈ ਕਮਾਂਡ ਨੇ ਪੰਜਾਬ ਕੋਰ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਹੈ ਅਤੇ ਨਾਲ ਹੀ ਅਡੀਸ਼ਨਲ ਜ਼ੋਨ ਕਨਵੀਨਰ ਬਠਿੰਡਾ ਲਾਇਆ ਗਿਆ। (ਫੋਟੋ ਤੇ ਵੇਰਵਾ : ਪਰਵਿੰਦਰਜੀਤ, ਬਠਿੰਡਾ

# ਬਰਨਾਲਾ ਮਹਾਂ ਪੰਚਾਇਤ ਲਈ ਬੀ ਕੇ ਯੂ ਡਕੌਂਦਾ ਦਾ ਕਾਫ਼ਲਾ ਰਵਾਨਾ



**ਜਗਰਾਉਂ (ਸੰਜੀਵ ਅਰੋੜਾ)**

ਸੰਯੁਕਤ ਕਿਸਾਨ ਮੋਰਚੇ ਵੱਲੋਂ ਕਿਸਾਨਾਂ, ਮਜ਼ਦੂਰਾਂ ਤੇ ਮੁਲਾਜ਼ਮਾਂ ਦੀ ਮੰਗਾਂ ਨੂੰ ਲੈ ਕੇ ਬਰਨਾਲਾ ਵਿਖੇ ਕੀਤੀ ਵੱਡੀ ਮਹਾਂ ਪੰਚਾਇਤ ਵਿੱਚ ਭਾਰਤੀ ਕਿਸਾਨ ਯੂਨੀਅਨ ਡਕੌਂਦਾ (ਬੁਰਜਗਿੱਲ) ਦੇ ਜ਼ਿਲ੍ਹਾ ਲੁਧਿਆਣਾ ਦਾ ਵੱਡਾ ਕਾਫਲਾ ਸੂਬਾ ਮੀਤ ਪ੍ਰਧਾਨ ਰਾਜਵੀਰ ਸਿੰਘ ਘੁਡਾਣੀ, ਜ਼ਿਲ੍ਹਾ ਪ੍ਰਧਾਨ ਮਾਸਟਰ ਮਹਿੰਦਰ ਸਿੰਘ ਕਮਾਲਪੁਰਾ ਤੇ ਜ਼ਿਲ੍ਹਾ ਮੀਤ ਪ੍ਰਧਾਨ ਹਰਬਖ਼ਸ਼ੀਸ਼ ਸਿੰਘ ਰਾਏ ਚੱਕ ਭਾਈ ਕਾ ਦੀ ਅਗਵਾਈ ਮੰਡੇਰ ਪੈਲੇਸ ਗੋਬਿੰਦਗੜ੍ਹ ਤੋਂ ਮਹਾਂ ਪੰਚਾਇਤ ਵਿੱਚ ਸ਼ਾਮਲ ਹੋਣ ਲਈ ਰਵਾਨਾ ਹੋਇਆ।

ਕਿਸਾਨ ਆਗੂਆਂ ਨੇ ਦੱਸਿਆ ਕਿ ਇਹ ਮਹਾਂ ਪੰਚਾਇਤ ਕੇਂਦਰ ਅਤੇ ਪੰਜਾਬ ਸਰਕਾਰਾਂ ਦੇ ਕੰਨ ਖੋਲ੍ਹਣ ਲਈ ਕੀਤੀ ਜਾ ਰਹੀ ਹੈ, ਕਿਉਂਕਿ ਕਿਸਾਨ ਦੇਸ਼ ਦੀ ਰੀੜ੍ਹ ਦੀ ਹੱਡੀ ਹਨ, ਜਿਸ ਸਮੇਂ ਕਰੋਨਾ ਦੇ ਲਾਕਡਾਊਨ ਵਿੱਚ ਜਦੋਂ ਵੱਡੇ ਵੱਡੇ ਵਿਕਸਿਤ ਦੇਸ਼ਾਂ ਦੀ ਆਰਥਿਕ ਸਥਿਤੀ ਡਗਮਗਾ ਗਈ ਸੀ, ਉਸ ਸਮੇਂ ਦੇਸ਼ ਕਿਸਾਨਾਂ ਦੇ ਯੋਗਦਾਨ ਨਾਲ ਭਾਰਤ ਦੇਸ਼ ਦੀ ਆਰਥਿਕ ਸਥਿਤੀ ਮਜ਼ਬੂਤ ਰਹੀ ਪ੍ਰੰਤੂ ਫਿਰ ਵੀ ਦੇਸ਼ ਦੇ ਕਿਸਾਨਾਂ ਨਾਲ ਵਾਅਦੇ ਕਰਨ ਉਪਰੰਤ ਵੀ ਸਰਕਾਰਾਂ ਕਿਸਾਨਾਂ ਦੀਆ ਮੰਗਾਂ ਮੰਨਣ ਦੀ ਬਜਾਏ ਕਾਰਪੋਰੇਟ ਨੂੰ ਹੋਰ ਮਜ਼ਬੂਤ ਕਰਨ ਵਿੱਚ ਲੱਗੀਆਂ ਹੋਈਆ ਹਨ।

ਉਨ੍ਹਾਂ ਕਿਹਾ ਕਿ ਕਿਸਾਨਾਂ ਦੀਆ ਅਹਿਮ ਮੰਗਾਂ ਐਮ.ਐਸ.ਪੀ. ਗਾਰੰਟੀ ਕਾਨੂੰਨ ਬਣਾਉਣ, ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਲਾਗੂ ਕਰਨ, ਕਰਜ਼ੇ ਮੁਆਫ਼ ਕਰਨ, ਬਿਜਲੀ ਸੋਧ ਬਿੱਲ ਵਾਪਸ ਕਰਵਾਉਣ, ਬੀਜ ਬਿੱਲ ਰੱਦ ਕਰਾਉਣ, ਫ਼ਸਲੀ ਬੀਮਾ ਯੋਜਨਾ, ਮਜ਼ਦੂਰਾਂ ਨੂੰ ਗਾਰੰਟੀ ਨਾਲ ਰੋਜ਼ਗਾਰ ਦੇਣ, ਮੁਲਾਜ਼ਮਾਂ ਦੀ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਵਰਗੀਆਂ ਆਦਿ ਮੰਗਾਂ ਹਨ। ਸਮੁੱਚੇ ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਨੇ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਕੋਲ ਦੇਸ਼ ਨੂੰ ਗਹਿਣੇ ਰੱਖ ਦਿੱਤਾ ਹੈ, ਕਿਉਂਕਿ ਜਿਸ ਤਾਰੀਕੇ ਨਾਲ ਟਰੰਪ ਨੇ ਬਿਆਨ ਜਾਰੀ ਕਰਕੇ ਭਾਰਤ ਅਜਿਹੇ ਮਜ਼ਬੂਤ ਦੇਸ਼ ਨੂੰ ਰੂਸ ਤੋਂ ਕੱਚਾ ਤੇਲ ਲੈਣ ਲਈ 30 ਦਿਨ ਦੀ ਛੋਟ ਵਾਰੇ ਕਿਹਾ ਹੈ, ਉਸ ਦਿਨ ਤੋਂ ਹੀ ਸੂਝਵਾਨ ਨਾਗਰਿਕਾਂ ਵਿੱਚ ਰੋਸ ਤੇ ਚਿੰਤਾ ਹੈ ਕਿ ਸਾਡੇ ਦੇਸ਼ ਦੇ ਫ਼ੈਸਲੇ ਕੀ ਹੁਣ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਕਰਨਗੇ, ਜਦਕਿ ਏਨੇ ਦਿਨ ਬੀਤ ਜਾਣ ਦੇ ਬਾਵਜੂਦ ਦੇਸ਼ ਦੇ ਕਿਸੇ ਵੀ ਮੰਤਰੀ ਨੇ ਇਸ ਗੱਲ ਦੀ ਨਿੰਦਾ ਨਹੀਂ ਕੀਤੀ, ਜਦਕਿ ਸੰਯੁਕਤ ਕਿਸਾਨ ਮੋਰਚਾ ਇਸ ਦੀ ਨਿਖੇਧੀ ਕਰਦਾ ਹੈ।

## ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਵਿਦਿਆਰਥੀਆਂ ਨੂੰ ਗ੍ਰਿਫ਼ਤਾਰ ਕਰਨਾ ਗੈਰ-ਸੰਵਿਧਨਕ : ਚੌਹਾਨ

**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਜੀਵਨ ਤੇ ਫਲਸਫੇ 'ਤੇ ਆਯੋਜਿਤ ਸੈਮੀਨਾਰ 'ਚ ਭਾਰਤੀ ਜਨਤਾ ਪਾਰਟੀ ਨਾਲ ਜੁੜੇ ਇੱਕ ਨੇਤਾ ਇਕਬਾਲ ਸਿੰਘ ਲਾਲਪੁਰਾ ਨੂੰ ਮੁੱਖ ਬੁਲਾਰੇ ਵਜੋਂ ਤੇ ਰਾਸ਼ਟਰੀ ਸਵੈਮ ਸੇਵਕ ਸੰਘ ਦੇ ਸੀਨੀਅਰ ਕਾਰਜਕਾਰੀ ਨੁਮਾਇੰਦੇ ਬਨਵੀਰ ਸਿੰਘ ਨੂੰ ਮੁੱਖ ਮਹਿਮਾਨ ਵਜੋਂ ਸੱਦਾ ਦਿੱਤਾ ਗਿਆ।ਇਸ ਦੇ ਖਿਲਾਫ ਵਿਦਿਆਰਥੀ ਜਥੇਬੰਦੀਆਂ ਨੇ ਯੂਨੀਵਰਸਿਟੀ 'ਚ ਵਿਰੋਧ ਪ੍ਰਦਰਸ਼ਨ ਕੀਤਾ ਗਿਆ, ਪ੍ਰੰਤੂ ਯੂਨੀਵਰਸਿਟੀ ਪ੍ਰਸ਼ਾਸਨ ਦੀ ਸ਼ਹਿ 'ਤੇ ਚੰਡੀਗੜ੍ਹ ਪੁਲਸ ਵੱਲੋਂ ਵਿਦਿਆਰਥੀਆਂ ਦੇ ਸ਼ਾਂਤਮਈ ਅੰਦੋਲਨ ਨੂੰ ਦਬਾਉਣ ਲਈ ਬਲ ਦਾ ਪ੍ਰਯੋਗ ਕੀਤਾ ਗਿਆ, ਜਿਸ ਕਾਰਨ ਵਿਦਿਆਰਥੀਆਂ ਦੀਆਂ ਪੱਗਾਂ ਲੱਥੀਆਂ ਤੇ ਉਨ੍ਹਾਂ ਦੀ ਕੁੱਟ ਮਾਰ ਵੀ ਕੀਤੀ ਗਈ ਅਤੇ ਕੁੱਝ ਵਿਦਿਆਰਥੀਆਂ ਨੂੰ ਹਿਰਾਸਤ 'ਚ ਲੈ ਲਿਆ ਗਿਆ।ਉਕਤ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਚੌਹਾਨ ਨੇ ਇੱਕ ਪ੍ਰੈੱਸ ਬਿਆਨ ਜਾਰੀ ਕਰਦਿਆਂ ਕੀਤਾ।ਕਮਿਊਨਿਸਟ ਆਗੂ ਨੇ ਕਿਹਾ ਕਿ ਸੀ ਪੀ ਆਈ ਯੂਨੀਵਰਸਿਟੀ ਪ੍ਰਸ਼ਾਸਨ ਤੇ ਚੰਡੀਗੜ੍ਹ ਪੁਲਸ ਦੀ ਇਸ ਘਟੀਆ ਕਰਤੂਤ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ ਕਰਦੀ ਹੈ ਅਤੇ ਇਹ ਕਾਰਵਾਈ ਗੈਰ-ਸੰਵਿਧਾਨਕ ਹੈ।ਉਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਤੁਰੰਤ ਰਿਹਾਅ ਕਰਨ ਦੀ ਮੰਗ ਵੀ ਕੀਤੀ।ਕਮਿਊਨਿਸਟ ਆਗੂ ਨੇ ਕਿਹਾ ਕਿ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ 'ਚ ਇੱਕ ਵਿਸ਼ੇਸ਼ ਵਿਚਾਰਧਾਰਕ ਏਜੰਡੇ ਨੂੰ ਉਤਸ਼ਾਹਤ ਕਰਨ ਦੀਆਂ ਕੋਸ਼ਿਸ਼ਾਂ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।



## ਜ਼ਿਲ੍ਹਾ ਭੱਠਾ ਮਾਲਕ ਐਸੋਸੀਏਸ਼ਨ ਦੀ ਜਨਰਲ ਬਾਡੀ ਦੀ ਮੀਟਿੰਗ



**ਸਮਾਣਾ (ਇਕਬਾਲ ਸਿੰਘ ਬੱਲ)**-ਜ਼ਿਲ੍ਹਾ ਪਟਿਆਲਾ ਭੱਠਾ ਮਾਲਿਕ ਐਸੋਸੀਏਸ਼ਨ ਦੀ ਜਨਰਲ ਬਾਡੀ ਦੀ ਮੀਟਿੰਗ ਸੰਸਥਾ ਦੇ ਚੇਅਰਮੈਨ ਯਸ਼ਪਾਲ ਸਿੰਗਲਾ ਦੀ ਰਹਿਨੁਮਾਈ ਹੇਠ ਹੋਈ, ਜਿਸ ਵਿੱਚ ਜ਼ਿਲ੍ਹੇ ਭਰ ਤੋਂ ਭੱਠਾ ਮਾਲਕਾਂ ਨੇ ਭਾਰੀ ਗਿਣਤੀ ਵਿੱਚ ਸ਼ਿਰਕਤ ਕੀਤੀ।ਮੀਟਿੰਗ ਦੌਰਾਨ ਭੱਠਾ ਇੰਡਸਟਰੀ ਨੂੰ ਦਰਪੇਸ਼ ਗੰਭੀਰ ਮੁੱਦਿਆਂ, ਖ਼ਾਸ ਕਰਕੇ ਕੋਇਲੇ ਦੀ ਘਾਟ ਤੇ ਕੇਂਦਰ ਸਰਕਾਰ ਦੀਆਂ ਨੀਤੀਆਂ ਕਾਰਨ ਕੋਇਲੇ ਦੀ ਸਪਲਾਈ ਵਿੱਚ ਆ ਰਹੀਆਂ ਮੁਸ਼ਕਲਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ।ਮੀਟਿੰਗ ਵਿੱਚ ਬੋਲਦੇ ਹੋਏ ਪ੍ਰਧਾਨ ਹਰਸ਼ ਗੁਪਤਾ ਤੇ ਜਨਰਲ ਸੈਕਟਰੀ ਅਨੂਪ ਸਿੰਗਲਾ ਨੇ ਕਿਹਾ ਕਿ ਕੋਇਲੇ ਦੀ ਲਗਾਤਾਰ ਕਮੀ ਤੇ ਉੱਚੇ ਰੇਟਾਂ ਕਾਰਨ ਭੱਠਾ ਇੰਡਸਟਰੀ ਉੱਤੇ ਬਹੁਤ ਵੱਡਾ ਆਰਥਿਕ ਬੋਝ ਪੈ ਰਿਹਾ ਹੈ।ਮੌਜੂਦਾ ਹਾਲਾਤਾਂ ਵਿੱਚ ਭੱਠਾ ਚਲਾਉਣਾ ਹਰ ਭੱਠਾ ਮਾਲਕ ਲਈ ਬਹੁਤ ਮੁਸ਼ਕਲ ਹੋ ਗਿਆ ਹੈ।ਇਨ੍ਹਾਂ ਹਾਲਾਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਮੀਟਿੰਗ ਵਿੱਚ ਇਹ ਮਹੱਤਵਪੂਰਨ ਫੈਸਲਾ ਲਿਆ ਗਿਆ ਕਿ ਚਲਦੇ ਸੀਜ਼ਨ ਵਿੱਚ ਭੱਠੇ ਆਮ ਸਮੇਂ ਤੋਂ ਇੱਕ ਮਹੀਨਾ ਪਹਿਲਾਂ ਬੰਦ ਕਰ ਦਿੱਤੇ ਜਾਣਗੇ, ਜਦਕਿ ਆਉਣ ਵਾਲੇ ਸੀਜ਼ਨ ਵਿੱਚ ਭੱਠੇ ਆਮ ਸਮੇਂ ਤੋਂ ਲਗਭਗ ਦੋ ਮਹੀਨੇ ਬਾਅਦ ਹੀ ਸ਼ੁਰੂ ਕੀਤੇ ਜਾਣਗੇ। ਮੀਟਿੰਗ ਵਿੱਚ ਇਹ ਵੀ ਘੋਸ਼ਣਾ ਕੀਤੀ ਗਈ ਕਿ ਕੋਇਲੇ ਤੇ ਹੋਰ ਖਰਚਿਆਂ ਵਿੱਚ ਹੋ ਰਹੇ ਬੇਤਹਾਸ਼ਾ ਵਾਧੇ ਕਾਰਨ ਇੱਟ ਦੀ ਉਤਪਾਦਨ ਲਾਗਤ ਕਾਫੀ ਵਧ ਗਈ ਹੈ, ਜਿਸ ਕਰਕੇ ਇੱਟ ਦੇ ਰੇਟਾਂ ਵਿੱਚ ਵਾਧਾ ਕਰਨਾ ਵੀ ਲਾਜ਼ਮੀ ਹੋ ਗਿਆ ਹੈ।ਮੀਟਿੰਗ ਵਿੱਚ ਮੌਜੂਦ ਸਾਰੇ ਮੈਂਬਰਾਂ ਨੇ ਇਸ ਫੈਸਲੇ ਦਾ ਸਮਰਥਨ ਕੀਤਾ ਤੇ ਜ਼ਿਲ੍ਹੇ ਦੀਆਂ ਸਾਰੀਆਂ ਤਹਿਸੀਲਾਂ ਦੇ ਪ੍ਰਧਾਨਾਂ ਵੱਲੋਂ ਵੀ ਇਸ ਫੈਸਲੇ ਨੂੰ ਪੁਰਜ਼ੋਰ ਹਮਾਇਤ ਦਿੱਤੀ ਗਈ। ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਭੱਠਾ ਇੰਡਸਟਰੀ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਦੇਖਦੇ ਹੋਏ ਕੋਇਲੇ ਦੀ ਸਪਲਾਈ ਤੇ ਰੇਟਾਂ ਦੇ ਮਾਮਲੇ ਵਿੱਚ ਤੁਰੰਤ ਢੁੱਕਵੇਂ ਕਦਮ ਚੁੱਕੇ ਜਾਣ, ਤਾਂ ਜੋ ਇਸ ਮਹੱਤਵਪੂਰਨ ਇੰਡਸਟਰੀ ਨੂੰ ਬਚਾਇਆ ਜਾ ਸਕੇ।

## ਸੜਕ ਹਾਦਸੇ 'ਚ ਪਤੀ-ਪਤਨੀ ਸਮੇਤ ਤਿੰਨ ਸਾਲਾ ਬੱਚੀ ਦੀ ਮੌਤ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਬਠਿੰਡਾ-ਬਰਨਾਲਾ ਨੈਸ਼ਨਲ ਹਾਈਵੇ ਮਾਰਗ 'ਤੇ ਪਿੰਡ ਜੇਠੂਕੇ ਦੇ ਨਜ਼ਦੀਕ ਭਿਆਨਕ ਐਕਸੀਡੈਂਟ ਵਿੱਚ ਪਤੀ-ਪਤਨੀ ਸਮੇਤ ਤਿੰਨ ਸਾਲਾਂ ਦੀ ਬੱਚੀ ਦੀ ਹੋਈ ਮੌਤ ਦਾ ਸਮਾਚਾਰ ਪ੍ਰਾਪਤ ਹੋਇਆ। ਮਿਲੀ ਜਾਣਕਾਰੀ ਅਨੁਸਾਰ ਸਹਾਰਾ ਸਮਾਜ ਸੇਵਾ ਦੇ ਪ੍ਰਧਾਨ ਸੰਦੀਪ ਵਰਮਾ ਨੇ ਦੱਸਿਆ ਕਿ ਸਾਨੂੰ ਸਾਡੇ ਕੰਟਰੋਲ ਰੂਮ ਤੋਂ ਇਤਲਾਹ ਮਿਲੀ ਕਿ ਬਠਿੰਡਾ-ਬਰਨਾਲਾ ਨੈਸ਼ਨਲ ਹਾਈਵੇ ਮਾਰਗ 'ਤੇ ਸਥਿਤ ਪਿੰਡ ਜੇਠੂਕੇ ਦੇ ਨਜ਼ਦੀਕ ਸੜਕ ਹਾਦਸੇ ਵਿੱਚ ਪਤੀ-ਪਤਨੀ ਦੀ ਮੌਤ ਹੋ ਚੁੱਕੀ ਹੈ, ਜਦ ਕਿ ਇਕ ਤਿੰਨ ਸਾਲਾ ਬੱਚੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੈ ਤਾਂ ਤੁਰੰਤ ਸਹਾਰਾ ਦੀਆਂ ਐਂਬੂਲੈਂਸਾਂ ਘਟਨਾ ਸਥਾਨ 'ਤੇ ਪਹੁੰਚੀਆਂ ਦੋਨੋਂ ਡੈੱਡ ਬੌਡੀਆਂ ਨੂੰ ਸਿਵਲ ਹਸਪਤਾਲ ਰਾਮਪੁਰਾ ਵਿਖੇ ਲਿਆਂਦਾ ਗਿਆ। ਬੱਚੀ ਦੀ ਨਾਜ਼ੁਕ ਹਾਲਤ ਨੂੰ ਦੇਖਦੇ ਹੋਏ ਉਸ ਨੂੰ ਏਮਜ਼ ਹਸਪਤਾਲ ਬਠਿੰਡਾ ਰੈਫਰ ਕਰ ਦਿੱਤਾ ਗਿਆ। ਇਲਾਜ ਦੌਰਾਨ ਆਖਰ ਬੱਚੀ ਨੇ ਵੀ ਦਮ ਤੋੜ ਦਿੱਤਾ। ਉਨ੍ਹਾ ਕਿਹਾ ਕਿ ਰਣਜੀਤ ਸਿੰਘ ਪੁੱਤਰ ਸੁਖਦੇਵ ਸਿੰਘ ਆਪਣੀ ਪਤਨੀ ਗੁਰਮੀਤ ਕੌਰ ਸਮੇਤ ਤਿੰਨ ਸਾਲਾਂ ਦੀ ਛੋਟੀ ਬੱਚੀ ਹਿਮਾਨਤਦੀਪ ਕੌਰ ਪਿੰਡ ਵਾਸੀ ਤਾਜੋਕੇ ਜ਼ਿਲ੍ਹਾ ਬਰਨਾਲਾ ਤੋਂ ਮੋਟਰਸਾਈਕਲ 'ਤੇ ਸਵਾਰ ਹੋ ਕੇ ਦਵਾਈ ਲੈਣ ਰਾਮਪੁਰਾ ਵੱਲ ਆ ਰਹੇ ਸੀ ਤਾਂ ਪਿੱਛੋਂ ਆ ਰਹੀ ਤੇਜ਼ ਰਫਤਾਰ ਕਾਰ ਨੇ ਪਿੰਡ ਜੇਠੂਕੇ ਦੇ ਨਜ਼ਦੀਕ ਟੱਕਰ ਮਾਰ ਦਿੱਤੀ, ਉਥੇ ਪਤੀ-ਪਤਨੀ ਦੀ ਮੌਕੇ 'ਤੇ ਹੀ ਹੋਈ ਮੌਤ, ਬੱਚੀ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਈ ਸੀ, ਉਸ ਨੂੰ ਡਾਕਟਰਾਂ ਵੱਲੋਂ ਬਠਿੰਡਾ ਰੈਫਰ ਕਰ ਦਿੱਤਾ ਗਿਆ ਸੀ, ਪਰ ਇਲਾਜ ਦੌਰਾਨ ਬੱਚੀ ਨੇ ਵੀ ਦਮ ਤੋੜ ਦਿੱਤਾ। ਥਾਣਾ ਸਦਰ ਰਾਮਪੁਰਾ ਪੁਲਸ ਨੇ ਮ੍ਰਿਤਕ ਦੇ ਭਰਾ ਜਗਦੀਪ ਸਿੰਘ ਦੇ ਬਿਆਨਾਂ 'ਤੇ ਵੱਖ ਵੱਖ ਧਰਾਵਾਂ ਤਹਿਤ ਕਾਰ ਚਾਲਕ 'ਤੇ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।



# ਖੇਡਾਂ ਸਾਡੇ ਜੀਵਨ ਦਾ ਅਨਿੱਖੜਵਾਂ ਅੰਗ : ਕਾਕਾ ਬਰਾੜ

## ਕਲੱਬ ਨੂੰ 41000 ਰੁਪਏ ਦੀ ਸਹਿਯੋਗ ਰਾਸ਼ੀ ਸੌਂਪੀ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**

ਨਜ਼ਦੀਕੀ ਪਿੰਡ ਗੁਲਾਬੇਵਾਲਾ ਵਿਖੇ ਧੰਨ ਧੰਨ ਬਾਬਾ ਬ੍ਰਹਮ ਦਾਸ ਸਪੋਰਟਸ ਕਲੱਬ ਵੱਲੋਂ ਬਾਬਾ ਜੀ ਦੀ ਯਾਦ ਵਿੱਚ 36ਵਾਂ ਵਾਲੀਬਾਲ ਟੂਰਨਾਮੈਂਟ ਕਰਵਾਇਆ ਗਿਆ, ਜਿਸ ਵਿੱਚ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਟੂਰਨਾਮੈਂਟ ਦੌਰਾਨ ਖਿਡਾਰੀਆਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।



ਇਸ ਮੌਕੇ ਖਿਡਾਰੀਆਂ ਨਾਲ ਜਾਣ-ਪਹਿਚਾਣ ਕਰਨ ਉਪਰੰਤ ਆਪਣੇ ਸੰਬੋਧਨ ਦੌਰਾਨ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਖਿਡਾਰੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਖੇਡਾਂ ਵਿੱਚ ਵੱਧ ਤੋਂ ਵੱਧ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਖੇਡਾਂ ਸਾਡੇ ਜੀਵਨ ਦਾ ਅਨਿੱਖੜਵਾਂ ਅੰਗ ਹਨ ਤੇ ਇਹ ਸਾਨੂੰ ਸਿਹਤਮੰਦ ਰੱਖਣ ਵਿੱਚ ਸਹਾਈ ਹੁੰਦੀਆਂ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਖੇਡਾਂ ਨੂੰ ਉਤਸ਼ਾਹਤ ਕਰਨ ਲਈ ਵਚਨਬੱਧ ਹੈ ਤੇ ਇਸ ਦਿਸ਼ਾ ਵਿੱਚ ਲਗਾਤਾਰ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਖੇਡਾਂ ਵਤਨ ਪੰਜਾਬ ਦੀਆਂ ਸਲੋਗਨ ਹੇਠ ਵੱਡੇ ਪੱਧਰ 'ਤੇ ਸੂਬਾ ਸਰਕਾਰ ਵੱਲੋਂ ਖੇਡ ਮੇਲੇ ਕਰਵਾਏ ਗਏ, ਜਿਸ ਵਿੱਚ ਲੱਖਾਂ ਖਿਡਾਰੀਆਂ ਨੇ ਹਿੱਸਾ ਲਿਆ ਤੇ ਵੱਡੇ ਇਨਾਮ ਪ੍ਰਾਪਤ ਕੀਤੇ।ਉਨ੍ਹਾਂ ਕਲੱਬ ਨੂੰ 41000 ਰੁਪਏ ਦੀ ਸਹਿਯੋਗ ਰਾਸ਼ੀ ਪ੍ਰਬੰਧਕਾਂ ਨੂੰ ਸੌਂਪੀ।ਇਸ ਤੋਂ ਇਲਾਵਾ ਪਿੰਡ ਕਾਨਿਆਂਵਾਲੀ ਵਿਖੇ ਹੋਏ ਟੂਰਨਾਮੈਂਟ ਵਿੱਚ ਵੀ ਜੇਤੂ ਰਹੀ ਪਿੰਡ ਗੁਲਾਬੇਵਾਲਾ ਦੀ ਟੀਮ ਨੂੰ 5100 ਰੁਪਏ ਨਗਦ ਰਾਸ਼ੀ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਕਲੱਬ ਦੇ ਪ੍ਰਧਾਨ ਬਲਤੇਜ ਸਿੰਘ ਬਰਾੜ, ਵਾਈਸ ਪ੍ਰਧਾਨ ਜਗਦੀਪ ਸਿੰਘ ਗਿੱਲ, ਸਕੱਤਰ ਹਰਪ੍ਰੀਤ ਬਰਾੜ ਨੇ ਆਖਿਆ ਕਿ ਟੂਰਨਾਮੈਂਟ ਦੌਰਾਨ ਸਲੇਮਸ਼ਾਹ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕਰਕੇ 31000 ਰੁਪਏ ਤੇ ਟਰਾਫੀ 'ਤੇ ਕਬਜ਼ਾ ਕੀਤਾ, ਜਦਕਿ ਘੱਟਿਆਂਵਾਲੀ ਦੀ ਟੀਮ ਨੇ ਦੂਜਾ ਸਥਾਨ ਹਾਸਲ ਕਰਦਿਆਂ 21000 ਰੁਪਏ ਸਮੇਤ ਟਰਾਫੀ ਜਿੱਤੀ।ਪ੍ਰਬੰਧਕੀ ਟੀਮ ਵੱਲੋਂ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਸਰਪੰਚ ਗੁਰਤੇਜ ਸਿੰਘ, ਮੈਂਬਰ ਐਡਵੋਕੇਟ ਅਰਵਿੰਦਰ ਸਿੰਘ ਬਰਾੜ, ਲਛਮਣਜੀਤ ਸਿੰਘ, ਗਗਨ ਸਿੰਘ, ਬੇਅੰਤ ਸਿੰਘ, ਬਲਜਿੰਦਰ ਸਿੰਘ, ਮਨਜੀਤ ਬਰਾੜ, ਹਰਪ੍ਰੀਤ ਸਿੰਘ, ਤੇਜਿੰਦਰਪਾਲ ਸਿੰਘ ਬਰਾੜ, ਸ਼ਿਵਰਾਜ ਸਿੰਘ ਐਡਵੋਕੇਟ, ਸੇਵਕ ਬਰਾੜ, ਸੁਖਵਿੰਦਰ ਸਿੰਘ ਯੂਥ ਪ੍ਰਧਾਨ, ਅਮਨ ਸੇਖੋਂ, ਜਗਮੀਤ ਸਿੰਘ ਨੰਬਰਦਾਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

## ਮਹਿਲਾਵਾਂ ਨੂੰ ਸਨਮਾਨ ਰਾਸ਼ੀ ਦੇਣਾ ਸ਼ਲਾਘਾਯੋਗ ਕਦਮ : ਪਰਮਿੰਦਰ



**ਕੋਟ ਈਸੇ ਖਾਂ (ਅਰੋੜਾ)**-ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਨੂੰ ਹਰ ਮਹੀਨੇ ਸਨਮਾਨ ਰਾਸ਼ੀ ਦੇਣ ਦਾ ਐਲਾਨ ਕੀਤਾ ਗਿਆ ਹੈ, ਜੋ ਕਿ ਬਹੁਤ ਹੀ ਸ਼ਲਾਘਾਯੋਗ ਫੈਸਲਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਪਰਮਿੰਦਰ ਸਿੰਘ ਸਰਪੰਚ ਜਨੇਰ ਨੇ ਪ੍ਰੈੱਸ ਨਾਲ ਸਾਂਝੇ ਕੀਤੇ।ਉਨ੍ਹਾ ਕਿਹਾ ਕਿ ਮਹਿਲਾਵਾਂ ਕਾਫੀ ਸਮੇਂ ਤੋਂ ਇਸ ਫੈਸਲੇ ਦੀ ਉਡੀਕ ਵਿੱਚ ਸੀ, ਜਿਉਂ ਹੀ ਮਾਨ ਸਰਕਾਰ ਨੇ ਇਹ ਐਲਾਨ ਕੀਤਾ ਤਾਂ ਮਹਿਲਾਵਾਂ ਅੰਦਰ ਖੁਸ਼ੀ ਦੀ ਲਹਿਰ ਦੌੜ ਗਈ।ਇਹ ਫੈਸਲਾ ਮਹਿਲਾਵਾਂ ਨੂੰ ਆਤਮ ਨਿਰਭਰ ਬਣਾਏਗਾ।ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਲੋਕਾਂ ਨਾਲ ਜੋ ਵੀ ਵਾਅਦੇ ਕੀਤੇ ਸਨ, ਉਹ ਪੂਰੇ ਕੀਤੇ ਗਏ ਹਨ ਅਤੇ 2027 ਦੀਆਂ ਚੋਣਾਂ ਵਿੱਚ ਵੀ ਆਪ ਦੀ ਸਰਕਾਰ ਬਣੇਗੀ।

# ਵਾੜਾ ਚੈਨ ਸਿੰਘ ਵਾਲਾ ਦੇ ਸਰਪੰਚ ਤੇ ਮੈਂਬਰਾਂ ਵੱਲੋਂ ਭਾਜਪਾ ਜਾਣ ਦਾ ਖੰਡਨ

## ਕਾਂਗਰਸੀ ਹਾਂ ਤੇ ਕਾਂਗਰਸੀ ਹੀ ਰਹਾਂਗੇ, ਭਾਜਪਾ ਨੇ ਧੋਖੇ ਨਾਲ ਬੁਲਾ ਕੇ ਸਿਰਪਾਓ ਦਿੱਤੇ



**ਜ਼ੀਰਾ (ਨਰਿੰਦਰ ਅਨੇਜਾ)**-ਵਿਧਾਨ ਸਭਾ ਹਲਕਾ ਜ਼ੀਰਾ ਅਧੀਨ ਆਉਂਦੇ ਪਿੰਡ ਵਾੜਾ ਚੈਨ ਸਿੰਘ ਵਾਲਾ ਦੇ ਕਾਂਗਰਸੀ ਸਰਪੰਚ ਤੇ ਮੈਂਬਰਾਂ, ਜਿਨ੍ਹਾਂ ਨੂੰ ਕੁਝ ਦਿਨ ਪਹਿਲਾਂ ਭਾਜਪਾ ਵੱਲੋਂ ਸਿਰਪਾਓ ਦਿੱਤਾ ਗਿਆ ਸੀ, ਨੇ ਅੱਜ ਜ਼ੀਰਾ ਨਿਵਾਸ ਪਹੁੰਚ ਕੇ ਐਲਾਨ ਕੀਤਾ ਹੈ ਕਿ ਉਹ ਕਾਂਗਰਸੀ ਹਨ ਤੇ ਕਾਂਗਰਸੀ ਹੀ ਰਹਿਣਗੇ।ਦੱਸ ਦੇਈਏ ਕਿ ਕਾਂਗਰਸੀ ਸਰਪੰਚ ਗੁਰਪ੍ਰੀਤ ਕੌਰ, ਮੈਂਬਰ ਗੁਰਮੀਤ ਸਿੰਘ ਤੇ ਪ੍ਰੀਤਮ ਸਿੰਘ ਪਿੰਡ ਵਾੜਾ ਚੈਨ ਸਿੰਘ ਵਾਲਾ ਦੇ ਭਾਰਤੀ ਜਨਤਾ ਪਾਰਟੀ 'ਚ ਸ਼ਾਮਲ ਹੋਣ ਦੀਆਂ ਚਰਚਾਵਾਂ ਚੱਲੀਆਂ ਸਨ, ਜਿਨ੍ਹਾਂ ਦਾ ਅੱਜ ਉਕਤ ਕਾਂਗਰਸੀ ਸਰਪੰਚ ਤੇ ਮੈਂਬਰਾਂ ਨੇ ਸਿੱਧੇ ਤੌਰ 'ਤੇ ਖੰਡਨ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਭਾਰਤੀ ਜਨਤਾ ਪਾਰਟੀ ਵੱਲੋਂ ਧੋਖੇ ਨਾਲ ਇੱਕ ਮੀਟਿੰਗ 'ਚ ਬੁਲਾ ਕੇ ਸਿਰਪਾਓ ਦਿੱਤਾ ਗਿਆ ਸੀ। ਉਨ੍ਹਾਂ ਕਿਹਾ ਕਿ ਉਹ ਸ਼ੁਰੂ ਤੋਂ ਹੀ ਕਾਂਗਰਸ ਪਾਰਟੀ ਦੇ ਸਿਪਾਹੀ ਹਨ ਤੇ ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ ਦੇ ਨਾਲ ਚੱਟਾਨ ਵਾਂਗ ਖੜ੍ਹੇ ਹਨ।ਉਨ੍ਹਾਂ ਕਿਹਾ ਕਿ ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ ਦੀ ਅਗਵਾਈ 'ਚ ਉਹ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਹਮੇਸ਼ਾਂ ਵਚਨਬੱਧ ਹਨ ਤੇ ਅਗਾਮੀ ਚੋਣਾਂ ਵਿਚ ਵੀ ਕਾਂਗਰਸ ਪਾਰਟੀ ਦੇ ਹੱਕ ਵਿਚ ਲੋਕਾਂ ਨੂੰ ਲਾਮਬੰਦ ਕਰ ਰਹੇ ਹਨ।ਇਸ ਮੌਕੇ ਸਾਬਕਾ ਵਿਧਾਇਕ ਤੇ ਜ਼ਿਲ੍ਹਾ ਨਾਲ ਚੱਟਾਨ ਵਾਂਗ ਖੜ੍ਹੇ ਹਨ।ਉਨ੍ਹਾਂ ਕਿਹਾ ਕਿ ਸਾਬਕਾ ਵਿਧਾਇਕ ਕੁਲਬੀਰ ਸਿੰਘ ਜ਼ੀਰਾ ਦੀ ਅਗਵਾਈ 'ਚ ਉਹ ਕਾਂਗਰਸ ਪਾਰਟੀ ਦੀ ਮਜ਼ਬੂਤੀ ਲਈ ਹਮੇਸ਼ਾ ਵਚਨਬੱਧ ਹਨ ਅਤੇ ਅਗਾਮੀ ਚੋਣਾਂ ਵਿੱਚ ਵੀ ਕਾਂਗਰਸ ਪਾਰਟੀ ਦੇ ਹੱਕ ਵਿੱਚ ਲੋਕਾਂ ਨੂੰ ਲਾਮਬੰਦ ਕਰ ਰਹੇ ਹਨ।ਇਸ ਮੌਕੇ ਸਾਬਕਾ ਵਿਧਾਇਕ ਤੇ ਜ਼ਿਲ੍ਹਾ ਕਾਂਗਰਸ ਕਮੇਟੀ ਫਿਰੋਜ਼ਪੁਰ ਦੇ ਪ੍ਰਧਾਨ ਕੁਲਬੀਰ ਸਿੰਘ ਜ਼ੀਰਾ ਨੇ ਕਿਹਾ ਕਿ ਕਾਂਗਰਸ ਪਾਰਟੀ ਦੀ ਲਗਾਤਾਰ ਹੋ ਰਹੀ ਮਜ਼ਬੂਤੀ ਤੋਂ ਵਿਰੋਧੀ ਬੁਖਲਾਹਟ ਵਿੱਚ ਆ ਕੇ ਅਜਿਹੀਆਂ ਘਟੀਆ ਚਾਲਾਂ ਚੱਲ ਰਹੇ ਹਨ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਨੇ ਜਿੰਨਾ ਵਿਕਾਸ ਜ਼ੀਰਾ ਹਲਕੇ ਦਾ ਕਰਵਾਇਆ ਹੈ, ਉਹ ਕਿਸੇ ਤੋਂ ਲੁਕਿਆ ਨਹੀਂ ਹੈ ਤੇ ਲੋਕ ਵੀ ਕਾਂਗਰਸ ਪਾਰਟੀ ਦੀਆਂ ਨੀਤੀਆਂ ਤੋਂ ਖੁਸ਼ ਹਨ।ਇਸ ਮੌਕੇ ਕਰਮਜੀਤ ਸਿੰਘ ਸਰਪੰਚ, ਬਲਜਿੰਦਰ ਸਿੰਘ, ਗੁਰਜੀਤ ਸਿੰਘ, ਕੁਲਚਰਨ ਸਿੰਘ ਆਦਿ ਹਾਜ਼ਰ ਸਨ।

## ਡੇਰਾ ਕਾਸ਼ੀਪੁਰਾ ਬੱਧਨੀ ਕਲਾਂ 'ਚ ਅੱਖਾਂ ਦਾ ਮੁਫ਼ਤ ਕੈਂਪ ਅੱਜ

**ਬੱਧਨੀ ਕਲਾਂ (ਨਛੱਤਰ ਸੰਧੂ)**

ਮਹੰਤ ਚਰਨਜੀਤ ਸਿੰਘ ਵੱਲੋਂ ਡਾ. ਐਸ.ਪੀ. ਸਿੰਘ ਓਬਰਾਏ ਤੇ ਜ਼ਿਲ੍ਹਾ ਰੂਰਲ ਐਨ.ਜੀ.ਓ ਕਲੱਬ ਐਸੋਸੀਏਸ਼ਨ ਮੋਗਾ ਦੇ ਸਹਿਯੋਗ ਨਾਲ ਅੱਖਾਂ ਦਾ ਵਿਸ਼ਾਲ ਮੁਫ਼ਤ ਚੈੱਕਅਪ ਕੈਂਪ 11 ਮਾਰਚ ਨੂੰ ਲਾਇਆ ਜਾ ਰਿਹਾ ਹੈ।ਮਹੰਤ ਚਰਨਜੀਤ ਸਿੰਘ ਨੇ ਦੱਸਿਆ ਕਿ ਸ਼ੰਕਰਾ ਆਈ ਹਸਪਤਾਲ ਲੁਧਿਆਣਾ ਦੇ ਡਾਕਟਰਾ ਦੀ ਟੀਮ ਵੱਲੋਂ ਜਿਥੇ ਮਰੀਜ਼ਾਂ ਦੀਆਂ ਅੱਖਾਂ ਦਾ ਚੈੱਕਅਪ ਕਰਕੇ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆਂ, ਉਥੇ ਲੋੜਵੰਦ ਮਰੀਜ਼ਾਂ ਦੀਆਂ ਅੱਖਾਂ ਦੇ ਮੁਫ਼ਤ ਅਪ੍ਰੇਸ਼ਨ ਕੀਤੇ ਜਾਣਗੇ।ਮਰੀਜ਼ ਆਪਣਾ ਪਛਾਣ ਪੱਤਰ ਜ਼ਰੂਰ ਲੈ ਕੇ ਆਉਣ।

ਉਨ੍ਹਾਂ ਦੱਸਿਆ ਕਿ ਇਸ ਕੈਂਪ 'ਚ ਡਾ: ਐਸ.ਪੀ. ਓਬਰਾਏ ਵੱਲੋਂ ਕੈਂਪ ਦੇ ਪ੍ਰਬੰਧ ਲਈ ਵਡਮੁੱਲਾ ਯੋਗਦਾਨ ਦਿੱਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਡੇਰਾ ਕਸੀਪੁਰਾ ਰਾਓਕੇ ਰੋਡ 'ਤੇ ਸਥਿਤ ਹੈ, ਜਿਥੇ ਮਰੀਜ਼ ਪਹੁੰਚ ਕੇ ਆਪਣੀਆਂ ਅੱਖਾਂ ਦਾ ਇਲਾਜ ਕਰਾ ਸਕਦੇ ਹਨ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੇ ਕੈਂਪ ਵਿੱਚ ਯੋਗਦਾਨ ਪਾਉਣਾ ਹੋਵੇ ਤਾਂ ਉਹ ਸਾਡੇ ਦਿਤੇ ਨੰਬਰਾਂ 'ਤੇ ਸੰਪਰਕ ਕਰ ਸਕਦਾ ਹੈ।ਉਨ੍ਹਾਂ ਨਾਲ ਪ੍ਰਧਾਨ ਗੋਕੁਲ ਚੰਦ ਬੁੱਘੀਪੁਰਾ, ਖਜ਼ਾਨਚੀ ਜਗਤਾਰ ਸਿੰਘ, ਹਰਬਿੰਦਰ ਸਿੰਘ ਤੇ ਜਗਜੀਤ ਸਿੰਘ ਆਦਿ ਹਾਜ਼ਰ ਸਨ।

# ਐੱਚ ਐੱਮ ਈ ਐੱਲ ਨੇ 1000 ਸਵੈ ਸਹਾਇਤਾ ਸਮੂਹ ਦੀਆਂ ਔਰਤਾਂ ਨਾਲ ਮਨਾਇਆ ਮਹਿਲਾ ਦਿਵਸ

**ਤਲਵੰਡੀ ਸਾਬੋ (ਜਗਦੀਪ ਗਿੱਲ)**

ਔਰਤਾਂ ਨੂੰ ਆਤਮਨਿਰਭਰ ਬਣਾਉਣ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਐਚਐਮਈਐਲ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ ਸਿਲਵਰ ਕਾਸਲ, ਰਾਮਾ ਮੰਡੀ (ਬਠਿੰਡਾ) ਵਿਖੇ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ।

ਇਸ ਮੌਕੇ ਸਵੈ ਸਹਾਇਤਾ ਸਮੂਹਾਂ ਵਿੱਚ ਕੰਮ ਕਰ ਰਹੀਆਂ ਲਗਭਗ 1000 ਔਰਤਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਕੇ ਉਨ੍ਹਾਂ ਵਿੱਚ ਆਤਮਵਿਸ਼ਵਾਸ ਪੈਦਾ ਕੀਤਾ ਗਿਆ। ਨਾਲ ਹੀ ਆਪਣੀ ਮਿਹਨਤ ਤੇ ਲਗਨ ਨਾਲ ਸਮਾਜ ਵਿੱਚ ਵਿਲੱਖਣ ਪਛਾਣ ਬਣਾਉਣ ਵਾਲੀਆਂ ਸਫ਼ਲ ਔਰਤਾਂ ਨੇ ਆਪਣੇ ਪ੍ਰੇਰਣਾਦਾਇਕ ਤਜਰਬੇ ਸਾਂਝੇ ਕਰਕੇ ਪਿੰਡਾਂ ਦੀਆਂ ਔਰਤਾਂ ਨੂੰ ਆਤਮਨਿਰਭਰ ਬਣਨ ਲਈ ਪ੍ਰੇਰਿਤ ਕੀਤਾ।

ਅੰਤਰਰਾਸ਼ਟਰੀ ਮਹਿਲਾ ਦਿਵਸ 2026 ਦੀ ਥੀਮ ਦੇ ਆਧਾਰ 'ਤੇ ਕੀਤੇ ਗਏ ਇਸ ਉਪਰਾਲੇ ਦਾ ਉਦੇਸ਼ ਮਹਿਲਾਵਾਂ ਦਾ ਸਨਮਾਨ ਕਰਨਾ, ਉਨ੍ਹਾਂ ਨੂੰ ਆਪਣੇ ਤਜਰਬੇ ਸਾਂਝੇ ਕਰਨ ਲਈ ਮੰਚ ਪ੍ਰਦਾਨ ਕਰਨਾ ਤੇ ਉਨ੍ਹਾਂ ਨੂੰ ਆਤਮਨਿਰਭਰਤਾ ਵੱਲ ਪ੍ਰੇਰਿਤ ਕਰਨਾ ਸੀ।ਇਸ ਮੌਕੇ ਐਚਐਮਈਐਲ ਗੁਰੂ ਗੋਬਿੰਦ ਸਿੰਘ ਰਿਫਾਇਨਰੀ, ਬਠਿੰਡਾ ਦੇ ਸੀਨੀਅਰ ਅਧਿਕਾਰੀਆਂ ਦੇ ਪਰਿਵਾਰਕ ਮੈਂਬਰ ਵੀ ਖਾਸ ਤੌਰ 'ਤੇ ਮੌਜੂਦ ਰਹੇ।ਉਨ੍ਹਾਂ ਸਵੈ ਸਹਾਇਤਾ ਸਮੂਹਾਂ ਵਿੱਚ ਸ਼ਾਨਦਾਰ ਕੰਮ ਕਰਕੇ ਸਮਾਜ ਲਈ ਪ੍ਰੇਰਣਾ ਬਣੀਆਂ ਮਹਿਲਾਵਾਂ ਦਾ ਸਨਮਾਨ ਕਰਕੇ ਉਨ੍ਹਾਂ ਦੀ ਹੌਸਲਾ ਅਫ਼ਜ਼ਾਈ ਕੀਤੀ।



ਪੰਜਾਬ ਰਾਜ ਰੂਰਲ ਆਜੀਵਿਕਾ ਮਿਸ਼ਨ ਦੇ ਅਧਿਕਾਰੀਆਂ ਨੇ ਵੀ ਸਮਾਗਮ ਵਿੱਚ ਸ਼ਮੂਲੀਅਤ ਕਰਦੇ ਹੋਏ ਐਚਐਮਈਐਲ ਵੱਲੋਂ ਸਵੈ ਸਹਾਇਤਾ ਸਮੂਹਾਂ ਦੇ ਮਾਧਿਅਮ ਨਾਲ ਕੀਤੇ ਜਾ ਰਹੇ ਸਮੁਦਾਇਕ ਵਿਕਾਸ ਦੇ ਯਤਨਾਂ ਦੀ ਸਰਾਹਨਾ ਕੀਤੀ।ਇਸ ਮੌਕੇ ਪ੍ਰੇਰਣਾਦਾਇਕ ਆਡੀਓ-ਵਿਜ਼ੂਅਲ ਵੀ ਦਿਖਾਇਆ ਗਿਆ, ਜਿਸ ਵਿੱਚ ਐਚਐਮਈਐਲ ਵੱਲੋਂ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਦੇ ਆਲੇ-ਦੁਆਲੇ ਦੇ 59 ਪਿੰਡਾਂ ਵਿੱਚ ਮਹਿਲਾ ਸਸ਼ਕਤੀਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਤੇ ਉਨ੍ਹਾਂ ਨਾਲ ਆਏ ਸਕਾਰਾਤਮਕ ਸਮਾਜਿਕ ਬਦਲਾਵਾਂ ਨੂੰ ਦਰਸਾਇਆ ਗਿਆ।ਐਚਐਮਈਐਲ ਨੂੰ ਵਿਸ਼ਵਾਸ ਹੈ ਕਿ ਅਜਿਹੇ ਉਪਰਾਲੇ ਮਹਿਲਾ ਸਸ਼ਕਤੀਕਰਨ, ਪ੍ਰੇਰਣਾ ਤੇ ਸਮੁਦਾਇਕ ਏਕਤਾ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੇ ਤੇ ਇਹ ਸਮਾਗਮ ਸਾਰੇ ਭਾਗੀਦਾਰਾਂ ਲਈ ਇੱਕ ਯਾਦਗਾਰ ਅਨੁਭਵ ਸਾਬਤ ਹੋਵੇਗਾ।

## ਹੱਕੀ ਮੰਗਾਂ ਸੰਬੰਧੀ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਨੇ ਡਾ. ਅਰੋੜਾ ਨੂੰ ਸੌਂਪਿਆ ਮੰਗ ਪੱਤਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਸਿਟੀ ਮੋਗਾ ਰਜਿ 295 ਪੰਜਾਬ ਵੱਲੋਂ ਜ਼ਿਲ੍ਹਾ ਪ੍ਰਧਾਨ ਡਾਕਟਰ ਜਸਵੀਰ ਸਿੰਘ ਸਹਿਗਲ, ਬਲਾਕ ਪ੍ਰਧਾਨ ਡਾਕਟਰ ਦਰਸ਼ਨ ਲਾਲ ਮੋਗਾ ਦੀ ਯੋਗ ਅਗਵਾਈ ਹੇਠ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਤੇ ਸਮੂਹ ਸੂਬਾ ਕਮੇਟੀ ਦੀ ਦਿਸ਼ਾ-ਨਿਰਦੇਸ਼ ਅਨੁਸਾਰ ਹਲਕਾ ਮੋਗਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੂੰ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀਆਂ ਜਾਇਜ਼ ਮੰਗਾਂ ਦੇ ਸਬੰਧ ਵਿੱਚ ਸਮੂਹ ਮੈਡੀਕਲ ਪ੍ਰੈਕਟੀਸ਼ਨਰਜ਼ ਸਾਥੀਆਂ ਸਮੇਤ ਵਿਧਾਇਕਾ ਨੂੰ ਮਿਲੇ ਤੇ ਮੈਡੀਕਲ ਪ੍ਰੈਕਟੀਸ਼ਨਰਜ਼ ਦੀਆਂ ਮੰਗਾਂ ਸਬੰਧੀ ਜਾਣੂ ਕਰਾਇਆ ਗਿਆ ਤੇ ਮੰਗ ਪੱਤਰ ਦਿੱਤਾ। ਮੰਗ ਕਰਦੇ ਹੋਏ ਕਿਹਾ ਕਿ ਜੋ ਪੰਜਾਬ ਸਰਕਾਰ ਦਾ ਵਿਧਾਨ ਸਭਾ ਵਿਚ ਸੈਸ਼ਨ ਚੱਲ ਰਿਹਾ ਹੈ, ਉਸ ਵਿੱਚ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀਆਂ ਮੰਗਾਂ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅੱਗੇ ਰੱਖੀਆਂ ਜਾਣ ਅਤੇ ਪੂਰੀਆਂ ਕਰਨ ਦੀ ਸਿਫ਼ਾਰਸ਼ ਕੀਤੀ ਜਾਵੇ, ਕਿਉਂਕਿ ਚੋਣਾਂ ਦੌਰਾਨ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਤੇ ਸਮੂਹ ਸੂਬਾ ਕਮੇਟੀ ਦੀ ਇਕ ਅਹਿਮ ਮੀਟਿੰਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਕੀਤੀ ਗਈ ਸੀ, ਜਿਸ ਵਿੱਚ ਮਾਨ ਨੇ ਵਾਅਦਾ ਕੀਤਾ ਸੀ ਕਿ ਸਾਡੀ ਸਰਕਾਰ ਆਉਣ 'ਤੇ ਆਪ ਜੀ ਦੀਆਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ।

## ਤਨਖ਼ਾਹਾਂ ਨਾ ਮਿਲਣ 'ਤੇ ਵਿੱਤ ਮੰਤਰੀ ਦੇ ਦਫ਼ਤਰ ਅੱਗੇ ਧਰਨੇ ਦਾ ਐਲਾਨ



**ਲੌਂਗੋਵਾਲ (ਪ੍ਰਦੀਪ ਸੱਪਲ)**-ਪੰਜਾਬ ਭਰ ਦੇ ਬਹੁ-ਗਿਣਤੀ ਅਧਿਆਪਕਾਂ ਨੂੰ ਫਰਵਰੀ ਮਹੀਨੇ ਦੀ ਤਨਖਾਹ ਹਾਲੇ ਤੱਕ ਨਾ ਮਿਲਣ ਸਬੰਧੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਸੰਗਰੂਰ ਦਾ ਵਫ਼ਦ ਵਿੱਤ ਮੰਤਰੀ ਦੇ ਦਿੜ੍ਹਬਾ ਸਥਿਤ ਦਫ਼ਤਰ ਇੰਚਾਰਜ ਰਣਜੀਤ ਸਿੰਘ ਨੂੰ ਮਿਲਿਆ।ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਦਾਤਾ ਸਿੰਘ ਨਮੋਲ ਨੇ ਦੱਸਿਆ ਕਿ ਮੰਗ ਪੱਤਰ ਸੌਂਪ ਕੇ ਜਥੇਬੰਦੀ ਵੱਲੋਂ ਚੇਤਾਵਨੀ ਦਿੱਤੀ ਗਈ ਕਿ ਤਨਖਾਹਾਂ ਜਲਦੀ ਨਾ ਮਿਲਣ ਦੀ ਸੂਰਤ ਵਿੱਚ ਅਧਿਆਪਕ ਜਥੇਬੰਦੀ ਦੀ ਅਗਵਾਈ ਵਿੱਚ ਵਿੱਤ ਮੰਤਰੀ ਦੇ ਦਿੜ੍ਹਬਾ ਦਫ਼ਤਰ ਅੱਗੇ ਰੋਸ ਧਰਨਾ ਲਾਉਣਗੇ।ਮੰਗ ਪੱਤਰ ਰਾਹੀਂ ਵਿੱਤ ਮੰਤਰੀ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਤਨਖਾਹਾਂ ਨਾ ਮਿਲਣ ਕਾਰਨ ਅਧਿਆਪਕਾਂ ਨੂੰ ਗੰਭੀਰ ਵਿੱਤੀ ਮੁਸ਼ਕਲਾਂ ਤੇ ਮਾਨਸਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਦੀਆਂ ਹੋਮ ਲੋਨ ਵਗੈਰਾ ਦੀਆਂ ਕਿਸ਼ਤਾਂ ਟੁੱਟ ਚੁੱਕੀਆਂ ਹਨ ਤੇ ਜੁਰਮਾਨੇ ਪੈ ਚੁੱਕੇ ਹਨ।ਇਸ ਕਾਰਨ ਉਨ੍ਹਾਂ ਵਿੱਚ ਸਰਕਾਰ ਪ੍ਰਤੀ ਭਾਰੀ ਰੋਸ ਹੈ।ਉਨ੍ਹਾਂ ਕਿਹਾ ਕਿ ਇਹ ਪਹਿਲੀ ਸਰਕਾਰ ਹੈ, ਜਿਸ ਦੇ ਸ਼ਾਸਨ ਵਿੱਚ ਅਧਿਆਪਕਾਂ ਨੂੰ ਮਹੀਨਾਵਾਰ ਤਨਖਾਹਾਂ ਲੈਣ ਲਈ ਵੀ ਸੰਘਰਸ਼ ਕਰਨਾ ਪੈ ਰਿਹਾ ਹੈ।ਅਜਿਹੀ ਹਾਲਤ ਵਿੱਚ ਅਖੌਤੀ ਸਿੱਖਿਆ ਕ੍ਰਾਂਤੀ ਦਾ ਪ੍ਰਚਾਰ ਬੇਮਾਅਨਾ ਹੈ।ਇਸ ਵਫ਼ਦ ਵਿੱਚ ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸੰਗਰੂਰ, ਪ੍ਰੈੱਸ ਸਕੱਤਰ ਜਸਬੀਰ ਨਮੋਲ, ਬਲਾਕ ਆਗੂ ਰਾਜਵੀਰ ਨਾਗਰਾ, ਹਰਦੀਪ ਸਿੰਘ, ਗੁਰਪ੍ਰੀਤ ਪਿਸ਼ੌਰ, ਸਰਬਜੀਤ ਕਿਸ਼ਨਗੜ੍ਹ, ਜਗਦੀਪ ਸਿੰਘ, ਰੇਸ਼ਮ ਪਾਲ, ਜਸਪਾਲ ਸਿੰਘ, ਜਸਵੀਰ ਸਿੰਘ, ਰਾਮ ਸਿੰਘ, ਕਰਨੈਲ ਸ਼ਾਸਤਰੀ, ਸੁਨੀਲ ਕੁਮਾਰ ਆਦਿ ਸ਼ਾਮਲ ਸਨ।

## 'ਆਪ' ਸਰਕਾਰ ਨੇ ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਪੂਰਾ ਕੀਤਾ : ਰਾਜਵੀਰ ਕੰਗ



**ਕੋਟ ਈਸੇ ਖਾਂ (ਅਰੋੜਾ)**-ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੇ ਸਭ ਤੋਂ ਵੱਡੇ ਚੋਣ ਵਾਅਦੇ ਨੂੰ ਪੂਰਾ ਕੀਤਾ ਹੈ।ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਮੁੱਖ ਮੰਤਰੀ ਨੇ ਮਾਸਿਕ ਰਾਸ਼ੀ ਮਾਵਾਂ-ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਹੈ ਅਤੇ ਜਨਰਲ ਔਰਤਾਂ ਨੂੰ 1000 ਰੁਪਏ ਤੇ ਦਲਿਤ ਔਰਤਾਂ ਨੂੰ 1500 ਰੁਪਏ ਮਹੀਨਾਵਾਰ ਦੇਣ ਦਾ ਵਾਅਦਾ ਵੀ ਪੂਰਾ ਕੀਤਾ ਹੈ, ਜੋ ਕਿ ਇਤਿਹਾਸਕ ਫੈਸਲਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਧਰਮਕੋਟ ਤੋਂ ਬਲਾਕ ਪ੍ਰਧਾਨ ਤੇ ਸਰਪੰਚ ਰਾਜਵੀਰ ਸਿੰਘ ਕੰਗ ਕਿੱਲੀ ਗਾਂਧਰਾਂ ਨੇ ਪ੍ਰੈੱਸ ਨਾਲ ਸਾਂਝਾ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਦੀ ਯੋਜਨਾ ਮੁਤਾਬਕ ਇਸ ਸਕੀਮ ਦਾ ਮੁੱਖ ਉਦੇਸ਼ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੀਆਂ ਔਰਤਾਂ ਨੂੰ ਆਤਮ-ਨਿਰਭਰ ਬਣਾਉਣਾ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਜਾ ਰਹੇ ਹਨ ਤੇ ਲੋਕਾਂ ਦਾ ਆਮ ਆਦਮੀ ਪਾਰਟੀ ਪ੍ਰਤੀ ਵਿਸ਼ਵਾਸ ਵਧਦਾ ਜਾ ਰਿਹਾ ਹੈ ਅਤੇ 2027 ਦੇ ਦੀਆਂ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ।

## ਚੋਣ ਵਾਅਦਾ ਪੂਰਾ ਕਰਨ 'ਤੇ ਔਰਤਾਂ 'ਚ ਖੁਸ਼ੀ ਦੀ ਲਹਿਰ : ਮੇਅਰ ਇੰਦਰਜੀਤ ਕੌਰ



**ਲੁਧਿਆਣਾ (ਰਾਜ ਸਿੰਗਲਾ)**-ਸਮਾਜ ਦੇ ਹਰ ਖੇਤਰ ਨੂੰ ਸਸ਼ਕਤ ਬਣਾਉਣ ਲਈ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਸੂਬਾਈ ਬਜਟ ਵਿੱਚ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਦੇ ਐਲਾਨ 'ਤੇ ਨਿਵਾਸੀਆਂ ਨੂੰ ਵਧਾਈ ਦਿੱਤੀ, ਜਿਸ ਤਹਿਤ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1500 ਤੇ ਦੂਜਿਆਂ ਨੂੰ 1000 ਪ੍ਰਦਾਨ ਕੀਤੇ ਜਾਣਗੇ।ਮੇਅਰ ਇੰਦਰਜੀਤ ਕੌਰ ਨੇ ਕਿਹਾ ਕਿ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ 'ਆਪ' ਨੇ ਰਾਜ ਦੀਆਂ ਔਰਤਾਂ ਨਾਲ ਕੀਤੇ ਗਏ ਮੁੱਖ ਚੋਣ ਵਾਅਦੇ ਨੂੰ ਪੂਰਾ ਕੀਤਾ ਹੈ।ਮੇਅਰ ਨੇ ਕਿਹਾ ਕਿ 'ਆਪ' ਨੇ ਸੂਬੇ ਦੇ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਪੂਰੇ ਕੀਤੇ ਹਨ ਤੇ ਸਮਾਜ ਦੀ ਬਿਹਤਰੀ ਲਈ ਵੱਡੇ ਪੱਧਰ 'ਤੇ ਕੰਮ ਕਰਨਾ ਜਾਰੀ ਰੱਖੇਗੀ।ਮੇਅਰ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਔਰਤਾਂ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ ਦੀ ਵਧਾਈ ਦਿੱਤੀ।

## 'ਗੁਰਮਤਿ ਗਿਆਨ ਪ੍ਰੀਖਿਆ' 'ਚ ਵਿਦਿਆਰਥੀਆਂ ਨੇ ਹਾਸਲ ਕੀਤੇ ਵਜ਼ੀਫ਼ੇ



**ਸਮਰਾਲਾ (ਸੁਰਜੀਤ ਸਿੰਘ)**-ਸਕੂਲ ਪੱਧਰ 'ਤੇ ਵਿਦਿਆਰਥੀਆਂ ਨੂੰ ਪਵਿੱਤਰ ਗੁਰਬਾਣੀ ਨਾਲ ਜੋੜਨ ਤੇ ਅਧਿਆਤਮਿਕ ਗਿਆਨ ਹਾਸਲ ਕਰਨ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਵੱਲੋਂ ਹਰ ਸਾਲ ਕਰਾਈ ਜਾਂਦੀ ਗੁਰਮਤਿ ਗਿਆਨ ਪ੍ਰੀਖਿਆ ਵਿੱਚ ਨਨਕਾਣਾ ਸਾਹਿਬ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਰਾਮਪੁਰ ਦੇ 12 ਵਿਦਿਆਰਥੀਆਂ ਨੇ ਵਜ਼ੀਫ਼ੇ ਪ੍ਰਾਪਤ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ।ਸਕੂਲ ਪ੍ਰਿੰਸੀਪਲ ਜਸਵਿੰਦਰ ਸਿੰਘ ਨੇ ਦੱਸਿਆ ਕਿ ਸਕੂਲ ਰਾਮਪੁਰ ਦੇ 12 ਵਿਦਿਆਰਥੀਆਂ ਵੱਲੋਂ ਇਸ ਪ੍ਰੀਖਿਆ ਵਿੱਚ ਸਫਲਤਾ ਹਾਸਲ ਕਰਨਾ ਸਕੂਲ, ਇਲਾਕੇ ਤੇ ਮਾਪਿਆਂ ਲਈ ਫ਼ਖ਼ਰ ਵਾਲੀ ਗੱਲ ਹੈ।ਉਨ੍ਹਾਂ ਗੁਰਮਤਿ ਗਿਆਨ ਦੀ ਪ੍ਰੀਖਿਆ ਵਿੱਚ ਸਫ਼ਲਤਾ ਹਾਸਲ ਕਰਨ ਵਾਲੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।ਇਸਦੇ ਨਾਲ ਹੀ ਉਨ੍ਹਾਂ ਅਧਿਆਪਕਾਂ ਨੂੰ ਵੀ ਵਧਾਈ ਦਿੱਤੀ, ਜਿਨ੍ਹਾਂ ਦੀ ਸਖ਼ਤ ਮਿਹਨਤ ਦੀ ਬਦੌਲਤ ਵਿਦਿਆਰਥੀਆਂ ਨੇ ਇਹ ਮੁਕਾਮ ਹਾਸਲ ਕੀਤਾ।ਪ੍ਰਿੰਸੀਪਲ ਨੇ ਆਸ ਪ੍ਰਗਟ ਕੀਤੀ ਕਿ ਅਧਿਆਪਕਾਂ ਦੀ ਮਿਹਨਤ ਸਦਕਾ ਸਕੂਲ ਵਿਦਿਆਰਥੀ ਆਪਣੇ ਜੀਵਨ ਵਿੱਚ ਹੋਰ ਵੱਡੇ ਮੁਕਾਮ ਹਾਸਲ ਕਰਨਗੇ।ਸਕੂਲ ਦੇ ਜਿਨ੍ਹਾਂ ਵਿਦਿਆਰਥੀਆਂ ਨੇ ਵਜ਼ੀਫ਼ੇ ਹਾਸਲ ਕੀਤੇ, ਉਨ੍ਹਾਂ ਵਿੱਚ ਗੁਰਪੁਨੀਤ ਕੌਰ, ਬਿਪਸਦੀਪ ਕੌਰ, ਜਸਮਨਪ੍ਰੀਤ ਕੌਰ, ਦਲਵੀਰ ਕੌਰ, ਬਲਜੋਤ ਸਿੰਘ ਨੂੰ ਇੱਕੀ-ਇੱਕੀ ਸੌ ਵਜ਼ੀਫਾ ਮਿਲੇਗਾ ਤੇ ਪ੍ਰਭਦੀਪ ਕੌਰ, ਹਰਲੀਨ ਕੌਰ, ਗੋਬਿੰਦ ਸਿੰਘ, ਪ੍ਰਤਾਪ ਸਿੰਘ, ਸਿਮਰਨਜੋਤ ਕੌਰ, ਏਕਮਪ੍ਰੀਤ ਕੌਰ, ਜਸਨੂਰ ਕੌਰ ਨੂੰ ਗਿਆਰਾਂ-ਗਿਆਰਾਂ ਸੌ ਦੇ ਵਜ਼ੀਫ਼ੇ ਮਿਲਣਗੇ।ਵਿਦਿਆਰਥੀਆਂ ਨੂੰ ਗੁਰਮਤਿ ਸਿੱਖਿਆ ਦੀ ਸਿਖਲਾਈ ਮੈਡਮ ਗੁਰਮੀਤ ਕੌਰ ਤੇ ਦੀਪਇੰਦਰ ਕੌਰ ਨੇ ਦਿੱਤੀ।

## ਬਜਟ ਨੇ ਲੋਕਾਂ ਦੀਆਂ ਉਮੀਦਾਂ 'ਤੇ ਪਾਣੀ ਫੇਰਿਆ : ਡਾ. ਸ਼ਰਮਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤੇ ਸਰਕਾਰ ਦੇ ਆਖਰੀ ਬਜਟ ਨੇ ਲੋਕਾਂ ਦੀਆਂ ਆਸਾਂ ਉਮੀਦਾਂ ਉਪਰ ਪਾਣੀ ਫੇਰ ਦਿੱਤਾ ਹੈ।ਇਹ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਜਨਰਲ ਸਕੱਤਰ ਡਾ. ਬਲਵੰਤ ਰਾਏ ਸ਼ਰਮਾ ਨੇ ਕੀਤਾ। ਉਨ੍ਹਾਂ ਕਿਹਾ ਕਿ ਊਠ ਦੇ ਬੁੱਲ੍ਹ ਦੇ ਡਿੱਗਣ ਦੇ ਅਖਾਣ ਵਾਂਗ ਹਲਕਾ ਮਹਿਲ ਕਲਾਂ ਦੇ ਲੋਕ ਪਿਛਲੇ ਚਾਰ ਸਾਲ ਤੋਂ ਉਡੀਕ ਰਹੇ ਹਨ ਕਿ ਤਹਿਸੀਲ ਕੰਪਲੈਕਸ ਦੀ ਉਸਾਰੀ ਲਈ ਫੰਡ, ਇਤਿਹਾਸਕ ਪਿੰਡ ਠੀਕਰੀਵਾਲ ਵਿਖੇ ਸਰਕਾਰ ਵੱਲੋਂ ਐਲਾਨ ਕੀਤੇ ਗਏ ਨਰਸਿੰਗ ਕਾਲਜ ਦੀ ਉਸਾਰੀ ਲਈ ਗ੍ਰਾਂਟ, ਪਿੰਡਾਂ ਦੇ ਅਧੂਰੇ ਪਏ ਵਿਕਾਸ ਕਾਰਜਾਂ ਲਈ ਫੰਡ, ਬੁਢਾਪਾ, ਵਿਧਵਾ, ਅੰਗਹੀਣ ਪੈਨਸ਼ਨਾਂ ਅਤੇ ਸ਼ਗਨ ਸਕੀਮ ਰਾਸ਼ੀ 'ਚ ਵਾਧਾ, ਬੱਸ ਸਟੈਂਡ ਮਹਿਲ ਕਲਾਂ ਦੇ ਮੁੱਖ ਬਾਜ਼ਾਰ ਤੇ ਪਿੰਡਾਂ ਦੇ ਗੰਦੇ ਪਾਣੀ ਦੇ ਨਿਕਾਸ ਵਲ ਉਕਾ ਹੀ ਧਿਆਨ ਨਹੀਂ ਦਿੱਤਾ ਗਿਆ।ਕਾਂਗਰਸੀ ਆਗੂ ਨੇ ਕਿਹਾ ਕਿ ਪਿੰਡਾਂ ਵਿੱਚ ਸ਼ੁਰੂ ਕੀਤੇ ਗਏ ਵਿਕਾਸ ਕਾਰਜ ਵੀ ਫੰਡ ਨਾ ਹੋਣ ਕਰਕੇ ਅੱਧ ਵਿਚਕਾਰ ਲਮਕ ਰਹੇ ਹਨ, ਜਿਸ ਕਰਕੇ ਲੋਕਾਂ ਵਿੱਚ ਸਰਕਾਰ ਪ੍ਰਤੀ ਰੋਸ ਪਾਇਆ ਜਾ ਰਿਹਾ ਹੈ।ਇੱਕ ਸੁਆਲ ਦੇ ਜੁਆਬ 'ਚ ਡਾ. ਸ਼ਰਮਾ ਨੇ ਕਿਹਾ ਹੁਣ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਬੀਬੀਆਂ ਨੂੰ ਸ਼ਰਤਾਂ ਤਹਿਤ 1000 ਰੁਪਏ ਮਹੀਨਾ ਦੇਣ ਦਾ ਐਲਾਨ ਸਿਰਫ ਡਰਾਮੇਬਾਜ਼ੀ ਤੋ ਸਿਵਾਏ ਹੋਰ ਕੱਖ ਨਹੀਂ ਹੈ।ਉਨ੍ਹਾਂ ਦਾਅਵੇ ਨਾਲ ਕਿਹਾ ਕਿ ਆ ਰਹੀਆਂ ਵਿਧਾਨ ਸਭਾ ਚੋਣਾਂ ਦੌਰਾਨ ਸੂਬੇ ਦੇ ਲੋਕ ਹੋਈਆਂ ਧੱਕੇਸ਼ਾਹੀਆਂ, ਗੁੰਮਰਾਹ ਕਰਨ ਵਾਲੇ ਫੋਕੇ ਲਾਰਿਆਂ ਦਾ ਹਿਸਾਬ-ਕਿਤਾਬ ਜ਼ਰੂਰ ਬਰਾਬਰ ਕਰਨਗੇ।

## ਝਾੜ ਸਾਹਿਬ ਕਾਲਜ ਵਿਖੇ ਸਾਲਾਨਾ ਐਥਲੈਟਿਕ ਮੀਟ ਕਰਵਾਈ

### ਸਿਮਰਨਜੀਤ ਕੌਰ ਬਣੀ ਬੈਸਟ ਐਥਲੀਟ



**ਸਮਰਾਲਾ/ਮਾਛੀਵਾੜਾ ਸਾਹਿਬ (ਸੁਰਜੀਤ ਸਿੰਘ/ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਵਿਖੇ ਪ੍ਰਿੰਸੀਪਲ ਡਾ. ਰਜਿੰਦਰ ਕੌਰ ਦੀ ਅਗਵਾਈ ਹੇਠ ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਤ ਐਥਲੈਟਿਕ ਮੀਟ ਕਰਵਾਈ ਗਈ।ਸ਼ਬਦ ਗਾਇਨ ਉਪਰੰਤ ਮੁੱਖ ਮਹਿਮਾਨ ਕੈਪਟਨ ਸੰਦੀਪ ਕੁਮਾਰ ਪ੍ਰੋਫੈਸਰ ਤੇ ਐੱਚ.ਓ.ਡੀ. ਰੱਖਿਆ ਅਤੇ ਰਣਨੀਤਕ ਅਧਿਐਨ ਨੇ ਕਾਲਜ ਦੇ ਵੱਖ-ਵੱਖ ਵਿਭਾਗਾਂ ਦੀਆਂ ਵਿਦਿਆਰਥਣਾਂ ਵੱਲੋਂ ਕੀਤੇ ਮਾਰਚ ਪਾਸਟ ਤੋਂ ਸਲਾਮੀ ਲਈ ਤੇ ਝੰਡਾ ਲਹਿਰਾਉਣ ਦੀ ਰਸਮ ਅਦਾ ਕੀਤੀ।ਖੇਡਾਂ ਦੇ ਖੇਤਰ ਵਿੱਚ ਵਿਸ਼ੇਸ਼ ਮਾਣ ਪ੍ਰਾਪਤ ਕਰਨ ਵਾਲੀਆਂ ਵਿਦਿਆਰਥਣਾਂ ਜਸਮੀਨ ਕੌਰ, ਸਿਮਰਨਪ੍ਰੀਤ ਕੌਰ, ਪ੍ਰਭਜੋਤ ਕੌਰ, ਕਿਰਨਦੀਪ ਕੌਰ, ਗਗਨਦੀਪ ਕੌਰ ਤੇ ਹਰਮਨਜੋਤ ਕੌਰ ਨੇ ਮਸ਼ਾਲ ਜਗਾਉਣ ਦੀ ਰਸਮ ਅਦਾ ਕੀਤੀ।ਹਰਮਨਜੀਤ ਕੌਰ ਨੇ ਸਮੂਹ ਖਿਡਾਰਣਾਂ ਵੱਲੋਂ ਖੇਡ ਭਾਵਨਾ ਨਾਲ ਮੁਕਾਬਲਿਆਂ ਵਿੱਚ ਭਾਗ ਲੈਣ ਦੀ ਸ਼ਪਥ ਲਈ।ਮੁੱਖ ਮਹਿਮਾਨ ਵੱਲੋਂ ਸ਼ਾਂਤੀ ਤੇ ਆਜ਼ਾਦੀ ਦੇ ਪ੍ਰਤੀਕ ਕਬੂਤਰ ਉਡਾ ਕੇ ਖੇਡਾਂ ਦੀ ਸ਼ੁਰੂਆਤ ਦਾ ਐਲਾਨ ਕੀਤਾ ਗਿਆ।ਡਾ. ਰਣਜੀਤ ਕੌਰ ਨੇ ਮਹਿਮਾਨਾਂ ਦਾ ਸਵਾਗਤ ਕੀਤਾ ਤੇ ਕਾਲਜ ਦੀ ਸਾਲਾਨਾ ਰਿਪੋਰਟ ਪੇਸ਼ ਕੀਤੀ।ਇਸ ਐਥਲੈਟਿਕ ਮੀਟ ਵਿੱਚ 100, 200 ਤੇ 800 ਮੀਟਰ ਦੌੜ, ਰਿਲੇਅ ਰੇਸ, ਸ਼ਾਟਪੁੱਟ, ਡਿਸਕਸ ਥ੍ਰੋ, ਜੈਵਲਿਨ ਥ੍ਰੋ, ਲੰਮੀ ਛਾਲ, ਰੱਸੀ ਟੱਪਦੇ ਹੋਏ ਦੌੜ, ਤਿੰਨ ਟੰਗੀ ਦੌੜ, ਲੈਮਨ ਐਂਡ ਸਪੂਨ ਰੇਸ, ਰੱਸੀਕਸ਼ੀ ਤੇ ਸੈਕ ਰੇਸ ਆਦਿ ਮੁਕਾਬਲੇ ਕਰਵਾਏ ਗਏ।ਮਾਰਚ ਪਾਸਟ ਦੀ ਵਧੀਆ ਪੇਸ਼ਕਾਰੀ ਲਈ ਆਰਟਸ ਵਿਭਾਗ ਜੇਤੂ ਰਿਹਾ।ਡਿਸਕਸ ਥ੍ਰੋ 'ਚ ਪ੍ਰਭਜੋਤ ਕੌਰ ਪਹਿਲਾ, ਸਿਮਰਨਪ੍ਰੀਤ ਕੌਰ ਦੂਜਾ ਤੇ ਹਰਮਨਜੋਤ ਕੌਰ ਤੀਜਾ ਸਥਾਨ, ਲੰਮੀ ਛਾਲ 'ਚ ਸਿਮਰਨਜੀਤ ਕੌਰ ਪਹਿਲਾ, ਤਨਵੀਰ ਕੌਰ ਦੂਜਾ ਤੇ ਸੀਮਾ ਰਾਣੀ ਤੀਜਾ ਸਥਾਨ, ਸ਼ਾਟਪੁੱਟ 'ਚ ਹਰਮਨਜੋਤ ਕੌਰ ਪਹਿਲਾ, ਪ੍ਰਭਜੋਤ ਕੌਰ ਦੂਜਾ ਤੇ ਸਿਮਰਨਪ੍ਰੀਤ ਕੌਰ ਤੀਜਾ ਸਥਾਨ, ਤਿੰਨ ਟੰਗੀ ਦੌੜ 'ਚ ਹਰਪ੍ਰੀਤ ਕੌਰ ਤੇ ਏਕਮਜੋਤ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਹੋਰ ਮੁਕਾਬਲਿਆਂ ਵਿੱਚ ਵੀ ਵਿਦਿਆਰਥਣਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਖੇਡਾਂ ਵਿੱਚ ਵਧੀਆ ਪ੍ਰਾਪਤੀਆਂ ਕਰਨ ਵਾਲੀਆਂ ਖਿਡਾਰਣਾਂ ਨੂੰ ਵਿਸ਼ੇਸ਼ ਸਨਮਾਨ ਦਿੱਤਾ ਗਿਆ। ਸਿਮਰਨਜੀਤ ਕੌਰ ਨੂੰ ਬੈਸਟ ਐਥਲੀਟ ਘੋਸ਼ਿਤ ਕੀਤਾ ਗਿਆ।ਖੇਡ ਮਿਊਜ਼ਿਕਲ ਚੇਅਰ ਦੇ ਜੇਤੂ ਵਰਿੰਦਰਪਾਲ ਸਿੰਘ ਰਹੇ।ਸੁਰਿੰਦਰਪਾਲ ਸਿੰਘ ਨੇ ਆਪਣੀ ਸੁਪਤਨੀ ਪਰਮਜੀਤ ਕੌਰ ਦੇ ਨਾਮ 'ਤੇ ਹਰ ਸਾਲ ਵਿਦਿਆਰਥਣਾਂ ਦੀ ਪੜ੍ਹਾਈ ਲਈ 5100 ਰੁਪਏ ਦੀ ਸਹਾਇਤਾ ਦੇਣ ਦਾ ਐਲਾਨ ਕੀਤਾ।

ਮੁੱਖ ਮਹਿਮਾਨ ਵੱਲੋਂ ਜੇਤੂ ਖਿਡਾਰਣਾਂ ਨੂੰ ਇਨਾਮ ਤਕਸੀਮ ਕੀਤੇ ਗਏ ਤੇ ਆਏ ਹੋਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।ਅੰਤ ਵਿੱਚ ਡਾ. ਮਹੀਪਿੰਦਰ ਕੌਰ ਨੇ ਧੰਨਵਾਦ ਪ੍ਰਗਟ ਕੀਤਾ ਤੇ ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਡਾ. ਅਮਨਪ੍ਰੀਤ ਕੌਰ ਕੰਗ ਨੇ ਨਿਭਾਈ।

## ਸ਼ਹੀਦ ਊਧਮ ਸਿੰਘ ਵੈੱਲਫ਼ੇਅਰ ਕਲੱਬ ਦੀ ਮੀਟਿੰਗ ਹੋਈ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**

ਸ਼ਹੀਦ ਊਧਮ ਸਿੰਘ ਵੈਲਫੇਅਰ ਕਲੱਬ ਦੀ ਮੀਟਿੰਗ ਕਲੱਬ ਪ੍ਰਧਾਨ ਸੁਰਿੰਦਰ ਧੀਰ ਦੀ ਪ੍ਰਧਾਨਗੀ ਹੇਠ ਯੂ.ਈ.ਐਸ.ਸੀ. ਟਿਊਸ਼ਨ ਸੈਂਟਰ ਵਿਖੇ ਹੋਈ।ਪਹਿਲਾਂ ਪਿਛਲੇ ਦਿਨਾਂ ਦੌਰਾਨ ਵਿਛੜ ਚੁੱਕੇ ਮਹਿਰਾਜ ਕਲੋਨੀ ਵਾਸੀਆਂ ਨੂੰ ਇੱਕ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।

ਉਪਰੰਤ ਜਨਰਲ ਸਕੱਤਰ ਹੈੱਡਮਾਸਟਰ ਲਾਭ ਸਿੰਘ ਸਿੱਧੂ ਨੇ ਕਲੱਬ ਦੀਆਂ ਪਿਛਲੇ ਸਮੇਂ ਦੀਆਂ ਗਤੀਵਿਧੀਆਂ 'ਤੇ ਜਾਣਕਾਰੀ ਦਿੱਤੀ ਤੇ ਵਰਤਮਾਨ ਮੀਟਿੰਗ ਦੇ ਏਜੰਡਿਆਂ 'ਤੇ ਰੌਸ਼ਨੀ ਪਾਈ।ਇਨ੍ਹਾਂ ਏਜੰਡਿਆਂ ਵਿੱਚੋਂ ਕੁਝ 'ਤੇ ਸਹਿਮਤੀ ਪ੍ਰਗਟਾਈ ਗਈ ਤੇ ਕੁਝ ਮਸਲਿਆਂ ਸਬੰਧੀ ਹਲਕਾ ਵਿਧਾਇਕ ਨੂੰ ਮਿਲਣ ਲਈ ਵਿਚਾਰ ਕੀਤਾ ਗਿਆ।ਸਮੂਹ ਮੈਂਬਰਾਂ ਵੱਲੋਂ ਮਹਿਰਾਜ ਕਲੋਨੀ ਵਾਸੀ ਕੁਲਦੀਪ ਸਿੰਘ ਕੌਂਸਲਰ, ਗੁਰਪ੍ਰੀਤ ਸਿੰਘ ਤੇ ਰਕੇਸ਼ ਵਿਜੈ ਮਾਰਕਫੈੱਡ ਵੱਲੋਂ ਪਹਿਲੀ ਵਾਰ ਮੀਟਿੰਗ ਵਿੱਚ ਸ਼ਿਰਕਤ ਕਰਨ 'ਤੇ ਉਨ੍ਹਾਂ ਦਾ ਸਵਾਗਤ ਕੀਤਾ ਗਿਆ।ਨਵੇਂ ਮੈਂਬਰਾਂ ਨੇ ਕਿਹਾ ਕਿ ਉਨ੍ਹਾਂ ਨੂੰ ਮੀਟਿੰਗ ਵਿੱਚ ਹਾਜ਼ਰ ਹੋ ਕੇ ਬਹੁਤ ਜਿਆਦਾ ਖੁਸ਼ੀ ਹੋਈ ਹੈ ਤੇ ਉਹ ਹਮੇਸ਼ਾ ਕਲੱਬ ਦੀ ਬੇਹਤਰੀ ਲਈ ਉਨ੍ਹਾਂ ਨਾਲ ਖੜੇ ਹਨ। ਮੀਟਿੰਗ ਵਿੱਚ ਉਠਾਏ ਗਏ ਨੁਕਤਿਆਂ ਨੂੰ ਵਿਚਾਰਦਿਆਂ ਕਰਮ ਸਿੰਘ ਭੁੱਲਰ, ਜਿਉਣ ਸਿੰਘ ਖਾਲਸਾ, ਅਮਨਦੀਪ ਸਿੰਘ ਹੈਪੀ ਢਿੱਲੋਂ, ਬਲਵੀਰ ਸਿੰਘ ਸਿੱਧੂ ਬੱਜੋਆਣਾ, ਸੱਤਪਾਲ ਸ਼ਰਮਾ ਤੇ ਗਗਨਦੀਪ ਬਾਂਸਲ ਨੇ ਆਪੋ-ਆਪਣੇ ਕੀਮਤੀ ਸੁਝਾਅ ਪੇਸ਼ ਕੀਤੇ।ਵਿੱਤ ਸਕੱਤਰ ਦਵਿੰਦਰ ਕੁਮਾਰ ਗਰਗ ਵੱਲੋਂ ਸਮੁੱਚੇ ਹਾਜ਼ਰੀਨ ਨੂੰ ਮੈਂਬਰਸ਼ਿਪ ਫੀਸ ਤੇ ਵਾਰਸ਼ਿਕ ਚੰਦੇ ਦੀ ਅਹਿਮੀਅਤ ਬਾਰੇ ਜਾਣਕਾਰੀ ਦਿੱਤੀ। ਧੀਰ ਨੇ ਕਿਹਾ ਕਿ ਕਲੱਬ ਦਾ ਹਰ ਮੈਂਬਰ ਇੱਕ ਜ਼ਿੰਮੇਵਾਰ ਅਹੁਦੇਦਾਰ ਹੀ ਹੈ।ਇਸ ਲਈ ਹਰ ਮੈਂਬਰ ਕਲੱਬ ਲਈ ਸਮਰਪਤ ਭਾਵਨਾ ਨਾਲ ਆਪੋ ਆਪਣੀ ਸੇਵਾ ਨਿਭਾਉਂਦੇ ਹੋਏ ਕਾਰਜਸ਼ੀਲ ਰਹੇ ਤਾਂ ਜੁ ਵੱਧ ਤੋਂ ਵੱਧ ਦਰਪੇਸ਼ ਸਮੱਸਿਆਵਾਂ ਨੂੰ ਹੱਲ ਕੀਤਾ ਜਾ ਸਕੇ।

## ਲੋਕ ਸਰਕਾਰ ਦੀਆਂ ਵੋਟ ਬੈਂਕ ਬਚਾਊ ਚਾਲਾਂ ਨੂੰ ਬਾਖੂਬੀ ਸਮਝਦੇ : ਸਿਕੰਦਰ/ਭਰਪੂਰ

**ਸਮਰਾਲਾ (ਸੁਰਜੀਤ ਸਿੰਘ)**-ਪਹਿਲੀਆਂ ਸਰਕਾਰਾਂ ਦੇ ਨਕਸ਼ੇ ਕਦਮ 'ਤੇ ਚਲਦਿਆਂ 'ਆਪ' ਸਰਕਾਰ ਨੇ ਵੀ ਚੋਣ ਵਰ੍ਹੇ ਦੇ ਮੱਦੇਨਜ਼ਰ ਪੰਜਾਬ ਦੇ ਲੋਕਾਂ ਨੂੰ ਲੋਲੀਪੌਪ ਦੇ ਰੂਪ ਵਿੱਚ ਨਿਗੂਣੀ ਜਿਹੀਆਂ ਰਿਆਇਤਾਂ ਦੇ ਕੇ ਖੁਸ਼ ਕਰਨ ਦੀ ਕੋਸ਼ਿਸ਼ ਕੀਤੀ ਹੈ।ਮੌਜੂਦਾ ਬਜਟ ਵਿੱਚ ਔਰਤਾਂ ਨੂੰ 1000/1500 ਰੁਪਏ ਦਿੱਤੇ ਗਏ ਹਨ।ਇਹ ਵਾਅਦਾ ਅੱਜ ਤੋਂ ਚਾਰ ਸਾਲ ਪਹਿਲਾਂ ਕੀਤਾ ਗਿਆ ਸੀ। ਇਸੇ ਤਰ੍ਹਾਂ ਬਿਜਲੀ ਖਪਤ ਵਿੱਚ 1.50 ਰੁਪਏ ਪ੍ਰਤੀ ਯੂਨਿਟ ਦੀ ਛੋਟ, ਸਾਰਿਆਂ ਨੂੰ 600 ਯੂਨਿਟ ਮੁਫਤ ਬਿਜਲੀ ਤੇ ਇਸ ਤੋਂ ਪਹਿਲਾਂ ਦਸ ਲੱਖ ਦਾ ਸਿਹਤ ਬੀਮਾ ਸਕੀਮ ਲਾਗੂ ਕਰਨਾ ਆਦਿ।ਇਨ੍ਹਾਂ ਸਹੂਲਤਾਂ ਦਾ ਸਰਕਾਰ ਨੇ ਅਖ਼ਬਾਰਾਂ ਤੇ ਹੋਰ ਸੰਚਾਰ ਮਾਧਿਅਮਾਂ ਰਾਹੀਂ ਜ਼ੋਰਦਾਰ ਪ੍ਰਚਾਰ ਕਰਨਾ ਸ਼ੁਰੂ ਕਰ ਦਿੱਤਾ ਹੈ, ਤਾਂ ਜੋ ਆਉਂਦੀਆਂ ਚੋਣਾਂ ਵਿੱਚ ਲੋਕ ਸਾਲ 2022 ਵਾਂਗ 'ਆਪ' ਦੇ ਹੱਕ ਵਿੱਚ ਭੁਗਤਣ, ਪਰ ਇਹ ਤਾਂ ਸਮਾਂ ਹੀ ਦੱਸੇਗਾ।ਇਸ ਸਮੇਂ ਸਰਕਾਰ ਸਿਰਫ ਤੇ ਸਿਰਫ ਵੋਟ ਬੈਂਕ ਨੂੰ ਧਿਆਨ ਵਿੱਚ ਰੱਖ ਕੇ ਸਹੂਲਤਾਂ ਦਾ ਐਲਾਨ ਕਰ ਰਹੀ ਹੈ, ਜਦਕਿ ਸਰਕਾਰੀ ਮੁਲਾਜ਼ਮ ਆਪਣੀਆਂ ਹੱਕੀ ਮੰਗਾਂ ਲਈ ਲੰਮੇ ਸਮੇਂ ਤੋਂ ਸਰਕਾਰ ਵਿਰੁੱਧ ਰੋਸ ਮੁਜ਼ਾਹਰੇ ਕਰ ਰਹੇ ਹਨ।ਗੁਆਂਢੀ ਰਾਜਾਂ ਹਰਿਆਣਾ, ਹਿਮਾਚਲ, ਦਿੱਲੀ ਤੇ ਰਾਜਸਥਾਨ ਨੇ ਆਪਣੇ ਮੁਲਾਜ਼ਮਾਂ ਨੂੰ ਮਹਿੰਗਾਈ ਭੱਤੇ ਦੀਆਂ ਸਾਰੀਆਂ ਕਿਸ਼ਤਾਂ ਅਦਾ ਕਰ ਦਿੱਤੀਆਂ ਹਨ, ਪਰ ਪੰਜਾਬ ਦੀ ਮੌਜੂਦਾ ਤੇ ਪਹਿਲੀਆਂ ਸਰਕਾਰਾਂ ਨੇ ਅਜੇ ਤੱਕ ਕੁਝ ਨਹੀਂ ਦਿੱਤਾ, ਲਿਹਾਜ਼ਾ ਸਰਕਾਰੀ ਮੁਲਜ਼ਮ ਤੇ ਪੈਨਸ਼ਨਰਜ਼ ਮੰਗਾਂ ਲਈ ਜੂਝ ਰਹੇ ਹਨ। ਪਾਵਰਕਾਮ ਦੀ ਪੈਨਸ਼ਨ ਐਸੋਸੀਏਸ਼ਨ ਦੇ ਸਮਰਾਲਾ ਮੰਡਲ ਦੇ ਪ੍ਰਧਾਨ ਸਿਕੰਦਰ ਸਿੰਘ ਤੇ ਸਰਕਲ ਪ੍ਰਧਾਨ ਭਰਪੂਰ ਸਿੰਘ ਨੇ ਕਿਹਾ ਕਿ 'ਆਪ' ਸਰਕਾਰ ਮੁਲਾਜ਼ਮ ਮੰਗਾਂ ਨੂੰ ਦਰਕਿਨਾਰ ਕਰਕੇ ਆਪਣੇ ਵੋਟ ਬੈਂਕ 'ਤੇ ਫੋਕਸ ਕਰ ਰਹੀ ਹੈ, ਜਦਕਿ ਮੁਲਾਜ਼ਮ ਸਰਕਾਰ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ।ਇਤਿਹਾਸ ਗਵਾਹ ਹੈ ਕਿ ਜਦੋਂ ਕਿਸੇ ਸਰਕਾਰ ਦੀ ਮੁਲਾਜ਼ਮ ਜਮਾਤ ਸਰਕਾਰ ਖਿਲਾਫ ਹੋ ਜਾਵੇ ਤਾਂ ਉਸ ਸਰਕਾਰ ਦਾ ਅਵੱਸ਼ ਤਖ਼ਤਾ ਪਲਟ ਹੁੰਦਾ ਹੈ।ਉਨ੍ਹਾਂ ਕਿਹਾ ਕਿ ਜੇਕਰ 'ਆਪ' ਸਰਕਾਰ ਅਪਣਾ ਦਾਮਨ ਬਚਾਉਣਾ ਚਾਹੁੰਦੀ ਹੈ ਤਾਂ ਸਮਾਂ ਰਹਿੰਦਿਆਂ ਉਸ ਨੂੰ ਵਿਵੇਕ ਤੋਂ ਕੰਮ ਲੈਣਾ ਚਾਹੀਦਾ ਹੈ ਅਤੇ ਮੁਲਾਜ਼ਮਾਂ ਦੀਆਂ ਮੰਗਾਂ 'ਤੇ ਗੌਰ ਕਰਨੀ ਚਾਹੀਦੀ ਹੈ।

## ਬਜਟ ਨੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਨਿਰਾਸ਼ ਕੀਤਾ

**ਲੁਧਿਆਣਾ (ਰੈਕਟਰ ਕਥੂਰੀਆ)**-ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੰਜਾਬ ਵਿਧਾਨ ਸਭਾ ਵਿੱਚ ਆਪਣੀ ਸਰਕਾਰ ਦੇ ਪੇਸ਼ ਕੀਤੇ ਗਏ ਆਖਰੀ ਬਜਟ ਨੂੰ 2027 ਵਿੱਚ ਆ ਰਹੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਪੇਸ਼ ਕੀਤਾ ਗਿਆ।ਇਸ ਬਜਟ ਵਿੱਚ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਵਿਧਾਨ ਸਭਾ ਚੋਣਾਂ 2022 ਤੋਂ ਪਹਿਲਾਂ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ 1000 ਰੁਪਏ ਮਹੀਨਾ ਦੇਣ ਦੇ ਕੀਤੇ ਗਏ ਵਾਅਦੇ ਦਾ 48 ਮਹੀਨਿਆਂ ਦਾ ਬਕਾਇਆ ਰਾਸ਼ੀ ਹਜ਼ਮ ਕਰਕੇ ਹੁਣ ਇਸ ਨੂੰ ਆਖਰੀ ਸਾਲ ਦੌਰਾਨ ਲੋਕ ਪੱਖੀ ਬਣਾਉਣ ਦਾ ਕੋਝਾ ਮਜ਼ਾਕ ਕੀਤਾ ਗਿਆ ਹੈ।ਇਸ ਬਜਟ ਨੇ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਬੁਰੀ ਤਰ੍ਹਾਂ ਨਿਰਾਸ਼ ਕੀਤਾ ਹੈ।ਵਿੱਤ ਮੰਤਰੀ ਪੰਜਾਬ ਨੂੰ ਵੱਖ ਵੱਖ ਵਿਭਾਗਾਂ ਵਿੱਚ ਕੰਮ ਕਰਦੇ ਠੇਕਾ ਤੇ ਆਊਟਸੋਰਸ ਮੁਲਾਜ਼ਮ ਰੈਗੂਲਰ ਕਰਨੇ ਯਾਦ ਨਹੀਂ ਆਏ, ਪੁਰਾਣੀ ਸਕੀਮ ਬਹਾਲ ਕਰਨ ਦੀ ਦਿੱਤੀ ਗਈ ਗਰੰਟੀ ਨੂੰ ਅਮਲੀ ਜਾਮਾ ਪਹਿਨਾਉਣਾ ਵੀ ਯਾਦ ਨਹੀਂ ਆਇਆ, ਜਿਸ ਦੀਆਂ ਤਖਤੀਆਂ ਫੜ ਕੇ ਪਿਛਲੀਆਂ ਹੁਕਮਰਾਨ ਸਰਕਾਰਾਂ ਵੇਲੇ ਮੁਲਾਜ਼ਮਾਂ ਦੇ ਧਰਨਿਆਂ ਵਿੱਚ ਆ ਕੇ ਬੈਠਦੇ ਰਹੇ ਸਨ।ਆਮ ਆਦਮੀ ਪਾਰਟੀ ਦੇ ਚੋਣ ਮਨੋਰਥ ਪੱਤਰ ਵਿੱਚ ਆਸ਼ਾ ਵਰਕਰ, ਮਿਡ-ਡੇ ਮੀਲ ਵਰਕਰ ਤੇ ਆਂਗਣਵਾੜੀ ਵਰਕਰਾਂ ਦਾ ਮਾਣ ਭੱਤਾ ਦੁੱਗਣਾ ਕਰਨ ਦਾ ਵਾਅਦਾ ਪੂਰਾ ਕਰਨਾ ਵੀ ਸਰਕਾਰ ਭੁੱਲ ਗਈ। ਇਸ ਤੋਂ ਇਲਾਵਾ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮਹਿੰਗਾਈ ਭੱਤੇ ਦੀਆਂ 16 ਫੀਸਦੀ ਦੀ ਦਰ ਨਾਲ ਬਕਾਇਆ ਪਈਆਂ ਪੰਜ ਕਿਸ਼ਤਾਂ ਵੀ ਯਾਦ ਨਹੀਂ ਆਈਆਂ।ਪੁਰਾਣੀਆਂ ਹੁਕਮਰਾਨ ਸਰਕਾਰਾਂ ਵੱਲੋਂ ਨੌਜਵਾਨਾਂ ਦਾ ਆਰਥਿਕ ਸ਼ੋਸ਼ਣ ਕਰਨ ਲਈ ਕੇਵਲ ਮੁੱਢਲੀ ਤਨਖਾਹ ਤੇ ਭਰਤੀਆਂ ਅਤੇ ਕੇਂਦਰੀ ਪੈਟਰਨ ਅਨੁਸਾਰ ਤਨਖਾਹ ਸਕੇਲ ਜਾਰੀ ਰੱਖਣ ਦੀ ਪ੍ਰਕਿਰਿਆ ਨੇ ਵੀ ਇਹ ਸਾਬਿਤ ਕਰ ਦਿੱਤਾ ਹੈ ਕਿ ਇਹ ਸਰਕਾਰ ਵੀ ਲੋਕ ਤੇ ਮੁਲਾਜ਼ਮ ਵਿਰੋਧੀ ਸਰਕਾਰ ਸਾਬਿਤ ਹੋਈ ਹੈ।ਇਸ ਲਈ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਸਰਪ੍ਰਸਤ ਚਰਨ ਸਿੰਘ ਸਰਾਭਾ ਤੇ ਜਨਰਲ ਸਕੱਤਰ ਸੁਰਿੰਦਰ ਪੁਆਰੀ ਨੇ ਵਿੱਤ ਮੰਤਰੀ ਵੱਲੋਂ ਪੇਸ਼ ਕੀਤੇ ਬਜਟ ਨੂੰ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਲਈ 'ਖਾਲੀ ਪੀਪਾ ਬਜਟ' ਕਰਾਰ ਦਿੱਤਾ।

## ਧੂਰੀ ਹਲਕੇ ਦੇ ਵਿਕਾਸ ਲਈ ਹਰ ਸਿਆਸੀ ਲੜਾਈ ਲੜਾਂਗਾ : ਗੋਲਡੀ



**ਧੂਰੀ (ਮਨੋਹਰ ਸਿੰਘ ਸੱਗੂ)**-ਧੂਰੀ ਦੇ ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਉਹ ਧੂਰੀ ਦੇ ਵਿਧਾਇਕ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਚੋਣ ਲੜਨ ਲਈ ਤਿਆਰ ਹਨ ਅਤੇ ਧੂਰੀ ਹਲਕੇ ਦਾ ਵਿਕਾਸ ਕਰਵਾਉਣਾ ਹੀ ਮੇਰਾ ਮੁੱਖ ਮੰਤਵ ਹੈ ਤੇ ਆਪਣੇ ਮਕਸਦ ਲਈ ਮੈਂ ਹਰ ਸਿਆਸੀ ਲੜਾਈ ਲਈ ਤਿਆਰ ਹਾਂ।ਸ੍ਰ: ਦਲਵੀਰ ਸਿੰਘ ਗੋਲਡੀ ਇਥੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ।ਉਨ੍ਹਾਂ ਕਿਹਾ ਪੰਜਾਬ ਦੇ ਬਰਨਾਲਾ ਸ਼ਹਿਰ ਵਿੱਚ ਮਨਰੇਗਾ ਸਕੀਮ ਨੂੰ ਬਚਾਉਣ ਲਈ ਕਾਂਗਰਸ ਪਾਰਟੀ ਦੀ ਰੈਲੀ ਪੰਜਾਬ ਅੰਦਰ ਇਤਿਹਾਸ ਲਿਖ ਚੁੱਕੀ ਹੈ ਤੇ ਰੈਲੀ ਨੇ ਸਾਬਿਤ ਕਰ ਦਿੱਤਾ ਕਿ ਪੰਜਾਬ ਦੇ ਲੋਕਾਂ ਨੇ ਰਾਹੁਲ ਗਾਂਧੀ ਨੂੰ ਭਰਪੂਰ ਪਿਆਰ ਦਿੱਤਾ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ ਪੰਜਾਬ ਅੰਦਰ ਮੌਜੂਦਾ ਸਰਕਾਰ ਨੇ ਪੰਜਾਬ ਦੇ ਲੋਕਾਂ ਨੂੰ ਨਿਰਾਸ਼ ਕਰਨ ਦੇ ਨਾਲ ਨਾਲ ਪੰਜਾਬ ਦੀ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ, ਜਿੱਥੇ ਅੱਜ ਪੰਜਾਬ ਅੰਦਰ ਪੁਲਸ ਮੁਲਾਜ਼ਮਾਂ ਦੇ ਕਤਲ ਹੋ ਰਹੇ ਹਨ ਤੇ ਸ਼ਰੇਆਮ ਗੋਲੀਆਂ ਚੱਲ ਰਹੀਆਂ। ਨੌਜਵਾਨਾਂ ਦੇ ਝੂਠੇ ਪੁਲਸ ਮੁਕਾਬਲੇ ਹੋ ਰਹੇ ਹਨ, ਜਿਸ ਕਾਰਨ ਪੰਜਾਬ ਦੇ ਲੋਕ ਪੂਰੀ ਤਰ੍ਹਾਂ ਸਹਿਮ ਵਿੱਚ ਹਨ।ਉਨ੍ਹਾਂ ਕਿਹਾ ਕਿ ਜਿੱਥੇ ਕੇਂਦਰ ਦੀ ਭਾਜਪਾ ਸਰਕਾਰ ਨੇ ਕਿਸਾਨੀ ਨਾਲ ਹਮੇਸ਼ਾ ਮਤਰੇਈ ਮਾਂ ਵਾਲਾ ਵਰਤਾਓ ਕੀਤਾ ਹੈ, ਉਥੇ ਹੀ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵੀ ਆਪਣੇ ਤਾਜ਼ਾ ਬੱਜਟ 'ਚ ਕਿਸਾਨਾਂ ਨੂੰ ਰਾਹਤ ਦੇਣ ਦਾ ਕੋਈ ਸੁਨੇਹਾ ਨਹੀਂ ਦਿੱਤਾ ਗਿਆ।ਸ੍ਰ: ਗੋਲਡੀ ਨੇ ਆਪ ਸਰਕਾਰ ਦੇ ਬੱਜਟ ਨੂੰ ਹਕੀਕਤ ਤੋਂ ਦੂਰ ਤੇ ਲੋਕ ਲੁਭਾਊ ਬੱਜਟ ਕਰਾਰ ਦਿੰਦਿਆਂ ਕਿਹਾ ਕਿ ਪੰਜਾਬ ਅੰਦਰ ਕਾਂਗਰਸ ਪਾਰਟੀ ਇੱਕਮੁੱਠ ਹੈ ਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਚੰਗਾ ਪ੍ਰਦਰਸ਼ਨ ਕਰਕੇ ਅਗਲੀ ਸਰਕਾਰ ਕਾਂਗਰਸ ਪਾਰਟੀ ਹੀ ਬਣਾਏਗੀ ਤੇ ਪੰਜਾਬ ਨੂੰ ਪਿਛਲੇ ਪੰਜ ਸਾਲਾਂ ਵਿੱਚ, ਜੋ ਘਾਟਾ ਪਿਆ ਹੈ, ਉਸ ਨੂੰ ਪੂਰਾ ਕੀਤਾ ਜਾਵੇਗਾ।

## ਜਮਹੂਰੀ ਅਧਿਕਾਰ ਸਭਾ ਵੱਲੋਂ 'ਮੌਜੂਦਾ ਰਾਜ ਪ੍ਰਬੰਧ 'ਚ ਔਰਤਾਂ ਦੀ ਦਾਸਤਾਨ' ਬਾਰੇ ਚਰਚਾ




**ਲੁਧਿਆਣਾ (ਸਤੀਸ਼ ਸਚਦੇਵਾ)**-ਔਰਤਾਂ ਦੀ ਮੌਜੂਦਾ ਰਾਜ ਪ੍ਰਬੰਧ ਦੌਰਾਨ ਹਾਲਤ ਬਾਰੇ ਉੱਘੀ ਸਮਾਜ ਚਿੰਤਕ ਮੈਡਮ ਸੁਰਿੰਦਰ ਜੈਪਾਲ ਨੇ ਕੀਤੇ ਗੰਭੀਰ ਖੁਲਾਸੇ।ਜਮਹੂਰੀ ਅਧਿਕਾਰ ਸਭਾ ਪੰਜਾਬ (ਜ਼ਿਲ੍ਹਾ ਲੁਧਿਆਣਾ) ਦੀ ਕਾਰਕੁੰਨ ਮੀਨਾਕਸ਼ੀ ਉਰਫ ਮੀਨੂੰ ਦੀ ਸਟੇਜ ਸੰਚਾਲਨਾ ਤੇ ਮੁੱਖ ਵਕਤਾ ਮੈਡਮ ਸੁਰਿੰਦਰ ਜੈਪਾਲ ਤੇ ਮੈਡਮ ਸੁਰਿੰਦਰ ਬਰਾੜ ਦੀ ਪ੍ਰਧਾਨਗੀ ਹੇਠ ਹੋਏ ਇਸ ਸੈਮੀਨਾਰ ਵਿੱਚ ਘਰੇਲੂ ਕੰਮ ਕਾਰ ਕਰ ਰਹੀਆਂ ਔਰਤਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਸੈਮੀਨਾਰ ਦੀ ਰਿਪੋਰਟ ਬਾਰੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਜਮਹੂਰੀ ਅਧਿਕਾਰ ਸਭਾ (ਜ਼ਿਲ੍ਹਾ ਲੁਧਿਆਣਾ) ਦੇ ਪ੍ਰਧਾਨ ਜਸਵੰਤ ਜੀਰਖ ਅਨੁਸਾਰ ਮੁੱਖ ਵਕਤਾ ਮੈਡਮ ਸੁਰਿੰਦਰ ਜੈਪਾਲ ਨੇ ਇਸ ਮੌਕੇ ਬੀਜੇਪੀ ਸਰਕਾਰ ਸਮੇਤ ਹੋਰ ਸਿਆਸਤਦਾਨਾਂ ਵਿੱਚ ਰਾਜ ਭਾਗ ਦੇ ਭਾਗੀਦਾਰ ਆਗੂਆਂ ਦੀ ਔਰਤ ਵਿਰੋਧੀ ਮਾਨਸਿਕਤਾ ਦੇ ਚਿਹਰੇ ਬੇਨਕਾਬ ਕੀਤੇ।ਸਰਕਾਰੀ ਸਰਪ੍ਰਸਤੀ ਹੇਠ ਬਿਲਕਸ ਬਾਨੋ ਕੇਸ ਦੇ ਬਲਾਤਕਾਰੀਆਂ ਨੂੰ ਚੰਗੇ ਸੰਸਕਾਰੀ ਕਹਿ ਕੇ, ਸਜ਼ਾ ਤੋਂ ਮੁਕਤ ਕਰਵਾਉਣ ਦੀ ਕਾਰਵਾਈ ਵਿੱਚ ਸਰਕਾਰ ਦੀ ਭੂਮਿਕਾ ਬੇਪੜਦ ਕਰਦਿਆਂ ਉਨ੍ਹਾਂ ਮਨੀਪੁਰ, ਦਿੱਲੀ ਤੇ ਹੋਰ ਵੱਖ ਵੱਖ ਥਾਵਾਂ 'ਤੇ ਸਰਕਾਰ ਦੇ ਨੱਕ ਹੇਠ ਔਰਤਾਂ ਨਾਲ ਹੋਏ ਜ਼ੁਲਮਾਂ ਦੀ ਦਾਸਤਾਨ ਸਾਂਝੀ ਕਰਦਿਆਂ ਸਰਕਾਰਾਂ ਨੂੰ ਮੁੱਖ ਦੋਸ਼ੀ ਗਰਦਾਨਿਆ।ਉਨ੍ਹਾਂ ਕਿਹਾ ਕਿ ਔਰਤਾਂ ਵੱਲੋਂ ਅਜਿਹੇ ਜ਼ੁਲਮਾਂ ਖ਼ਿਲਾਫ਼ ਖੁਦ ਜਥੇਬੰਦ ਹੋ ਕੇ ਆਵਾਜ਼ ਉਠਾਉਣੀ ਸਮੇਂ ਦੀ ਵੱਡੀ ਲੋੜ ਹੈ।ਉੱਘੇ ਚਿੰਤਕ ਮਾ. ਰਾਜ ਕੁਮਾਰ ਵੱਲੋਂ ਇਸ ਸਮੇਂ ਔਰਤ ਦੀ ਸਮਾਜ ਲਈ ਨਿਭਾਈ ਜਾਂਦੀ ਘਾਲਣਾ ਬਾਰੇ ਗੀਤ ਪੇਸ਼ ਕੀਤਾ।ਇਨਕਲਾਬੀ ਮਜ਼ਦੂਰ ਕੇਂਦਰ ਲੁਧਿਆਣਾ ਦੀ ਕਾਰਕੁੰਨ ਰਵਿਤਾ ਤੇ ਪ੍ਰਮਜੀਤ ਕੌਰ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।ਅੰਤ ਵਿੱਚ ਮੈਡਮ ਸੁਰਿੰਦਰ ਬਰਾੜ ਨੇ ਆਏ ਸਰੋਤਿਆਂ ਦਾ ਧੰਨਵਾਦ ਕੀਤਾ।ਇਸ ਮੌਕੇ ਮੈਡਮ ਮਧੂ, ਹਰਜਿੰਦਰ ਕੌਰ, ਪ੍ਰਮਜੀਤ ਕੌਰ, ਮੈਡਮ ਨੀਲਮ ਕਸਤੂਰੀ, ਮੁਸਕਾਨ, ਪ੍ਰਿੰਕਾ, ਸੰਤੋਸ਼ ਭਾਟੀਆ, ਰੇਖਾ, ਸਮੇਤ ਸਭਾ ਦੇ ਹੋਰ ਸੀਨੀਅਰ ਮੈਂਬਰਾਂ ਡਾ. ਹਰਬੰਸ ਗਰੇਵਾਲ, ਪ੍ਰੋ ਏ ਕੇ ਮਲੇਰੀ, ਡਾ. ਵਿਨੋਦ ਵਸ਼ਿਸ਼ਟ, ਸਤੀਸ਼ ਸੱਚਦੇਵਾ, ਪ੍ਰੋ. ਜੈ ਪਾਲ ਸਿੰਘ, ਬਲਵਿੰਦਰ ਸਿੰਘ, ਧਰਮਪਾਲ ਸਿੰਘ, ਅਰੁਣ ਕੁਮਾਰ, ਰਾਕੇਸ਼ ਆਜ਼ਾਦ, ਅਜਮੇਰ ਦਾਖਾ, ਮਾ. ਸੁਰਜੀਤ ਸਿੰਘ, ਐਡਵੋਕੇਟ ਨਰਿੰਦਰ ਸਿੰਘ ਤੇ ਹੋਰਨਾਂ ਨੇ ਸ਼ਿਰਕਤ ਕੀਤੀ।

## ਸੰਤ ਬਾਬਾ ਮਹਿੰਦਰ ਸਿੰਘ ਭਗਤ ਦੀ ਸਲਾਨਾ ਬਰਸੀ ਅੱਜ



**ਹਠੂਰ (ਨਛੱਤਰ ਸੰਧੂ)**-ਨਿਰਮਲਾ ਆਸ਼ਰਮ ਸੰਤ ਬਾਬਾ ਜਮੀਤ ਸਿੰਘ ਜੀ ਲੋਪੋ ਵਿਖੇ ਸੱਚਖੰਡ ਵਾਸੀ ਸੰਤ ਬਾਬਾ ਮਹਿੰਦਰ ਸਿੰਘ ਜੀ ਰਸੂਲਪੁਰ ਵਾਲਿਆਂ ਦੀ ਦਸਵੀਂ ਸਲਾਨਾ ਬਰਸੀ 11 ਮਾਰਚ ਨੂੰ ਮਨਾਈ ਜਾ ਰਹੀ ਹੈ।ਪ੍ਰਿੰਸੀਪਲ ਜਗਜੀਤ ਸਿੰਘ ਨੇ ਦੱਸਿਆ ਕਿ ਇਹ ਬਰਸੀ ਗੱਦੀਨਸ਼ੀਨ ਸੰਤ ਜਗਰਾਜ ਸਿੰਘ ਜੀ ਲੰਗਰਾਂ ਵਾਲਿਆਂ ਵੱਲੋਂ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਮਨਾਈ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਬਰਸੀ ਨੂੰ ਲੈ ਕੇ ਸ੍ਰੀ ਆਖੰਡ ਪਾਠ ਸਾਹਿਬ ਦੀ ਲੜੀ ਪ੍ਰਕਾਸ਼ਤ ਕੀਤੀ ਗਈ ਹੈ, ਜਿਨ੍ਹਾਂ ਦੇ ਭੋਗ 11 ਮਾਰਚ ਨੂੰ ਦੁਪਹਿਰ 1 ਤੋਂ 2 ਵਜੇ ਤੱਕ ਪਾਏ ਜਾਣਗੇ।ਉਨ੍ਹਾਂ ਦੱਸਿਆ ਕਿ ਭੋਗ ਉਪਰੰਤ ਉਘੇ ਕਥਾਵਾਚਕ ਸੰਤ ਮਹਾਂਪੁਰਸ਼ ਤੇ ਕਵੀਸ਼ਰੀ ਜਥੇ ਪਹੁੰਚ ਕੇ ਸੰਗਤਾਂ ਨੂੰ ਗੁਰਬਾਣੀ ਦਾ ਇਤਿਹਾਸ ਸਰਵਣ ਕਰਨਗੇ।

## ਸਾਲਾਨਾ ਧਾਰਮਿਕ ਸਮਾਗਮ ਮੌਕੇ 40 ਯੂਨਿਟ ਖ਼ੂਨ ਦਾਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪਿੰਡ ਹਰਿਆਊ ਖੁਰਦ ਵਿਖੇ ਸ਼ਹੀਦਾਂ ਦੀ ਯਾਦ ਵਿੱਚ ਬਣੇ ਗੁਰਦੁਆਰਾ ਬਾਬਾ ਸ਼ਹੀਦ ਵਿਖੇ ਸਾਲਾਨਾ ਧਾਰਮਿਕ ਸਮਾਗਮ ਭਾਈ ਮੁਖਤਿਆਰ ਸਿੰਘ ਪਾਂਡੀ ਦੀ ਅਗਵਾਈ ਹੇਠ ਕਰਵਾਇਆ ਗਿਆ।ਇਸ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਇਲਾਵਾ ਹਰਿਆਣਾ, ਜੰਮੂ, ਝਾਰਖੰਡ ਤੇ ਯੂ ਪੀ ਤੋਂ ਸੰਗਤਾਂ ਨੇ ਹਾਜ਼ਰੀ ਲਵਾਈ।ਸਮਾਗਮ ਮੌਕੇ ਢਾਡੀ ਜਥਿਆਂ ਨੇ ਜੋਸ਼ੀਲੀਆਂ ਵਾਰਾਂ ਤੇ ਕੀਰਤਨੀ ਜਥਿਆਂ ਨੇ ਕਥਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਿਆ।ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਮਨੁੱਖਤਾ ਦੇ ਭਲੇ ਲਈ ਖ਼ੂਨਦਾਨ ਕੈਂਪ ਲਗਾਇਆ, ਜਿਸ ਵਿੱਚ 40 ਵਲੰਟੀਅਰਾਂ ਨੇ ਖ਼ੂਨ ਦਾਨ ਕੀਤਾ, ਜਿਨ੍ਹਾਂ ਨੂੰ ਸਰਟੀਫਿਕੇਟ ਤੇ ਮਫਲਰ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਹਰਦੀਪ ਸਿੰਘ ਸਨੌਰ, ਗੁਰਪ੍ਰੀਤ ਸਿੰਘ ਪਟਿਆਲਾ, ਮਾਨ ਸਿੰਘ ਫੌਜੀ, ਗੁਰਚਰਨਜੀਤ ਸਿੰਘ, ਨਿਸ਼ਾਨ ਸਿੰਘ, ਅੰਗਰੇਜ਼ ਸਿੰਘ, ਭੁਪਿੰਦਰ ਸਿੰਘ, ਦੀਦਾਰ ਸਿੰਘ, ਹਰਮਨਦੀਪ ਸਿੰਘ ਸਨੌਰ, ਨਰਵੰਤ ਸਿੰਘ ਹਰਿਆਊ ਖੁਰਦ, ਅਮਰੀਕ ਸਿੰਘ ਤੇ ਸੰਤ ਸਿੰਘ ਆਦਿ ਨੇ ਵੱਧ ਚੜ੍ਹ ਕੇ ਸਹਿਯੋਗ ਦਿੱਤਾ।

## ਔਰਤਾਂ ਨੂੰ ਹਜ਼ਾਰ ਰੁਪਏ ਦੇਣ 'ਤੇ ਗੋਬਿੰਦਪੁਰਾ 'ਚ ਵੰਡੇ ਲੱਡੂ




**ਬਰੇਟਾ (ਰੀਤਵਾਲ)**-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂਆਂ ਤੇ ਪਾਰਟੀ ਵਲੰਟੀਅਰਾਂ ਵੱਲੋਂ ਪੰਜਾਬ ਸਰਕਾਰ ਵੱਲੋਂ ਔਰਤਾਂ ਨੂੰ 1000 ਰੁਪਏ ਦੇਣ ਦੀ ਗਰੰਟੀ ਪੂਰੀ ਹੋਣ ਦੀ ਖੁਸ਼ੀ 'ਚ ਪਿੰਡ ਗੋਬਿੰਦਪੁਰਾ ਦੇ ਵਾਸੀਆਂ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕਰਦਿਆਂ ਲੱਡੂ ਵੰਡੇ ਤੇ ਜ਼ਿੰਦਾਬਾਦ ਦੇ ਨਾਅਰੇ ਲਗਾਏ ਗਏ।ਇਸ ਖੁਸ਼ੀ ਨੂੰ ਸਾਂਝਾ ਕਰਦੇ ਹੋਏ ਪਿੰਡ ਦੇ ਸਰਪੰਚ ਰਾਜਿੰਦਰ ਸ਼ਰਮਾ ਨੇ ਦੱਸਿਆ ਕਿ ਇਸ ਦੀ ਰਜਿਸਟਰੇਸ਼ਨ 13 ਅਪ੍ਰੈਲ 2026 ਤੋਂ ਬੂਥ ਪੱਧਰ 'ਤੇ ਸ਼ੁਰੂ ਹੋਵੇਗੀ ਤੇ ਇਹ ਰਾਸ਼ੀ ਉਨ੍ਹਾਂ ਦੇ ਬੈਂਕ ਰਾਹੀਂ ਸਿੱਧੇ ਖਾਤਿਆਂ ਵਿੱਚ ਪਹੁੰਚੇਗੀ।ਇਸ ਮੌਕੇ ਗੁਰਵਿੰਦਰ ਸਿੰਘ ਮੈਂਬਰ, ਮੈਂਬਰ ਕੁਲਦੀਪ ਸਿੰਘ, ਮੈਂਬਰ ਸੁਖਪਾਲ ਸਿੰਘ ਮਾਲੀ, ਕੇਵਲ ਪ੍ਰਧਾਨ, ਕਾਕੂ ਬਰੇਟਾ ਸ਼ਹਿਰੀ ਪ੍ਰਧਾਨ, ਜੀਵਨ ਸਿੰਘ, ਚਰਨਜੀਤ ਸਿੰਘ ਮੈਂਬਰ, ਵਕੀਲ ਸਿੰਘ ਮੈਂਬਰ, ਗੁਰਪ੍ਰੀਤ ਸਿੰਘ ਮੈਂਬਰ, ਮਨਜੀਤ ਦੇਵੀ, ਸਰਬਜੀਤ ਕੌਰ, ਮਨਪ੍ਰੀਤ ਕੌਰ, ਮੈਂਬਰ ਸ਼ਿੰਦਰਪਾਲ ਕੌਰ, ਵਕੀਲ ਸਿੰਘ ਮੈਂਬਰ, ਐਕਸ ਬਲਾਕ ਸੰਮਤੀ ਮੈਂਬਰ ਕੁਲਦੀਪ ਸਿੰਘ, ਪ੍ਰਦੀਪ ਸਿੰਘ, ਜਰਨੈਲ ਸਿੰਘ ਮੈਂਬਰ, ਮਨਜੀਤ ਸਿੰਘ ਘੋਗਾ, ਬਲਵਿੰਦਰ ਸਿੰਘ ਫੌਜੀ, ਬਲਵੰਤ ਸਿੰਘ ਗਿਆਨੀ ਤੇ ਸਤਿਕਾਰਯੋਗ ਸਾਰੇ ਹੀ ਭੈਣ-ਭਰਾਵਾਂ ਨੇ ਭਾਗ ਲਿਆ।

## ਪੰਜਾਬ ਬਜਟ ਨੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਨਿਰਾਸ਼ ਕੀਤਾ : ਵੋਹਰਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਗਏ ਤਾਜ਼ਾ ਬਜਟ ਨੇ ਸਰਕਾਰੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਨਿਰਾਸ਼ ਕੀਤਾ ਹੈ। ਇੰਜੀਨੀਅਰ ਪੈਨਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਜ਼ਿਲ੍ਹਾ ਫਿਰੋਜ਼ਪੁਰ ਦੇ ਸਰਪ੍ਰਸਤ ਇੰਜੀਨੀਅਰ ਬਲਬੀਰ ਸਿੰਘ ਵੋਹਰਾ ਨੇ ਕਿਹਾ ਕਿ ਬਜਟ ਵਿੱਚ ਮੁਲਾਜ਼ਮ ਵਰਗ ਦੀਆਂ ਮੁੱਖ ਮੰਗਾਂ ਨੂੰ ਪੂਰੀ ਤਰ੍ਹਾਂ ਨਜ਼ਰ ਅੰਦਾਜ਼ ਕੀਤਾ ਗਿਆ ਹੈ, ਜਿਸ ਨਾਲ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ 17 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਨੂੰ ਪੰਜਾਬ ਸਕੇਲ ਦੇਣ, ਠੇਕਾ ਤੇ ਆਊਟਸੋਰਸ ਮੁਲਾਜ਼ਮਾਂ ਨੂੰ ਪੱਕਾ ਕਰਨ, ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਨੂੰ ਲਾਗੂ ਕਰਨ ਤੇ ਮੁਲਾਜ਼ਮਾਂ ਦੇ ਬਕਾਇਆ 16 ਫੀਸਦੀ ਡੀਏ ਦੇਣ ਬਾਰੇ ਬਜਟ ਵਿੱਚ ਕੋਈ ਐਲਾਨ ਨਹੀਂ ਕੀਤਾ ਗਿਆ। ਇੰਜ. ਵੋਹਰਾ ਨੇ ਕਿਹਾ ਕਿ ਸਰਕਾਰ ਨੇ ਪੈਨਸ਼ਨਰਾਂ ਨਾਲ ਵੀ ਇਨਸਾਫ਼ ਨਹੀਂ ਕੀਤਾ ਤੇ ਪੈਨਸ਼ਨ ਫਿਕਸੇਸ਼ਨ ਲਈ 2.59 ਫੈਕਟਰ ਲਾਗੂ ਕਰਨ ਬਾਰੇ ਵੀ ਕੋਈ ਫ਼ੈਸਲਾ ਨਹੀਂ ਕੀਤਾ ਗਿਆ, ਜਿਸ ਕਾਰਨ ਪੈਨਸ਼ਨਰਾਂ ਵਿੱਚ ਵੀ ਗਹਿਰੀ ਨਿਰਾਸ਼ਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਇਸ ਬੇਰੁਖ਼ੀ ਕਾਰਨ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿਚ ਭਾਰੀ ਰੋਸ ਹੈ ਅਤੇ ਇਹ ਵਰਗ ਸਰਕਾਰ ਵਿਰੁੱਧ ਵੱਡੇ ਪੱਧਰ 'ਤੇ ਸੰਘਰਸ਼ ਕਰਨ ਲਈ ਮਜਬੂਰ ਹੋਵੇਗਾ। ਮੁਲਾਜ਼ਮ ਤੇ ਪੈਨਸ਼ਨਰ ਪੰਜਾਬ ਦੇ ਘਰ-ਘਰ ਜਾ ਕੇ ਲੋਕਾਂ ਨੂੰ ਸਰਕਾਰ ਦੀਆਂ ਮੁਲਾਜ਼ਮ ਵਿਰੋਧੀ ਤੇ ਲੋਕ ਮਾਰੂ ਨੀਤੀਆਂ ਬਾਰੇ ਜਾਣੂ ਕਰਵਾਉਣਗੇ, ਜੋ ਸਰਕਾਰ ਲਈ ਵੱਡੀ ਚੁਣੌਤੀ ਸਾਬਿਤ ਹੋਵੇਗੀ। ਉਨ੍ਹਾਂ ਮੁਲਾਜ਼ਮਾਂ ਦੇ ਪ੍ਰਦਰਸ਼ਨ ਦੌਰਾਨ ਸਰਕਾਰ ਵੱਲੋਂ ਕੀਤੀਆਂ ਪਾਣੀ ਦੀਆਂ ਬੁਛਾੜਾਂ ਤੇ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਲੋਕਤੰਤਰ ਵਿੱਚ ਆਪਣੀਆਂ ਜਾਇਜ਼ ਮੰਗਾਂ ਲਈ ਸ਼ਾਂਤੀਪੂਰਨ ਪ੍ਰਦਰਸ਼ਨ ਕਰ ਰਹੇ ਮੁਲਾਜ਼ਮਾਂ 'ਤੇ ਇਸ ਤਰ੍ਹਾਂ ਦੀ ਕਾਰਵਾਈ ਬਿਲਕੁਲ ਨਿੰਦਣਯੋਗ ਹੈ। ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਸਰਕਾਰ ਮੁਲਾਜ਼ਮ ਵਿਰੋਧੀ ਨੀਤੀਆਂ ਨੂੰ ਤੁਰੰਤ ਤਿਆਗ ਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਨੂੰ ਜਲਦ ਮੰਨੇ।

## ਆਪਣਾ ਕਾਰੋਬਾਰ, ਆਪਣੀ ਪਹਿਚਾਣ ਪ੍ਰੋਗਰਾਮ 'ਚ ਮੈਡਮ ਖੁਸ਼ਬੂ ਨੇ ਕੀਤੀ ਸ਼ਿਰਕਤ



**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਪੰਜਾਬ ਸਰਕਾਰ ਮਹਿਲਾ ਉੱਦਮੀ ਸਨਮਾਨ 2026 ਤਹਿਤ ਆਪਣਾ ਕਾਰੋਬਾਰ, ਆਪਣੀ ਪਹਿਚਾਣ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਵਿੱਚ ਮੁੱਖ ਮਹਿਮਾਨ ਮੈਡਮ ਖੁਸ਼ਬੂ ਨੇ ਸ਼ਿਰਕਤ ਕੀਤੀ। ਮੈਡਮ ਖੁਸ਼ਬੂ ਸਵਨਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਔਰਤਾਂ ਨੂੰ ਸਵੈ-ਰੋਜ਼ਗਾਰ ਦੇ ਕਾਰੋਬਾਰ ਨਾਲ ਜੋੜਨ ਲਈ ਪਹਿਲਦਮੀਆਂ ਕਰ ਰਹੀ ਹੈ।

ਉਨ੍ਹਾ ਕਿਹਾ ਕਿ ਫ਼ਾਜ਼ਿਲਕਾ ਜ਼ਿਲ੍ਹੇ ਦੀਆਂ ਔਰਤਾਂ ਸਵੈ-ਸਹਾਇਤਾ ਸਮੂਹਾਂ ਰਾਹੀਂ ਆਰਥਿਕ ਅਜ਼ਾਦੀ ਦੀ ਨਵੀਂ ਇਬਾਰਤ ਲਿਖ ਰਹੀਆਂ ਹਨ।ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਅਧੀਨ ਚਲਾਏ ਜਾਂਦੇ ਸਵੈ-ਸਹਾਇਤਾ ਸਮੂਹਾਂ ਨਾਲ ਜੁੜ ਕੇ ਇਹ ਔਰਤਾਂ ਨਾ ਕੇਵਲ ਆਪਣੇ ਪਰਵਾਰ ਦੀ ਆਮਦਨ ਵਿੱਚ ਯੋਗਦਾਨ ਪਾ ਰਹੀਆਂ ਹਨ, ਸਗੋਂ ਸੂਬੇ ਦੀ ਆਰਥਿਕਤਾ ਵਿੱਚ ਵੀ ਯੋਗਦਾਨ ਪਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਔਰਤਾਂ ਦੀ ਸੁਰੱਖਿਆ ਤੇ ਉਨ੍ਹਾਂ ਦਾ ਸਸ਼ਕਤੀਕਰਨ ਕਰਨ ਲਈ ਪੰਜਾਬ ਸਰਕਾਰ ਸਾਰਥਕ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਔਰਤ ਕਿਸੇ ਵੀ ਤਰ੍ਹਾਂ ਪੁਰਸ਼ਾਂ ਤੋਂ ਘੱਟ ਨਹੀਂ ਹੈ ਅਤੇ ਹੁਣ ਸਮਾਜ ਬਦਲ ਰਿਹਾ ਹੈ।ਇਸ ਦੌਰਾਨ ਔਰਤਾਂ ਦੇ ਮਨੋਬਲ ਲਈ ਉਨ੍ਹਾਂ ਨੂੰ ਸਨਮਾਨਤ ਵੀ ਕੀਤਾ ਗਿਆ।

## ਪੰਜਾਬ ਬਜਟ 'ਚ ਔਰਤਾਂ ਲਈ ਇਤਿਹਾਸਕ ਤੋਹਫ਼ਾ : ਸਦਰ ਕੋਟ



**ਕੋਟ ਈਸੇ ਖਾਂ (ਅਰੋੜਾ)**-ਹਲਕਾ ਧਰਮਕੋਟ ਤੋਂ 'ਆਪ' ਆਗੂ ਜਗਜੀਤ ਸਿੰਘ ਬਿੱਟੂ ਕੋਟ ਸਦਰ ਖਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਵਾਅਦਾ ਪੂਰਾ ਕਰਦਿਆਂ ਪੰਜਾਬ ਦੀਆਂ ਔਰਤਾਂ ਲਈ ਇਕ ਇਤਿਹਾਸਕ ਫੈਸਲਾ ਲਿਆ ਹੈ, ਜਿਸ ਤਹਿਤ ਪੰਜਾਬ ਦੀਆਂ 18 ਸਾਲ ਤੋਂ ਉੱਪਰ ਸਾਰੀਆਂ ਮਹਿਲਾਵਾਂ ਨੂੰ ਹਰ ਮਹੀਨੇ ਸਨਮਾਨ ਰਾਸ਼ੀ ਦਿੱਤੀ ਜਾਵੇਗੀ, ਜਿਸ ਨਾਲ ਮਹਿਲਾਵਾਂ ਦੀ ਆਰਥਿਕ ਖੁਦਮੁਖਤਿਆਰੀ, ਸਨਮਾਨ ਤੇ ਸਸ਼ਕਤੀਕਰਨ ਨੂੰ ਵੱਡੀ ਮਜ਼ਬੂਤੀ ਮਿਲੇਗੀ। ਉਨ੍ਹਾਂ ਕਿਹਾ ਕਿ ਇਸ ਇਤਿਹਾਸਕ ਲੋਕ ਭਲਾਈ ਫੈਸਲੇ ਨਾਲ ਮਹਿਲਾਵਾਂ ਅੰਦਰ ਖੁਸ਼ੀ ਦੀ ਲਹਿਰ ਹੈ ਤੇ ਉਹ ਪੰਜਾਬ ਸਰਕਾਰ ਦਾ ਧੰਨਵਾਦ ਕਰ ਰਹੀਆਂ ਹਨ।ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਚੋਣਾਂ ਦੌਰਾਨ ਲੋਕਾਂ ਨਾਲ ਜੋ ਵਾਅਦੇ ਕੀਤੇ ਸਨ, ਉਨ੍ਹਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ, ਜਿਸ ਨਾਲ ਹਰੇਕ ਵਰਗ ਖੁਸ਼ ਹੈ ਤੇ ਆਉਣ ਵਾਲੀਆਂ ਚੋਣਾਂ ਵਿੱਚ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ।

## ਪੰਜਾਬ ਯੂਨੀਵਰਸਿਟੀ 'ਚ ਬੀਜੇਪੀ-ਆਰ ਐੱਸ ਐੱਸ ਦਖਲਅੰਦਾਜ਼ੀ ਅਤਿ ਨਿੰਦਣਯੋਗ : ਟਿਵਾਣਾ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੀਤੇ ਦਿਨੀਂ ਪੰਜਾਬ ਯੂਨੀਵਰਸਿਟੀ ਵਿਖੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਮਹਾਨ ਦਿਹਾੜੇ ਨੂੰ ਸਮਰਪਤ ਪ੍ਰੋਗਰਾਮ ਵਿੱਚ ਪ੍ਰਬੰਧਕਾਂ ਵੱਲੋਂ ਪੰਜਾਬ ਸੂਬੇ ਤੇ ਸਿੱਖ ਵਿਰੋਧੀ ਜਮਾਤ ਆਰ.ਐੱਸ.ਐੱਸ. ਦੇ ਆਗੂਆਂ ਨੂੰ ਉਚੇਚੇ ਤੌਰ 'ਤੇ ਸੱਦਾ ਦੇਣ ਦੀ ਕਾਰਵਾਈ ਇਸ ਦੇ ਗੁੱਝੇ ਮਕਸਦ ਨੂੰ ਖੁਦ ਪ੍ਰਤੱਖ ਕਰ ਦਿੰਦੀ ਹੈ।ਜਦੋਂ ਪੰਜਾਬ ਯੂਨੀਵਰਸਿਟੀ ਦੀ ਵਿਦਿਆਰਥੀਆਂ ਦੀ ਸੱਥ ਯੂਨੀਅਨ ਵੱਲੋਂ ਇਸ ਪ੍ਰੋਗਰਾਮ ਉੱਤੇ ਆਰ.ਐੱਸ.ਐੱਸ. ਦੇ ਬੁਲਾਏ ਗਏ ਆਗੂਆਂ ਦੇ ਪ੍ਰੋਗਰਾਮ ਦਾ ਬਾਦਲੀਲ ਢੰਗ ਨਾਲ ਵਿਰੋਧ ਕੀਤਾ ਗਿਆ ਤਾਂ ਉਸ ਦੇ ਬਾਵਜੂਦ ਵਾਈਸ ਚਾਂਸਲਰ ਤੇ ਪ੍ਰਬੰਧਕਾਂ ਵੱਲੋਂ ਆਰ.ਐੱਸ.ਐੱਸ. ਦੇ ਫਿਰਕੂ ਸੋਚ ਵਾਲੇ ਆਗੂਆਂ ਨੂੰ ਬੁਲਾ ਕੇ ਖੁਦ ਹੀ ਮਾਹੌਲ ਨੂੰ ਵਿਸਫੋਟਕ ਬਣਾਇਆ ਗਿਆ।ਜਦੋਂ ਵਿਦਿਆਰਥੀਆਂ ਨੇ ਮੌਕੇ 'ਤੇ ਉਨ੍ਹਾਂ ਦੇ ਆਉਣ ਦਾ ਵਿਰੋਧ ਕੀਤਾ ਤਾਂ ਪ੍ਰਬੰਧਕਾਂ ਵੱਲੋਂ ਪੁਲਸ ਨੂੰ ਬੁਲਾ ਕੇ ਪੰਜਾਬ ਯੂਨੀਵਰਸਿਟੀ ਸੱਥ ਯੂਨੀਅਨ ਦੇ ਵਿਦਿਆਰਥੀਆਂ 'ਤੇ ਲਾਠੀਚਾਰਜ ਕਰਨਾ, ਉਨ੍ਹਾਂ ਦੀਆਂ ਦਸਤਾਰਾਂ ਤੇ ਧਾਰਮਿਕ ਚਿੰਨ੍ਹਾਂ ਦਾ ਅਪਮਾਨ ਕਰਨ ਦੀ ਕਾਰਵਾਈ ਅਤਿ ਦੁੱਖਦਾਇਕ ਅਤੇ ਅਸਹਿ ਹੈ, ਜਿਸ ਦੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਜ਼ੋਰਦਾਰ ਸ਼ਬਦਾਂ ਵਿੱਚ ਨਿੰਦਾ ਕਰਦਾ ਹੋਇਆ ਇਸ ਮਾਹੌਲ ਨੂੰ ਖਰਾਬ ਕਰਨ ਵਾਲੇ ਦੋਸ਼ੀ ਅਧਿਕਾਰੀਆਂ ਵਿਰੁੱਧ ਬਣਦੀ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕਰਦਾ ਹੈ।ਇਹ ਵਿਚਾਰ ਸ੍ਰ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿੱਚ ਮੁਤੱਸਵੀ ਸੋਚ ਵਾਲੇ ਵਾਈਸ ਚਾਂਸਲਰ ਤੇ ਪ੍ਰਬੰਧਕਾਂ ਵੱਲੋਂ ਉਸ ਮਹਾਨ ਵਿੱਦਿਅਕ ਅਦਾਰੇ ਦੇ ਮਾਹੌਲ ਨੂੰ ਜਾਣਬੁੱਝ ਕੇ ਗੰਧਲਾ ਕਰਨ ਤੇ ਪੰਜਾਬ ਦੇ ਅਮਨਮਈ ਮਾਹੌਲ ਨੂੰ ਤੀਲੀ ਲਗਾਉਣ ਦੀ ਕੀਤੀ ਗਈ ਗੁਸਤਾਖੀ ਦੀ ਜ਼ੋਰਦਾਰ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਅਤੇ ਇਸ ਦੀ ਉੱਚ ਪੱਧਰੀ ਨਿਰਪੱਖਤਾ ਨਾਲ ਜਾਂਚ ਕਰਵਾਉਂਦੇ ਹੋਏ ਇਸ ਵਿਚ ਸ਼ਾਮਲ ਪ੍ਰਬੰਧਕਾਂ ਤੇ ਜ਼ਿੰਮੇਵਾਰਾਂ ਨੂੰ ਕਾਨੂੰਨ ਅਨੁਸਾਰ ਬਨਦੀਆਂ ਸਜ਼ਾਵਾਂ ਦੇਣ ਦੇ ਪ੍ਰਬੰਧ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ।ਸ੍ਰ. ਟਿਵਾਣਾ ਨੇ ਵਿਦਿਆਰਥੀਆਂ ਵੱਲੋਂ ਬਹੁਤ ਹੀ ਸੰਜੀਦਗੀ, ਅਨੁਸ਼ਾਸਨ ਵਿੱਚ ਰਹਿੰਦੇ ਹੋਏ ਆਪਣੀ ਗੱਲ ਨੂੰ ਬਾਦਲੀਲ ਢੰਗ ਨਾਲ ਰੱਖਣ ਤੇ ਯੂਨੀਵਰਸਿਟੀ ਦੇ ਪ੍ਰਬੰਧਕਾਂ ਦੀਆਂ ਆਪਹੁਦਰੀਆਂ ਨੂੰ ਸਹੀ ਢੰਗ ਨਾਲ ਉਜਾਗਰ ਕਰਨ ਦੀ ਜ਼ੋਰਦਾਰ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਇਹ ਨੌਜਵਾਨੀ ਜੋ ਸਾਡੇ ਬਹੁਤ ਹੀ ਹੋਣਹਾਰ ਬੱਚੇ-ਬੱਚੀਆਂ ਹਨ, ਇਹ ਸਾਡੇ ਪੰਜਾਬ ਦੇ ਇਤਿਹਾਸ, ਵਿਰਸੇ-ਵਿਰਾਸਤ, ਉੱਚ ਰਵਾਇਤਾਂ, ਗੁਰੂਆਂ, ਪੀਰਾਂ, ਫਕੀਰਾਂ ਦੀ ਇਸ ਧਰਤੀ ਦੀ ਮਨੁੱਖਤਾ ਪੱਖੀ ਸੋਚ ਨੂੰ ਆਉਣ ਵਾਲੇ ਸਮੇਂ ਵਿੱਚ ਅੱਗੇ ਲਿਆਉਣ ਦੀ ਜ਼ਿੰਮੇਵਾਰੀ ਨਿਭਾਉਣ ਦੀ ਬੌਧਿਕ ਤੇ ਵਿੱਦਿਅਕ ਯੋਗਤਾ ਰੱਖਦੇ ਹਨ।ਇਸ ਲਈ ਅਜਿਹੀ ਨੌਜਵਾਨੀ ਨੂੰ ਆਪਣੇ ਸਮਾਜ ਪੱਖੀ ਉਦਮਾਂ ਲਈ ਨਿਰਉਤਸ਼ਾਹਤ ਕਰਨ ਦੀ ਬਜਾਏ ਜੇਕਰ ਹੁਕਮਰਾਨ ਇਸ ਘਟਨਾ ਨਾਲ ਸੰਬੰਧਤ ਸਭ ਦੋਸ਼ੀਆਂ ਨੂੰ ਸਾਹਮਣੇ ਲਿਆ ਕੇ ਕਾਨੂੰਨ ਅਨੁਸਾਰ ਸਜ਼ਾਵਾਂ ਦੇਣ ਅਤੇ ਕਿਸੇ ਵੀ ਵਿੱਦਿਅਕ ਅਦਾਰੇ ਵਿੱਚ ਪ੍ਰਬੰਧਕਾਂ ਵੱਲੋਂ ਅਜਿਹਾ ਨਫਰਤ ਭਰਿਆ ਮਾਹੌਲ ਉਸਾਰਨ ਦੀ ਹੁਕਮਰਾਨਾਂ ਨੂੰ ਕਤਈ ਇਜਾਜ਼ਤ ਨਹੀਂ ਦੇਣੀ ਚਾਹੀਦੀ।

## ਸਾਬਕਾ ਸਰਪੰਚ ਬੀਬੀ ਅਮਰਜੀਤ ਕੌਰ ਧਨੇਰ ਨੂੰ ਨਮ ਅੱਖਾਂ ਨਾਲ ਅੰਤਮ ਵਿਦਾਇਗੀ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਸਾਬਕਾ ਸਰਪੰਚ ਬੀਬੀ ਅਮਰਜੀਤ ਕੌਰ ਧਨੇਰ (60), ਜੋ ਪਿਛਲੇ ਕੁਝ ਸਮੇਂ ਤੋਂ ਬਿਮਾਰ ਚੱਲ ਰਹੇ ਸਨ, ਬੀਤੀ ਸ਼ਾਮ ਪੀ.ਜੀ.ਆਈ. ਚੰਡੀਗੜ੍ਹ ਵਿਖੇ ਦਿਹਾਂਤ ਹੋ ਗਿਆ।ਬੀਬੀ ਧਨੇਰ ਨੇ ਸਾਲ 2002 ਤੋਂ 2007 ਤੱਕ ਪਿੰਡ ਮਹਿਲ ਕਲਾਂ ਦੇ ਸਰਪੰਚ ਵਜੋਂ ਸੇਵਾਵਾਂ ਨਿਭਾਈਆਂ ਤੇ ਆਪਣੇ ਕਾਰਜਕਾਲ ਦੌਰਾਨ ਪਿੰਡ ਦੇ ਵਿਕਾਸ ਲਈ ਬੇਮਿਸਾਲ ਕੰਮ ਕੀਤੇ।ਕਾਂਗਰਸ ਦੇ ਵੱਖ-ਵੱਖ ਅਹੁਦਿਆਂ 'ਤੇ ਰਹਿੰਦਿਆਂ ਉਨ੍ਹਾਂ ਨੇ ਲੰਮਾਂ ਸਮਾਂ ਪਾਰਟੀ ਲਈ ਦਿਨ-ਰਾਤ ਇੱਕ ਕੀਤਾ ਤੇ ਜ਼ਿੰਦਗੀ ਦੀਆਂ ਅਨੇਕਾਂ ਦੁੱਖ-ਤਕਲੀਫ਼ਾਂ ਦਾ ਬੜੀ ਬਹਾਦਰੀ ਤੇ ਦਲੇਰੀ ਨਾਲ ਸਾਹਮਣਾ ਕੀਤਾ।ਉਨ੍ਹਾਂ ਦਾ ਅੰਤਮ ਸਸਕਾਰ ਪਿੰਡ ਮਹਿਲ ਕਲਾਂ ਵਿਖੇ ਕੀਤਾ ਗਿਆ, ਜਿੱਥੇ ਲੋਕਾਂ ਨੇ ਨਮ ਅੱਖਾਂ ਨਾਲ ਉਨ੍ਹਾਂ ਨੂੰ ਅੰਤਿਮ ਵਿਦਾਇਗੀ ਦਿੱਤੀ।ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰਾਂ ਅਜੈਪਾਲ ਸਿੰਘ ਤੇ ਭਾਈ ਸਤਨਾਮ ਸਿੰਘ ਖ਼ਾਲਸਾ ਨੇ ਦਿਖਾਈ। ਇਸ ਦੁੱਖ ਦੀ ਘੜੀ ਵਿੱਚ ਸਾਬਕਾ ਪੰਚਾਇਤ ਅਫ਼ਸਰ ਭਜਨ ਸਿੰਘ ਭੋਤਨਾ, ਅਵਤਾਰ ਸਿੰਘ ਅਣਖੀ, ਪ੍ਰਧਾਨ ਸ਼ੇਰ ਸਿੰਘ ਖ਼ਾਲਸਾ, ਭਾਈ ਜਗਸੀਰ ਸਿੰਘ ਖਾਲਸਾ, ਗਿਆਨੀ ਕਰਮ ਸਿੰਘ, ਯੂਥ ਆਗੂ ਅਰੁਣ ਕੁਮਾਰ ਬਾਂਸਲ, ਯਾਦਵਿੰਦਰ ਸਿੰਘ ਵਜੀਦਕੇ, ਹਰਜੀਤ ਸਿੰਘ ਖ਼ਿਆਲੀ, ਸਰਪੰਚ ਸਰਬਜੀਤ ਸਿੰਘ ਸ਼ੰਭੂ, ਵਿਜੇ ਕੁਮਾਰ ਬਾਂਸਲ, ਜਥੇ. ਗੁਰਮੇਲ ਸਿੰਘ ਨੰਬਰਦਾਰ, ਮੀਰੀ ਪੀਰੀ ਸੇਵਾ ਲਹਿਰ ਦੇ ਆਗੂ ਸਵਰਨ ਸਿੰਘ ਖਾਲਸਾ, ਨੰਬਰਦਾਰ ਆਤਮਾ ਸਿੰਘ, ਮਾਸਟਰ ਰਵਦੀਪ ਸਿੰਘ, ਮਿੱਠੂ ਮੁਹੰਮਦ, ਨੰਬਰਦਾਰ ਜਗਦੇਵ ਸਿੰਘ ਸੋਢਾ, ਲਾਭ ਸਿੰਘ ਸਮਰਾ, ਗੁਰਪ੍ਰੀਤ ਸਿੰਘ ਗਰੇਵਾਲ, ਚੰਦਰਮੋਹਨ ਸਿੰਘ, ਭਾਈ ਰਾਜਵਿੰਦਰ ਸਿੰਘ ਖਾਲਸਾ, ਭਾਈ ਕੁਲਦੀਪ ਸਿੰਘ ਮਠਾੜੂ, ਗੁਰਪ੍ਰੀਤ ਸਿੰਘ ਕਲਾਲ ਮਾਜਰਾ, ਹਰੀ ਸਿੰਘ, ਪ੍ਰੇਮ ਕੁਮਾਰ ਪਾਸੀ, ਨਛੱਤਰ ਸਿੰਘ ਬੁੱਟਰ ਤੇ ਸੁਖਦੇਵ ਸਿੰਘ ਰਾਗੀ ਆਦਿ ਹਾਜ਼ਰ ਸਨ।

# ਬੈਂਕ ਦੇ ਮੁਲਾਜ਼ਮਾਂ ਨੇ ਹੀ ਰਚੀ ਲੁੱਟ ਦੀ ਝੂਠੀ ਕਹਾਣੀ, 2 ਕਾਬੂ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਕਪੂਰਥਲਾ ਪੁਲਿਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ ਸੁਲਤਾਨਪੁਰ ਲੋਧੀ ਵਿੱਚ ਆਰ ਬੀ ਐੱਲ ਫਿਨਸਰਵ ਲਿਮਟਿਡ ਬੈਂਕ ਦੇ ਦੋ ਮੁਲਾਜਮਾਂ ਵੱਲੋਂ ਲੁੱਟ-ਖੋਹ ਦੀ ਝੂਠੀ ਕਹਾਣੀ ਰਚ ਕੇ ਕੁਲੈਕਸ਼ਨ ਕੀਤੀ ਰਕਮ ਗਬਨ ਕਰਨ ਦਾ ਮਾਮਲਾ ਬੇਨਕਾਬ ਹੋ ਗਿਆ। ਪੁਲਸ ਨੇ ਦੋਵੇਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਪਾਸੋਂ ਨਕਦੀ ਅਤੇ ਹੋਰ ਸਮਾਨ ਬਰਾਮਦ ਕਰ ਲਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਪੰਜਾਬ ਪੁਲਿਸ ਵੱਲੋਂ ਮਾੜੇ ਅਨਸਰਾਂ ਅਤੇ ਸਨੈਚਰਾਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਸੀਨੀਅਰ ਪੁਲਿਸ ਕਪਤਾਨ ਕਪੂਰਥਲਾ ਗੌਰਵ ਤੂਰਾ ਆਈ ਪੀ ਐੱਸ ਦੀਆਂ ਹਦਾਇਤਾਂ ਅਤੇ ਸਹਾਇਕ ਪੁਲਿਸ ਕਪਤਾਨ ਧਰੇਂਦਰ ਵਰਮਾ (ਆਈ ਪੀ ਐੱਸ) ਦੀ ਅਗਵਾਈ ਹੇਠ ਇੰਸਪੈਕਟਰ ਹਰਿੰਦਰ ਸਿੰਘ ਮੁੱਖ ਅਫਸਰ ਥਾਣਾ ਸੁਲਤਾਨਪੁਰ ਲੋਧੀ ਦੀ ਟੀਮ ਨੇ ਕਾਰਵਾਈ ਕਰਦਿਆਂ ਇਸ ਮਾਮਲੇ ਦੀ ਗੁੱਥੀ ਸੁਲਝਾਈ। ਪੁਲਸ ਮੁਤਾਬਕ 6 ਮਾਰਚ 2026 ਨੂੰ ਨਿਰਦੇਸ਼ ਕੁਮਾਰ, ਜੋ ਕਿ ਆਰ ਬੀ ਐੱਲ ਫਿਨਸਰਵ ਲਿਮਟਿਡ ਬੈਂਕ ਬ੍ਰਾਂਚ ਸੁਲਤਾਨਪੁਰ ਲੋਧੀ ਵਿੱਚ ਬ੍ਰਾਂਚ ਮੈਨੇਜਰ ਵਜੋਂ ਕੰਮ ਕਰਦਾ ਹੈ, ਨੇ



ਸ਼ਿਕਾਇਤ ਦਿੱਤੀ ਸੀ ਕਿ ਉਸ ਦੀ ਬ੍ਰਾਂਚ ਵਿੱਚ ਕੁਲੈਕਸ਼ਨ ਦਾ ਕੰਮ ਕਰਨ ਵਾਲੇ ਨਿਸ਼ਾਨ ਸਿੰਘ ਨੇ ਦੱਸਿਆ ਕਿ ਮਿਤੀ 5 ਮਾਰਚ 2026 ਦੀ ਰਾਤ ਕਰੀਬ 8 ਵਜੇ ਜਦੋਂ ਉਹ ਪਿੰਡ ਜੱਬੋਵਾਲ ਦੇ ਨੇੜੇ ਮੋਟਰਸਾਈਕਲ 'ਤੇ ਆ ਰਿਹਾ ਸੀ ਤਾਂ ਦੋ ਮੋਟਰਸਾਈਕਲ ਸਵਾਰਾਂ ਨੇ ਉਸ ਨੂੰ ਲੱਤ ਮਾਰ ਕੇ ਕਣਕ ਦੇ ਖੇਤ ਵਿੱਚ ਸੁੱਟ ਦਿੱਤਾ ਅਤੇ ਦਾਤਰ ਦੀ ਨੋਕ 'ਤੇ ਉਸ ਤੋਂ 2 ਲੱਖ 73 ਹਜ਼ਾਰ 950 ਰੁਪਏ ਲੁੱਟ ਕੇ ਫਰਾਰ ਹੋ ਗਏ। ਇਸ ਸ਼ਿਕਾਇਤ 'ਤੇ ਥਾਣਾ ਸੁਲਤਾਨਪੁਰ ਲੋਧੀ ਵਿੱਚ ਮੁਕੱਦਮਾ ਦਰਜ ਕਰਕੇ ਏ ਐੱਸ ਆਈ ਦਿਲਬਾਗ ਸਿੰਘ ਵੱਲੋਂ ਜਾਂਚ ਸ਼ੁਰੂ ਕੀਤੀ ਗਈ।ਤਫਤੀਸ਼ ਦੌਰਾਨ ਸਾਹਮਣੇ ਆਇਆ ਕਿ ਇਹ ਲੁੱਟ ਦੀ ਘਟਨਾ ਝੂਠੀ ਸੀ ਅਤੇ ਅਸਲ ਵਿੱਚ ਬੈਂਕ ਦੇ ਹੀ ਦੋ ਮੁਲਾਜਮਾਂ ਨੇ ਮਿਲੀਭੁਗਤ ਕਰਕੇ ਕੁਲੈਕਸ਼ਨ ਦੀ ਰਕਮ ਗਬਨ ਕਰ ਲਈ ਸੀ। ਪੁਲਿਸ ਨੇ ਕਾਰਵਾਈ ਕਰਦਿਆਂ ਨਿਸ਼ਾਨ ਸਿੰਘ ਅਤੇ ਲਵਪ੍ਰੀਤ ਸਿੰਘ ਨੂੰ ਮਿਤੀ 7 ਮਾਰਚ 2026 ਨੂੰ ਗ੍ਰਿਫ਼ਤਾਰ ਕਰ ਲਿਆ। ਦੋਵੇਂ ਮੁਲਜ਼ਮ ਆਰ ਬੀ ਐੱਲ ਫਿਨਸਰਵ ਲਿਮਟਿਡ ਬੈਂਕ ਬ੍ਰਾਂਚ ਸੁਲਤਾਨਪੁਰ ਲੋਧੀ ਵਿੱਚ ਲੋਨ ਰਿਕਵਰੀ ਦਾ ਕੰਮ ਕਰਦੇ ਸਨ। ਪੁਲਿਸ ਨੇ ਦੋਸ਼ੀਆਂ ਪਾਸੋਂ 2 ਲੱਖ 65 ਹਜ਼ਾਰ ਰੁਪਏ ਨਕਦ, ਸੈਮਸੰਗ ਕੰਪਨੀ ਦਾ ਇੱਕ ਟੈਬ ਅਤੇ ਕੇ ਵਾਈ ਸੀ ਡਿਵਾਈਸ ਬਰਾਮਦ ਕੀਤੇ ਹਨ। ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਗਿਆ ਹੈ ਅਤੇ ਮਾਮਲੇ ਦੀ ਹੋਰ ਡੂੰਘਾਈ ਨਾਲ ਜਾਂਚ ਜਾਰੀ ਹੈ।

# ਜ਼ਿਲ੍ਹਾ ਪ੍ਰਧਾਨ ਕਾਂਗਰਸ ਅਜੇ ਮੰਗੂਪੁਰ ਦੇ ਵਕੀਲ ਰਾਹੀਂ ਦਿੱਤੇ ਨੋਟਿਸ ਉਤੇ ਸਰਕਾਰ ਨੇ ਲਿਆ ਨੋਟਿਸ

**ਬਲਾਚੌਰ (ਜਸਵਿੰਦਰ ਬੈਂਸ)**- ਸਰਕਾਰੀ ਬੋਰਡ ਉੱਤੇ ਵਰਜਿਤ ਜਾਤੀਸੂਚਕ ਸ਼ਬਦ ਲਿਖਣ ਮਾਮਲੇ 'ਚ ਹੁਣ ਨਵਾਂ ਮੋੜ ਸਾਹਮਣੇ ਆਇਆ ਹੈ। ਜ਼ਿਲ੍ਹਾ ਪ੍ਰਧਾਨ ਕਾਂਗਰਸ ਅਜੇ



ਮੰਗੂਪੁਰ ਨੇ ਆਪਣੇ ਵਕੀਲ ਰਾਹੀਂ ਦਿੱਤੇ ਨੋਟਿਸ ਉਤੇ ਸਰਕਾਰ ਨੇ ਨੋਟਿਸ ਲਿਆ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਉਨ੍ਹਾਂ ਨੇ ਕਾਂਗਰਸ ਪਾਰਟੀ ਦਫ਼ਤਰ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਕੀਤਾ।ਪਿਛਲੇ ਦਿਨੀਂ ਪਿੰਡ ਗਹੂੰਣ ਤੋਂ ਸੜਕ ਬਣਾ ਕੇ ਮੁੱਖ ਮੰਤਰੀ ਦੇ ਨਾਂ ਥੱਲੇ ਲੱਗੇ ਬੋਰਡ ਉੱਤੇ ਵਰਜਿਤ ਜਾਤੀਸੂਚਕ ਸ਼ਬਦ ਲਿਖਣ ਕਰਕੇ ਖ਼ਬਰ ਸਾਹਮਣੇ ਆਉਣ ਤੋਂ ਬਾਅਦ ਲੋਕਾਂ ਵਿਚ ਰੋਸ ਫੈਲ ਗਿਆ ਸੀ। ਉਸ ਤੋਂ ਬਾਅਦ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਦੀ ਅਗਵਾਈ ਵਿੱਚ ਕਾਂਗਰਸ ਆਗੂਆਂ ਵੱਲੋਂ ਉਸ ਵਿਵਾਦਤ ਬੋਰਡ ਨੂੰ ਪੁੱਟ ਕੇ ਸੁੱਟ ਦਿੱਤਾ ਗਿਆ ਸੀ ਅਤੇ ਅਜੇ ਮੰਗੂਪੁਰ ਨੇ ਲੋਕਾਂ ਦੀਆਂ ਭਾਵਨਾਵਾਂ ਨੂੰ ਦੇਖਦੇ ਹੋਏ ਆਪਣੇ ਵਕੀਲ ਰਾਹੀਂ ਸਬੰਧਤ ਪੰਜਾਬ ਸਰਕਾਰ ਦੇ ਅਧਿਕਾਰੀਆਂ ਨੂੰ ਨੋਟਿਸ ਵੀ ਭੇਜਿਆ ਗਿਆ ਸੀ। ਉਸ ਉਤੇ ਸਰਕਾਰ ਨੇ ਵਿਭਾਗੀ ਕਾਰਵਾਈ ਕਰਦੇ ਹੋਏ ਪੰਚਾਇਤ ਵਿਭਾਗ ਨੂੰ ਕਾਰਵਾਈ ਕਰਨ ਲਈ ਕਿਹਾ ਹੈ। ਉਨ੍ਹਾਂ ਦੱਸਿਆ ਕਿ ਜਸਵੀਰ ਸਿੰਘ ਗੜ੍ਹੀ ਐਸ ਸੀ ਕਮਿਸ਼ਨ ਦੇ ਚੇਅਰਮੈਨ ਨੂੰ ਵੀ ਉਨ੍ਹਾਂ ਵੱਲੋਂ ਸਾਰੀ ਜਾਣਕਾਰੀ ਦਿੱਤੀ ਗਈ ਸੀ ਅਤੇ ਵਕੀਲ ਰਾਹੀਂ ਇਸ ਨੋਟਿਸ ਦੀ ਕਾਪੀ ਵੀ ਭੇਜੀ ਗਈ ਸੀ ਪਰੰਤੂ ਉਨ੍ਹਾਂ ਵੱਲੋਂ ਹਲੇ ਤੱਕ ਇਸ ਬਾਰੇ ਕੋਈ ਕਾਰਵਾਈ ਨਹੀਂ ਕੀਤੀ ਗਈ। ਜਿਸ ਉੱਤੇ ਅਜੇ ਮੰਗੂਪੁਰ ਵਲੋਂ ਪ੍ਰੈੱਸ ਵਾਰਤਾ ਕਰਦੇ ਹੋਏ ਇਸ ਹੱਕ ਸੱਚ ਦੀ ਲੜਾਈ ਵਿਚ ਲੋਕਾਂ, ਪੰਚਾਇਤਾਂ ਅਤੇ ਰਾਜਨੀਤਕ ਪਾਰਟੀਆਂ ਤੋਂ ਰਾਜਨੀਤੀ ਤੋਂ ਉੱਪਰ ਉੱਠ ਕੇ ਸਹਿਯੋਗ ਮੰਗਿਆ ਗਿਆ ਹੈ। ਇਸ ਸਮੇਂ ਉਹਨਾਂ ਨਾਲ ਸੁਰਿੰਦਰ ਸਿੰਘ ਛਿੰਦੀ ਦਫ਼ਤਰ ਸਕੱਤਰ ਡੀ ਸੀ ਸੀ ਅਤੇ ਲਾਲ ਬਹਾਦਰ ਗਾਂਧੀ ਸਾਬਕਾ ਕੌਂਸਲਰ ਵੀ ਹਾਜ਼ਰ ਸਨ।

## ਮੁੱਖ ਮੰਤਰੀ ਨੇ ਇੱਕ ਕਲਿੱਕ ਨਾਲ ਲਾਭਪਾਤਰੀਆਂ ਨੂੰ ਭੇਜੇ 1884 ਕਰੋੜ ਰੁਪਏ



**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸੂਬੇ ਦੇ ਲੱਖਾਂ ਲਾਭਪਾਤਰੀਆਂ ਨੂੰ ਵੱਖ-ਵੱਖ ਯੋਜਨਾਵਾਂ ਤਹਿਤ ਬਟਨ ਦਬਾ ਕੇ ਇੱਕ ਕਲਿੱਕ ਰਾਹੀਂ ਕਰੀਬ 1884 ਕਰੋੜ ਰੁਪਏ ਦੀ ਰਕਮ ਡੀ ਬੀ ਟੀ ਦੇ ਰਾਹੀਂ ਭੇਜੀ।ਮੁੱਖ ਮੰਤਰੀ ਨੇ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਹਰਿਆਣਾ ਦੀ ਡਬਲ ਇੰਜਣ ਸਰਕਾਰ ਸੂਬੇ ਦੇ ਕਿਸਾਨਾਂ, ਔਰਤਾਂ, ਨੌਜਵਾਨਾਂ ਤੇ ਗਰੀਬਾਂ ਸਮੇਤ ਹਰ ਵਰਗ ਨੂੰ ਮਜ਼ਬੂਤ ਕਰਨ ਲਈ ਕਦਮ ਚੁੱਕ ਰਹੀ ਹੈ।ਇਸ ਮੌਕੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਵੀ ਮੌਜੂਦ ਸਨ।ਸ੍ਰੀ ਨਾਇਬ ਸਿੰਘ ਸੈਣੀ ਨੇ ਦੱਸਿਆ ਕਿ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਸਿਰਸਾ ਵਿਖੇ ਕਰਵਾਏ ਗਏ ਰਾਜ ਪੱਧਰੀ ਸਮਾਗਮ ਵਿੱਚ ਔਰਤਾਂ ਨਾਲ ਸਬੰਧਤ ਵੱਖ-ਵੱਖ ਸਕੀਮਾਂ ਦੀ 1357 ਕਰੋੜ ਰੁਪਏ ਦੀ ਰਕਮ ਡੀਬੀਟੀ ਰਾਹੀਂ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੀ ਗਈ ਸੀ, 1884 ਕਰੋੜ ਰੁਪਏ ਦੀ ਰਕਮ ਭੇਜੀ ਗਈ ਹੈ।

## ਐੱਨ ਆਰ ਆਈ ਹੇਅਰ ਨੂੰ ਨੰਬਰਦਾਰ ਯੂਨੀਅਨ ਨੇ ਕੀਤਾ ਸਨਮਾਨਤ



**ਨਕੋਦਰ (ਮਨਜੀਤ ਮਾਨ)**- ਨੰਬਰਦਾਰ ਯੂਨੀਅਨ ਨਕੋਦਰ ਦੀ ਵਿਸ਼ੇਸ਼ ਮੀਟਿੰਗ ਸਰਜੀਤ ਸਿੰਘ ਹੇਅਰ ਤਹਿਸੀਲ ਪ੍ਰਧਾਨ ਨਕੋਦਰ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਹਰਕੰਵਲ ਸਿੰਘ ਮੁੰਧ ਸੀਨੀਅਰ ਵਾਈਸ ਪ੍ਰਧਾਨ ਪੰਜਾਬ ਅਤੇ ਅਸ਼ੋਕ ਕੁਮਾਰ ਨਾਇਬ ਤਹਿਸੀਲਦਾਰ ਮੁੱਖ ਮਹਿਮਾਨ ਦੇ ਰੂਪ ਵਿੱਚ ਸ਼ਾਮਿਲ ਹੋਏ । ਮੀਟਿੰਗ ਨੂੰ ਸੰਬੋਧਨ ਕਰਦਿਆਂ ਸ ਹਰਕੰਵਲ ਸਿੰਘ ਮੁੰਧ ਨੇ ਕਿਹਾ ਕਿ ਪੰਜਾਬ ਦੀ ਖੁਸ਼ਹਾਲੀ ਲਈ ਐੱਨ ਆਰ ਆਈ ਦਾ ਵਿਸ਼ੇਸ਼ ਸਹਿਯੋਗ ਹੈ ਅਤੇ ਇਹ ਆਏ ਦਿਨ ਪੰਜਾਬ ਆ ਕੇ ਸਮਾਜ ਸੇਵਾ ਵਿੱਚ ਆਪਣਾ ਬਣਦਾ ਯੋਗਦਾਨ ਪਾਉਂਦੇ ਰਹਿੰਦੇ ਹਨ । ਇਸ ਤਹਿਤ ਐੱਨ ਆਰ ਆਈ ਲਖਵੀਰ ਸਿੰਘ ਹੇਅਰ ਵਾਸੀ ਯੂ.ਕੇ ਨੰਬਰਦਾਰ ਯੂਨੀਅਨ ਨਕੋਦਰ ਦੇ ਦਫਤਰ ਵਿਖੇ ਪਹੁੰਚੇ ਤੇ ਨੰਬਰਦਾਰ ਯੂਨੀਅਨ ਦਾ ਦਫਤਰ ਨੂੰ ਦੇਖ ਕੇ ਬਹੁਤ ਪ੍ਰਭਾਵਿਤ ਹੋਏ । ਉਨ੍ਹਾਂ ਆਪਣੀ ਨੇਕ ਕਮਾਈ ਵਿੱਚੋਂ ਦਾਨ ਰਾਸ਼ੀ ਦੇ ਕੇ ਨੰਬਰਦਾਰ ਯੂਨੀਅਨ ਦਾ ਸਹਿਯੋਗ ਕੀਤਾ । ਇਸ ਮੌਕੇ ਨਾਇਬ ਤਹਸੀਲਦਾਰ ਅਸ਼ੋਕ ਕੁਮਾਰ ਹਰਕੰਵਲ ਸਿੰਘ ਮੁੰਧ ਸੀਨੀਅਰ ਵਾਈਸ ਪ੍ਰਧਾਨ ਪੰਜਾਬ ਤੇ ਨੰਬਰਦਾਰ ਸਾਥੀਆਂ ਵੱਲੋਂ ਉਹਨਾਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ । ਇਸ ਮੌਕੇ ਰਾਜਕੁਮਾਰ ਮਹਿਮੀ ਜਨਰਲ ਸਕੱਤਰ ਜ਼ਿਲ੍ਹਾ ਜਲੰਧਰ ਦਿਹਾਤੀ, ਬਲਦੀਸ ਸਿੰਘ ਟੁੱਟ ਕਲਾ, ਸੁਖਦੇਵ ਸਿੰਘ ਦਰਗਾਬਾਦ ,ਹਰਦਿਆਲ ਸਿੰਘ ਸਰਕਪੁਰ,ਰਤਨ ਰਾਏ ਨਕੋਦਰ, ਬਲਜੀਤ ਸਿੰਘ ਲਿੱਤਰਾਂ, ਗੁਰਦੇਵ ਸਿੰਘ ਮਾਲੜੀ, ਰੌਸ਼ਨ ਸਿੰਘ ਨਹੇੜੂ, ਕੁਲਰਾਜ ਸਿੰਘ ਮੁਹੇਮ, ਮੱਖਣ ਸਿੰਘ ਮੁਕੇਸ਼ ਅਤੇ ਜੱਸਾ ਹੇਅਰ ਆਦਿ ਹਾਜ਼ਰ ਸਨ ।

# ਵਿਧਾਇਕ ਨੇ ਗਰੁੱਪ ਹਾਊਸਿੰਗ ਸਾਈਟਾਂ 'ਚ ਕਨਵੀਨੀਐਂਸ ਸ਼ਾਪਸ ਦੀ ਚਾਰ ਦੀਵਾਰੀ ਦਾ ਚੁੱਕਿਆ ਮੁੱਦਾ

**ਕਾਨੂੰਨ ਦੀ ਉਲੰਘਣਾ ਕਰਨ ਵਾਲੇ ਪ੍ਰਮੋਟਰਾਂ ਤੇ ਬਿਲਡਰਾਂ ਵਿਰੁੱਧ ਕੀ ਕਾਰਵਾਈ ਹੋਈ ?**

**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਵਿਧਾਨ ਸਭਾ ਵਿੱਚ ਸੋਮਵਾਰ ਨੂੰ ਰੀਅਲ ਅਸਟੇਟ ਪ੍ਰੋਜੈਕਟਾਂ ਵਿੱਚ ਨਿਯਮਾਂ ਦੀ ਉਲੰਘਣਾ ਦਾ ਮੁੱਦਾ ਚੁੱਕਿਆ ਗਿਆ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਗਮਾਡਾ ਵੱਲੋਂ ਨਿਲਾਮੀ ਰਾਹੀਂ ਵੇਚੀਆਂ ਗਈਆਂ ਗਰੁੱਪ ਹਾਊਸਿੰਗ ਸਾਈਟਾਂ ਵਿੱਚੋਂ ਦੋ ਪ੍ਰੋਜੈਕਟਾਂ ਦੇ ਪ੍ਰਮੋਟਰਾਂ ਨੇ ਸੜਕ ਦੇ ਬਰਮਾਂ 'ਤੇ ਨਜਾਇਜ਼ ਕਬਜ਼ਾ ਕੀਤਾ ਹੋਇਆ ਹੈ। ਜਦੋਂ ਇਹ ਮੁੱਦਾ ਚੁੱਕਿਆ ਤਾਂ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਜਵਾਬ ਦਿੱਤਾ ਕਿ ਸਬੰਧਤ ਬਿਲਡਰਾਂ ਨੂੰ ਨੋਟਿਸ ਜਾਰੀ ਕੀਤੇ ਗਏ ਹਨ।ਵਿਧਾਇਕ ਕੁਲਵੰਤ ਸਿੰਘ ਨੇ ਪੁੱਛਿਆ ਸੀ ਕਿ ਪਿਛਲੇ 10 ਸਾਲਾਂ ਦੌਰਾਨ ਨਿਲਾਮੀ ਰਾਹੀਂ ਵੇਚੀਆਂ ਗਈਆਂ ਗਰੁੱਪ ਹਾਊਸਿੰਗ ਸਾਈਟਾਂ ਵਿੱਚੋਂ ਕਿੰਨੇ ਪ੍ਰੋਜੈਕਟ ਅਜਿਹੇ ਹਨ, ਜਿਨ੍ਹਾਂ ਵਿੱਚ ਪ੍ਰਮੋਟਰਾਂ ਨੇ ਸਹੂਲਤਾਂ ਵਾਲੀਆਂ ਦੁਕਾਨਾਂ ਨੂੰ ਚਾਰਦੀਵਾਰੀ ਦੇ ਅੰਦਰ ਰੱਖਣ ਦੀ ਬਜਾਏ ਮੁੱਖ ਸੜਕ ਵੱਲ ਕੱਢਿਆ ਹੈ ਅਤੇ ਸੜਕ ਦੇ ਕਿਨਾਰਿਆਂ 'ਤੇ ਨਾਜਾਇਜ਼ ਕਬਜ਼ਾ ਕੀਤਾ ਹੈ? ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਪਿਛਲੇ 10 ਸਾਲਾਂ ਵਿੱਚ ਕੁੱਲ 10 ਗਰੁੱਪ ਹਾਊਸਿੰਗ ਸਾਈਟਾਂ ਦੀ ਨਿਲਾਮੀ ਕੀਤੀ ਗਈ ਸੀ। ਜਾਂਚ ਵਿੱਚ ਪਾਇਆ ਗਿਆ ਕਿ ਦੋ ਅਲਾਟੀਆਂ ਨੇ ਨਿਯਮਾਂ ਦੀ ਉਲੰਘਣਾ ਕੀਤੀ ਹੈ: ਜੇ ਐੱਮ ਟੀ ਹਾਊਸਿੰਗ ਪ੍ਰਾਈਵੇਟ ਲਿਮਿਟਡ (ਸੈਕਟਰ-82), ਐੱਸ ਏ ਗਲੋਬਲ ਪ੍ਰਾਈਵੇਟ ਲਿਮਟਿਡ (ਸੈਕਟਰ-77)ਇਨ੍ਹਾਂ ਬਿਲਡਰਾਂ ਨੇ ਸੜਕ ਦੇ ਬਰਮਾਂ 'ਤੇ ਨਜਾਇਜ਼ ਕਬਜ਼ਾ ਕੀਤਾ ਹੈ, ਜਿਸ ਲਈ ਉਨ੍ਹਾਂ ਨੂੰ ਨੋਟਿਸ ਜਾਰੀ ਕੀਤੇ ਗਏ ਹਨ ਤੇ ਨਿਯਮਾਂ ਅਨੁਸਾਰ ਅਗਲੀ ਕਾਰਵਾਈ ਕੀਤੀ ਜਾਵੇਗੀ।



# ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ ਕਰਵਾਏ

**ਜਲੰਧਰ (ਸੁਰਿੰਦਰ ਕੁਮਾਰ)**- ਮਾਈ ਭਾਰਤ ਜਲੰਧਰ (ਯੁਵਾ ਮਾਮਲੇ ਅਤੇ ਖੇਡ ਮੰਤਰਾਲੇ, ਭਾਰਤ ਸਰਕਾਰ) ਨੇ ਦਸਮੇਸ਼ ਯੂਥ ਕਲੱਬ ਦੇ ਸਹਿਯੋਗ ਨਾਲ ਗੁਰੂ ਨਾਨਕ ਫਾਊਂਡੇਸ਼ਨ ਗਲੋਬਲ ਸਕੂਲ, ਜਲੰਧਰ ਵਿਖੇ ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ ਦਾ ਆਯੋਜਨ ਕੀਤਾ। ਜ਼ਿਲ੍ਹੇ ਦੇ ਵੱਖ-ਵੱਖ ਯੂਥ ਕਲੱਬਾਂ ਅਤੇ ਸਕੂਲਾਂ/ਕਾਲਜਾਂ ਦੀਆਂ ਟੀਮਾਂ ਨੇ ਮੁਕਾਬਲੇ ਵਿੱਚ ਹਿੱਸਾ ਲਿਆ। ਮੁਕਾਬਲੇ ਵਿੱਚ ਹਾਕੀ, ਫੁੱਟਬਾਲ, ਰੱਸਾਕਸ਼ੀ, ਬੈਡਮਿੰਟਨ, ਲੰਬੀ ਛਾਲ ਤੇ ਮੁੰਡਿਆਂ ਅਤੇ ਕੁੜੀਆਂ ਲਈ ਦੌੜਾਂ ਸ਼ਾਮਲ ਸਨ। ਮਹਿਮਾਨਾਂ ਵਿੱਚ ਗੁਰੂ ਨਾਨਕ ਫਾਊਂਡੇਸ਼ਨ ਗਲੋਬਲ ਸਕੂਲ ਦੀ ਪ੍ਰਿੰਸੀਪਲ ਡਾ. ਹਰਲੀਨ ਕੌਰ, ਮਾਈ ਭਾਰਤ ਜਲੰਧਰ ਦੇ ਡਿਪਟੀ ਡਾਇਰੈਕਟਰ ਰਸ਼ਮੀਤ ਕੌਰ, ਅਕਾਊਂਟੈਂਟ ਗੌਰਵ ਚੁੱਘ, ਦਫ਼ਤਰ ਸਹਾਇਕ ਕੁਲਵਿੰਦਰ ਕੁਮਾਰ, ਖੇਲੋ ਇੰਡੀਆ ਪੰਜਾਬ ਦੇ ਜਨਰਲ ਸਕੱਤਰ ਕੁਲਵੀਰ ਸਿੰਘ ਸੈਣੀ, ਖੇਡ ਪ੍ਰਮੋਟਰ ਤੇ ਕੋਆਰਡੀਨੇਟਰ ਸੁਖਵਿੰਦਰ ਸਿੰਘ ਪ੍ਰਧਾਨ ਦਸ਼ਮੇਸ਼ ਸਪੋਰਟਸ ਕਲੱਬ , ਕੰਚਨ ਸੈਣੀ ਅਤੇ ਗੁਰੂ ਨਾਨਕ ਸਕੂਲ ਦੇ ਕੋਚ ਹਰਸ਼ ਨਿਧਿਤ ਬਹਿਲ, ਦੀਪਕ ਕੁਮਾਰ ਸ਼ਾਮਲ ਸਨ। ਇਸ ਮੁਕਾਬਲੇ ਦਾ ਉਦੇਸ਼ ਨੌਜਵਾਨਾਂ ਨੂੰ ਖੇਡਾਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕਰਨਾ ਅਤੇ ਉਨ੍ਹਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਦੀ ਮਹੱਤਤਾ ਤੋਂ ਜਾਣੂ ਕਰਵਾਉਣਾ ਸੀ। ਜੇਤੂ ਟੀਮਾਂ ਦੇ ਖਿਡਾਰੀਆਂ ਨੂੰ ਟਰਾਫੀ ਤੇ ਮੈਡਲ ਦਿੱਤੇ ਗਏ।

# ਕੌਮਾਂਤਰੀ ਮਹਿਲਾ ਦਿਵਸ ਮਨਾਇਆ

**ਨਵਾਂਸ਼ਹਿਰ (ਮਨੋਜ ਲਾਡੀ)**- ਇਸਤਰੀ ਜਾਗ੍ਰਿਤੀ ਮੰਚ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਲੋਂ ਸ਼ਹੀਦ ਮਲਕੀਤ ਚੰਦ ਮੇਹਲੀ ਭਵਨ ਬੰਗਾ ਰੋਡ ਨਵਾਂਸ਼ਹਿਰ ਵਿਖੇ ਕੌਮਾਂਤਰੀ ਮਹਿਲਾ ਦਿਵਸ ਮਨਾਇਆ ਗਿਆ। ਜ਼ਿਲ੍ਹਾ ਪੱਧਰੀ ਇਸ ਪ੍ਰੋਗਰਾਮ ਦੀ ਪ੍ਰਧਾਨਗੀ ਦਵਿੰਦਰ ਕੌਰ ਨਵਾਂਸ਼ਹਿਰ, ਗੁਰਦੇਵ ਕੌਰ ਉੜਾਪੜ ਅਤੇ ਰਾਜਵਿੰਦਰ ਕੌਰ ਕੱਟ ਨੇ ਕੀਤੀ ।ਇਸ ਮੌਕੇ ਵਿਚਾਰ ਪੇਸ਼ ਕਰਦਿਆਂ ਮੰਚ ਦੇ ਸੂਬਾਈ ਆਗੂ ਹਰਦੀਪ ਕੌਰ ਕੋਟਲਾ,ਜਿਲਾ ਕਮੇਟੀ ਮੈਂਬਰ ਰਣਜੀਤ ਕੌਰ ਮਹਿਮੂਦਪੁਰ, ਸੰਤੋਸ਼ ਕੁਮਾਰੀ ਕੁਰਲ, ਸੁਰਜੀਤ ਕੌਰ ਓਟਾਲ ਡਾਕਟਰ ਸੰਘਾ ਗੁਰਬਖਸ਼ ਕੌਰ,ਅਤੇ ਕਿਰਨਜੀਤ ਕੌਰ ਨੇ ਕਿਹਾ ਕਿ ਔਰਤਾਂ ਨੂੰ ਆਪਣੀ ਹੋਂਦ ਪਛਾਨਣ, ਨਵੇਂ ਰਾਹਾਂ ਦੇ ਰਾਹੀਂ ਬਣਨ ਲਈ, ਔਰਤਾਂ 'ਤੇ ਹੋ ਰਹੇ ਚੌਤਰਫਾ ਹਮਲਿਆਂ ਦਾ ਟਾਕਰਾ ਕਰਨ ਲਈ ਜਥੇਬੰਦ ਹੋਣਾ ਤੇ ਸੰਘਰਸ਼ ਕਰਨਾ ਜ਼ਰੂਰੀ ਹੈ। ਔਰਤ ਨੂੰ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਜਥੇਬੰਦ ਹੋਣ ਤੇ ਸੰਘਰਸ਼ ਕਰਨ ਦੀ ਲੋੜ ਹੈ।ਉਹਨਾਂ ਮੋਦੀ ਸਰਕਾਰ 'ਤੇ ਵਰ੍ਹਦੇ ਹੋਏ ਕਿਹਾ ਕਿ ਇਹ ਸਰਕਾਰ ਔਰਤ ਵਿਰੋਧੀ, ਧਾਰਮਿਕ ਘੱਟ ਗਿਣਤੀਆਂ ਵਿਰੋਧੀ, ਜਮਹੂਰੀ ਹੱਕਾਂ ਵਿਰੋਧੀ ਅਤੇ ਸੰਵਿਧਾਨ ਵਿਰੋਧੀ ਸਰਕਾਰ ਹੈ।ਇਸ ਮੌਕੇ ਬਲਵਿੰਦਰ ਕੌਰ ਸਲੋਹ, ਹਰਬੰਸ ਕੌਰ ਨਵਾਂਸ਼ਹਿਰ ਤੇ ਪੂਜਾ ਨਵਾਂਸ਼ਹਿਰ ਨੇ ਕਵਿਤਾਵਾਂ ਪੇਸ਼ ਕੀਤੀਆਂ।ਇਸ ਮੌਕੇ ਔਰਤਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ,ਅਮਰੀਕਾ ਅਤੇ ਇਜ਼ਰਾਈਲ ਵੱਲੋਂ ਈਰਾਨ ਉੱਤੇ ਕੀਤੇ ਜਾ ਰਹੇ ਹਮਲੇ ਬੰਦ ਕਰਨ, ਵਿਕਸਤ ਭਾਰਤ ਜੀ ਰਾਮ ਜੀ ਦੀ ਥਾਂ ਮਗਨਰੇਗਾ ਕਾਨੂਨ ਲਾਗੂ ਕਰਨ,ਚਾਰ ਕਿਰਤ ਕੋਡ ਰੱਦ ਕਾਰਨ ਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਪ੍ਰਧਾਨ ਮੁਕੇਸ਼ ਮਲੌਦ ਨੂੰ ਬਿਨਾਂ ਸ਼ਰਤ ਰਿਹਾਅ ਕਰਨ ਮਤੇ ਪਾਸ ਕੀਤੇ ਗਏ।ਮੰਚ ਸੰਚਾਲਨ ਰੁਪਿੰਦਰ ਕੌਰ ਦੁਰਗਾਪੁਰ ਨੇ ਕੀਤਾ।ਇਸ ਮੌਕੇ ਬਲਬੀਰ ਕੌਰ ਸੰਘਾ,ਸਾਰਾ ਸਿੱਧੂ, ਰੇਣੂੰ ਬਾਲਾ ਗੁਰਬਖਸ਼ ਕੌਰ ਬੈਂਸ ਆਗੂ ਵੀ ਮੌਜੂਦ ਸਨ।



## ਸਤਲੁਜ ਦਰਿਆ ਤੇ ਬਿਸਤ ਦੁਆਬ ਨਹਿਰ ਵਿੱਚ ਨਹਾਉਣ 'ਤੇ ਪਾਬੰਦੀ

**ਨਵਾਂਸ਼ਹਿਰ (ਮਨੋਜ ਲਾਡੀ)**- ਜ਼ਿਲ੍ਹਾ ਮੈਜਿਸਟ੍ਰੇਟ ਗੁਰਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਦੀ ਹੱਦ ਅੰਦਰ ਪੈਂਦੇ ਦਰਿਆ ਸਤਲੁਜ ਤੇ ਬਿਸਤ ਦੁਆਬ ਨਹਿਰ ਵਿੱਚ ਕਿਸੇ ਵੀ ਵਿਅਕਤੀ ਦੇ ਨਹਾਉਣ 'ਤੇ ਪਾਬੰਦੀ ਲਗਾਈ ਹੈ। ਹੁਕਮਾਂ ਅਨੁਸਾਰ ਜੇਕਰ ਕੋਈ ਵਿਅਕਤੀ ਇਨ੍ਹਾਂ ਥਾਂਵਾਂ 'ਤੇ ਨਹਾਉਂਦਾ ਪਾਇਆ ਜਾਂਦਾ ਹੈ ਤਾਂ ਉਸ ਖਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇਗੀ। ਇਹ ਹੁਕਮ 2 ਮਈ 2026 ਤੱਕ ਲਾਗੂ ਰਹਿਣਗੇ।

## ਸੁਖਵਿੰਦਰ ਪੰਛੀ, ਕੁਲਵਿੰਦਰ ਜੌਹਲ ਦਾ ਟਰੈਕ 'ਬਦਲਾ' ਹਰ ਵਰਗ ਦੀ ਪਸੰਦ ਬਣਿਆ




**ਜਲੰਧਰ (ਲਖਵਿੰਦਰ ਸਿੰਘ ਆਧੀ)**- ਪੰਜਾਬੀ ਸੰਗੀਤ ਇੰਡਸਟਰੀ ਵਿੱਚ ਲੱਗਭਗ ਪਿਛਲੇ ਚਾਰ ਦਹਾਕਿਆਂ ਤੋਂ ਲੱਖਾਂ ਸਰੋਤਿਆਂ ਦੇ ਦਿਲਾਂ ਤੇ ਰਾਜ ਕਰਨ ਵਾਲੇ ਇੰਟਰਨੈਸ਼ਨਲ ਲੋਕ ਗਾਇਕ ਸੁਖਵਿੰਦਰ ਪੰਛੀ,ਗਾਇਕ ਕੁਲਵਿੰਦਰ ਜੌਹਲ ਦਾ ਟਰੈਕ 'ਬਦਲਾ' ਹਰ ਵਰਗ ਦੀ ਪਸੰਦ ਬਣਿਆ ਹੋਇਆ ਹੈ।ਇਸ ਸਬੰਧੀ ਇੰਟਰਨੈਸ਼ਨਲ ਲੋਕ ਗਾਇਕ ਸੁਖਵਿੰਦਰ ਪੰਛੀ ਨੇ ਦੱਸਿਆ 'ਬਦਲਾ' ਟਰੈਕ ਦੇ ਨਾਮਵਰ ਗੀਤਕਾਰ ਜਿੰਦਰ ਰੂਪੋਵਾਲੀਆ, ਸ਼ਮਸ਼ੇਰ ਸਿੰਘ ਸ਼ੈਰੀ ਡਾਡੀਆ, ਮਿਊਜ਼ਿਕ ਡਾਇਰੈਕਟਰ ਸਤਨਾਮ ਥਿਆੜਾ ਸੰਸਨੀ ਡੀ ਜੇ ਯੂਕੇ,ਵੀਡੀਓ ਡਾਇਰੈਕਟਰ ਰਿੱਕੀ ਐਮ ਕੇ ਯੂ ਕੇ, ਮਿਕਸਿੰਗ ਮਾਸਟਰ ਡਿੰਪਸ ਭੰਵਰਾ, ਰਿਕਾਰਡਿੰਗ ਸਟੂਡੀਓ ਦਿ ਹੈਪਰ ਲੈਬ ਯੂਕੇ ਸੁਪਰ ਸੋਨਿਕ ਸਟੂਡੀਓ ਜਲੰਧਰ, ਲੇਬਲ ਏ ਐਚ ਕੇ ਗਲੋਬਲ ਰਿਕਾਰਡਜ਼ ਦਾ ਹੈ।ਇਹ ਟਰੈਕ ਵੱਖ ਵੱਖ ਸੋਸ਼ਲ ਸਾਈਟਾਂ ਅਤੇ ਯੂ ਟਿਊਬ ਤੇ ਵਰਲਡ ਵਾਈਡ ਰਿਲੀਜ਼ ਹੋਇਆ ਹੈ ਅਤੇ ਹਰ ਵਰਗ ਵੱਲੋਂ ਇਸ ਟਰੈਕ ਨੂੰ ਰੱਜਵਾ ਪਿਆਰ ਮੁਹੱਬਤ ਮਿਲ ਰਿਹਾ ਹੈ।

# ਡਾ. ਇਸ਼ਾਂਕ ਨੇ ਸੜਕਾਂ ਦੇ ਵਿਕਾਸ ਕਾਰਜਾਂ ਦਾ ਲਿਆ ਜਾਇਜ਼ਾ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਹਲਕਾ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਪਿੰਡ ਬਾਹੋਵਾਲ ਦਾ ਦੌਰਾ ਕਰਕੇ ਇਲਾਕੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦਾ ਜਾਇਜ਼ਾ ਲਿਆ ਤੇ ਵੱਖ-ਵੱਖ ਸੜਕ ਪ੍ਰੋਜੈਕਟਾਂ ਦੇ ਨਿਰਮਾਣ



ਕੰਮ ਦੀ ਪ੍ਰਗਤੀ ਦੀ ਸਮੀਖਿਆ ਕੀਤੀ। ਇਸ ਮੌਕੇ ਉਨ੍ਹਾਂ ਨੇ ਬਾਹੋਵਾਲ ਤੋਂ ਬਾਬਾ ਜਖ ਜੀ ਤੱਕ ਬਣ ਰਹੀ ਨਵੀਂ ਲਿੰਕ ਸੜਕ ਦੇ ਨਿਰਮਾਣ ਕੰਮ ਦਾ ਮੁਆਇਨਾ ਕੀਤਾ। ਉਨ੍ਹਾਂ ਦੱਸਿਆ ਕਿ ਲਗਭਗ 2.2 ਕਿਲੋਮੀਟਰ ਲੰਬੀ ਇਹ ਸੜਕ 1.5 ਕਰੋੜ ਦੀ ਲਾਗਤ ਨਾਲ ਬਣਾਈ ਜਾ ਰਹੀ ਹੈ, ਜੋ ਮਾਹਿਲਪੁਰ ਲਈ ਮਿਨੀ ਬਾਈਪਾਸ ਵਜੋਂ ਕੰਮ ਕਰੇਗੀ। ਇਸ ਪ੍ਰੋਜੈਕਟ ਤਹਿਤ ਕੰਕਰੀਟ ਕਾਜਵੇ ਦਾ ਨਿਰਮਾਣ ਵੀ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਸੜਕ ਦਾ ਵਿਸ਼ੇਸ਼ ਮਹੱਤਵ ਹੈ ਕਿਉਂਕਿ ਆਜ਼ਾਦੀ ਤੋਂ ਬਾਅਦ ਪਹਿਲੀ ਵਾਰ ਇਸ ਰਾਹ 'ਤੇ ਪੱਕੀ ਸੜਕ ਦਾ ਨਿਰਮਾਣ ਕੀਤਾ ਜਾ ਰਿਹਾ ਹੈ, ਜਿਸ ਨਾਲ ਇਲਾਕੇ ਵਿੱਚ ਬਿਹਤਰ ਕਨੈਕਟਿਵਿਟੀ ਨੂੰ ਬਲ ਮਿਲੇਗਾ। ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਦੱਸਿਆ ਕਿ ਬਾਹੋਵਾਲ ਤੋਂ ਖੇਤੀ ਭਵਨ ਤੱਕ 1.5 ਕਿਲੋਮੀਟਰ ਨਵੀਂ ਲਿੰਕ ਸੜਕ ਲਈ 1.20 ਕਰੋੜ ਦੀ ਰਕਮ ਜਾਰੀ ਕੀਤੀ ਗਈ ਹੈ। ਇਸ ਤੋਂ ਇਲਾਵਾ ਬਾਹੋਵਾਲ-ਬਾੜੀਆਂ ਸੜਕ ਦੇ 10 ਕਿਲੋਮੀਟਰ ਹਿੱਸੇ ਨੂੰ ਚੌੜਾ ਕਰਨ ਲਈ 8 ਕਰੋੜ ਦੀ ਮਨਜ਼ੂਰੀ ਦਿੱਤੀ ਗਈ ਹੈ, ਜਿਸ ਨਾਲ ਖੇਤਰ ਦੇ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਸੁਵਿਧਾ ਮਿਲੇਗੀ। ਉਨ੍ਹਾਂ ਇਹ ਵੀ ਦੱਸਿਆ ਕਿ ਬਾਹੋਵਾਲ ਦੇ ਖੇਡ ਮੈਦਾਨ ਦੇ ਅਪਗ੍ਰੇਡੇਸ਼ਨ ਲਈ 5 ਲੱਖ ਦੀ ਗ੍ਰਾਂਟ ਜਾਰੀ ਕੀਤੀ ਗਈ ਹੈ ਅਤੇ ਜ਼ਰੂਰਤ ਪੈਣ ਤੇ ਹੋਰ ਵੀ ਗ੍ਰਾਂਟ ਦਿੱਤੀ ਜਾਵੇਗੀ । ਇਸ ਮੌਕੇ ਸਰਪੰਚ ਠੇਕੇਦਾਰ ਹਰਦੀਪ ਸਿੰਘ ਨੇ ਵਿਧਾਇਕ ਡਾ. ਇਸ਼ਾਂਕ ਕੁਮਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿੰਡ ਬਾਹੋਵਾਲ ਅਤੇ ਹਲਕਾ ਚੱਬੇਵਾਲ ਦੇ ਲੋਕ ਆਪਣੇ ਵਿਧਾਇਕ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਨਾਲ ਬਹੁਤ ਖੁਸ਼ ਹਨ।ਇਸ ਮੌਕੇ ਪੰਚ ਮਮਤਾ ਦੇਵੀ, ਪੰਚ ਕਸੂਤਰੀ ਰਾਮ, ਪੰਚ ਬਲਵੀਰ ਕੌਰ, ਪੰਚ ਵਿੱਕੀ, ਪੰਚ ਨਰਿੰਦਰ ਕੌਰ, ਅਨਮੋਲ ਸਿੰਘ ਬੈਂਸ, ਰਣਵੀਰ ਸਿੰਘ, ਦਵਿੰਦਰ ਸਿੰਘ ਬੈਂਸ , ਸਾਬਕਾ ਸਰਪੰਚ ਦਲਜੀਤ ਸਿੰਘ ਆਦਿ ਵੀ ਮੌਜੂਦ ਸਨ।

# ਗੁ: ਸਿੰਘ ਸ਼ਹੀਦਾਂ ਸੋਹਾਣਾ ਵਿਖੇ ਗੁਰਮਤਿ ਸਮਾਗਮ ਕਰਵਾਇਆ

**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਦਸਮ ਪਾਤਿਸ਼ਾਹ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਅਰੰਭੇ ਗਏ ਹੋਲੇ ਮਹੱਲੇ ਦੀ ਖੁਸ਼ੀ ਵਿੱਚ ਵਿਸ਼ੇਸ਼ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਦਿਨ ਸਵੇਰੇ 9:00 ਵਜੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਭੋਗ ਪਾਏ ਗਏ । ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਧਾਰਮਿਕ ਸਮਾਗਮ ਵਿੱਚ ਭਾਈ ਮਨਜੀਤ ਸਿੰਘ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਦਸਮ ਪਿਤਾ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ 1699 ਈ: ਵਿੱਚ ਖਾਲਸਾ ਪੰਥ ਦੀ ਸਿਰਜਣਾ ਕਰਨ ਅਤੇ 1700 ਈ: ਵਿੱਚ ਖਾਲਸਾ ਪੰਥ ਦੀ ਚੜ੍ਹਦੀ ਕਲਾ ਦਾ ਪ੍ਰਤੀਕ ਹੋਲੇ ਮਹੱਲੇ ਦੀ ਸ਼ੁਰੂਆਤ ਕਰਨ ਦਾ ਪੂਰਾ ਪ੍ਰਸੰਗ ਸੰਗਤਾਂ ਨੂੰ ਢਾਡੀ ਵਾਰਾਂ ਵਿਸਥਾਰ ਸਹਿਤ ਸਰਵਣ ਕਰਾਇਆ। ਬੀਬੀ ਉੱਤਮਜੀਤ ਕੌਰ ਖਾਲਸਾ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਇਲਾਹੀ ਬਾਣੀ ਨਾਲ ਸੰਗਤਾਂ ਨੂੰ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸ਼੍ਰੋਮਣੀ ਪ੍ਰਚਾਰਕ ਭਾਈ ਜਰਨੈਲ ਸਿੰਘ ਜੀ ਲੁਧਿਆਣੇ ਵਾਲਿਆਂ ਨੇ ਖੰਡੇ ਬਾਟੇ ਦੇ ਅੰਮ੍ਰਿਤ ਦੀ ਮਹੱਤਤਾ ਦੱਸਦੇ ਹੋਏ ਸੰਗਤਾਂ ਨੂੰ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ ਲਈ ਪ੍ਰੇਰਿਆ । ਇਸ ਤੋਂ ਇਲਾਵਾ ਮਾਤਾ ਸੁੰਦਰ ਕੌਰ ਜੀ ਸਰਬ ਸਾਂਝੀ ਸੋਸਾਇਟੀ, ਬੀਬੀ ਕਮਲਜੀਤ ਕੌਰ, ਭਾਈ ਹਰਕੰਵਲ ਸਿੰਘ ਜੀ, ਬਾਬਾ ਦੀਪ ਸਿੰਘ ਜੀ ਕਵੀਸ਼ਰੀ ਜੱਥਾ, ਭਾਈ ਨਿਰਮੇਲ ਸਿੰਘ, ਭਾਈ ਗੁਰਦੀਪ ਸਿੰਘ, ਸ਼ੇਰ ਏ ਪੰਜਾਬ ਕਵੀਸ਼ਰੀ ਜੱਥਾ, ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ, ਮੀਰੀ ਪੀਰੀ ਪੰਥਕ ਢਾਡੀ ਜੱਥਾ, ਭਗੜਾਨੇ ਵਾਲਿਆਂ ਦਾ ਕਵੀਸ਼ਰੀ ਜਥਾ, ਭਾਈ ਗੁਰਵਿੰਦਰ ਸਿੰਘ ਦੇ ਜੱਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਇੰਦਰਜੀਤ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਜਸਵੰਤ ਸਿੰਘ, ਭਾਈ ਨੀਤਿਨ ਸਿੰਘ ਅਤੇ ਭਾਈ ਸੁਰਿੰਦਰ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ । ਸਾਰੇ ਜਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਦਿਹਾੜੇ ਨੂੰ ਮੁੱਖ ਰੱਖਦੇ ਹੋਏ ਸ੍ਰੀ ਦਰਬਾਰ ਸਾਹਿਬ ਜੀ ਦੀ ਅੰਦਰੋਂ ਵਿਸ਼ੇਸ਼ ਸਜਾਵਟ ਕੀਤੀ ਗਈ ਸੀ। ਇਸ ਦਿਹਾੜੇ ਤੇ ਹਜ਼ਾਰਾਂ ਸੰਗਤਾਂ ਨੇ ਇਸ ਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ । ਗੁਰੂ ਕਾ ਲੰਗਰ ਸਾਰਾ ਦਿਨ ਅਤੁੱਟ ਵਰਤਾਇਆ ਗਿਆ । ਇਸ ਮੌਕੇ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਆਉਣ ਵਾਲੀ ਮਿਤੀ 14 ਮਾਰਚ ਨੂੰ 558ਵੇਂ ਨਾਨਕਸ਼ਾਹੀ ਸਾਲ ਦਾ ਆਗਮਨ ਦਿਵਸ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਇਆ ਜਾਵੇਗਾ। ਇਸ ਦਿਨ ਸਵੇਰੇ 9 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਇਸ ਉਪਰੰਤ ਸ੍ਰੀ ਦਰਬਾਰ ਸਾਹਿਬ ਜੀ ਅੰਮ੍ਰਿਤਸਰ ਦੇ ਹਜ਼ੂਰੀ ਰਾਗੀ ਜੱਥੇ, ਇੰਟਰਨੈਸ਼ਨਲ ਢਾਡੀ ਜੱਥੇ ਅਤੇ ਉਚ ਕੋਟੀ ਦੇ ਪੰਥ ਪ੍ਰਸਿੱਧ ਪ੍ਰਚਾਰਕ ਸੰਗਤਾਂ ਨੂੰ ਸਾਰਾ ਦਿਨ ਹਰਜੱਸ ਸੁਨਾ ਕੇ ਨਿਹਾਲ ਕਰਨਗੇ। ਗੁਰੂ ਕਾ ਲੰਗਰ ਇਸ ਮੌਕੇ ਅਤੁੱਟ ਵਰਤਾਇਆ ਜਾਵੇਗਾ।



## ਹਰਿਆਣਾ ਕੈਬਨਿਟ ਦੀ ਮੀਟਿੰਗ 24 ਨੂੰ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਕੈਬਨਿਟ ਦੀ ਮੀਟਿੰਗ 24 ਮਾਰਚ ਨੂੰ ਸਵੇਰੇ 11:00 ਵਜੇ ਹਰਿਆਣਾ ਸਿਵਲ ਸਕੱਤਰੇਤ ਸਥਿਤ ਚੌਥੀ ਮੰਜ਼ਿਲ 'ਤੇ ਬੁਲਾਈ ਗਈ ਹੈ।ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ ਵੱਲੋਂ ਇਸ ਸਬੰਧ ਦੀ ਸੂਚਨਾ ਜਾਰੀ ਕੀਤੀ ਗਈ ਹੈ।

## ਰਗਬੀ ਟੂਰਨਾਮੈਂਟ 'ਚ ਖਾਲਸਾ ਕਾਲਜ ਨੇ ਜਿੱਤਿਆ ਸਿਲਵਰ ਮੈਡਲ

**ਸੁਲਤਾਨਪੁਰ ਲੋਧੀ (ਹਨੀ)**- ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ ਕਰਵਾਏ ਗਏ 'ਇੰਟਰ ਕਾਲਜ ਸਪੋਰਟਸ' ਰਗਬੀ ਟੂਰਨਾਮੈਂਟ 2025-26 ਵਿਚ ਗੁਰੂ ਨਾਨਕ ਖਾਲਸਾ ਕਾਲਜ ਦੀ ਲੜਕੀਆਂ ਦੀ ਟੀਮ ਨੇ ਡਿਵੀਜ਼ਨ ਏ 'ਚ ਭਾਗ ਲਿਆ ਤੇ ਦੂਜਾ ਸਥਾਨ ਹਾਸਲ ਕਰਦੇ ਹੋਏ ਚਾਂਦੀ ਦੇ ਮੈਡਲ 'ਤੇ ਕਬਜ਼ਾ ਕੀਤਾ। ਟੀਮ ਵਿਚ ਅਮਨਪ੍ਰੀਤ ਸਿੰਘ, ਗੁਰਬਾਜ ਸਿੰਘ, ਮੋਹਿਤ, ਜੈਪਾਲ ਸਿੰਘ, ਅਭੈ ਸਿੰਘ, ਦਿਲਜੀਤ ਸਿੰਘ, ਗੁਰਜੀਤ ਸਿੰਘ, ਹਰਮਨਪ੍ਰੀਤ ਸਿੰਘ, ਰੋਹਿਤ, ਗੌਤਮ ਸਿੰਘ, ਨਿਸ਼ਾਨ ਸਿੰਘ ਅਤੇ ਰਾਜਵੀਰ ਸਿੰਘ ਸ਼ਾਮਲ ਸਨ, ਜਿਨ੍ਹਾਂ ਦੀ ਅਗਵਾਈ ਸਰੀਰਿਕ ਸਿੱਖਿਆ ਵਿਭਾਗ ਦੇ ਪ੍ਰੋ. ਹਰਜਾਪ ਸਿੰਘ ਨੇ ਕੀਤੀ। ਜੇਤੂ ਟੀਮ ਦਾ ਕਾਲਜ ਪਹੁੰਚਣ 'ਤੇ ਸਵਾਗਤ ਕੀਤਾ ਗਿਆ।ਕਾਲਜ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜੀ. ਸਵਰਨ ਸਿੰਘ, ਸਕੱਤਰ ਬੀਬੀ ਗੁਰਪ੍ਰੀਤ ਕੌਰ ਮੈਂਬਰ ਐੱਸ ਜੀ ਪੀ ਸੀ, ਇੰਜੀ. ਹਰਨਿਆਮਤ ਕੌਰ ਅਤੇ ਕਾਲਜ ਦੇ ਡਾਇਰੈਕਟਰ ਇੰਜੀ.ਨਿਮਰਤਾ ਕੌਰ ਨੇ ਜੇਤੂ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੂੰ ਮੁਬਾਰਕਬਾਦ ਦਿੱਤੀ।ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਸਮੇਂ ਕਾਲਜ ਦੇ ਡਾਇਰੈਕਟਰ ਇੰਜੀ. ਨਿਮਰਤਾ ਕੌਰ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ।ਇਸ ਮੌਕੇ ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰੋ. ਜਸਬੀਰ ਕੌਰ, ਲੜਕੀਆਂ ਵਿੰਗ ਦੇ ਕੋਆਰਡੀਨੇਟਰ ਪ੍ਰੋ.ਸੁਖਪਾਲ ਸਿੰਘ, ਡਾ. ਮਨੀ ਛਾਬੜਾ, ਪ੍ਰੋ.ਰਾਜਦੀਪ ਕੌਰ ਜੋਸਨ, ਪ੍ਰੋ. ਹਰਪ੍ਰੀਤ ਸਿੰਘ, ਡਾ. ਸੁਖਵਿੰਦਰ ਸਿੰਘ ਤੇ ਪ੍ਰੋ. ਸਰਬਜੀਤ ਕੌਰ ਸ਼ਾਮਲ ਰਹੇ।



# ਲੋਕ-ਹਿਤੈਸ਼ੀ ਬਜਟ ਨਾਲ ਲੋਕ ਸੇਵਾਵਾਂ ਦੀ ਡਿਲੀਵਰੀ ਹੋਵੇਗੀ ਹੋਰ ਮਜ਼ਬੂਤ : ਮੁੰਡੀਆਂ

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਪੰਜਾਬ ਦੇ ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ ਅਤੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਵੱਲੋਂ ਪੇਸ਼ ਕੀਤੇ ਗਏ ਬਜਟ ਨੂੰ ਪ੍ਰਗਤੀਸ਼ੀਲ, ਦੂਰਦਅੰਦੇਸ਼ ਅਤੇ ਲੋਕਪੱਖੀ ਕਰਾਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਬਜਟ 'ਚ ਕੀਤੇ ਉਪਬੰਧਾਂ ਨਾਲ ਜਿੱਥੇ ਪੀਣ ਵਾਲੇ ਪਾਣੀ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤੀ ਮਿਲੇਗੀ, ਉਥੇ ਸੂਬੇ ਭਰ ਵਿੱਚ ਪਾਰਦਰਸ਼ੀ ਸ਼ਾਸਨ ਵਧੇਰੇ ਯਕੀਨੀ ਬਣੇਗਾ।ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਦੀਆਂ ਪਹਿਲਕਦਮੀਆਂ ਦਾ ਜ਼ਿਕਰ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਵਿੱਤੀ ਸਾਲ 2026-27 ਵਿੱਚ 1487 ਕਰੋੜ ਰੁਪਏ ਦੇ ਬਜਟ ਦਾ ਪ੍ਰਸਤਾਵ ਰੱਖਿਆ ਹੈ ਤਾਂ ਜੋ ਪੰਜਾਬ ਭਰ ਵਿੱਚ ਲੋਕਾਂ ਦੀ ਸਵੱਛ ਤੇ ਸੁਰੱਖਿਅਤ ਪੀਣ ਵਾਲੇ ਪਾਣੀ ਤੱਕ ਪਹੁੰਚ ਨੂੰ ਹੋਰ ਵਧਾਇਆ ਜਾ ਸਕੇ ਅਤੇ ਸਾਫ਼-ਸਫ਼ਾਈ ਸਬੰਧੀ ਸੇਵਾਵਾਂ ਨੂੰ ਹੋਰ ਬਿਹਤਰ ਬਣਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਸਰਕਾਰ 11 ਵੱਡੇ ਨਹਿਰੀ ਪਾਣੀ ਪ੍ਰਾਜੈਕਟਾਂ ਨੂੰ ਪੂਰਾ ਤੇ ਚਾਲੂ ਕਰਨ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ ਤਾਂ ਜੋ 1230 ਗੁਣਵੱਤਾ-ਪ੍ਰਭਾਵਿਤ ਅਤੇ ਪਾਣੀ ਦੀ ਕਿੱਲਤ ਵਾਲੇ ਪਿੰਡਾਂ ਲਈ ਸਾਫ਼ ਪੀਣ ਵਾਲੇ ਪਾਣੀ ਦੀ ਸਪਲਾਈ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਅੱਗੇ ਕਿਹਾ ਕਿ ਇਹ ਪ੍ਰਾਜੈਕਟ ਲੰਬੇ ਸਮੇਂ ਤੋਂ ਚੱਲ ਰਹੀਆਂ ਪਾਣੀ ਦੀ ਗੁਣਵੱਤਾ ਸਬੰਧੀ ਚੁਣੌਤੀਆਂ ਨੂੰ ਹੱਲ ਕਰਨ ਅਤੇ ਪੇਂਡੂ ਖੇਤਰਾਂ ਵਿੱਚ ਪੀਣਯੋਗ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਉਣ ਵਿੱਚ ਮੁੱਖ ਭੂਮਿਕਾ ਨਿਭਾਉਣਗੇ।



# ਨਿਰੰਕਾਰੀ ਮਿਸ਼ਨ ਵੱਲੋਂ ਲਗਾਏ ਕੈਂਪ 'ਚ 201 ਵਿਅਕਤੀਆਂ ਨੇ ਕੀਤਾ ਖ਼ੂਨਦਾਨ

**ਖਰੜ (ਹਰਨਾਮ ਸਿੰਘ ਡੱਲਾ)**- ਨਿਰੰਕਾਰੀ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦੇ ਪਵਿੱਤਰ ਆਸ਼ੀਰਵਾਦ ਨਾਲ ਸੰਤ ਨਿਰੰਕਾਰੀ ਚੈਰੀਟੇਬਲ ਫਾਊਂਡੇਸ਼ਨ ਦੀ ਅਗਵਾਈ ਹੇਠ ਸੰਤ ਨਿਰੰਕਾਰੀ ਸਤਿਸੰਗ ਭਵਨ ਦਾਊਂ ਮਾਜ਼ਰਾ ਖਰੜ ਵਿਖੇ ਇੱਕ ਖ਼ੂਨਦਾਨ ਕੈਂਪ ਲਗਾਇਆ ਗਿਆ ਜਿਸ ਵਿੱਚ 201 ਸ਼ਰਧਾਲੂਆਂ ਨੇ ਖ਼ੂਨਦਾਨ ਕੀਤਾ। ਕੈਂਪ ਦਾ ਉਦਘਾਟਨ ਚੰਡੀਗੜ੍ਹ ਜ਼ੋਨ ਦੇ ਜ਼ੋਨਲ ਇੰਚਾਰਜ ਓਪੀ ਨਿਰੰਕਾਰੀ ਨੇ ਕੀਤਾ। ਇਸ ਮੌਕੇ ਓ ਪੀ ਨਿਰੰਕਾਰੀ ਨੇ ਮਨੁੱਖਤਾ ਲਈ ਖ਼ੂਨਦਾਨੀਆਂ ਦੁਆਰਾ ਕੀਤੇ ਗਏ ਮਿਸਾਲੀ ਯਤਨਾਂ ਲਈ ਸਤਿਗੁਰੂ ਮਾਤਾ ਸੁਦੀਕਸ਼ਾ ਤੋਂ ਅਸ਼ੀਰਵਾਦ ਮੰਗਿਆ। ਉਨ੍ਹਾਂ ਕਿਹਾ ਕਿ ਇਸ ਕੈਂਪ ਦਾ ਮੁੱਖ ਉਦੇਸ਼ ਬਾਬਾ ਹਰਦੇਵ ਸਿੰਘ ਜੀ ਦੇ ਸ਼ਬਦਾਂ, 'ਮਾਨਵ ਕੋ ਮਾਨਵ ਹੋ ਪਿਆਰਾ, ਇਕ ਦੂਜੇ ਕਾ ਬਣੇ ਸਹਾਰਾ' ਨੂੰ ਜੀਵਨ ਵਿੱਚ ਲਿਆਉਣਾ ਹੈ। 1986 ਤੋਂ ਲੈ ਕੇ ਹੁਣ ਤੱਕ ਸੰਤ ਨਿਰੰਕਾਰੀ ਮਿਸ਼ਨ ਵੱਲੋਂ ਲਗਾਏ ਗਏ ਲਗਭਗ 9000 ਕੈਂਪਾਂ ਵਿੱਚ ਤਕਰੀਬਨ 15 ਲੱਖ ਯੂਨਿਟ ਖ਼ੂਨਦਾਨ ਕੀਤਾ ਗਿਆ ਹੈ। ਅੱਜ ਦੀ ਮੌਜੂਦਾ ਸਥਿਤੀ ਵਿੱਚ ਵੀ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਬਾਬਾ ਹਰਦੇਵ ਸਿੰਘ ਜੀ ਮਹਾਰਾਜ ਦੇ ਸੰਦੇਸ਼ 'ਖ਼ੂਨ ਨਾੜੀਆਂ ਵਿੱਚ ਵਹਿਣਾ ਚਾਹੀਦਾ ਹੈ, ਨਾਲੀਆਂ ਵਿੱਚ ਨਹੀਂ' ਨੂੰ ਅਪਣਾ ਕੇ ਮਨੁੱਖਤਾ ਨੂੰ ਬਚਾਉਣ ਵਾਸਤੇ ਜੀਵਨ ਜਿਊਣ ਲਈ ਪ੍ਰੇਰਿਤ ਕਰ ਰਹੇ ਹਨ। ਬਰਾਂਚ ਦੇ ਇੰਚਾਰਜ ਸੰਜੀਵ ਕੁਮਾਰ ਜੀ ਨੇ ਜ਼ੋਨਲ ਇੰਚਾਰਜ ਓ ਪੀ ਨਿਰੰਕਾਰੀ ਤੇ ਵਿਸ਼ੇਸ਼ ਤੌਰ ਤੇ ਪਹੁੰਚੇ ਆਲੇ ਦੁਆਲੇ ਦੇ ਇਲਾਕਿਆਂ ਤੋਂ ਸ਼ਰਧਾਲੂਆਂ ਤੇ ਖਾਸ ਕਰਕੇ ਸਾਰੇ ਖ਼ੂਨਦਾਨੀਆਂ ਅਤੇ ਸਰਕਾਰੀ ਹਸਪਤਾਲ, ਖਰੜ ਦੀ ਟੀਮ ਇੰਚਾਰਜ ਡਾਕਟਰ ਸਾਨੀਆ ਸ਼ਰਮਾ, ਪੀਜੀਆਈ ਚੰਡੀਗੜ੍ਹ ਤੋਂ ਡਾ.ਦਿਵਜੋਤ ਲਾਂਬਾ ਦੀ ਅਗਵਾਈ ਵਾਲੀ ਟੀਮ ਦਾ ਕੈਂਪ ਵਿੱਚ ਪਹੁੰਚਣ ਲਈ ਧੰਨਵਾਦ ਕੀਤਾ। ਕੈਂਪ ਦੀ ਪ੍ਰਬੰਧ ਵਿਵਸਥਾ ਸੇਵਾਦਲ ਦੇ ਸਮੂਹ ਮੈਂਬਰਾਂ ਦੁਆਰਾ ਸੇਵਾ ਦਲ ਅਧਿਕਾਰੀਆਂ ਦੀ ਨਿਗਰਾਨੀ ਹੇਠ ਕੀਤੀ ਗਈ।



# ਸਰਕਾਰੀ ਮਿਡਲ ਸਮਾਰਟ ਸਕੂਲ ਨੂੰ ਦੂਸਰੀ ਵਾਰ ਗਰੀਨ ਸਕੂਲ ਐਵਾਰਡ ਪ੍ਰਾਪਤ ਹੋਇਆ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**- ਸਰਕਾਰੀ ਮਿਡਲ ਸਕੂਲ ਬੱਲ ਦੀ ਮੁੱਖ ਅਧਿਆਪਕਾ ਸ਼ਾਂਤੀ ਦੇਵੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਗਰੀਨ ਸਕੂਲ ਪ੍ਰੋਗਰਾਮ ਦੇ ਅੰਤਰਗਤ ਸੈਸ਼ਨ 2025-26 ਦੌਰਾਨ ਕੇਂਦਰ ਸਰਕਾਰ ਦੇ ਵਾਤਾਵਰਨ ਅਤੇ ਜਲਵਾਯੂ ਪਰਿਵਰਤਨ ਮੰਤਰਾਲੇ ਵੱਲੋਂ ਪੰਜਾਬ ਦੇ ਸਰਕਾਰੀ ਤੇ ਗੈਰ ਸਰਕਾਰੀ ਸਕੂਲਾਂ ਦਾ ਆਡਿਟ ਕਰਵਾਇਆ ਗਿਆ। ਜੀ ਪੀ ਐਸ ਆਡਿਟ ਦੇ ਦੌਰਾਨ ਕੇਂਦਰ ਦੀ ਟੀਮ ਨੇ ਸਕੂਲਾਂ ਵਿੱਚ ਹਵਾ ਭੂਮੀ ਭੋਜਨ ਦੀ ਗੁਣਵੰਤਾ ਅਤੇ ਕੂੜਾ ਪ੍ਰਬੰਧਨ ਆਦਿ ਮੁਹੱਬਤਾਂ ਪੂਰਨ ਮਾਪ ਦੰਡਾਂ ਦੀ ਜਾਂਚ ਕੀਤੀ ਗਈ ਜਿਸ ਵਿੱਚ ਜਲੰਧਰ ਜਿਲੇ ਦੇ 14 ਸਕੂਲਾਂ ਨੂੰ ਇਹ ਅਵਾਰਡ ਹਾਸਿਲ ਹੋਇਆ ਜਿਸ ਵਿੱਚ ਸਰਕਾਰੀ ਮਿਡਲ ਸਕੂਲ ਬੱਲ ਨੂੰ ਦੂਸਰੀ ਵਾਰ ਗਰੀਨ ਸਕੂਲ ਦੇ ਅਵਾਰਡ ਲਈ ਵਿੱਚ ਚੁਣਿਆ ਗਿਆ। ਇਸ ਪ੍ਰਾਪਤੀ ਲਈ ਜ਼ਿਲ੍ਹਾ ਸਿੱਖਿਆ ਅਫਸਰ ਡਾ. ਗੁਰਿੰਦਰਜੀਤ ਕੌਰ, ਉਪ ਸਿੱਖਿਆ ਅਫਸਰ ਨੇ ਜ਼ਿਲ੍ਹੇ ਦੀ ਜੀ ਪੀ ਐਸ ਆਡਿਟ ਟੀਮ ਅਤੇ ਚੁਣੇ ਹੋਏ ਸਕੂਲਾਂ ਦੇ ਪ੍ਰਿੰਸੀਪਲਾ ਤੇ ਸਮੂਹ ਸਟਾਫ ਨੂੰ ਇਸ ਉਪਲਬਧੀ ਲਈ ਵਧਾਈ ਦਿੱਤੀ ਗਈ। ਇਸ ਦੇ ਨਾਲ ਹੀ ਸਰਕਾਰੀ ਮਿਡਲ ਸਮਾਰਟ ਸਕੂਲ ਬੱਲ ਨੂੰ ਲਗਾਤਾਰ ਦੂਸਰੀ ਵਾਰ ਇਸ ਐਵਾਰਡ ਲਈ ਚੁਣੇ ਜਾਣ ਤੇ ਵਿਸ਼ੇਸ਼ ਤੌਰ ਤੇ ਵਧਾਈ ਦਿੱਤੀ ਗਈ।



## ਘਰੇਲੂ ਗੈਸ ਸਿਲੰਡਰ ਦੀਆਂ ਕੀਮਤਾਂ ਵਿੱਚ ਵਾਧਾ ਕਰਨਾ ਜਨਤਾ ਦੀ ਜੇਬ 'ਤੇ ਡਾਕਾ : ਸੈਣੀ

**ਬਲਾਚੌਰ (ਜਸਵਿੰਦਰ ਬੈਂਸ)**- ਆਮ ਆਦਮੀ ਪਾਰਟੀ ਦੇ ਹਲਕਾ ਬਲਾਚੌਰ ਤੋਂ ਯੂਥ ਵਿੰਗ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਸੈਣੀ ਨੇ ਕੇਂਦਰ ਸਰਕਾਰ ਵੱਲੋਂ ਘਰੇਲੂ ਗੈਸ ਸਿਲੰਡਰ ਦੀਆਂ ਕੀਮਤਾਂ ਵਿੱਚ ਕੀਤੇ ਵਾਧੇ ਦੀ ਕੜੀ ਨਿੰਦਾ ਕਰਦੇ ਹੋਏ ਕਿਹਾ ਕਿ ਇਹ ਫੈਸਲਾ ਆਮ ਜਨਤਾ ਦੀ ਜੇਬ 'ਤੇ ਸਿੱਧਾ ਡਾਕਾ ਹੈ। ਗੁਰਪ੍ਰੀਤ ਸਿੰਘ ਸੈਣੀ ਨੇ ਕਿਹਾ ਕਿ ਪਹਿਲਾਂ ਹੀ ਮਹਿੰਗਾਈ ਦੀ ਮਾਰ ਝੱਲ ਰਹੀ ਜਨਤਾ ਲਈ ਰਸੋਈ ਗੈਸ ਦੀ ਕੀਮਤ ਵਿੱਚ ਵਾਧਾ ਹੋਰ ਮੁਸ਼ਕਲਾਂ ਖੜ੍ਹੀਆਂ ਕਰੇਗਾ। ਖ਼ਾਸ ਕਰਕੇ ਮੱਧ ਵਰਗ ਅਤੇ ਗਰੀਬ ਪਰਵਾਰਾਂ ਲਈ ਘਰੇਲੂ ਖਰਚੇ ਚਲਾਉਣਾ ਹੋਰ ਵੀ ਔਖਾ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਲੋਕਾਂ ਦੀਆਂ ਮੁਸ਼ਕਲਾਂ ਨੂੰ ਸਮਝਣਾ ਚਾਹੀਦਾ ਹੈ ਅਤੇ ਤੁਰੰਤ ਇਸ ਫੈਸਲੇ ਨੂੰ ਵਾਪਸ ਲੈਣਾ ਚਾਹੀਦਾ ਹੈ। ਸੈਣੀ ਨੇ ਕਿਹਾ ਕਿ ਇੱਕ ਪਾਸੇ ਲੋਕਾਂ ਨੂੰ ਮਹਿੰਗਾਈ ਤੋਂ ਰਾਹਤ ਦੇਣ ਦੇ ਵਾਅਦੇ ਕੀਤੇ ਜਾਂਦੇ ਹਨ, ਦੂਜੇ ਪਾਸੇ ਲਗਾਤਾਰ ਰਸੋਈ ਗੈਸ, ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਧਾ ਕਰਕੇ ਆਮ ਲੋਕਾਂ 'ਤੇ ਬੋਝ ਪਾਇਆ ਜਾ ਰਿਹਾ ਹੈ।ਸੈਣੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਹਮੇਸ਼ਾ ਲੋਕਾਂ ਦੇ ਹੱਕਾਂ ਲਈ ਖੜ੍ਹੀ ਰਹੀ ਹੈ ਤੇ ਜਨਤਾ 'ਤੇ ਪੈ ਰਹੇ ਇਸ ਵਾਧੂ ਬੋਝ ਦੇ ਖ਼ਿਲਾਫ਼ ਆਪਣੀ ਆਵਾਜ਼ ਉਠਾਉਂਦੀ ਰਹੇਗੀ। ਉਨ੍ਹਾਂ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਤੁਰੰਤ ਘਰੇਲੂ ਗੈਸ ਸਿਲੰਡਰ ਦੀਆਂ ਕੀਮਤਾਂ ਵਿੱਚ ਕੀਤਾ ਵਾਧਾ ਵਾਪਸ ਲਿਆ ਜਾਵੇ ਤਾਂ ਜੋ ਲੋਕਾਂ ਨੂੰ ਰਾਹਤ ਮਿਲ ਸਕੇ।

## ਪੰਜਾਬੀ ਸਾਹਿਤ ਅਕਾਡਮੀ ਦੀ ਚੋਣ ਵਿੱਚ ਡਾ. ਸਰਬਜੀਤ ਸਿੰਘ ਨੂੰ ਹਮਾਇਤ ਦੇਣ ਦੀ ਅਪੀਲ

**ਚੰਡੀਗੜ੍ਹ (ਨ ਜ ਸ)**- ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਦੀ 15 ਮਾਰਚ ਨੂੰ ਪੰਜਾਬੀ ਭਵਨ, ਲੁਧਿਆਣਾ ਵਿਖੇ ਹੋ ਰਹੀ ਚੋਣ ਦੇ ਮੱਦੇਨਜ਼ਰ ਸਾਹਿਤਕ ਹਲਕਿਆਂ ਵਿੱਚ ਚਰਚਾ ਤੇ ਸਰਗਰਮੀ ਤੇਜ਼ ਹੋ ਗਈ ਹੈ। ਪੰਜਾਬੀ ਲੇਖਕ ਸਭਾ ਚੰਡੀਗੜ੍ਹ ਵੱਲੋਂ ਜਾਰੀ ਇਕ ਸਾਂਝੇ ਬਿਆਨ ਵਿੱਚ ਅਕਾਡਮੀ ਦੀ ਪ੍ਰਧਾਨਗੀ ਲਈ ਉਮੀਦਵਾਰ ਡਾ. ਸਰਬਜੀਤ ਸਿੰਘ ਨੂੰ ਵੋਟ ਪਾਉਣ, ਉਨ੍ਹਾਂ ਦੀ ਹਮਾਇਤ ਕਰਨ ਅਤੇ ਉਨ੍ਹਾਂ ਨੂੰ ਕਾਮਯਾਬ ਬਣਾਉਣ ਦੀ ਅਪੀਲ ਕੀਤੀ ਹੈ।ਸਾਂਝੇ ਬਿਆਨ ਵਿੱਚ ਅਕਾਡਮੀ ਦੇ ਮੈਂਬਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ 15 ਮਾਰਚ ਨੂੰ ਪੰਜਾਬੀ ਭਵਨ, ਲੁਧਿਆਣਾ ਵਿਖੇ ਹੋਣ ਵਾਲੀ ਚੋਣ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦੇ ਹੋਏ ਡਾ. ਸਰਬਜੀਤ ਸਿੰਘ ਦੇ ਹੱਕ ਵਿੱਚ ਵੋਟ ਪਾਉਣ ਤੇ ਉਨ੍ਹਾਂ ਨੂੰ ਭਾਰੀ ਬਹੁਮਤ ਨਾਲ ਜਿਤਾਉਣ।

# ਜ਼ਰੂਰਤਮੰਦ ਮਰੀਜ਼ਾਂ ਨੂੰ 12 ਜਬਾੜੇ ਮੁਫ਼ਤ ਲਗਾਏ

**ਫਿਲੌਰ, (ਨਿਰਮਲ)**- ਏਕ ਨੂਰ ਹਾਕੀ ਅਕੈਡਮੀ ਗਰਾਊਂਡ ਪਿੰਡ ਤੇਹਿੰਗ ਚ ਤੇਹਿੰਗ ਵੈਲਫੇਅਰ ਸੋਸਾਇਟੀ ਤੇ ਗ੍ਰਾਮ ਪੰਚਾਇਤ, ਐੱਨ ਆਰ ਆਈ ਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਦੰਦਾਂ ਦਾ ਮੈਡੀਕਲ ਚੈਕ ਅੱਪ ਕੈਂਪ ਲਗਾਇਆ ਗਿਆ,। ਇਹ ਕੈਂਪ ਦੀਪ ਡੈਂਟਲ ਕਲੀਨਿਕ ਕਿਲਾ ਰੋਡ ਫਿਲੌਰ ਦੇ ਦੰਦਾਂ ਦੇ ਮਾਹਿਰ ਡਾਕਟਰ ਕੁਲਦੀਪ ਰਾਏ ਅਤੇ ਉਨ੍ਹਾਂ ਦੀ ਟੀਮ ਵੱਲੋਂ ਮਰੀਜ਼ਾਂ ਦੇ ਦੰਦਾਂ ਦਾ ਚੈੱਕ ਅੱਪ ਕੀਤਾ ਗਿਆ। ਇਸ ਕੈਂਪ ਦਾ ਇਲਾਕੇ ਦੇ ਸੈਂਕੜੇ ਲੋਕਾਂ ਨੇ ਲਾਭ ਲਿਆਂ। ਇਸ ਕੈਂਪ ਚ 12 ਮਰੀਜ਼ਾਂ ਨੂੰ ਚੁਣਿਆਂ ਗਿਆ ਜਿਨ੍ਹਾਂ ਦੇ ਜੁਬਾੜੇ ਖਰਾਬ ਸਨ ਅਤੇ ਉਹ ਪੈਸੇ ਖਰਚ ਕੇ ਲਗਵਾ ਨਹੀਂ ਸਕਦੇ ਸਨ। ਉਨ੍ਹਾਂ ਜ਼ਰੂਰਤਮੰਦ ਮਰੀਜ਼ਾਂ ਨੂੰ ਡਾਕਟਰ ਕੁਲਦੀਪ ਰਾਏ ਵੱਲੋਂ 12 ਜਬਾੜੇ ਮੁਫ਼ਤ ਲਗਾਏ ਗਏ। ਇਸ ਮੌਕੇ ਡਾਕਟਰ ਕੁਲਦੀਪ ਰਾਏ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਤੇਹਿੰਗ ਵੈਲਫੇਅਰ ਸੋਸਾਇਟੀ ਤੇ ਗ੍ਰਾਮ ਪੰਚਾਇਤ, ਸਮੂਹ ਨਗਰ ਨਿਵਾਸੀਆਂ ਦਾ ਇਹ ਸ਼ਲਾਘਾਯੋਗ ਕਦਮ ਹੈ। ਉਨ੍ਹਾਂ ਕਿਹਾ ਕਿ ਅੱਖਾਂ ਜਾ ਖ਼ੂਨਦਾਨ ਦੇ ਕੈਂਪ ਤਾਂ ਆਮ ਲਗਾਏ ਜਾਦੇ ਹਨ ਪਰ ਦੰਦਾਂ ਦੀ ਜਾਂਚ ਦਾ ਕੈਂਪ ਇਲਾਕੇ 'ਚ ਪਹਿਲੀ ਵਾਰ ਲਗਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਨਾਲ ਸੇਵਾ ਕਰਕੇ ਮੈਨੂੰ ਵੀ ਮਾਣ ਮਹਿਸੂਸ ਹੋਇਆ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਆਪਣੇ ਪਿੰਡ ਦੰਦਾਂ ਦੇ ਜਾਂਚ ਦਾ ਕੈਂਪ ਲਗਾਉਣਾ ਚਾਹੀਦਾ ਹੈ ਤਾਂ ਉਨ੍ਹਾਂ ਨਾਲ ਸੰਪਰਕ ਕੀਤਾ ਜਾ ਸਕਦਾ ਹੈ।ਇਸ ਮੌਕੇ ਤੇਹਿੰਗ ਵੈਲਫੇਅਰ ਸੋਸਾਇਟੀ ਤੇ ਗ੍ਰਾਮ ਪੰਚਾਇਤ ਮੈਂਬਰ ਤੇ ਸਮੂਹ ਨਗਰ ਨਿਵਾਸੀ ਹਾਜ਼ਰ ਸਨ।



# ਸ਼ਾਂਤਮਈ ਤੇ ਬਾਜ਼ਾਬਤਾ ਰਹਿ ਕੇ ਆਵਾਜ਼ ਬੁਲੰਦ ਕਰਨ ਲਈ ਇਸਤਰੀਆਂ 'ਤੇ ਢਾਹੇ ਪੁਲਸ ਜਬਰ ਦੀ ਨਿਖੇਧੀ

**ਜਲੰਧਰ (ਥਾਪਾ)**- ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ.ਐਮ.ਪੀ.ਆਈ.) ਨੇ ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਸ਼ਾਂਤਮਈ ਤੇ ਬਾਜ਼ਾਬਤਾ ਰਹਿ ਕੇ ਆਵਾਜ਼ ਬੁਲੰਦ ਕਰਨ ਲਈ ਬੀਤੇ ਕੱਲ੍ਹ ਚੰਡੀਗੜ੍ਹ ਪੁੱਜੇ ਸਰਕਾਰੀ ਮੁਲਾਜ਼ਮਾਂ, ਖਾਸ ਕਰਕੇ ਇਸਤਰੀਆਂ 'ਤੇ ਢਾਹੇ ਗਏ ਵਹਿਸ਼ੀ ਪੁਲਸ ਜਬਰ ਦੀ ਕਰੜੀ ਨਿਖੇਧੀ ਕੀਤੀ ਹੈ।

ਇੱਥੋਂ ਜਾਰੀ ਇਕ ਸੰਯੁਕਤ ਬਿਆਨ ਰਾਹੀਂ ਪਾਰਟੀ ਦੇ ਜਨਰਲ ਸਕੱਤਰ ਕਾਮਰੇਡ ਮੰਗਤ ਰਾਮ ਪਾਸਲਾ, ਕੇਂਦਰੀ ਸਟੈਂਡਿੰਗ ਕਮੇਟੀ ਦੇ ਮੈਂਬਰ ਸਾਥੀ ਹਰਕੰਵਲ ਸਿੰਘ ਅਤੇ ਪੰਜਾਬ ਰਾਜ ਕਮੇਟੀ ਦੇ ਸਕੱਤਰ ਸਾਥੀ ਪਰਗਟ ਸਿੰਘ ਜਾਮਾਰਾਏ ਨੇ ਕਿਹਾ ਕਿ ਮੁਲਾਜ਼ਮਾਂ 'ਤੇ ਵਰਤਾਏ ਗਏ ਇਸ ਪੁਲਸੀਆ ਕਹਿਰ ਨਾਲ ਪ੍ਰਾਂਤ ਦੇ ਲੋਕਾਂ ਨੂੰ ਬਦਲਾਅ ਲਿਆਉਣ ਦੇ ਨਾਂ ਹੇਠ ਭੁਚਲਾ ਕੇ ਸੂਬੇ ਦੀ ਰਾਜਸੱਤਾ ਹਥਿਆਉਣ ਵਾਲੀ ਆਪ ਸਰਕਾਰ ਦਾ ਦੰਭੀ ਕਿਰਦਾਰ ਤੇ ਜਾਬਰ ਚਿਹਰਾ-ਮੋਹਰਾ ਇਕ ਵਾਰ ਫੇਰ ਬੇਪਰਦ ਹੋ ਗਿਆ ਹੈ। ਪਾਸਲਾ, ਹਰਕੰਵਲ ਤੇ ਜਾਮਾਰਾਏ ਨੇ ਪਾਰਟੀ ਤੇ ਜਨ ਸੰਗਠਨਾਂ ਦੀਆਂ ਹੇਠਲੀਆਂ ਕਮੇਟੀਆਂ ਨੂੰ ਇਸ ਨਿਹੱਕੇ ਜਬਰ ਖਿਲਾਫ ਪਿੰਡਾਂ, ਸ਼ਹਿਰਾਂ 'ਚ ਤਕੜਾ ਪ੍ਰਤੀਰੋਧ ਉਸਾਰਨ ਦਾ ਸੱਦਾ ਦਿੰਦਿਆਂ ਪੰਜਾਬ ਵਾਸੀਆਂ ਨੂੰ ਸੂਬਾ ਸਰਕਾਰ ਦੀ ਜਾਬਰ ਨੀਤੀ ਖਿਲਾਫ ਹਰ ਮੰਚ ਤੋਂ ਸ਼ਕਤੀਸ਼ਾਲੀ ਆਵਾਜ਼ ਉਠਾਉਣ ਦੀ ਅਪੀਲ ਕੀਤੀ ਹੈ।

# ਅਧਿਆਪਕਾਂ ਤੇ ਮੁਲਾਜ਼ਮਾਂ 'ਤੇ ਤਸ਼ੱਦਦ ਦੀ ਜੀ ਟੀ ਯੂ ਵੱਲੋਂ ਸਖ਼ਤ ਨਿਖੇਧੀ

**ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਨੇ ਬੀਤੇ ਦਿਨ ਮੋਹਾਲੀ ਵਿਖੇ ਆਪਣੀਆਂ ਹੱਕੀ ਮੰਗਾਂ ਲਈ ਵਿਧਾਨ ਸਭਾ ਵੱਲ ਮਾਰਚ ਕਰ ਰਹੇ ਅਧਿਆਪਕਾਂ ਤੇ ਮੁਲਾਜ਼ਮਾਂ ਤੇ ਪੁਲਸ ਵੱਲੋਂ ਕੀਤੇ ਤਸ਼ੱਦਦ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਇਸ ਸੰਬੰਧੀ ਜਥੇਬੰਦੀ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ ਨੇ ਪ੍ਰੈੱਸ ਸਕੱਤਰ ਧਰਮਿੰਦਰ ਸਿੰਘ ਭੰਗੂ ਵੱਲੋਂ ਜਾਰੀ ਬਿਆਨ ਰਾਹੀਂ ਕਿਹਾ ਹੈ ਕਿ ਪਿਛਲੇ ਚਾਰ ਸਾਲ ਤੋਂ ਪੰਜਾਬ ਦੇ ਅਧਿਆਪਕ ਤੇ ਮੁਲਾਜ਼ਮ ਆਪਣੀਆਂ ਜਾਇਜ਼ ਮੰਗਾਂ ਨੂੰ ਮਨਵਾਉਣ ਲਈ ਸੰਘਰਸ਼ਸ਼ੀਲ ਹਨ । ਇਸੇ ਲੜੀ ਵਿੱਚ ਸਰਕਾਰ ਨੂੰ ਕੀਤੇ ਵਾਅਦੇ ਚੇਤੇ ਕਰਵਾਉਣ ਲਈ ਆਪਣੀਆਂ ਮੰਗਾਂ ਨੂੰ ਲੈ ਕੇ ਵਿਧਾਨ ਸਭਾ ਵੱਲ ਮਾਰਚ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਸੀ । ਪਰ ਸਰਕਾਰ ਨੇ ਮੁਲਾਜ਼ਮ ਤੇ ਅਧਿਆਪਕ ਮੰਗਾਂ ਨੂੰ ਪੂਰੀ ਤਰ੍ਹਾਂ ਦਰਕਨਾਰ ਕਰਦਿਆਂ ਨਾ ਤਾਂ ਬਜਟ ਵਿੱਚ ਸੀ ਕੋਈ ਤਜਵੀਜ਼ ਰੱਖੀ, ਤਾਂ ਨਾ ਹੀ ਗੱਲਬਾਤ ਦਾ ਕੋਈ ਰਾਹ ਅਪਣਾਇਆ ।ਸਰਕਾਰ ਨੇ ਸੰਘਰਸ਼ ਦੇ ਦਮਨ ਦੇ ਰਸਤੇ ਤੇ ਚਲਦਿਆਂ ਸ਼ਾਂਤ ਪੂਰਵਕ ਮਾਰਚ ਕਰ ਰਹੇ ਅਧਿਆਪਕਾਂ ਤੇ ਮੁਲਾਜ਼ਮਾਂ ਤੇ ਜਿੱਥੇ ਪਾਣੀ ਦੀਆਂ ਬੁਛਾੜਾਂ ਅਤੇ ਅਥਰੂ ਗੈਸ ਦੇ ਗੋਲੇ ਦਾਗੇ ਉੱਥੇ ਤਸ਼ੱਦਦ ਵੀ ਕੀਤਾ ਜਿਸ ਨਾਲ ਅਨੇਕਾਂ ਅਧਿਆਪਕਾਂ ਦੇ ਗਹਿਰੀਆਂ ਸੱਟਾਂ ਲੱਗੀਆਂ ਹਨ। ਇਸ ਮੌਕੇ ਕੁਲਬੀਰ ਸਿੰਘ ਕੰਧੋਲਾ, ਗੁਰਚਰਨ ਸਿੰਘ ਆਲੋਵਾਲ , ਗੁਰਪ੍ਰੀਤ ਸਿੰਘ ਹੀਰਾ , ਅਵਨੀਤ ਚੱਢਾ, ਅਵਤਾਰ ਸਿੰਘ ਜਵੰਧਾ, ਮਹਿੰਦਰਪਾਲ ਸਿੰਘ ਖੇੜੀ ਕੁਲਦੀਪ ਸਿੰਘ ਗਿੱਲ, ਕੇਸਰ ਸਿੰਘ ਲੈਹੜੀਆਂ, ਗੁਰਪ੍ਰੀਤ ਸਿੰਘ ਹੈਪੀ ਗਿੱਲ, ਦਵਿੰਦਰ ਸਿੰਘ ਸਮਾਣਾ, ਇਕਬਾਲ ਸਿੰਘ ਹੱਥ ਹਾਫਿਜਾਬਾਦ, ਗੁਰਦੀਪ ਸਿੰਘ ਖਾਬੜਾ, ਰੂਪ ਚੰਦ ਸਲੌਰਾ, ਦਵਿੰਦਰ ਸਿੰਘ ਚਨੌਲੀ, ਸੁਰਿੰਦਰ ਸਿੰਘ ਚੱਕ ਢੇਰਾਂ, ਇੰਦਰਜੀਤ ਸਿੰਘ ਥਲੀ ,ਵਿਕਾਸ ਸੋਨੀ , ਸੰਜੀਵ ਕੁਮਾਰ ਮੋਠਾਪੁਰ , ਅਸ਼ੋਕ ਕੁਮਾਰ ਨੂਰਪੁਰ, ਅੰਮ੍ਰਿਤ ਸੈਣੀ ਨੰਗਲ , ਜਗਦੀਪ ਸਿੰਘ ਝੱਲੀਆਂ ਸਮੇਤ ਵੱਡੀ ਗਿਣਤੀ ਚ ਅਧਿਆਪਕ ਹਾਜ਼ਰ ਸਨ ।



# ਪੰਜਾਬ ਸਰਕਾਰ ਵੱਲੋਂ ਨਸ਼ੇ ਦੇ ਖਾਤਮੇ ਲਈ ਵਿਸ਼ੇਸ਼ ਮੀਟਿੰਗ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪੰਜਾਬ ਸਰਕਾਰ ਦੇ ਵੱਲੋਂ ਚਲਾਈ ਗਈ ਮੁਹਿੰਮ ਯੁੱਧ ਨਸ਼ਿਆ ਵਿਰੁੱਧ ਤਹਿਤ ਪਿੰਡ ਰਾਜਪੁਰ ਭਾਈਆਂ ਵਿਖੇ ਮੀਟਿੰਗ ਕੀਤੀ ਗਈ। ਮੀਟਿੰਗ ਦੀ ਪ੍ਰਧਾਨਗੀ ਜ਼ਿਲਾ ਹੁਸ਼ਿਆਰਪੁਰ ਤੋਂ ਯੁੱਧ ਨਸ਼ਿਆ ਵਿਰੁੱਧ ਦੇ ਕੋਆਰਡੀਨੇਟਰ ਜਸਵੰਤ ਸਿੰਘ ਸਿਆਣ ਵੱਲੋਂ ਕੀਤੀ ਗਈ। ਉਹਨਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋ ਨਸ਼ਿਆਂ ਦੇ ਖਿਲਾਫ਼ ਬਹੁਤ ਸਾਰੇ ਯਤਨ ਕੀਤੇ ਜਾ ਰਹੇ ਹਨ ਤਾਂ ਜੋ ਪੰਜਾਬ ਵਿੱਚੋ ਨਸ਼ਿਆ ਦਾ ਮੁਕੰਮਲ ਤੌਰ 'ਤੇ ਖਾਤਮਾ ਕੀਤੇ ਜਾ ਸਕੇ ਤੇ ਪੰਜਾਬ ਨੂੰ ਫਿਰ ਤੋਂ ਰੰਗਲਾ ਪੰਜਾਬ ਬਣਾਇਆ ਜਾ ਸਕੇ। ਇਸ ਮੌਕੇ ਸਰਪੰਚ ਨਿਸ਼ਾ ਰਾਣੀ ਖੇੜਾ ਕਲਾ , ਲੰਬੜਦਾਰ ਗੁਰਪਾਲ ਖੇੜਾ, ਯੂਥ ਪ੍ਰਧਾਨ ਨਵਜੋਤ ਸੰਘਾ, ਯੂਥ ਪ੍ਰਧਾਨ ਡਾ ਗੋਰਵ ਬੱਡਲਾ, ਸੋਨੂੰ ,ਗੋਪੀ ਰਾਜਪੁਰ, ਨੰਬੜਦਾਰ ਜਸਵਿੰਦਰ ਸਿੰਘ, ਰਾਣਾ, ਅਮਨ ਨੰਬਰਦਾਰ ਸੁਖਦੇਵ, ਸੋਨੀ, ਰਜਤ ਰਾਣਾ, ਬਲਜੀਤ ਸਿੰਘ ਰਾਣਾ, ਮਨਪ੍ਰੀਤ ,ਅਰਮਾਨ ਪਾਲਸ਼ੀ, ਜੈਲੀ , ਕਮਲਜੀਤ ਬਿੱਲਾ ਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

# ਨਸ਼ਾ ਤਸਕਰ ਦੀ ਗੈਰ-ਕਾਨੂੰਨੀ ਉਸਾਰੀ ਢਾਹੀ

**ਜਲੰਧਰ, (ਸੁਰਿੰਦਰ ਕੁਮਾਰ)**- ਪੰਜਾਬ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਜਲੰਧਰ ਵਿੱਚ ਇੱਕ ਹੋਰ ਫੈਸਲਾਕੁੰਨ ਕਾਰਵਾਈ ਕੀਤੀ ਗਈ। ਇਸ ਕਾਰਵਾਈ ਅਧੀਨ ਪਿੰਡ ਜਮਸ਼ੇਰ ਵਿਖੇ ਇੱਕ ਬਦਨਾਮ ਨਸ਼ਾ ਤਸਕਰ ਨਾਲ ਸਬੰਧਤ ਗੈਰ-



ਕਾਨੂੰਨੀ ਢੰਗ ਨਾਲ ਪੰਚਾਇਤੀ ਜ਼ਮੀਨ 'ਤੇ ਕੀਤੇ ਕਬਜ਼ੇ ਨੂੰ ਢਾਹ ਦਿੱਤਾ ਗਿਆ। ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਕਾਰਵਾਈ ਗ੍ਰਾਮ ਪੰਚਾਇਤ ਜਮਸ਼ੇਰ, ਐੱਸ ਡੀ ਓ ਜਮਸ਼ੇਰ ਤੇ ਕਮਿਸ਼ਨਰੇਟ ਪੁਲਸ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ ਹੈ। ਏ ਡੀ ਸੀ ਪੀ-2 ਹਰਿੰਦਰ ਸਿੰਘ ਗਿੱਲ ਤੇ ਏ ਡੀ ਸੀ ਪੀ ਕੈਂਟ ਸਰਵਣਜੀਤ ਸਿੰਘ ਵੱਲੋਂ ਨਿਜੀ ਤੌਰ 'ਤੇ ਕਾਰਵਾਈ ਦੀ ਨਿਗਰਾਨੀ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਹ ਗੈਰ-ਕਾਨੂੰਨੀ ਉਸਾਰੀ ਜੇਮਸ ਉਰਫ਼ ਸਾਬੀ ਵਾਸੀ ਪਿੰਡ ਜਮਸ਼ੇਰ ਖਾਸ ਪੱਤੀ ਗਿੱਲਾਂ ਦੀ ਸੀ, ਜੋ ਕਿ ਜਲੰਧਰ ਕਮਿਸ਼ਨਰੇਟ ਦੇ ਥਾਣਾ ਸਦਰ ਦੇ ਅਧਿਕਾਰ ਖੇਤਰ 'ਚ ਹੈ। ਜੇਮਸ ਉਰਫ਼ ਸਾਬੀ ਇੱਕ ਬਦਨਾਮ ਨਸ਼ਾ ਤਸਕਰ ਸੀ, ਜਿਸ 'ਤੇ ਪਹਿਲਾਂ ਹੀ ਐੱਨ ਡੀ ਪੀ ਐਸ ਐਕਟ ਅਤੇ ਐਕਸਾਈਜ਼ ਐਕਟ ਅਧੀਨ 16 ਮਾਮਲੇ ਦਰਜ ਸਨ। ਇਹ ਕਪੂਰਥਲਾ ਜੇਲ੍ਹ ਵਿੱਚ ਬੰਦ ਸੀ ਤੇ ਬਿਮਾਰ ਹੋਣ ਕਰਕੇ ਇਸ ਦੀ ਇਲਾਜ ਦੌਰਾਨ ਅੰਮ੍ਰਿਤਸਰ ਵਿਖੇ ਹਸਪਤਾਲ ਵਿੱਚ ਮੌਤ ਹੋ ਗਈ ਸੀ, ਇਸ ਪਤੇ 'ਤੇ ਇਸ ਦੀ ਪਤਨੀ ਸੱਤਿਆ ਦੇਵੀ ਅਤੇ ਇਸਦਾ ਬੇਟਾ ਕਰਨ ਰਹਿ ਰਹੇ ਹਨ, ਜਿਨ੍ਹਾਂ ਖਿਲਾਫ਼ ਵੀ 1-1 ਮੁਕੱਦਮਾ ਥਾਣਾ ਸਦਰ ਕਮਿਸ਼ਨਰੇਟ ਜਲੰਧਰ ਵਿਖੇ ਦਰਜ ਹੈ। ਉਨ੍ਹਾਂ ਦੁਹਰਾਇਆ ਕਿ ਨਸ਼ਿਆਂ ਨਾਲ ਸਬੰਧਤ ਕਿਸੇ ਵੀ ਗੈਰ-ਕਾਨੂੰਨੀ ਗਤੀਵਿਧੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਜ਼ਿਲ੍ਹੇ ਵਿੱਚ ਨਸ਼ਿਆਂ ਦੀ ਤਸਕਰੀ ਨੂੰ ਰੋਕਣ ਲਈ ਅਜਿਹੀਆਂ ਸਖ਼ਤ ਕਾਰਵਾਈਆਂ ਆਉਣ ਵਾਲੇ ਦਿਨਾਂ ਵਿੱਚ ਵੀ ਜਾਰੀ ਰਹਿਣਗੀਆਂ।

# ਵਿਦਿਆਰਥੀਆਂ ਨੇ ਮਨਾਇਆ ਕੌਮਾਂਤਰੀ ਮਹਿਲਾ ਦਿਵਸ

**ਫਿਲੌਰ/ਨੂਰਮਹਿਲ (ਨਿਰਮਲ, ਬਾਲ ਕ੍ਰਿਸ਼ਨ ਬਾਲੀ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਫਿਲੌਰ (ਤੇਹਿੰਗ) ਵਿੱਚ 'ਕੌਮਾਂਤਰੀ ਨਾਰੀ ਦਿਵਸ' ਮਨਾਇਆ ਗਿਆ। ਕਾਲਜ ਦੇ ਪ੍ਰਿੰਸੀਪਲ ਮੈਡਮ ਡਾ: ਪਰਮਜੀਤ ਕੌਰ ਜੱਸਲ ਦੀ ਯੋਗ ਅਗਵਾਈ ਦੇ ਤਹਿਤ ਪ੍ਰੋ: ਪਰਮਜੀਤ ਕੌਰ (ਡਾ:) ਪੰਜਾਬੀ ਵਿਭਾਗ ਅਤੇ ਐੱਨ ਐੱਸ ਐੱਸ ਦੇ ਇੰਚਾਰਜ ਪ੍ਰੋ: ਸੋਨੀਆ ਕੰਪਿਊਟਰ ਵਿਭਾਗ ਨੇ ਐੱਨ ਐੱਸ ਐੱਸ ਦੇ ਵਿਦਿਆਰਥੀਆਂ ਦੇ ਸਹਿਯੋਗ ਸਦਕਾ ਇਹ ਪ੍ਰੋਗਰਾਮ ਉਲੀਕਿਆ ਜਿਸ ਵਿੱਚ ਕਾਲਜ ਦੇ ਵਿਦਿਆਰਥੀਆਂ ਜਿੰਨਾਂ ਵਿੱਚ ਹਰਲੀਨ, ਰੁਪਿੰਦਰ ਕੌਰ, ਪ੍ਰੀਤ ਕਮਲ, ਗੁਰਪ੍ਰੀਤ ਸਿੰਘ, ਰੂਪਮ ਕੁਮਾਰੀ, ਕਿਰਨ, ਰਾਗਿਨੀ, ਸਕੀਨਾ, ਜਸਪ੍ਰੀਤ, ਕਿਰਨ ਸ਼ਰਮਾ, ਰੇਖਾ, ਬਨੀਤਾ, ਸਨੇਹਾ, ਮਨਪ੍ਰੀਤ ਕੌਰ, ਗੀਨਾ ਨੇ ਸ਼ਬਦ,



ਭਾਸ਼ਣ, ਗੀਤ-ਗਾਇਨ, ਕਵਿਤਾ ਉਚਾਰਨ, ਡਾਂਸ ਅਤੇ ਲੋਕ ਨਾਚ ਗਿੱਧਾ ਦੀ ਪੇਸ਼ਕਸ਼ ਕੀਤੀ। ਇਸ ਮੌਕੇ ਰੰਗਾਰੰਗ ਪ੍ਰੋਗਰਾਮ ਕਰਦਿਆਂ ਵਿਦਿਆਰਥੀਆਂ ਨੇ ਔਰਤ ਦੀ ਅਜੋਕੇ ਸਮੇਂ 'ਚ ਸਥਿਤੀ ਤੇ ਸਥਾਨ ਬਾਰੇ ਵੀ ਵਿਚਾਰ ਚਰਚਾ ਕੀਤੀ। ਇਸ ਮੌਕੇ ਵਿਦਿਆਰਥੀਆਂ ਨੂੰ ਸੰਬੋਧਿਤ ਹੁੰਦਿਆਂ ਪ੍ਰਿੰਸੀਪਲ ਮੈਡਮ ਜੱਸਲ ਨੇ ਕਿਹਾ ਕਿ ਔਰਤ ਨੂੰ ਕਾਬਿਲ ਬਣਨਾ ਅਤਿ ਜ਼ਰੂਰੀ ਹੈ, ਉਸਨੂੰ ਆਪਣੀ ਕਲਾ ਨੇ ਪਛਾਨਣਾ ਨਿਖਾਰਨਾ ਅਤੇ ਉਸ ਵਿੱਚ ਮੁਹਾਰਿਤ ਹਾਸਿਲ ਕਰਨਾ ਬਹੁਤ ਜ਼ਰੂਰੀ ਹੈ ਕਿਉਂਕਿ ਔਰਤ ਨੇ ਆਪਣੇ ਆਪ ਨੂੰ ਆਤਮ ਨਿਰਭਰ ਬਣਾ ਕੇ ਕੇਵਲ ਆਪਣਾ ਹੀ ਨਹੀਂ ਸਗੋਂ ਆਪਣੇ ਪਰਿਵਾਰ ਦਾ ਭਲਾ ਕਰਨਾ ਹੁੰਦਾ ਹੈ। ਅਖੀਰ 'ਚ ਮੈਡਮ ਜੱਸਲ ਨੇ ਪ੍ਰੋਗਰਾਮ ਵਿੱਚ ਹਿੱਸਾ ਲੈਣ ਵਾਲੇ ਸਾਰੇ ਵਿਦਿਆਰਥੀਆਂ ਦੀ ਹੌਸਲਾਫਜਾਈ ਕੀਤੀ। ਪ੍ਰੋਗਰਾਮ ਵਿੱਚ ਕਾਲਜ ਦਾ ਸਮੂਹ ਟੀਚਿੰਗ ਸਟਾਫ਼ ਪ੍ਰੋ: ਜਸਪ੍ਰੀਤ ਕੌਰ, ਪ੍ਰੋ: ਰੁਪਿੰਦਰ ਸਿੰਘ, ਪ੍ਰੋ: ਕਮਲਪ੍ਰੀਤ ਕੌਰ, ਪ੍ਰੋ: ਬਬੀਤਾ ਕੁਮਾਰੀ, ਪ੍ਰੋ: ਹਰਪ੍ਰੀਤ ਸਿੰਘ, ਪ੍ਰੋ: ਵਿਸ਼ਾਲੀ ਪਸਰੀਚਾ, ਪ੍ਰੋ: ਮਨੀਸ਼ ਤ੍ਰੇਹਨ, ਪ੍ਰੋ: ਨਵਦੀਪ ਕੌਰ, ਪ੍ਰੋ: ਮਨਦੀਪ ਕੌਰ, ਪ੍ਰੋ: ਕਿਰਨਦੀਪ ਕੌਰ, ਪ੍ਰੋ: ਅੰਮ੍ਰਿਤਾ ਮੌਜੂਦ ਰਹੇ।

# ਸੜਕ ਹਾਦਸੇ 'ਚ ਦੋ ਗੰਭੀਰ ਜ਼ਖਮੀ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**- ਜਲੰਧਰ ਪਠਾਨਕੋਟ ਨੈਸ਼ਨਲ ਹਾਈਵੇ ਤੇ ਸਥਿਤ ਅੱਡਾ ਕਿਸ਼ਨਗੜ੍ਹ ਨਜ਼ਦੀਕ ਸੰਘਵਾਲ ਸਟੇਡੀਅਮ ਦੇ ਸਾਹਮਣੇ ਐਤਵਾਰ ਰਾਤ 12 ਵਜੇ ਦੇ ਕਰੀਬ ਇੱਕ ਤੇਜ ਰਫਤਾਰ ਥਾਰ ਚਾਲਕ ਵੱਲੋਂ ਐਕਟਿਵਾ ਤੇ ਸਵਾਰ ਦੋ ਵਿਅਕਤੀਆਂ ਨੂੰ ਪਿੱਛੋਂ ਟੱਕਰ ਮਾਰ ਕੇ ਮੌਕੇ ਤੋਂ ਫਰਾਰ ਹੋਣ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਿਸ ਵਿੱਚ ਦੋਵੇਂ ਐਕਟਿਵਾ ਸਵਾਰ ਗੰਭੀਰ ਜ਼ਖਮੀ ਹੋ ਗਏ। ਸੂਚਨਾ ਉਪਰੰਤ ਮੌਕੇ ਤੇ ਪਹੁੰਚੀ ਐਸਐਸ ਐਫ ਟੀਮ ਦੇ ਇੰਚਾਰਜ ਏਐਸਆਈ ਰਣਧੀਰ ਸਿੰਘ ਨੇ ਦੱਸਿਆ ਕਿ ਮੌਕੇ ਤੇ ਪਹੁੰਚ ਕੇ ਦੇਖਿਆ ਤਾਂ ਐਕਟੀਵਾ ਨੰਬਰ ਪੀਬੀ 08 ਈਵੀ 0893 ਤੇ ਸਵਾਰ ਸੁਖਵਿੰਦਰ ਸਿੰਘ ਪੁੱਤਰ ਮਨਜੀਤ ਸਿੰਘ ਅਤੇ ਜਗਮੋਹਨ ਸਿੰਘ ਪੁੱਤਰ ਬਲਵਿੰਦਰ ਸਿੰਘ ਦੋਵੇਂ ਵਾਸੀ ਕਿੰਗਰਾ ਚੋ ਵਾਲਾ ਜੋ ਕਿ ਜਲੰਧਰ ਤੋਂ ਆਪਣੇ ਪਿੰਡ ਕਿੰਗਰਾ ਚੋ ਵਾਲਾ ਨੂੰ ਵਾਪਸ ਜਾ ਰਹੇ ਸਨ ਕਿ ਨੈਸ਼ਨਲ ਹਾਈਵੇ ਤੇ ਸਥਿਤ ਸੰਘਵਾਲ ਸਟੇਡੀਅਮ ਦੇ ਨਜ਼ਦੀਕ ਪਿੱਛੋਂ ਆ ਰਹੀ ਤੇਜ਼ ਰਫਤਾਰ ਥਾਰ ਨੰਬਰ ਪੀ ਬੀ 07 ਬੀ ਐਕਸ 0019 ਨੇ ਪਿੱਛੋਂ ਜੋਰਦਾਰ ਟੱਕਰ ਮਾਰੀ। ਜਿਸ ਵਿੱਚ ਦੋਵੇਂ ਐਕਟਿਵਾ ਸਵਾਰ ਗੰਭੀਰ ਜ਼ਖਮੀ ਹੋ ਗਏ। ਜਿਨਾਂ ਵਿੱਚੋਂ ਇੱਕ ਨੂੰ 108



ਐਂਬੂਲੈਂਸ ਦੀ ਮਦਦ ਰਾਹੀਂ ਨੇੜੇ ਦੇ ਕਮਿਊਨਿਟੀ ਹੈਲਥ ਸੈਂਟਰ ਕਾਲਾ ਬੱਕਰਾ ਵਿਖੇ ਇਲਾਜ ਲਈ ਦਾਖਲ ਕਰਵਾਇਆ ਜਦ ਕਿ ਦੂਜੇ ਗੰਭੀਰ ਵਿਅਕਤੀ ਨੂੰ ਪ੍ਰਾਈਵੇਟ ਐਂਬੂਲੈਂਸ ਰਾਹੀਂ ਜਲੰਧਰ ਦੇ ਨਿਜੀ ਹਸਪਤਾਲ ਵਿਖੇ ਇਲਾਜ ਲਈ ਦਾਖਲ ਕਰਵਾਇਆ ਗਿਆ। ਐੱਸ ਐੱਸ ਐਫ ਟੀਮ ਵੱਲੋਂ ਜ਼ਖਮੀ ਵਿਅਕਤੀਆਂ ਦੇ ਪਰਵਾਰਾਂ ਨੂੰ ਸੂਚਿਤ ਕੀਤਾ ਗਿਆ ਜੋ ਕਿ ਮੌਕੇ ਤੇ ਪਹੁੰਚ ਗਏ। ਸੜਕ ਸੁਰੱਖਿਆ ਫੋਰਸ ਦੇ ਮੁਲਾਜ਼ਮਾਂ ਨੇ ਦੱਸਿਆ ਕਿ ਥਾਰ ਦੀ ਰਫਤਾਰ ਐਨੀ ਤੇਜ ਕਿ ਐਕਟਿਵਾ ਨੂੰ ਟੱਕਰ ਮਾਰਨ ਤੋਂ ਬਾਅਦ ਥਾਰ ਬੇਕਾਬੂ ਹੋ ਕੇ ਇੱਕ ਦਰਖਤ ਨੂੰ ਤੋੜਦੀ ਹੋਈ ਨੀਵੇਂ ਖੇਤਾਂ ਵਿੱਚ ਜਾ ਡਿੱਗੀ। ਥਾਰ ਚਾਲਕ ਮੌਕੇ ਤੋਂ ਥਾਰ ਨੂੰ ਗੱਡੀ ਵਿੱਚ ਚਾਬੀ ਲੱਗੀ ਸਮੇਤ ਛੱਡ ਕੇ ਮੌਕੇ ਤੋਂ ਫਰਾਰ ਹੋ ਗਿਆ। ਉਹਨਾਂ ਦੱਸਿਆ ਕਿ ਟੱਕਰ ਇੰਨੀ ਜ਼ਬਰਦਸਤ ਸੀ ਕਿ ਥਾਰ ਗੱਡੀ ਮੂਹਰਲੇ ਹਿੱਸੇ ਹੇਠਾਂ ਤੋਂ ਕਾਫੀ ਨੁਕਸਾਨੀ ਗਈ ਜਿਸ ਕਾਰਨ ਚੱਲਣ ਦੇ ਯੋਗ ਨਹੀਂ ਸੀ। ਮੌਕੇ ਤੋਂ ਫਰਾਰ ਹੋਏ ਚਾਲਕ ਦੀ ਗੱਡੀ ਦੇ ਵਿੱਚੋਂ ਗੱਡੀ ਦੀ ਚਾਬੀ, ਥਾਰ ਦੀ ਆਰਸੀ, ਇੱਕ ਮੋਬਾਈਲ ਫੋਨ ਅਤੇ 2840 ਦੀ ਨਗਦੀ ਬਰਾਮਦ ਹੋਈ। ਥਾਰ ਗੱਡੀ ਵਿੱਚੋਂ ਬਰਾਮਦ ਹੋਇਆ ਸਾਰਾ ਸਮਾਨ ਐੱਸ ਐੱਸ ਐੱਫ ਦੀ ਟੀਮ ਵੱਲੋਂ ਚੌਂਕੀ ਕਿਸ਼ਨਗੜ੍ਹ ਦੇ ਹੈਡ ਕਾਂਸਟੇਬਲ ਲਵਪ੍ਰੀਤ ਅੱਤਰੀ ਦੇ ਹਵਾਲੇ ਕੀਤਾ ਗਿਆ। ਪੁਲਸ ਵੱਲੋਂ ਥਾਰ ਗੱਡੀ ਤੇ ਸਾਰਾ ਸਮਾਨ ਕਬਜ਼ੇ ਵਿੱਚ ਲੈ ਕੇ ਜਾਂਚ ਲਈ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ।

# ਕਾਮਰੇਡ ਮੁਕੰਦ ਲਾਲ (ਸਰੀਰ ਦਾਨੀ) ਦੀ ਦੂਸਰੀ ਬਰਸੀ ਖ਼ੂਨਦਾਨ ਕੈਂਪ ਲਗਾ ਕੇ ਮਨਾਈ

**ਬੰਗਾ (ਅਵਤਾਰ ਕਲੇਰ)**- ਤਰਕਸ਼ੀਲ ਤੇ ਸੀ ਪੀ ਆਈ ਦੇ ਆਗੂ ਕਾਮਰੇਡ ਮੁਕੰਦ ਲਾਲ ਦੀ ਦੂਸਰੀ ਬਰਸੀ ਕੌਮਾਂਤਰੀ ਔਰਤ ਦਿਵਸ ਨੂੰ ਸਮਰਪਿਤ ਸਮੂਹ ਪਰਿਵਾਰ ਵੱਲੋ ਉਹਨਾਂ ਦੀ ਸੋਚ ਮੁਤਾਬਕ ਬੀ ਡੀ ਸੀ ਸੈਂਟਰ ਨਵਾਂ ਸ਼ਹਿਰ ਵਿਖੇ ਸਵੈ ਇੱਛਕ ਖ਼ੂਨਦਾਨ ਕੈਂਪ ਲਗਾ ਕੇ ਮਨਾਈ ਗਈ। ਕੈਂਪ ਦਾ ਉਦਘਾਟਨ ਮਰਹੂਮ ਕਾ. ਮੁਕੰਦ ਲਾਲ ਦੇ ਜੀਵਨ ਸਾਥਣ ਜਸਵੀਰ ਕੌਰ ਮਹਿੰਦੀਪੁਰ ਵਲੋਂ ਆਪਣੇ ਕਰ ਕਮਲਾ ਨਾਲ ਕੀਤਾ ਗਿਆ।ਕੈਂਪ ਦੀ ਸ਼ੁਰੂਆਤ ਕਰਦਿਆ ਬੇਟੇ ਡਾ.ਰਾਹੁਲ ਦੇਵ, ਸੰਦੀਪ ਕੁਮਾਰ,ਜਵਾਈ ਬਲਜੀਤ ਸਿੰਘ ਮੁਜੱਫਰਪੁਰ ਤੇ ਵਿਸ਼ੇਸ਼ ਤੌਰ ਤੇ ਚੰਡੀਗੜ੍ਹ ਤੋਂ ਆਏ ਏਡਜ਼ ਕੰਟਰੋਲ ਸੋਸਾਇਟੀ ਦੇ ਸਟਾਫ ਮੈਂਬਰ ਅਮ੍ਰਿਤ ਰਾਜ,ਗੁਰਪ੍ਰੀਤ ਸਿੰਘ ਤੇ ਰਾਜਨ ਕੁਮਾਰ ਵਲੋ ਖ਼ੂਨਦਾਨ ਕੀਤਾ ਗਿਆ। ਬੇਟੀ ਪੰਕਜ ਕੁਮਾਰੀ ਡਿਪਟੀ ਡਾਇਰੈਕਟਰ ਲੈਬਾਰਟਰੀਜ਼ ਪੰਜਾਬ ਰਾਜ ਏਡਜ਼ ਕੰਟਰੋਲ ਸੁਸਾਇਟੀ ਚੰਡੀਗੜ੍ਹ ਵਲੋਂ ਕਾ. ਮੁਕੰਦ ਲਾਲ ਤੇ ਬੋਲਦਿਆਂ ਦੱਸਿਆ ਕਿ ਪਿਤ ਨੇ ਮੌਤ ਤੋਂ ਪਹਿਲਾ ਹੀ ਆਪਣੇ ਸਰੀਰ ਨੂੰ ਮੈਡੀਕਲ ਵਿਭਾਗ ਨੂੰ ਦਾਨ ਕਰ ਦਿੱਤਾ ਸੀ। ਉਹ ਸੋਸ਼ਲ ਵਰਕ ਦੇ ਨਾਲ-ਨਾਲ ਸਾਹਿਤ ਦੇ ਵੀ



ਪ੍ਰੇਮੀ ਸਨ,ਉਹਨਾਂ ਦੀ ਸੋਚ ਦੀ ਹੀ ਦੇਣ ਹੈ ਇਹ ਖ਼ੂਨਦਾਨ ਕੈਂਪ, ਸਾਨੂੰ ਆਪਣੀ ਸਮਰੱਥਾ ਮੁਤਾਬਕ ਉਪਰਾਲੇ ਕਰਦੇ ਰਹਿਣਾ ਚਾਹੀਦਾ ਹੈ। ਵੱਡੀ ਬੇਟੀ ਪੂਜਾ ਰਾਣੀ, ਜਵਾਈ ਮਨਪ੍ਰੀਤ ਨਾਗਲਾਂ ਵਲੋਂ ਇੰਗਲੈਂਡ ਦੇ ਵਿੱਚ ਖ਼ੂਨਦਾਨ ਕੀਤਾ ਗਿਆ।ਇਸ ਮੌਕੇ ਬੀ ਡੀ ਸੀ ਦੇ ਸਕੱਤਰ ਜੇ ਐੱਸ ਗਿੱਧਾ ਨੇ ਮਹਿਲਾ ਦਿਵਸ ਦੀ ਮਹੱਤਤਾ ਤੇ ਚਾਨਣਾ ਪਾਇਆ। ਡਾ.ਬੱਗਾ ਵੱਲੋ ਜਾਣਕਾਰੀ ਦਿੰਦਿਆ ਦੱਸਿਆ ਕਿ ਇਸ ਕੈਂਪ ਵਿੱਚ ਕੁੱਲ 41 ਖ਼ੂਨਦਾਨੀਆਂ ਵੱਲੋ ਖ਼ੂਨਦਾਨ ਕੀਤਾ ਗਿਆ ਤੇ 18 ਸਾਲ ਤੋਂ 65 ਸਾਲ ਤੱਕ ਦੀ ਉਮਰ ਦੇ ਤੰਦਰੁਸਤ ਵਿਅਕਤੀ ਜਿਹਨਾਂ ਦੇ ਸਰੀਰ ਦਾ ਵਜਨ ਘੱਟੋ-ਘੱਟ 45 ਕਿਲੋਗ੍ਰਾਮ ਹੋਵੇ ,ਹੀਮੋਗਲੋਬਿਨ 12.5 ਗ੍ਰਾਮ ਪ੍ਰਤੀਸ਼ਤ ਹੋਵੇ ਤਿੰਨ ਮਹੀਨੇ ਦੇ ਫਰਕ ਨਾਲ ਡਾਕਟਰ ਦੀ ਪ੍ਰਵਾਨਗੀ ਨਾਲ ਖ਼ੂਨਦਾਨ ਕਰ ਸਕਦੇ ਹਨ।ਇਸ ਮੌਕੇ ਮੁਕੰਦ ਲਾਲ ਦੇ ਵੱਡੇ ਭਰਾ ਚਮਨ ਲਾਲ, ਭੈਣਾ ਸ਼ੀਲਾ ਦੇਵੀ, ਕਾਤਾਂ ਦੇਵੀ, ਬਹੂ ਮੋਨਿਕਾ, ਸਰਪੰਚ ਨਿੰਦਰ ਮਾਈਦਿੱਤਾ, ਬਲਵਿੰਦਰ ਕੌਰ ਸਲੋਹ,ਵਿਵੇਕ ਵਿਕਾਸ ਲਹਿਰ ਬੰਗਾ ਤੋ ਜਸਵੀਰ ਸਿੰਘ ਮੋਰੋਂ ,ਪ੍ਰਿਸੀਪਲ ਬਿਕਰਮਜੀਤ,ਐਡਵੋਕੇਟ ਕਮਲਜੀਤ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਸਨ। ਖ਼ੂਨਦਾਨ ਕਰਨ ਉਪਰੰਤ ਇੱਕ ਇੱਕ ਕਿਤਾਬ ਵੀ ਖ਼ੂਨਦਾਨੀਆਂ ਨੂੰ ਭੇਟ ਕੀਤੀ ਗਈ। ਅੰਤ ਵਿੱਚ ਬਲੱਡ ਡੋਨਰਜ਼ ਕੌਂਸਲ ਨਵਾਂ ਸ਼ਹਿਰ ਵੱਲੋ ਕਾ. ਮੁਕੰਦ ਲਾਲ ਦੀ ਜੀਵਨ ਸਾਥਣ ਜਸਵੀਰ ਕੌਰ ਤੇ ਪਰਵਾਰ ਸਨਮਾਨਿਤ ਕੀਤਾ ਗਿਆ।

# ਭਾਈ ਲਾਲੋ ਲੋਕ ਮੰਚ ਦੀ ਮੀਟਿੰਗ

**ਪੋਜੇਵਾਲ/ ਬਲਾਚੌਰ (ਰਾਮ ਲਾਲ, ਜਸਵਿੰਦਰ ਬੈਂਸ)**- ਇੱਥੇ ਪਿੰਡ ਭੇਡੀਆਂ ਵਿਖੇ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਦੇ ਤਹਿਸੀਲ ਪੱਧਰ ਦੇ ਆਗੂਆਂ ਦੀ ਮੀਟਿੰਗ ਸਾਥੀ ਕਰਨੈਲ ਸਿੰਘ ਭੱਲਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਾਥੀ ਕਰਨ ਸਿੰਘ ਰਾਣਾ ਸੂਬਾਈ ਆਗੂ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਕਿਹਾ ਕਿ ਸਾਮਰਾਜੀ ਜੰਗ ਬਾਜਾਂ ਨੇ ਕੌਮਾਂਤਰੀ ਕਾਨੂੰਨਾਂ ਦੀ ਪਰਵਾਹ ਨਾ ਕਰਦੇ ਹੋਏ ਇਰਾਨ ਤੇ ਜੋ ਹਮਲਾ ਕੀਤਾ ਹੈ ਉਸ ਦਾ ਨੁਕਸਾਨ ਪੂਰੀ ਦੁਨੀਆ ਦੇ ਕਿਰਤੀ ਲੋਕਾਂ ਨੂੰ ਉਠਾਣਾ ਪਵੇਗਾ। ਇਹ ਸਾਮਰਾਜੀ ਜੰਗਬਾਜ ਅਮਰੀਕਾ ਦੀ ਅਗਵਾਈ ਹੇਠ ਪੂਰੀ ਦੁਨੀਆ ਦੇ ਕੁਦਰਤੀ ਸਰੋਤਾਂ ਨੂੰ ਲੁੱਟਣ, ਜੰਗੀ ਸਾਜੋ ਸਮਾਨ ਵੇਚਣ, ਦੇਸ਼ਾਂ ਨੂੰ ਡਰਾਉਣ ਅਤੇ ਅਦ੍ਰਿਸ਼ ਬਸਤੀਆਂ ਬਣਾਉਣ ਦੀ ਕੋਝੀ ਸਾਜਿਸ਼ ਹੈ। ਇਸ ਸਾਜਿਸ਼ ਕਾਰਨ ਦੁਨੀਆਂ ਅੰਦਰ ਬੇਰੁਜਗਾਰੀ, ਮਹਿੰਗਾਈ, ਅੱਤਵਾਦ, ਧਾਰਮਿਕ ਅਤੇ ਨਸਲਵਾਦ ਕੱਟੜਤਾ ਵਧੇਗੀ। ਉਹਨਾਂ ਕਿਹਾ ਕਿ ਭਾਰਤ ਅੰਦਰ ਇਸ ਜੰਗ ਦਾ ਅਸਰ ਹੋਣਾ ਸ਼ੁਰੂ ਹੋ ਗਿਆ ਹੈ, ਕੇਂਦਰ ਸਰਕਾਰ ਨੇ ਰਸੋਈ



ਗੈਸ ਦੀਆਂ ਕੀਮਤਾਂ ਵਿੱਚ ਵਾਧਾ ਕਰ ਦਿੱਤਾ ਹੈ ਇਸੇ ਤਰ੍ਹਾਂ ਤੇਲ ਦੀਆਂ ਕੀਮਤਾਂ ਵਧਣ ਦਾ ਖਤਰਾ ਬਣ ਗਿਆ ਹੈ ਜਿਸ ਨਾਲ ਮਹਿੰਗਾਈ ਤੇਜੀ ਨਾਲ ਵਧੇਗੀ। ਸਾਥੀ ਰਾਣਾ ਨੇ ਕਿਹਾ ਕਿ ਅੱਜ ਦੇਸ਼ਾਂ ਦੀਆਂ ਹਕੂਮਤਾਂ ਅਤੇ ਲੋਕਾਂ ਵਿਚਕਾਰ ਸਾਮਰਾਜ ਵਿਰੁੱਧ ਵੱਖਰੇ ਸਟੈਂਡ ਨਜ਼ਰ ਆ ਰਹੇ ਹਨ। ਸਾਮਰਾਜ ਪੱਖੀ ਹਕੂਮਤਾਂ ਅਮਰੀਕਾ ਦੇ ਜੰਗ ਬਾਜਾਂ ਦੇ ਨਾਲ ਖੜੇ ਨਜ਼ਰ ਆ ਰਹੇ ਹਨ ਜਦਕਿ ਲੋਕ ਸਾਮਰਾਜ ਦੇ ਵਿਰੁੱਧ ਖੜੇ ਨਜ਼ਰ ਆ ਰਹੇ ਹਨ। ਭਾਰਤ ਅੰਦਰ ਵੀ ਕਾਰਪੋਰੇਟ ਅਤੇ ਰਾਜ ਸੱਤਾ ਅਮਰੀਕਾ ਅਤੇ ਇਜਰਾਇਲ ਦੀ ਜੁੰਡਲੀ ਨਾਲ ਖੜੀ ਨਜ਼ਰ ਆ ਰਹੀ ਹੈ ਜਦਕਿ ਲੋਕ ਅਮਨ ਦੇ ਹੱਕ ਵਿੱਚ ਖੜੇ ਹਨ। ਉਹਨਾਂ ਕਿਹਾ ਕਿ ਭਾਰਤ ਦੇ ਲੋਕ ਹਮੇਸ਼ਾ ਇਨਸਾਫ, ਅਮਨ ਅਤੇ ਭਾਈਚਾਰਕ ਸਾਂਝ ਨਾਲ ਖੜਦੇ ਹਨ। ਸਾਥੀ ਰਾਣਾ ਨੇ ਕਿਹਾ ਕਿ ਜਿਲੇ ਅੰਦਰ ਜੰਗ ਵਿਰੋਧੀ ਅਤੇ ਸਾਮਰਾਜ ਵਿਰੋਧੀ ਦਿਵਸ 22 ਮਾਰਚ ਨੂੰ ਪਿੰਡ ਟੌਸਾ,21 ਮਾਰਚ ਨੂੰ ਬਲਾਚੌਰ ਅਤੇ 20 ਮਾਰਚ ਨੂੰ ਮੱਲਪੁਰ ਅੜਕਾ ਵਿਖੇ ਮਨਾਇਆ ਜਾਵੇਗਾ। ਇਸ ਮੌਕੇ ਸਤਪਾਲ ਸਰੋਵਾਲ, ਮਨੋਹਰ ਲਾਲ ਆਗੂ ਮਨਰੇਗਾ ਅਧਿਕਾਰ ਅੰਦੋਲਨ, ਅਵਤਾਰ ਸਿੰਘ, ਖੇਤ ਮਜ਼ਦੂਰ ਆਗੂ ਸੁਖਜਿੰਦਰ ਸਿੰਘ, ਨੌਜਵਾਨ ਆਗੂ ਰੋਕੀ ਵਰਮਾ, ਕਿਸਾਨ ਆਗੂ ਸੰਤੋਖ ਸਿੰਘ ਪੰਨਿਆਲੀ ਤੇ ਜਗਦੀਸ਼ ਰਾਏ ਢੌਸਾ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

## ਮੋਗਾ ਰੈਲੀ ਦੀਆਂ ਤਿਆਰੀਆਂ ਲਈ ਮੀਟਿੰਗ

**ਪੋਜੇਵਾਲ/ਬਲਾਚੌਰ (ਰਾਮ ਲਾਲ/ਜਸਵਿੰਦਰ ਬੈਂਸ)**- ਭਾਰਤੀ ਜਨਤਾ ਪਾਰਟੀ ਦੇ ਯੂਥ ਵਿੰਗ ਦੀ ਇੱਕ ਅਹਿਮ ਬੈਠਕ ਨਵਾਂਸ਼ਹਿਰ ਵਿਖੇ ਹੋਈ। ਇਸ ਬੈਠਕ ਦੀ ਪ੍ਰਧਾਨਗੀ ਪੰਕਜ ਕੁਮਾਰ ਜ਼ਿਲ੍ਹਾ ਪ੍ਰਧਾਨ ਯੂਥ ਵਿੰਗ ਭਾਜਪਾ ਨਵਾਂਸ਼ਹਿਰ ਵੱਲੋਂ ਕੀਤੀ ਗਈ।ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨ ਲਈ ਆਭਾਸ ਸ਼ਾਕਰ (ਪ੍ਰਦੇਸ਼ ਜਨਰਲ ਸਕੱਤਰ ਯੂਥ ਵਿੰਗ ਭਾਜਪਾ ਪੰਜਾਬ) ਅਤੇ ਅੰਕਿਤ ਸੈਣੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਮੀਟਿੰਗ ਦਾ ਮੁੱਖ



ਮਕਸਦ 14 ਮਾਰਚ ਨੂੰ ਮੋਗਾ ਵਿਖੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਹੋਣ ਵਾਲੀ ਰੈਲੀ ਸੰਬੰਧੀ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕਰਨਾ ਸੀ। ਇਸ ਮੌਕੇ 'ਤੇ ਫੈਸਲਾ ਕੀਤਾ ਗਿਆ ਕਿ ਜ਼ਿਲ੍ਹਾ ਨਵਾਂਸ਼ਹਿਰ ਤੋਂ ਵੱਧ ਤੋਂ ਵੱਧ ਗਿਣਤੀ ਵਿੱਚ ਵਰਕਰ ਤੇ ਸਮਰਥਕ ਮੋਗਾ ਰੈਲੀ ਵਿੱਚ ਸ਼ਾਮਿਲ ਹੋਣ। ਇਸ ਲਈ ਮੀਟਿੰਗ ਦੌਰਾਨ ਵੱਖ-ਵੱਖ ਅਹੁਦੇਦਾਰਾਂ ਨੂੰ ਅਲੱਗ-ਅਲੱਗ ਜ਼ਿੰਮੇਵਾਰੀਆਂ ਵੀ ਸੌਂਪੀਆਂ ਗਈਆਂ।ਮੀਟਿੰਗ ਉਪਰੰਤ ਆਭਾਸ ਸ਼ਾਕਰ, ਅੰਕਿਤ ਸੈਣੀ, ਮੌਲਿਕ ਗੁਪਤਾ ਅਤੇ ਰਿਸ਼ਭ ਲੁਧਿਆਣਾ ਦਾ ਸਨਮਾਨ ਵੀ ਕੀਤਾ ਗਿਆ।ਇਸ ਮੌਕੇ ਐਡਵੋਕੇਟ ਅਮਨ ਰਾਣਾ (ਪ੍ਰਭਾਰੀ ਯੂਵਾ ਮੋਰਚਾ ਨਵਾਂਸ਼ਹਿਰ), ਨਿਰਮਲ ਸਿੰਘ ਰਾਜਪੂਤ (ਮੰਡਲ ਪ੍ਰਧਾਨ ਯੂਵਾ ਮੋਰਚਾ ਨਵਾਂਸ਼ਹਿਰ), ਕੁਲਵਿੰਦਰ ਸਿੰਘ ਰਸਨ, ਕੀਮਤੀ ਲਾਲ, ਮੁਕੇਸ਼ ਚੌਧਰੀ, ਸੁਰਜੀਤ ਸਿੰਘ ਜੱਟਪੁਰ, ਦੀਦਾਰ ਸਿੰਘ, ਅਨਮੋਲ ਸਿੰਘ ਸਮੇਤ ਹੋਰ ਕਈ ਆਗੂ ਅਤੇ ਵਰਕਰ ਹਾਜ਼ਰ ਰਹੇ।

## ਗਰਭਵਤੀ ਔਰਤਾਂ ਲਈ ਵਿਸ਼ੇਸ਼ ਜਾਂਚ ਕੈਂਪ

**ਮੋਹਾਲੀ, (ਗੁਰਜੀਤ ਬਿੱਲਾ)** ਜ਼ਿਲ੍ਹਾ ਸਿਹਤ ਵਿਭਾਗ ਅਧੀਨ ਵੱਖ-ਵੱਖ ਸਰਕਾਰੀ ਸਿਹਤ ਸੰਸਥਾਵਾਂ 'ਚ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਤਹਿਤ ਜਾਂਚ ਕੈਂਪ ਲਗਾਏ ਗਏ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਜ਼ਿਲ੍ਹਾ ਪਰਿਵਾਰ



ਭਲਾਈ ਅਫ਼ਸਰ ਡਾ. ਤਮੰਨਾ ਸਿੰਘਲ ਨੇ ਦਸਿਆ ਕਿ ਜਾਂਚ ਕੈਂਪਾਂ ਵਿਚ ਮਾਹਰ ਡਾਕਟਰਾਂ ਵਲੋਂ ਗਰਭਵਤੀ ਔਰਤਾਂ ਦੀ ਜਾਂਚ ਕੀਤੀ ਗਈ ਅਤੇ ਜੱਚਾ ਤੇ ਬੱਚਾ ਦੀ ਚੰਗੀ ਸਿਹਤ ਲਈ ਜਾਣਕਾਰੀ ਦਿਤੀ ਗਈ। ਉਨ੍ਹਾਂ ਦਸਿਆ ਕਿ ਭਾਰੀ ਗਿਣਤੀ ਵਿਚ ਔਰਤਾਂ ਨੇ ਜਾਂਚ ਕੈਂਪਾਂ ਵਿਚ ਸ਼ਿਰਕਤ ਕੀਤੀ ਅਤੇ ਪੰਜਾਬ ਸਰਕਾਰ ਦੁਆਰਾ ਦਿਤੀਆਂ ਜਾ ਰਹੀਆਂ ਮੁਫ਼ਤ ਸਿਹਤ ਸਹੂਲਤਾਂ ਦਾ ਭਰਪੂਰ ਲਾਭ ਲਿਆ।ਸਿਹਤ ਅਧਿਕਾਰੀਆਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਦਾ ਮੁੱਖ ਮੰਤਵ ਮਾਤਰੀ ਮੌਤ ਦਰ ਘਟਾਉਣ ਲਈ ਗਰਭਵਤੀ ਔਰਤਾਂ ਨੂੰ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਹੈ।

# ਵਾਰਡ ਨੰ. 18 'ਚ ਡਾ. ਅੰਬੇਡਕਰ ਦਾ ਬੁੱਤ ਸਥਾਪਿਤ ਕੀਤਾ ਜਾਵੇਗਾ : ਜਿੰਪਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਹੁਸ਼ਿਆਰਪੁਰ ਵਿਧਾਨ ਸਭਾ ਹਲਕੇ ਦੇ ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਵਾਰਡ ਨੰ. 18 ਵਿੱਚ ਸੰਵਿਧਾਨ ਦੇ ਨਿਰਮਾਤਾ ਡਾ. ਬੀ. ਆਰ. ਅੰਬੇਡਕਰ ਦੇ ਬੁੱਤ ਦੇ ਨਿਰਮਾਣ ਦੇ ਕੰਮ ਦੀ ਰਸਮੀ ਸ਼ੁਰੂਆਤ ਕਰਵਾਈ।ਇਸ ਮੌਕੇ 'ਤੇ ਉਨ੍ਹਾਂ ਐਲਾਨ ਕੀਤਾ



ਕਿ ਲਗਭਗ 18.50 ਲੱਖ ਰੁਪਏ ਦੀ ਲਾਗਤ ਵਾਲਾ ਇਹ ਮਹੱਤਵਪੂਰਨ ਪ੍ਰੋਜੈਕਟ ਇਲਾਕੇ ਵਿੱਚ ਇੱਕ ਸ਼ਾਨਦਾਰ ਅਤੇ ਪ੍ਰੇਰਨਾਦਾਇਕ ਬੁੱਤ ਸਥਾਪਿਤ ਕੀਤਾ ਜਾਵੇਗਾ। ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਡਾ ਬੀ ਆਰ ਅੰਬੇਡਕਰ ਨੇ ਭਾਰਤੀ ਸੰਵਿਧਾਨ ਦੀ ਸਿਰਜਣਾ ਰਾਹੀਂ ਦੇਸ਼ ਵਿੱਚ ਸਮਾਨਤਾ, ਨਿਆਂ ਅਤੇ ਲੋਕਤੰਤਰ ਦੀ ਮਜ਼ਬੂਤ ਨੀਂਹ ਰੱਖੀ। ਉਨ੍ਹਾਂ ਅੱਗੇ ਕਿਹਾ ਕਿ ਮਹਾਨ ਚਿੰਤਕਾਂ ਤੇ ਰਾਸ਼ਟਰ ਨਿਰਮਾਤਾਵਾਂ ਦੀ ਵਿਰਾਸਤ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਲਈ ਅਜਿਹੇ ਸਮਾਰਕਾਂ ਦਾ ਨਿਰਮਾਣ ਜ਼ਰੂਰੀ ਹੈ। ਇਹ ਸਮਾਰਕ ਇਲਾਕੇ ਦੇ ਲੋਕਾਂ, ਖਾਸ ਕਰਕੇ ਨੌਜਵਾਨਾਂ ਨੂੰ ਡਾ. ਅੰਬੇਡਕਰ ਦੇ ਵਿਚਾਰਾਂ ਅਤੇ ਆਦਰਸ਼ਾਂ ਤੋਂ ਪ੍ਰੇਰਨਾ ਲੈਣ ਲਈ ਪ੍ਰੇਰਿਤ ਕਰੇਗਾ। ਇਸ ਮੌਕੇ ਨਗਰ ਨਿਗਮ ਦੇ ਮੇਅਰ ਸੁਰਿੰਦਰ ਕੁਮਾਰ ਨੇ ਕਿਹਾ ਕਿ ਨਗਰ ਨਿਗਮ ਸ਼ਹਿਰ ਦੇ ਵਿਕਾਸ ਦੇ ਨਾਲ-ਨਾਲ ਮਹਾਨ ਸ਼ਖ਼ਸੀਅਤਾਂ ਦੀ ਯਾਦ ਨੂੰ ਸਨਮਾਨਿਤ ਕਰਨ ਲਈ ਲਗਾਤਾਰ ਕੰਮ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਦੀ ਮੂਰਤੀ ਦੀ ਸਥਾਪਨਾ ਇਲਾਕੇ ਦੀ ਸੁੰਦਰਤਾ ਨੂੰ ਵਧਾਏਗੀ ਅਤੇ ਲੋਕਾਂ ਨੂੰ ਉਨ੍ਹਾਂ ਦੇ ਮਹਾਨ ਯੋਗਦਾਨ ਦੀ ਯਾਦ ਦਿਵਾਏਗੀ। ਸੀਨੀਅਰ ਡਿਪਟੀ ਮੇਅਰ ਪਰਵੀਨ ਸੈਣੀ, ਡਿਪਟੀ ਮੇਅਰ ਰਣਜੀਤ ਚੌਧਰੀ, ਕੁਲਵਿੰਦਰ ਸਿੰਘ ਹੁੰਦਲ, ਗੰਗਾ ਪ੍ਰਸਾਦ, ਕੌਂਸਲਰ ਹਰਪਾਲ ਸਿੰਘ ਪਾਲਾ, ਡਾ. ਰਤਨ ਚੰਦ, ਰਾਮ ਕੁਮਾਰ ਐਡਵੋਕੇਟ, ਰਾਮ ਦਿਆਲ, ਰੋਸ਼ਨ, ਰਮੇਸ਼ ਲਾਲ, ਰਣਜੀਤ ਰਾਣਾ ਨੰਬਰਦਾਰ (ਪੁਰਹੀਰਾਂ), ਸੁੱਚਾ ਸਿੰਘ, ਬਲਵਿੰਦਰ ਰਾਜ ਵਿਰਦੀ, ਪ੍ਰਦੀਪ ਕੁਮਾਰ ਦੀਪਾ, ਸੁਨੀਲ ਕੁਮਾਰ ਮੱਖਣ, ਸਰੂਪਾ ਵਿਰਦੀ, ਗੁਰਪ੍ਰੀਤ ਅਤੇ ਜਸਪਾਲ ਸਿੰਘ ਸਮੇਤ ਹੋਰ ਪਤਵੰਤੇ ਵੀ ਇਸ ਮੌਕੇ ਮੌਜੂਦ ਸਨ।

# ਕੈਬਨਿਟ ਮੰਤਰੀ ਦੇ ਘਰ 'ਚ ਮਹਿਲਾਵਾਂ ਨੇ ਲਾਈਵ ਟੈਲੀਕਾਸਟ ਬਜਟ ਮੌਕੇ ਕੀਤੀ ਸ਼ਿਰਕਤ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਜਿਵੇਂ ਹੀ ਵਿੱਤ ਮੰਤਰੀ ਨੇ ਮੁੱਖ ਮੰਤਰੀ ਮਾਵਾਂ, ਧੀਆਂ, ਸਤਿਕਾਰ ਯੋਜਨਾਂ ਤਹਿਤ ਮਹਿਲਾਵਾਂ ਨੂੰ 1000 ਅਤੇ 1500 ਰੁਪਏ ਦੇਣ ਦਾ ਐਲਾਨ ਕੀਤਾ ਤਾਂ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਗ੍ਰਹਿ ਗੰਭੀਰਪੁਰ ਵਿਖੇ ਵੱਡੀਆ ਸਕਰੀਨਾਂ ਉਤੇ ਬਜਟ ਦਾ ਲਾਈਵ ਪ੍ਰਸਾਰਣ ਦੇਖ ਰਹੀਆਂ ਹਜ਼ਾਰਾਂ ਔਰਤਾਂ ਨੇ ਢੋਲ ਦੇ ਡਗੇ ਤੇ ਨੱਚ ਕੇ ਆਪਣੀ ਖੁਸ਼ੀ ਪ੍ਰਗਟ ਕੀਤੀ ਤੇ ਭਗਵੰਤ ਸਿੰਘ ਮਾਨ ਸਰਕਾਰ ਦੇ ਗੰਟੀਆਂ ਪੂਰੀਆਂ ਕਰਨ ਦੇ ਅਕਾਸ਼ ਗੂਜਾਉ ਨਾਅਰੇ ਲਗਾ ਕੇ ਮੇਲੇ ਵਰਗੇ ਮਾਹੌਲ ਵਿਚ ਹੋਰ ਉਤਸ਼ਾਹ ਭਰ ਦਿੱਤਾ। ਗੰਟੀਆਂ ਪੂਰੀਆਂ ਕਰਨ ਵਾਲੇ ਬਜਟ ਦਾ ਸਿੱਧਾ ਪ੍ਰਸਾਰਣ ਵੱਡੀਆ ਐੱਲ ਈ ਡੀ ਸਕਰੀਨਾਂ ਉੱਤੇ ਦੇਖਣ ਲਈ ਸਵੇਰ ਤੋ ਹੀ ਇੱਕਠੀਆਂ ਹੋਈਆਂ ਹਜ਼ਾਰਾ ਔਰਤਾਂ ਤੇ ਇਲਾਕੇ ਦੇ ਪਤਵੰਤੇ ਨਾਗਰਿਕਾਂ ਨੇ ਮੇਲੇ ਵਰਗਾ ਮਾਹੌਲ ਬਣਾਇਆ ਹੋਇਆ ਸੀ। ਜਿਵੇਂ ਹੀ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਦੇ ਗੰਟੀਆਂ ਪੂਰੀਆਂ ਕਰਨ ਵਾਲੇ ਬਜਟ ਵਿੱਚ ਮਹਿਲਾਵਾਂ ਲਈ 1000 ਰੁਪਏ ਅਤੇ ਅਨੁਸੂਚਿਤ ਜਾਤੀ ਮਹਿਲਾਵਾਂ ਲਈ 1500 ਰੁਪਏ ਪ੍ਰਤੀ ਮਹੀਨਾ ਸਿੱਧੇ ਖਾਤੇ ਵਿਚ ਪਾਉਣ ਦਾ ਐਲਾਨ ਕੀਤਾ ਤਾਂ ਢੋਲ ਦੀ ਥਾਪ ਤੇ ਹਾਜ਼ਰ ਮਹਿਲਾਵਾਂ ਨੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕੀਤਾ। ਪਟਾਕਿਆਂ ਦੀ ਗੂੰਜ ਵਿੱਚ ਆਪਣੀ ਖੁਸ਼ੀ ਪ੍ਰਗਟ ਕਰਦੇ ਹੋਏ ਹਾਜ਼ਰ



ਮਹਿਲਾਵਾਂ ਨੇ ਭਗਵੰਤ ਸਿੰਘ ਮਾਨ ਸਰਕਾਰ ਜਿੰਦਾਬਾਦ ਦੇ ਨਾਅਰੇ ਲਗਾਏ ਅਤੇ ਸਰਕਾਰ ਨੂੰ ਗੰਟੀਆਂ ਪੂਰੀਆਂ ਕਰਨ ਵਾਲੀ ਸਰਕਾਰ ਦੱਸੀਆਂ। ਪੰਜਾਬ ਵਿਧਾਨ ਸਭਾ ਦੇ ਬਜਟ ਸੈਸ਼ਨ ਦੌਰਾਨ ਜਿਵੇਂ ਹੀ ਸ੍ਰੀ ਅਨੰਦਪੁਰ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਸਮਰਪਿਤ ਯੂਨੀਵਰਸਿਟੀ ਅਤੇ ਜੱਚਾ ਬੱਚਾ ਸੰਭਾਲ ਕੇਂਦਰ ਦੇ ਨਾਲ ਟਰੋਮਾ ਸੈਂਟਰ ਅਤੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਸਮਰਪਿਤ ਪ੍ਰਸਾਸ਼ਕੀ ਕੰਪਲੈਕਸ ਬਣਾਉਣ ਵਰਗੇ ਵੱਡੇ ਐਲਾਨ ਕੀਤੇ ਤਾਂ ਇਲਾਕਾ ਵਾਸੀਆਂ ਨੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਕਿਹਾ ਕਿ ਵੱਡੇ ਪ੍ਰੋਜੈਕਟ ਸ.ਹਰਜੋਤ ਸਿੰਘ ਬੈਂਸ ਦੇ ਅਣਥੱਕ ਯਤਨਾਂ ਦਾ ਪ੍ਰਤੱਖ ਪ੍ਰਮਾਣ ਹੈ। ਇਹ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਸਮਰਪਿਤ ਪ੍ਰਸਾਸ਼ਕੀ ਕੰਪਲੈਕਸ ਬਣਾਉਣ ਲਈ ਵਿਰਾਸਤੀ ਐਰਕੀਟੈਕਟ ਸ਼ੈਲੀ ਤੋ ਸਹਿਯੋਗ ਲਿਆ ਜਾਵੇਗਾ। ਇਸ ਮੌਕੇ ਡਾ.ਸੰਜੀਵ ਗੌਤਮ ਜਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ, ਹਰਜੀਤ ਸਿੰਘ ਜੀਤਾ ਪ੍ਰਧਾਨ ਨਗਰ ਕੌਸ਼ਲ ਸ੍ਰੀ ਅਨੰਦਪੁਰ ਸਾਹਿਬ, ਜਸਪਾਲ ਢਾਹੇ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਦੀਪਕ ਸੋਨੀ ਮੀਡੀਆ ਕੋਆਰਡੀਨੇਟਰ, ਬਲਾਕ ਸੰਮਤੀ ਚੇਅਰਪਰਸਨ ਮਮਤਾ ਰਾਣੀ, ਉਪ ਚੇਅਰਪਰਸਨ ਸੀਮਾ ਦੇਵੀ,ਸੋਹਣ ਸਿੰਘ ਬੈਂਸ, ਬਲਵਿੰਦਰ ਕੌਰ ਬੈਂਸ, ਸਰਪੰਚ ਮੀਨਾ ਕਾਲੀਆਂ, ਸਾਬਕਾ ਚੇਅਰਮੈਨ ਰਾਕੇਸ਼ ਚੌਧਰੀ ਆਦਿ ਨੇ ਭਗਵੰਤ ਸਿੰਘ ਮਾਨ, ਅਰਵਿੰਦ ਕੇਜਰੀਵਾਲ, ਹਰਜੋਤ ਬੈਂਸ ਕੈਬਨਿਟ ਮੰਤਰੀ ਦਾ ਧੰਨਵਾਦ ਕੀਤਾ ਹੈ। ਇਸ ਮੌਕੇ ਗੁਰਵਿੰਦਰ ਕੌਰ ਮਹਿਲਾ ਵਿੰਗ ਕੋਆਰਡੀਨੇਟਰ, ਸਰਪੰਚ ਮਧੂ ਬਾਲਾ, ਮਨਜੀਤ ਕੌਰ, ਹਰਪਾਲ ਕੌਰ, ਪਿੰਕੀ ਸ਼ਰਮਾ, ਸੁਨੀਤਾ ਗਿੱਲ, ਹਰਵਿੰਦਰ ਕੌਰ, ਊਸ਼ਾ ਰਾਣੀ, ਹਰਦੀਪ ਕੌਰ, ਅਮਰਜੋਤ ਕੌਰ, ਸੰਤੋਸ਼, ਪੰਕਜ ਮਾਲਾ, ਹਰਜੀਤ ਕੌਰ , ਬਲਜੀਤ ਕੌਰ, ਸੁਸ਼ਮਾ, ਸਰਪੰਚ ਮਮਤਾ, ਸਰਪੰਚ ਨੀਲਮ ਸੋਨੀ ਟੱਪਰੀਆਂ, ਡਾ.ਨਿਰਮਲਾ ਗੌਤਮ ਹਾਜ਼ਰ ਸਨ।

## 11 ਲੋੜਵੰਦ ਲੜਕੀਆਂ ਦੇ ਅਨੰਦ ਕਾਰਜ ਕਰਵਾਏ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਗੁਰੂ ਰਾਮਦਾਸ ਜੀ ਅਨੰਦ ਕਾਰਜ ਸੁਸਾਇਟੀ ਜੰਡਿਆਲਾ ਮੰਜਕੀ ਵੱਲੋਂ ਗੁਰੂ ਸਾਹਿਬ ਜੀ ਦੀ ਅਪਾਰ ਬਖਸ਼ਿਸ਼ ਨਾਲ ਗੁਰਦੁਆਰਾ ਦੇਹਰਾ ਸਾਹਿਬ ਪਾਤਸ਼ਾਹੀ ਪੰਜਵੀਂ ਜੰਡਿਆਲਾ-ਭੰਗਾਲਾ ਵਿੱਚ 11 ਲੋੜਵੰਦ ਲੜਕੀਆਂ ਦੇ ਅਨੰਦ ਕਾਰਜ ਕਰਵਾਏ ਗਏ। ਨਵੀਆਂ ਵਿਆਹੀਆਂ ਜੋੜੀਆਂ ਨੂੰ ਪ੍ਰਬੰਧਕਾਂ ਵੱਲੋਂ ਰੋਜ਼ਾਨਾ ਵਰਤੋਂ ਵਿੱਚ ਆਉਣ ਵਾਲਾ ਐੱਲ ਸੀ ਡੀ, ਵਾਸ਼ਿੰਗ ਮਸ਼ੀਨ, ਫਰਿਜ਼,ਡਬਲ ਬੈੱਡ, ਭਾਂਡੇ, ਸੂਟ ਸਿਲਾਈ ਮਸ਼ੀਨ, ਪੱਖਾ, ਮੇਜ ਕੁਰਸੀਆਂ ਅਤੇ ਹੋਰ ਲੋੜੀਂਦਾ ਸਮਾਨ ਵੀ ਦਿੱਤਾ ਗਿਆ। ਕਾਰ



ਸੇਵਾ ਵਾਲੇ ਬਾਬਾ ਕੁਲਦੀਪ ਸਿੰਘ, ਮੁੱਖ ਸੇਵਾਦਾਰ ਭੁਪਿੰਦਰ ਸਿੰਘ ਖਾਲਸਾ, ਅਤੇ ਪਤਵੰਤਿਆਂ ਵੱਲੋਂ ਸਹਿਯੋਗੀਆਂ ਨੂੰ ਸਨਮਾਨਤ ਵੀ ਕੀਤਾ ਗਿਆ। ਮੰਗਲ ਸਿੰਘ ਬਾਸੀ ਚੇਅਰਮੈਨ ਪੰਜਾਬ ਐਗਰੋ, ਗੁਰਚੇਤਨ ਸਿੰਘ ਜੌਹਲ, ਜਗਜੀਤ ਸਿੰਘ ਜੌਹਲ ਆਦਿ ਨਵੀਆਂ ਵਿਆਹੀਆਂ ਜੋੜੀਆਂ ਨੂੰ ਅਸ਼ੀਰਵਾਦ ਦੇਣ ਲਈ ਉਚੇਚੇ ਤੌਰ ਤੇ ਪੁੱਜੇ। ਜ਼ਿਕਰਯੋਗ ਹੈ ਕਿ ਮਾਤਾ ਗੰਗਾ ਜੀ ਨੂੰ ਮੌ ਸਾਹਿਬ ਵਿਆਹੁਣ ਜਾਂਦੇ ਸਮੇਂ ਗੁਰੂ ਅਰਜਨ ਸਾਹਿਬ ਇਸ ਇਤਿਹਾਸਿਕ ਸਥਾਨ ਤੇ ਰੁਕੇ ਸਨ ਤੇ ਉਸੇ ਸਥਾਨ ਤੇ ਹੀ ਹਰ ਵਰ੍ਹੇ 11 ਲੋੜਵੰਦ ਲੜਕੀਆਂ ਦੇ ਆਨੰਦ ਕਾਰਜ ਕੀਤੇ ਜਾਂਦੇ ਹਨ। ਇਸ ਮੌਕੇ ਇਲਾਕੇ ਭਰ ਦੇ ਪੰਚ ਸਰਪੰਚ ਅਤੇ ਪਤਵੰਤੇ ਹਾਜ਼ਰ ਸਨ।

# ਸੰਤ ਪ੍ਰਭ ਦਾਸ ਦੇ ਬਰਸੀ ਸਮਾਗਮ ਸ਼ਰਧਾ ਪੂਰਵਕ ਮਨਾਏ

**ਹੁਸ਼ਿਆਰਪੁਰ (ਓ ਪੀ ਰਾਣਾ)**- ਬ੍ਰਹਮਲੀਨ ਸੱਚਖੰਡ ਵਾਸੀ 108 ਸੰਤ ਬਾਬਾ ਪ੍ਰਭ ਦਾਸ ਜੀ ਦੇ 45ਵੇਂ ਬਰਸੀ ਸਮਾਗਮ ਡੇਰਾ ਸੰਤ ਮਾਹਨ ਦਾਸ , ਸੰਤ ਮਧੂਸੂਦਨ



ਦਾਸ ਪਿੰਡ ਭਾਰਟਾ ਗਣੇਸ਼ ਪੁਰ ਵਿਖੇ ਮੌਜੂਦਾ ਗੱਦੀ ਨਸ਼ੀਨ ਸੰਤ ਕ੍ਰਿਪਾਲ ਦਾਸ ਮੈਂਬਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ, ਸੰਤ ਸੰਤੋਖ ਦਾਸ ਦੀ ਅਗਵਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਸ਼ਰਧਾ ਪੂਰਵਕ ਮਨਾਏ ਗਏ।ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਗਏ ਜਿਸ ਵਿੱਚ ਵੱਖ ਵੱਖ ਡੇਰਿਆਂ ਦੇ ਸੰਤ ਮਹਾਂਪੁਰਸ਼ਾਂ ਅਤੇ ਕੀਰਤਨੀ ਜਥਿਆਂ ਨੇ ਕੀਰਤਨ ਪ੍ਰਵਚਨਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸੰਤ ਕ੍ਰਿਪਾਲ ਦਾਸ ਵੱਲੋ! ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਸੰਤ ਪ੍ਰਭ ਦਾਸ ਹਰ ਸਮੇਂ ਪਰਮੇਸ਼ਰ ਦੀ ਭਗਤੀ,ਨਾਮ ਸਿਮਰਨ ਵਿੱਚ ਲੀਨ ਰਹਿੰਦੇ ਸਨ ਤੇ ਸੰਗਤਾਂ ਨੂੰ ਪਰਮਾਤਮਾ ਦੇ ਨਾਮ,ਬੰਦਗੀ ਨਾਲ ਜੋੜਦੇ ਸਨ। ਸੰਤ ਪ੍ਰਭ ਦਾਸ ਨੇ ਵਹਿਮਾਂ ਭਰਮਾਂ ਨੂੰ ਤਿਆਗ ਕੇ ਸਿੱਖਿਅਤ ਸਮਾਜ ਬਣਾਉਣ ਦਾ ਹੋਕਾ ਦਿੱਤਾ। ਸੰਤ ਕ੍ਰਿਪਾਲ ਦਾਸ ਨੇ ਦਸਿਆ ਕਿ ਸੰਤ ਮਾਹਨ ਦਾਸ , ਸੰਤ ਮਧੂਸੂਦਨ ਦਾਸ , ਸੰਤ ਪ੍ਰਭ ਦਾਸ ਦੀਆਂ ਲੱਖਾਂ ਸ਼ਰਧਾਲੂ ਸੰਗਤਾਂ ਡੇਰਾ ਗਣੇਸ਼ ਪੁਰ ਭਾਰਟਾ ਅਤੇ ਖਾਨਪੁਰ ਵਿਖੇ ਨਤਮਸਤਕ ਹੋ ਕੇ ਜੀਵਨ ਦੀਆਂ ਖੁਸ਼ੀਆਂ ਪ੍ਰਾਪਤ ਕਰ ਰਹੀਆਂ ਹਨ ।

ਇਸ ਮੌਕੇ ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ, ਸੰਤ ਮਨਜੀਤ ਦਾਸ ਹਿਮਾਚਲ, ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਾਚੌਰ, ਸੰਤ ਫਕੀਰ ਦਾਸ ਮੁਬਾਰਕਪੁਰ, ਸੰਤ ਜੋਗਿੰਦਰ ਦਾਸ ਵਡਾਲਾ ਮਾਹੀ, ਸੰਤ ਬਿੰਦਰ ਦਾਸ ਸਨਮਾਂ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਸੰਤ ਕ੍ਰਿਪਾਲ ਦਾਸ, ਸੰਤ ਸੰਤੋਖ ਦਾਸ ਵੱਲੋਂ ਸੰਤਾਂ, ਮਹਾਂਪੁਰਸ਼ਾਂ, ਧਾਰਮਿਕ, ਸਮਾਜਿਕ ਤੇ ਰਾਜਨੀਤਕ ਸਖਸ਼ੀਅਤਾਂ ਨੂੰ ਵਿਸ਼ੇਸ਼ ਸਨਮਾਨਿਤ ਕੀਤਾ । ਸਟੇਜ ਸਕੱਤਰ ਦੀ ਸੇਵਾ ਕਮਲ ਧੀਰ ਨੇ ਨਿਭਾਈ।

# ਰਿਟਾਇਰ ਮੁਲਾਜ਼ਮ ਐਸੋਸੀਏਸ਼ਨ ਦੀ ਮੀਟਿੰਗ

**ਪੋਜੇਵਾਲ/ਬਲਾਚੌਰ (ਰਾਮ ਲਾਲ/ਜਸਵਿੰਦਰ ਬੈਂਸ)**- ਰਿਟਾਇਰ ਮੁਲਾਜਮ ਐਸੋਸੀਏਸ਼ਨ ਦੀ ਮੀਟਿੰਗ ਐਸੋਸੀਏਸ਼ਨ ਦੇ ਪ੍ਰਧਾਨ ਸ਼੍ਰੀ ਹਰਮੇਸ਼ ਲਾਲ ਇੰਸਪੈਕਟਰ ਰਿਟਾਇਰ ਦੀ ਪ੍ਰਧਾਨਗੀ ਤੇ ਇਸ ਸੰਸਥਾਂ ਦੇ



ਸਰਪ੍ਰਸਤ ਅਸ਼ੋਕ ਬਾਠ ਆਈ ਪੀ ਐੱਸ ਰਿਟਾਇਰ ਦੀ ਸਰਪ੍ਰਸਤੀ ਹੇਠ ਸੰਸਥਾਂ ਦੇ ਦਫਤਰ ਰੱਤੇਵਾਲ ਵਿਖੇ ਹੋਈ। ਮੀਟਿੰਗ ਵਿੱਚ ਨਵੇਂ ਰਿਟਾਇਰ ਹੋਏ ਇੰਸਪੈਕਟਰ ਰਾਕੇਸ਼ ਕੁਮਾਰ ਦਾ ਸਵਾਗਤ ਕੀਤਾ ਗਿਆ ਤੇ ਇਸ ਇਲਾਕੇ ਤੋਂ ਦੋ ਬੇਟੀਆਂ ਜੋ ਆਈ ਏ ਐੱਸ ਸਿਲੈਕਟ ਹੋਈਆਂ ਹਨ, ਦੀ ਖੁਸ਼ੀ ਵਿੱਚ ਸੱਭ ਦਾ ਲੱਡੂਆਂ ਨਾਲ ਮੂਹ ਮਿੱਠਾ ਕਰਵਾਇਆ ਗਿਆ ਤੇ ਗਰਵ ਮਹਿਸੂਸ ਕੀਤਾ ਗਿਆ ਕੇ ਹੁਣ ਬੇਟੀਆਂ ਕਿਸੇ ਤੋਂ ਘੱਟ ਨਹੀਂ ਹਨ ਸੰਸਥਾਂ ਵਲੋਂ ਬੇਟੀਆਂ ਦੇ ਪਰਵਾਰਕ ਮੈਂਬਰਾਂ ਨੂੰ ਵਧਾਈਆਂ ਦਿਤੀਆਂ ਗਈਆਂ। ਮੀਟਿੰਗ ਵਿੱਚ ਕੁੱਝ ਅਹਿਮ ਮੁੱਦਿਆਂ ਤੇ ਕਾਫੀ ਖੁਲਕੇ ਚਰਚਾ ਹੋਈ ਜਿਹਨਾਂ ਬਾਰੇ ਵਿਚਾਰ ਵਟਾਂਦਰੇ ਤੋਂ ਬਾਦ ਸਹਿਮਤ ਹੋਏ ਤੇ ਇਹਨਾਂ ਹੇਠ ਲਿਖੇ ਮੁਦਿਆਂ ਬਾਰੇ ਅਪਣੇ ਸੰਬੋਧਨ ਵਿੱਚ ਅਸ਼ੋਕ ਬਾਠ ਨੇ ਦੱਸਿਆ ਕਿ ਬਲਾਚੌਰ ਦੇ ਇਕ ਮੈਰਿਜ ਪੈਲਸ ਵਿੱਚ ਚਲੀ ਗੋਲੀ ਜਿਸ ਵਿੱਚ ਇਕ 22/23 ਸਾਲ ਦੇ ਨੌਜਵਾਨ ਬੱਚੇ ਦੀ ਮੌਤ ਹੋ ਗਈ ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਅਤੇ ਅਗੇ ਵਾਸਤੇ ਇਸ ਤਰਾਂ ਦੇ ਹਾਦਸੇ ਨਾ ਹੋਣ ਪ੍ਰਸ਼ਾਸਨ ਨੂੰ ਅਪੀਲ ਕੀਤੀ ਗਈ ਕੇ ਛੋਟੀ ਉਮਰ ਖਾਸ ਕਰ 22/23 ਸਾਲ ਦੇ ਬੱਚਿਆਂ ਦੇ ਆਰਮ ਲਾਈਸੈਂਸ ਨਾਂ ਬਣਾਏ ਜਾਣ ਪੂਰੀ ਛਾਣਬੀਣ ਤੋਂ ਬਾਦ ਹੀ ਲਾਈਸੈਂਸ ਦਿਤਾ ਜਾਵੇ ਤੇ ਵਿਆਹ ਸ਼ਾਦੀਆਂ ਅਤੇ ਮੈਰਿਜ ਪੈਲਸਾਂ ਵਿੱਚ ਅਸਲਾ ਲੈ ਜਾਣ ਦੀ ਮਨਾਹੀ ਹੋਵੇ। ਗੁਰਜਰ ਬਿਰਾਦਰੀ ਵਲੋਂ ਵਿਆਹਾਵਾਂ ਵਿੱਚ ਬੇਲੋੜਾ ਇਕੱਠ ਕੀਤਾ ਜਾਂਦਾ ਹੈ ਜਿਸ ਨਾਲ ਆਏ ਹੋਏ ਮਹਿਮਾਨਾਂ ਦਾ ਠੀਕ ਨਾਲ ਖਿਆਲ ਵੀ ਨਹੀਂ ਰੱਖ ਹੁੰਦਾ ਸਾਡੀ ਸੰਸਥਾਂ ਅਪੀਲ ਕਰਦੀ ਹੈ ਕੇ ਜੇ ਹੋ ਸਕੇ ਤਾਂ ਕੇਵਲ ਅਪਣੇ ਰਿਸ਼ਤੇਦਾਰਾਂ ਤੇ ਬਹੁਤ ਨੇੜਲੇ ਦੋਸਤਾ ਮਿੱਤਰਾਂ ਨੂੰ ਹੀ ਬੁਲਾਇਆ ਜਾਣਾ ਚਾਹੀਦਾ ਹੈ। ਸੰਸਥਾਂ ਇਮਾਨਦਾਰ ਸ਼ਰੀਫ ਤੇ ਗਰੀਬ ਤੇ ਮਜ਼ਲੂਮ ਲੋਕਾਂ ਨਾਲ ਹਮੇਸ਼ਾ ਖੜ੍ਹੀ ਹੈ। ਮੀਟਿੰਗ ਨੂੰ ਸੰਸਥਾਂ ਦੇ ਪ੍ਰਧਾਨ ਰਮੇਸ਼ ਕੁਮਾਰ ਤੋਂ ਇਲਾਵਾ ਕ੍ਰਿਸ਼ਨ ਚੌਧਰੀ ਰਿਟਾ. ਇੰਸਪੈਕਟਰ, ਸੁਭਾਸ਼ ਬਾਠ, ਰਿਟਾ. ਡੀ ਐੱਸ ਪੀ ਬਨਾਰਸੀ ਦਾਸ, ਰਾਕੇਸ਼ ਕੁਮਾਰ ਵਲੋਂ ਵੀ ਸੰਬੋਧਨ ਕੀਤਾ ਗਿਆ। ਮੀਟਿੰਗ ਵਿਚ ਕ੍ਰਮਵਾਰ ਰਿਟਾ. ਇੰਸਪੈਕਟਰ ਅਜੀਤ ਰਾਮ,ਬਲਦੇਵ ਰਾਜ ਬਜਾੜ, ਕਾਬਲ ਚੇਚੀ ਨਿੱਘੀ, ਸੁਖਦੇਵ ਉਧਨਵਾਲ, ਹਰਬੰਸ ਲਾਲ ਭੋਲੇਵਾਲ, ਰਾਜ ਕੁਮਾਰ ਸੋਢੂਵਾਲ, ਸੁਰਜੀਤ ਸਿੰਘ ਭਰਥਲਾ, ਰੂਪ ਲਾਲ ਹਾਜ਼ਰ ਸਨ।

## ਸਰਕਾਰੀ ਸਕੂਲ ਨੂੰ 2 ਐਲ ਈ ਡੀ ਕੀਤੀਆਂ ਭੇਟ



**ਫਿਲੌਰ, (ਨਿਰਮਲ)**- ਫਿਲੌਰ ਇਲਾਕੇ 'ਚ ਸਮਾਜ ਸੇਵਾ ਲਈ ਕੰਮ ਕਰਨ ਵਾਲੀ ਸਰਬੱਤ ਦਾ ਭਲਾ ਐਨ ਜੀ ਓ ਵੱਲੋਂ ਸਰਕਾਰੀ ਸਕੂਲ ਫਿਲੌਰ ਨੂੰ 2 ਸਕਰੀਨਾ 43 ਇੰਚ ਦੀਆਂ ਟੀ ਵੀ ਸਕਰੀਨਾਂ ਲਗਭਗ 30 ਹਜ਼ਾਰ ਦੀ ਲਾਗਤ ਵਾਲੀਆਂ ਦਿੱਤੀਆਂ ਗਈਆਂ। ਇਸ ਮੌਕੇ ਐਨ ਜੀ ਓ ਦੇ ਮੈਂਬਰਾਂ ਨੇ ਦੱਸਿਆ ਕਿ ਇਹ ਐਲ ਈ ਡੀ ਬੱਚਿਆਂ ਦੀ ਪੜਾਈ ਵਾਸਤੇ ਦਿਤੀਆਂ ਗਈਆਂ ਜਿਸ ਨਾਲ ਬੱਚਿਆਂ ਨੂੰ ਪੜ੍ਹਾਈ ਚ ਬਹੁਤ ਸਹੂਲਤ ਮਿਲੇਗੀ। ਇਸ ਮੌਕੇ ਸਰਬੱਤ ਦਾ ਭਲਾ ਐਨ ਜੀ ਓ ਫਿਲੌਰ ਦੇ ਜਤਿਨ ਮਹਿਤਾ, ਦਵਿੰਦਰ ਕੈਥ, ਅਮਨ ਸਿੰਘ, ਸੁੱਖੀ ਮਹਿਰਾ, ਇੰਦਰਜੀਤ ਸਿੰਘ, ਐਡਵੋਕੇਟ ਵਿਸ਼ੂ ਭੰਡਾਰੀ, ਬੰਟੀ ਅਰੋੜਾ, ਸਾਹਿਲ ਮਹਿਰਾ, ਅਰੁਣ ਸ਼ਰਮਾ, ਸਾਰਿਕਾ ਸਪਰਾ, ਨਿਸ਼ਾ ਵਿਰਕ, ਨਿਸ਼ਾ ਸੰਧੂ, ਪ੍ਰੀਤੀ, ਮਨਪ੍ਰੀਤ ਕੌਰ, ਗੀਤਾ, ਸ਼੍ਰੇਆ ਮਹਿਤਾ, ਮੱਖਣ ਰਿਆਤ,,ਅਮਰੀਕ ਸਿੰਘ ਹਾਜ਼ਰ ਸਨ।

# ਮੁਲਾਜ਼ਮਾਂ ਅਤੇ ਪੈਨਸ਼ਨਰਾਂ 'ਤੇ ਲਾਠੀਚਾਰਜ ਦੀ ਨਿਖੇਧੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਮਹਿਲਾ ਦਿਵਸ 'ਤੇ ਆਪਣੀਆਂ ਮੰਗਾਂ ਦੀ ਪ੍ਰਾਪਤੀ ਲਈ ਪੰਜਾਬ ਵਿਧਾਨ ਸਭਾ ਵੱਲ ਸ਼ਾਂਤਮਈ ਪ੍ਰਦਰਸ਼ਨ ਕਰਨ ਜਾਂਦੇ ਮੁਲਾਜ਼ਮਾਂ ਪੈਨਸ਼ਨਰਾਂ 'ਤੇ ਪੁਲਸ ਵੱਲੋਂ ਕੀਤੇ ਲਾਠੀਚਾਰਜ ਦੀ ਵੱਖ ਵੱਖ ਮੁਲਾਜ਼ਮ, ਪੈਨਸ਼ਨਰ ਤੇ ਸਮਾਜਿਕ ਸੰਗਠਨਾਂ ਨੇ ਨਿਖੇਧੀ ਕੀਤੀ ਹੈ। ਗੌਰਮਿੰਟ ਟੀਚਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਸੁਖਵਿੰਦਰ ਚਾਹਲ, ਪੁਰਾਣੀ ਪੈਨਸ਼ਨ ਬਹਾਲੀ ਸੰਰਘਸ਼ ਕਮੇਟੀ,ਪੰਜਾਬ ਦੇ ਸੂਬਾ ਕਨਵੀਨਰ ਜਸਵੀਰ ਤਲਵਾੜਾ, ਪੈਨਸ਼ਨਰ ਵੈਲਫੇਅਰ ਐਸੋਸਿਏਸ਼ਨ ਦੇ ਤਹਿਸੀਲ ਪ੍ਰਧਾਨ ਗਿਆਨ ਸਿੰਘ ਗੁਪਤਾ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਦੇ ਸੂਬਾ ਜਨਰਲ ਸਕੱਤਰ ਧਰਮਿੰਦਰ ਮੁਕੇਰੀਆਂ, ਦੇਸ਼ ਭਗਤ ਪੰਡਤ ਕਿਸ਼ੋਰੀ ਲਾਲ ਯਾਦਗਾਰ ਕਮੇਟੀ ਦੇ ਆਗੂ ਸ਼ਿਵ ਕੁਮਾਰ ਅਮਰੋਹੀ, ਨਰੇਸ਼ ਮਿੱਡਾ, ਸ਼ਸ਼ੀਕਾਂਤ ਆਦਿ ਨੇ ਦੱਸਿਆ ਕਿ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ, ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ,ਪੰਜਾਬ, ਸੀ ਪੀ ਐੱਫ਼ ਯੂਨੀਅਨ ਪੰਜਾਬ, ਪੰਜਾਬ ਮਨਸਟੀਰੀਅਲ ਸਰਵਿਸਿਜ਼ ਯੂਨੀਅਨ ਦੇ ਸਾਂਝੇ ਸੱਦੇ 'ਤੇ ਕੱਚੇ ਕਾਮੇ, ਆਊਟ ਸੋਰਸ ਮੁਲਾਜ਼ਮ, ਮਾਮੂਲੀ ਮਾਣ ਭੱਤੇ 'ਤੇ ਕੰਮ ਕਰਦੇ ਆਸ਼ਾ ਵਰਕਰ, ਮਿਡ ਡੇ ਮੀਲ ਅਤੇ ਆਂਗਣਬਾੜ ਵਰਕਰ ਆਪਣੀਆਂ ਮੰਗਾਂ ਤੇ ਡੀ ਏ ਦੇ 16 ਫੀਸਦੀ ਬਕਾਏ, ਪੁਰਾਣੀ ਪੈਨਸ਼ਨ ਬਹਾਲ, ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਬੰਦ ਕਰਕੇ ਖਾਲੀ ਅਸਾਮੀਆਂ 'ਤੇ ਪੱਕੀ ਅਤੇ ਰੈਗੂਲਰ ਭਰਤੀ ਕਰਨ ਦੀ ਮੰਗ ਨੂੰ ਲੈ ਕੇ ਹਜ਼ਾਰਾਂ ਮੁਲਾਜ਼ਮ ਸ਼ਾਂਤਮਈ ਢੰਗ ਨਾਲ ਸਰਕਾਰ ਦੇ ਅੰਤਿਮ ਬਜਟ ਦੌਰਾਨ ਆਪਣਾ ਰੋਸ ਪ੍ਰਗਟਾਉਣ ਪਹੁੰਚੇ ਸਨ। ਪਰ ਚੰਡੀਗੜ੍ਹ ਪੁਲਸ ਨੇ ਮਹਿਲਾ ਦਿਵਸ 'ਤੇ ਮੁਲਾਜ਼ਮਾਂ ਅਤੇ ਪੈਨਸ਼ਰਾਂ 'ਤੇ ਤਸ਼ੱਦਦ ਢਾਹਿਆ ਹੈ। ਆਗੂਆਂ ਨੇ ਦੱਸਿਆ ਕਿ ਅਗਲੇ ਸੰਘਰਸ਼ ਦੀ ਰਣਨੀਤੀ ਉਲੀਕਣ ਲਈ 13 ਤਾਰੀਕ ਨੂੰ ਸਾਂਝੇ ਫਰੰਟ ਦੀ ਮੀਟਿੰਗ ਸੱਦੀ ਗਈ ਹੈ।

# ਪ੍ਰੋ. ਆਪਿੰਦਰ ਸਿੰਘ ਮਾਹਿਲਪੁਰੀ ਦੀ ਪੁਸਤਕ ਧਰਮ ਅਤੇ ਵਿਗਿਆਨ : ਅੰਤਰ ਸੰਬੰਧਤਾ 'ਤੇ ਸੰਵਾਦ ਸਮਾਰੋਹ

**ਜੇਜੋਂ ਦੋਆਬਾ, (ਨਿਰਮਲ ਸਿੰਘ ਮੁੱਗੋਵਾਲ)**- ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਕਾਰਜਸ਼ੀਲ ਸੰਯੋਜਕ ਕੌਂਸਲ, ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਯੂਨਿਟ, ਖਾਲਸਾ ਕਾਲਜ ਅਤੇ ਪੋਸਟ ਗਰੈਜੂਏਟ ਪੰਜਾਬੀ ਵਿਭਾਗ ਵੱਲੋਂ ਸਿੱਖ ਐਜੂਕੇਸ਼ਨਲ ਕੌਂਸਲ ਦੇ ਜਨਰਲ ਸਕੱਤਰ ਪ੍ਰੋਫੈਸਰ ਆਪਿੰਦਰ ਸਿੰਘ ਮਾਹਿਲਪੁਰੀ ਦੀ ਪੁਸਤਕ 'ਧਰਮ ਅਤੇ ਵਿਗਿਆਨ: ਅੰਤਰ ਸੰਬੰਧਤਾ' 'ਤੇ ਇੱਕ ਸੰਵਾਦ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਬਾਬਾ ਬਲਵੀਰ ਸਿੰਘ ਜਥੇਦਾਰ ਬੁੱਢਾ ਦਲ ਨੇ ਸ਼ਿਰਕਤ ਕੀਤੀ।ਜਦਕਿ ਮੁੱਖ ਮਹਿਮਾਨ ਵਜੋਂ ਸੰਤ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ ਹਾਜ਼ਰ ਹੋਏ। ਸਮਾਰੋਹ ਦੇ ਮੁੱਖ ਬੁਲਾਰੇ ਵਜੋਂ ਸਿੱਖ ਚਿੰਤਕ ਭਗਵਾਨ ਸਿੰਘ ਜੌਹਲ ਤੇ ਡਾ. ਹਰੀ ਸਿੰਘ ਜਾਚਕ ਨੇ ਸ਼ਿਰਕਤ ਕੀਤੀ। ਸਮਾਰੋਹ ਮੌਕੇ ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਨੇ ਹਾਜ਼ਰ ਸ਼ਖ਼ਸੀਅਤਾਂ ਲਈ ਸਵਾਗਤੀ ਸ਼ਬਦ ਸਾਂਝੇ ਕੀਤੇ । ਇਸ ਮੌਕੇ ਬਾਲ ਸਾਹਿਤ ਲੇਖਕ ਬਲਜਿੰਦਰ ਮਾਨ ਨੇ ਵਿਚਾਰ ਅਧੀਨ ਕਿਤਾਬ ਦੀ ਜਾਣ ਪਛਾਣ ਕਰਵਾਈ ਅਤੇ ਕਿਹਾ ਕਿ ਧਰਮ ਅਤੇ ਵਿਗਿਆਨ ਦੇ ਆਪਸੀ ਸਬੰਧਾਂ ਬਾਰੇ ਲਿਖੀ ਇਹ ਪੁਸਤਕ ਪੰਜਾਬੀ ਸਾਹਿਤ ਵਿੱਚ ਵਿਸ਼ੇਸ਼ ਵਾਧਾ ਹੈ ।



ਇਸ ਮੌਕੇ ਪ੍ਰੋਫੈਸਰ ਅਜੀਤ ਲੰਗੇਰੀ ਨੇ ਕਿਹਾ ਕਿ ਵਿਗਿਆਨ ਅਤੇ ਧਰਮ ਦੇ ਅਨੇਕਾਂ ਸੰਕਲਪਾਂ ਨੂੰ ਪੇਸ਼ ਕਰਨ ਵਾਲੀ ਇਹ ਪੁਸਤਕ ਹਰ ਵਿਦਿਆਰਥੀ ਨੂੰ ਪੜਨੀ ਚਾਹੀਦੀ ਹੈ। ਸਮਾਰੋਹ ਦੇ ਮੁੱਖ ਵਕਤਾ ਸਿੱਖ ਚਿੰਤਕ ਭਗਵਾਨ ਸਿੰਘ ਜੌਹਲ ਨੇ ਕਿਹਾ ਕਿ ਧਰਮ ਅਤੇ ਵਿਗਿਆਨ ਨੂੰ ਅਕਸਰ ਇੱਕ ਦੂਜੇ ਤੋਂ ਵਿਰੋਧੀ ਅਰਥਾਂ ਵਿੱਚ ਪਰਿਭਾਸ਼ਿਤ ਕੀਤਾ ਜਾਂਦਾ ਹੈ ਜਦਕਿ ਇਹ ਪੁਸਤਕ ਧਰਮ ਅਤੇ ਵਿਗਿਆਨ ਦੇ ਆਪਸੀ ਸਬੰਧਾਂ ਨੂੰ ਬਹੁਤ ਡੂੰਘਾਈ ਨਾਲ ਪੇਸ਼ ਕਰਦੀ ਹੈ। ਜਥੇਦਾਰ ਬਾਬਾ ਬਲਵੀਰ ਸਿੰਘ ਨੇ ਇਸ ਪੁਸਤਕ ਦੀ ਸਿਰਜਣਾ ਲਈ ਪ੍ਰੋਫੈਸਰ ਆਪਿੰਦਰ ਸਿੰਘ ਮਾਹਿਲਪੁਰੀ ਨੂੰ ਮੁਬਾਰਕਬਾਦ ਦਿੱਤੀ । ਪ੍ਰਬੰਧਕਾਂ ਵੱਲੋਂ ਸੰਤ ਬਾਬਾ ਬਲਵੀਰ ਸਿੰਘ, ਸੰਤ ਅਮੀਰ ਸਿੰਘ ਤੇ ਹਾਜ਼ਰ ਬੁਲਾਰਿਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਮੰਚ ਦੀ ਕਾਰਵਾਈ ਪ੍ਰੋ. ਜਸਵਿੰਦਰ ਸਿੰਘ ਨੇ ਚਲਾਈ। ਇਸ ਮੌਕੇ ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਧਾਨ ਸੰਤ ਸਾਧੂ ਸਿੰਘ ਕਹਾਰਪੁਰੀ, ਮੈਨੇਜਰ ਇੰਦਰਜੀਤ ਸਿੰਘ ਭਾਰਟਾ, ਖਜਾਨਚੀ ਵੀਰਇੰਦਰ ਸ਼ਰਮਾ, ਸੁਰਿੰਦਰ ਸ਼ਰਮਾ, ਸੰਤ ਮਾਤਾ ਜਸਪ੍ਰੀਤ ਕੌਰ ਮਾਹਿਲਪੁਰ, ਦਲਜੀਤ ਸਿੰਘ ਸਹੋਤਾ, ਜਥੇਦਾਰ ਬਾਬਾ ਨਾਗਰ ਸਿੰਘ, ਗੁਰਚਰਨ ਸਿੰਘ ਅੰਮ੍ਰਿਤਸਰ ਸਕੱਤਰ ਜਨਰਲ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ, ਜਗਦੀਸ਼ ਸਿੰਘ ਬੱਡੋਂ, ਸੁਰਿੰਦਰ ਸਿੰਘ ਬੱਡੋਂ, ਡਾ. ਜੇ ਬੀ ਸੇਖੋਂ ਆਦਿ ਸਮੇਤ ਅਨੇਕਾਂ ਧਾਰਮਿਕ ਅਤੇ ਸਿੱਖਿਆ ਖੇਤਰ ਦੀਆਂ ਸ਼ਖ਼ਸੀਅਤਾਂ ਹਾਜ਼ਰ ਸਨ।

# ਮੁੱਖ ਮੰਤਰੀ ਮਾਵਾ-ਧੀਆਂ ਸਤਿਕਾਰ ਯੋਜਨਾ ਤਹਿਤ ਪ੍ਰੋਗਰਾਮ ਕਰਵਾਇਆ

**ਆਦਮਪੁਰ (ਪਰਮਜੀਤ ਸਿੰਘ)** ਵਿਧਾਨ ਸਭਾ ਹਲਕਾ ਆਦਮਪੁਰ ਵਿਖੇ ਪਵਨ ਕੁਮਾਰ ਟੀਨੂੰ ਹਲਕਾ ਇੰਚਾਰਜ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੇ ਅਹੁਦੇਦਾਰਾਂ ਵਲੋਂ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਪ੍ਰੋਗਰਾਮ ਕਰਵਾਇਆ। ਇਸ ਮੌਕੇ ਸੈਂਕੜਿਆਂ ਦੀ ਗਿਣਤੀ ਵਿਚ ਔਰਤਾਂ ਨੇ ਭਾਗ ਲਿਆ ਤੇ ਔਰਤਾਂ ਨੂੰ ਇਸ ਮੌਕੇ ਪੰਜਾਬ ਸਰਕਾਰ ਵਲੋਂ ਪੇਸ਼ ਕੀਤਾ ਬਜਟ ਦਾ ਲਾਈਵ ਟੈਲੀਕਾਸਟ ਦਿਖਾਇਆ ਜਿਵੇਂ ਹੀ ਪੰਜਾਬ



ਦੀ ਭਗਵੰਤ ਮਾਨ ਸਰਕਾਰ ਨੇ ਪੰਜਾਬ ਦੀਆਂ ਔਰਤਾਂ ਲਈ 1000 ਤੋਂ 1500 ਰੁਪਏ ਦੀ ਸਕੀਮ ਦਾ ਐਲਾਨ ਕੀਤਾ ਤਾਂ ਪੂਰਾ ਪੰਡਾਲ ਹੀ ਤਾੜੀਆਂ ਦੀ ਗੂੰਜ ਨਾਲ ਗੂੰਜ ਉਠਿਆ ਔਰਤਾਂ ਵਲੋਂ ਖੁਸ਼ੀ ' ਭੰਗੜੇ ਪਾਉਣੇ ਸ਼ੁਰੂ ਕਰ ਦਿੱਤੇ। ਇਸ ਮੌਕੇ ਪਵਨ ਟੀਨੂੰ ਨੇ ਦੱਸਿਆ ਕਿ ਅੱਜ ਬਹੁਤ ਹੀ ਮਾਣ ਵਾਲਾ ਦਿਨ ਹੈ। ਇਸ ਮੌਕੇ ਦਲਜੀਤ ਸਿੰਘ ਮਿਨਹਾਸ ਚੇਅਰਮੈਨ ਬਲਾਕ ਸੰਮਤੀ ਆਦਮਪੁਰ, ਕਮਲਜੀਤ ਸਲਾਲਾ ਵਾਇਸ ਚੇਅਰਮੈਨ, ਹਰਕੀਤ ਸਿੰਘ ਨਿੱਝਰ ਕੋਆਰਡੀਨੇਟਰ ਕਿਸਾਨ ਵਿੰਗ ਆਦਮਪੁਰ, ਲਖਵੀਰ ਸਿੰਘ ਹਜ਼ਾਰਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਪਤਾਰਾ, ਜਸਦਿਆਲ ਸਿੰਘ ਜੱਸ ਜ਼ਿਲ੍ਹਾ ਪ੍ਰੀਸ਼ਦ ਬਹਿਰਾਮ ਸਰਿਸਤਾ,ਸਰਬਜੀਤ ਹੈਪੀ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਜੰਡੂ ਸਿੰਘਾ, ਅਮਰੀਕ ਲਾਲ ਬਲਾਕ ਪ੍ਰਧਾਨ, ਪਰਮਜੀਤ ਪੱਪੀ ਸ਼ਹਿਰੀ ਪ੍ਰਧਾਨ ਅਲਾਵਲਪੁਰ, ਦਵਿੰਦਰ ਸਿੰਘ ਸੂਰੀ ਪ੍ਰਧਾਨ ਵਪਾਰ ਮੰਡਲ, ਇੰਦਰਜੀਤ ਸਿੰਘ ਸੱਤਵਾਲੀ ਬਲਾਕ ਪ੍ਰਧਾਨ, ਤਰਲੋਕ ਸਿੰਘ, ਜੋਗਿੰਦਰਪਾਲ ਸ਼ਹਿਰੀ ਪ੍ਰਧਾਨ ਆਦਮਪੁਰ, ਰਣਜੀਤ ਸਿੰਘ ਚੋਮੋਂ ਬਲਾਕ ਪ੍ਰਧਾਨ, ਸੁਖਬੀਰ ਕੁਮਾਰ ਕੋਆਰਡੀਨੇਟਰ ਐੱਸ. ਸੀ. ਵਿੰਗ, ਬਲਾਕ ਪ੍ਰਧਾਨ, ਜਗਜੀਤ ਸਿੰਘ, ਮੋਹਣ ਲਾਲ, ਲਖਵੀਰ ਸਿੰਘ, ਰਣਜੀਤ ਕੌਰ, ਬਲਵਿੰਦਰ ਕੌਰ, ਕੁਲਵੀਰ ਕੌਰ, ਰਸ਼ਪਾਲ ਸਿੰਘ ਹਰਜਿੰਦਰ ਕੌਰ, ਸਤਨਾਮ ਸਿੰਘ ਸਮੇਤ ਸਮੂਹ ਸੰਮਤੀ ਮੈਂਬਰ, ਨੰਬਰਦਾਰ ਬਲਜੀਤ ਸਿੰਘ ਪਧਿਆਣਾ ਆਦਿ ਵਰਕਰ ਹਾਜ਼ਰ ਸਨ।

## ਮਹਿਲਾ ਦਿਵਸ 'ਤੇ ਕੇ ਆਈ ਸੀ ਘਲੋਟੀ 'ਚ ਕਰਾਈ ਅਸਮਿਤਾ ਲੀਗ



ਮੋਗਾ (ਇਕਬਾਲ ਸਿੰਘ ਖਹਿਰਾ)-ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ ਤੇ ਅਸਮਿਤਾ ਲੀਗ ਤਹਿਤ ਖੇਡ ਸਮਾਗਮ ਕੇ.ਆਈ.ਸੀ ਪਿੰਡ ਘਲੋਟੀ ਦੇ ਸਟੇਡੀਅਮ ਵਿਖੇ ਕਰਾਇਆ ਗਿਆ।ਇਹ ਖੇਡ ਪ੍ਰਤੀਯੋਗਤਾ ਮਾਈ ਭਾਰਤ ਮੋਗਾ ਅਤੇ ਸਪੋਰਟਸ ਅਥਾਰਟੀ ਆਫ਼ ਇੰਡੀਆ ਦੇ ਸਾਂਝੇ ਉਪਰਾਲੇ ਹੇਠ ਆਯੋਜਿਤ ਕੀਤਾ ਗਿਆ।ਇਨ੍ਹਾਂ ਮੁਕਾਬਲਿਆਂ ਦਾ ਮੁੱਖ ਮਕਸਦ ਔਰਤਾਂ ਤੇ ਖਾਸ ਕਰ ਲੜਕੀਆਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨਾ ਤੇ ਉਨ੍ਹਾਂ ਵਿੱਚ ਸਿਹਤ ਤੇ ਫਿਟਨੈੱਸ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਸੀ।ਇਨ੍ਹਾਂ ਖੇਡ ਮੁਕਾਬਲਿਆਂ ਦੌਰਾਨ 100 ਮੀਟਰ, 200 ਮੀਟਰ ਤੇ 400 ਮੀਟਰ ਦੌੜਾਂ ਕਰਾਈਆਂ ਗਈਆਂ, ਜਿਨ੍ਹਾਂ ਵਿੱਚ ਵੱਖ-ਵੱਖ ਉਮਰ ਵਰਗਾਂ ਦੀਆਂ ਮਹਿਲਾਵਾਂ ਤੇ ਲੜਕੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ।ਇਸ ਤੋਂ ਇਲਾਵਾ ਪ੍ਰੋਗਰਾਮ ਦੌਰਾਨ ਰੱਸਾਕਸ਼ੀ ਤੇ ਲੈਮਨ ਰੇਸ ਵਰਗੀਆਂ ਮਨੋਰੰਜਕ ਗਤੀਵਿਧੀਆਂ ਵੀ ਕਰਾਈਆਂ ਗਈਆਂ, ਜਿਨ੍ਹਾਂ ਵਿੱਚ ਭਾਗੀਦਾਰਾਂ ਨੇ ਖੂਬ ਰੁਚੀ ਦਿਖਾਈ ਤੇ ਮੈਦਾਨ ਵਿੱਚ ਖੇਡਾਂ ਪ੍ਰਤੀ ਜੋਸ਼ ਵੇਖਣ ਨੂੰ ਮਿਲਿਆ।ਮੁਕਾਬਲਿਆਂ ਦੇ ਅੰਤ 'ਤੇ ਪਹਿਲੇ ਤਿੰਨ ਸਥਾਨ ਹਾਸਲ ਕਰਨ ਵਾਲੇ ਖਿਡਾਰੀਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮਾਡਲ ਸਰਪੰਚ ਸ਼ਿਵਰਾਜ ਸਿੰਘ ਵੱਲੋਂ ਜੇਤੂ ਖਿਡਾਰੀਆਂ ਨੂੰ ਮੈਡਲ ਪਹਿਨਾ ਕੇ ਸਨਮਾਨਿਤ ਕੀਤਾ ਗਿਆ।ਜ਼ਿਲ੍ਹਾ ਯੁਵਾ ਅਧਿਕਾਰੀ ਮਾਈ ਭਾਰਤ ਮੋਗਾ ਵੱਲੋਂ ਦੱਸਿਆ ਗਿਆ ਕਿ ਇਸ ਤਰ੍ਹਾਂ ਦੇ ਖੇਡ ਸਮਾਗਮ ਮਹਿਲਾਵਾਂ ਤੇ ਕੁੜੀਆਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਦੇ ਆਤਮ ਵਿਸ਼ਵਾਸ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਪ੍ਰੋਗਰਾਮ ਕਰਵਾਏ ਜਾਂਦੇ ਰਹਿਣਗੇ ਤਾਂ ਜੁ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਰੁਝਾਨ ਵਧਾਇਆ ਜਾ ਸਕੇ।

## ਮਾਤਾ ਗੁਜਰੀ ਕਾਲਜ ਦੇ ਧਰਮ ਅਧਿਐਨ ਵੱਲੋਂ ਵਰਕਸ਼ਾਪ



ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮਾਤਾ ਗੁਜਰੀ ਕਾਲਜ ਦੇ ਧਰਮ ਅਧਿਐਨ ਵਿਭਾਗ ਵੱਲੋਂ ਕਾਲਜ ਦੇ ਵੱਖ-ਵੱਖ ਵਿਭਾਗਾਂ ਦੇ ਵਿਦਿਆਰਥੀਆਂ ਲਈ ਇਕ ਰੋਜ਼ਾ ਧਾਰਮਿਕ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਸ ਵਰਕਸ਼ਾਪ ਦਾ ਵਿਸ਼ਾ 'ਸਿੱਖ ਨੈਤਿਕ ਕਦਰਾਂ ਕੀਮਤਾਂ' ਸੀ, ਜਿਸ ਵਿੱਚ ਸਰਬ ਰੋਗ ਕਾ ਅਉਖਦੁ ਨਾਮੁ ਸੰਸਥਾ ਵੱਲੋਂ ਇੰਜੀਨੀਅਰ ਸ੍ਰ. ਰਾਮ ਸਿੰਘ ਕੈਲੀਫੋਰਨੀਆ, ਯੂ.ਐੱਸ.ਏ. ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਵਰਕਸ਼ਾਪ ਨੂੰ ਕਰਵਾਉਣ ਦਾ ਮੁੱਖ ਮਨੋਰਥ ਵਿਦਿਆਰਥੀਆਂ ਅੰਦਰ ਧਾਰਮਿਕ ਕਦਰਾਂ ਕੀਮਤਾਂ ਪੈਦਾ ਕਰਨਾ ਤੇ ਧਰਮ ਪ੍ਰਤੀ ਚੇਤਨਾ ਪੈਦਾ ਕਰਨਾ ਸੀ।ਕਾਲਜ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਕਸ਼ਮੀਰ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਧਾਰਮਿਕ ਵਰਕਸ਼ਾਪ ਵਿਦਿਆਰਥੀਆਂ ਅੰਦਰ ਧਾਰਮਿਕ ਰੁਚੀ ਪੈਦਾ ਕਰਨ ਲਈ ਲਾਹੇਵੰਦ ਸਾਬਿਤ ਹੋਵੇਗੀ।ਇਸ ਮੌਕੇ ਧਰਮ ਅਧਿਐਨ ਵਿਭਾਗ ਦੇ ਮੁਖੀ ਡਾ. ਗੁਰਬਾਜ ਸਿੰਘ ਨੇ ਦੱਸਿਆ ਕਿ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਅਕਾਦਮਿਕ ਵਿੱਦਿਆ ਦੇ ਨਾਲ-ਨਾਲ ਧਾਰਮਿਕ ਵਿੱਦਿਆ ਦੇਣ ਲਈ ਅਜਿਹੇ ਉਸਾਰੂ ਯਤਨ ਸਮੇਂ-ਸਮੇਂ 'ਤੇ ਕੀਤੇ ਜਾਂਦੇ ਹਨ।ਇਸ ਮੌਕੇ ਪ੍ਰੋ. ਜਪਿੰਦਰ ਸਿੰਘ, ਡਾ. ਸੀਮਾ ਰਾਣੀ, ਡਾ. ਲਵਨੀਤ ਕੌਰ, ਪ੍ਰੋ. ਹਰਬਿੰਦਰ ਸਿੰਘ, ਪ੍ਰੋ. ਹਰਬੀਰ ਕੌਰ, ਡਾ. ਬ੍ਰਹਮਜੋਤ ਕੌਰ, ਹੋਰ ਸਟਾਫ਼ ਮੈਂਬਰ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

## ਲੋਕਾਂ ਲਈ ਵਰਦਾਨ ਸਾਬਿਤ ਹੋ ਰਿਹੈ ਮੁੱਖ ਮੰਤਰੀ ਕੈਂਪਸ ਦਫ਼ਤਰ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਪਣੇ ਵਿਧਾਨ ਸਭਾ ਹਲਕਾ ਧੂਰੀ ਦੇ ਵਸਨੀਕਾਂ ਦੀਆਂ ਦਰਪੇਸ਼ ਮੁਸ਼ਕਲਾਂ ਦੇ ਤੁਰੰਤ ਨਿਪਟਾਰੇ ਲਈ ਸਥਾਪਤ ਕੀਤਾ ਗਿਆ 'ਮੁੱਖ ਮੰਤਰੀ ਕੈਂਪਸ ਦਫ਼ਤਰ' ਇਲਾਕਾ ਨਿਵਾਸੀਆਂ ਲਈ ਇੱਕ ਵੱਡੀ ਰਾਹਤ ਤੇ ਵਰਦਾਨ ਸਾਬਤ ਹੋ ਰਿਹਾ ਹੈ।ਪ੍ਰਸ਼ਾਸਨਿਕ ਕਾਰਜਪ੍ਰਣਾਲੀ ਵਿੱਚ ਪਾਰਦਰਸ਼ਤਾ ਤੇ ਤੇਜ਼ੀ ਲਿਆਉਣ ਦੇ ਮਕਸਦ ਨਾਲ ਖੋਲ੍ਹੇ ਗਏ ਇਸ ਦਫ਼ਤਰ ਨੇ ਸਰਕਾਰ ਅਤੇ ਜਨਤਾ ਦੇ ਵਿਚਕਾਰਲੀ ਦੂਰੀ ਨੂੰ ਖ਼ਤਮ ਕਰ ਦਿੱਤਾ ਹੈ।ਹੁਣ ਸਥਾਨਕ ਲੋਕਾਂ ਨੂੰ ਆਪਣੇ ਨਿੱਕੇ-ਨਿੱਕੇ ਕੰਮਾਂ ਜਾਂ ਸ਼ਿਕਾਇਤਾਂ ਲਈ ਦੂਰ-ਦਰਾਡੇ ਦੇ ਸਰਕਾਰੀ ਦਫ਼ਤਰਾਂ ਦੇ ਗੇੜੇ ਮਾਰਨ ਦੀ ਲੋੜ ਨਹੀਂ ਰਹੀ, ਸਗੋਂ ਇਸ ਕੈਂਪਸ ਦਫ਼ਤਰ ਰਾਹੀਂ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਇੱਕੋ ਛੱਤ ਹੇਠ ਹੋ ਰਿਹਾ ਹੈ।ਮੁੱਖ ਮੰਤਰੀ ਦੇ ਓ.ਐੱਸ.ਡੀ. ਸੁਖਵੀਰ ਸਿੰਘ ਵੱਲੋਂ ਦਫ਼ਤਰ ਦੀ ਕਮਾਨ ਸੰਭਾਲਣ ਤੋਂ ਬਾਅਦ ਜਨਤਕ ਰਾਬਤੇ ਵਿੱਚ ਇੱਕ ਨਵਾਂ ਮੋੜ ਆਇਆ ਹੈ।ਉਨ੍ਹਾਂ ਵੱਲੋਂ ਹਫ਼ਤੇ ਦੇ ਜ਼ਿਆਦਾਤਰ ਦਿਨ ਖੁਦ ਦਫ਼ਤਰ ਵਿੱਚ ਹਾਜ਼ਰ ਰਹਿ ਕੇ ਲੋਕਾਂ ਦੀਆਂ ਫਰਿਆਦਾਂ ਸੁਣੀਆਂ ਜਾ ਰਹੀਆਂ ਹਨ।ਸੁਖਵੀਰ ਸਿੰਘ ਦੀ ਕਾਰਜਸ਼ੈਲੀ ਦੀ ਖ਼ਾਸੀਅਤ ਇਹ ਹੈ ਕਿ ਉਹ ਸਿਰਫ਼ ਦਫ਼ਤਰੀ ਮੇਜ਼ ਤੱਕ ਸੀਮਤ ਨਹੀਂ ਹਨ, ਸਗੋਂ ਉਹ ਖੁਦ ਸ਼ਹਿਰ ਦੇ ਵੱਖ-ਵੱਖ ਵਾਰਡਾਂ ਅਤੇ ਪੇਂਡੂ ਖੇਤਰਾਂ ਦਾ ਨਿਰੰਤਰ ਦੌਰਾ ਕਰ ਰਹੇ ਹਨ। ਇਸ ਸਿੱਧੇ ਸੰਪਰਕ ਸਦਕਾ ਆਮ ਲੋਕਾਂ ਵਿੱਚ ਸਰਕਾਰ ਪ੍ਰਤੀ ਭਰੋਸਾ ਵਧਿਆ ਹੈ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਜਵਾਬਦੇਹੀ ਵੀ ਯਕੀਨੀ ਬਣੀ ਹੈ।

## ਲਾਲਾ ਕਸਤੂਰੀ ਲਾਲ ਵਿੱਦਿਆ ਮੰਦਰ 'ਚ ਮਹਿਲਾ ਦਿਵਸ ਮਨਾਇਆ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਲਾਲਾ ਕਸਤੂਰੀ ਲਾਲ ਸਰਵਹਿਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਰ 'ਚ ਅੰਤਰਰਾਸ਼ਟਰੀ ਮਹਿਲਾ ਦਿਵਸ ਬੜੇ ਉਤਸ਼ਾਹਤ ਮਾਹੌਲ ਵਿੱਚ ਮਨਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਮਾਂ ਸਰਸਵਤੀ ਦੇ ਚਰਨਾਂ ਵਿੱਚ ਦੀਪ ਪ੍ਰਜਵਲਿਤ ਕਰਕੇ ਕੀਤੀ ਗਈ।ਸਕੂਲ ਦੀਆਂ ਸਾਰੀਆਂ ਮਹਿਲਾ ਸਟਾਫ਼ ਮੈਂਬਰਾਂ 'ਚ ਖਾਸ ਉਤਸ਼ਾਹ ਦੇਖਣ ਨੂੰ ਮਿਲਿਆ। ਪ੍ਰੋਗਰਾਮ ਦੌਰਾਨ ਦੀਦੀ ਅਮਨਦੀਪ ਕੌਰ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਤੇ ਸਮਾਜ ਵਿੱਚ ਔਰਤਾਂ ਦੀ ਵਧਦੀ ਭੂਮਿਕਾ ਬਾਰੇ ਵਿਚਾਰ ਸਾਂਝੇ ਕੀਤੇ।ਇਸ ਤੋਂ ਇਲਾਵਾ ਦੀਦੀ ਸਰਬਜੀਤ ਕੌਰ ਨੇ ਔਰਤਾਂ ਦੇ ਸਮਾਜ ਵਿੱਚ ਉੱਚੇ ਸਥਾਨ ਤੇ ਉਨ੍ਹਾਂ ਦੇ ਯੋਗਦਾਨ ਨੂੰ ਦਰਸਾਉਂਦੀ ਇੱਕ ਸੁੰਦਰ ਕਵਿਤਾ ਪੇਸ਼ ਕੀਤੀ।ਇਸ ਦੇ ਨਾਲ-ਨਾਲ ਮਨੋਰੰਜਕ ਖੇਡਾਂ ਅਤੇ ਸੰਗੀਤ ਨਾਲ ਪੂਰਾ ਮਾਹੌਲ ਖੁਸ਼ਮਈ ਬਣ ਗਿਆ।ਦੀਦੀ ਨਿਰਮਲਜੀਤ ਕੌਰ ਨੇ ਮੰਚ ਸੰਚਾਲਨ ਕੀਤਾ, ਜਦਕਿ ਦੀਦੀ ਜੋਤੀ ਖੁਰਾਨਾ ਤੇ ਦੀਦੀ ਸੰਤੋਸ਼ ਸ਼ਰਮਾ ਨੇ ਪੂਰੇ ਪ੍ਰੋਗਰਾਮ ਨੂੰ ਸੁਚੱਜੀ ਢੰਗ ਨਾਲ ਚਲਾਉਣ ਮਦਦ ਕੀਤੀ।ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਸੰਜੀਵ ਕੁਮਾਰ ਸ਼ਰਮਾ ਨੇ ਸਾਰੀਆਂ ਮਹਿਲਾਵਾਂ ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ ਦੀਆਂ ਦਿਲੋਂ ਵਧਾਈਆਂ ਦਿੱਤੀਆਂ। ਉਨ੍ਹਾਂ ਕਿਹਾ ਕਿ ਮਹਿਲਾਵਾਂ ਘਰ ਅਤੇ ਨੌਕਰੀ ਦੋਹਾਂ ਜ਼ਿੰਮੇਵਾਰੀਆਂ ਨੂੰ ਸੰਤੁਲਤ ਢੰਗ ਨਾਲ ਨਿਭਾਅ ਕੇ ਸਮਾਜ ਲਈ ਪ੍ਰੇਰਣਾ ਬਣ ਰਹੀਆਂ ਹਨ, ਜਿਸ ਲਈ ਉਹ ਵਿਸ਼ੇਸ਼ ਸਨਮਾਨ ਦੀ ਹੱਕਦਾਰ ਹਨ।

## ਪੰਜਾਬ ਸਰਕਾਰ ਨੇ ਸਾਰੀਆਂ ਗਾਰੰਟੀਆਂ ਕੀਤੀਆਂ ਪੂਰੀਆਂ : ਬਿਲਾਸਪੁਰ, ਮਧੇਕੇ, ਖਾਲਸਾ



ਨਿਹਾਲ ਸਿੰਘ ਵਾਲਾ (ਨਛੱਤਰ ਸੰਧੂ)-ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਪੰਜਾਬ ਸਰਕਾਰ ਵੱਲੋਂ ਇਤਿਹਾਸਕ ਕਦਮ ਚੁੱਕ ਕੇ ਔਰਤਾਂ ਲਈ ਨਕਦ ਰਾਸ਼ੀ ਦਾ ਐਲਾਨ ਕਰਕੇ ਆਖਰੀ ਗਾਰੰਟੀ ਵੀ ਪੂਰੀ ਕਰ ਦਿੱਤੀ ਹੈ।ਵਿਧਾਇਕ ਮਨਜੀਤ ਸਿੰਘ ਬਿਲਾਸਪੁਰ, ਪਲੈਨਿੰਗ ਬੋਰਡ ਦੇ ਚੇਅਰਮੈਨ ਤੇ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਬਰਿੰਦਰ ਕੁਮਾਰ ਮਧੇਕੇ, ਅੰਮ੍ਰਿਤਪਾਲ ਸਿੰਘ ਖਾਲਸਾ ਜ਼ਿਲ੍ਹਾ ਪ੍ਰੈਸ ਸਕੱਤਰ ਨੇ ਦੱਸਿਆ ਕਿ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਦੀ ਯੋਗ ਰਹਿਨੁਮਾਈ ਹੇਠ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੱਤਾ ਵਿੱਚ ਆਉਣ ਤੋਂ ਪਹਿਲਾਂ ਪੰਜਾਬ ਦੇ ਲੋਕਾਂ ਨੂੰ ਜੋ-ਜੋ ਗਰੰਟੀਆਂ ਦਿੱਤੀਆਂ ਸਨ, ਉਨ੍ਹਾਂ ਨੂੰ ਵਾਰੀ-ਵਾਰੀ ਪੂਰਾ ਕਰਦਿਆਂ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਲਾਗੂ ਕਰਦਿਆਂ ਜਨਰਲ ਵਰਗ ਦੀਆਂ ਬੀਬੀਆਂ ਨੂੰ 1000 ਰੁਪਏ ਪ੍ਰਤੀ ਮਹੀਨਾ ਤੇ ਐਸ ਸੀ ਵਰਗ ਦੀਆਂ ਬੀਬੀਆਂ ਨੂੰ 1500 ਰੁਪਏ ਪ੍ਰਤੀ ਮਹੀਨਾ ਦੇਣ ਦਾ ਐਲਾਨ ਕਰਦਿਆਂ ਆਖਰੀ ਗਰੰਟੀ ਵੀ ਪੂਰੀ ਕਰ ਦਿੱਤੀ।ਉਨ੍ਹਾਂ ਦੱਸਿਆ ਕਿ ਕਿ ਭਾਵੇਂ ਪੰਜਾਬ ਸਰਕਾਰ ਨੇ ਆਪਣੀਆਂ ਸਾਰੀਆਂ ਗਰੰਟੀਆਂ ਪੂਰੀਆਂ ਕਰ ਦਿੱਤੀਆਂ ਹਨ ਪਰ ਇਨ੍ਹਾਂ ਗਰੰਟੀਆਂ ਤੋਂ ਇਲਾਵਾ ਵੀ ਸੜਕ ਸੁਰੱਖਿਆ ਫੋਰਸ, ਪੰਜਾਬ ਦੇ 19 ਟੋਲ ਪਲਾਜ਼ੇ ਬੰਦ ਕਰਨੇ, ਟੇਲਾਂ ਤੱਕ ਪਾਣੀ ਪੁਚਾਉਣਾ, ਹਰ ਪਰਵਾਰ ਨੂੰ 10 ਲੱਖ ਰੁਪਏ ਦੇ ਇਲਾਜ ਦੀ ਗਰੰਟੀ ਦੇਣ ਵਰਗੇ ਵੱਡੇ ਕੰਮ ਵੀ ਪੰਜਾਬ ਦੇ ਲੋਕਾਂ ਦੀ ਝੋਲੀ ਪਾਏ ਹਨ।ਪੰਜਾਬ ਦੀ ਰਾਜਨੀਤੀ ਦੇ ਇਤਿਹਾਸ ਵਿੱਚ ਇਹ ਸਾਰੇ ਕੰਮ ਸਿਰਫ ਮਾਨ ਸਰਕਾਰ ਵੇਲੇ ਹੀ ਸੰਭਵ ਹੋਏ ਹਨ, ਕਿਉਂਕਿ ਮੁੱਖ ਮੰਤਰੀ ਮਾਨ ਆਮ ਲੋਕਾਂ ਦੇ ਦੁੱਖਾਂ ਦਰਦਾਂ ਨੂੰ ਨੇੜੇ ਤੋਂ ਜਾਣਦੇ ਹਨ।

## ਸ਼੍ਰੀਮਦ ਭਾਗਵਤ ਕਥਾ 14 ਤੱਕ



ਰਾਜਪੁਰਾ (ਰਮੇਸ਼ ਕਟਾਰੀਆ)-ਸ਼੍ਰੀ ਦੁਰਗਾ ਮੰਦਰ 'ਚ ਸ਼੍ਰੀਮਦ ਭਾਗਵਤ ਕਥਾ ਦਾ ਆਯੋਜਨ 8 ਤੋਂ 14 ਮਾਰਚ ਤੱਕ ਕੀਤਾ ਜਾ ਰਿਹਾ ਹੈ।ਮੰਦਰ ਸਭਾ ਵੱਲੋਂ ਕਲਸ਼ ਯਾਤਰਾ ਕੱਢੀ ਗਈ।ਵਿਸ਼ਾਲ ਕਲਸ਼ ਯਾਤਰਾ 'ਚ ਮੰਦਰ ਸਭਾ ਦੇ ਚੇਅਰਮੈਨ ਸ਼੍ਰੀ ਨਰਿੰਦਰ ਸ਼ਾਸਤਰੀ, ਚਰਨਜੀਤ ਕਪੂਰ, ਪ੍ਰਧਾਨ ਜਤਿੰਦਰ ਵਰਮਾ, ਦਵਿੰਦਰ ਪਹੂਜਾ, ਸੁਸ਼ੀਲ ਕੁਮਾਰ, ਪ੍ਰੇਮ ਕੁਮਾਰ, ਸ਼ਸ਼ੀ ਸ਼ਰਮਾ ਸਮੇਤ ਇਸਤਰੀ ਸਭਾ ਦੇ ਨਾਲ-ਨਾਲ ਪੰਡਤ ਵਿਨੋਦ ਸ਼ਾਸ਼ਤਰੀ ਸਮੇਤ ਵੱਡੀ ਗਿਣਤੀ 'ਚ ਲੋਕ ਹਾਜ਼ਰ ਸਨ।ਕਥਾ ਸ਼੍ਰੀ ਵਿਨੋਦ ਸ਼ਾਸਤਰੀ ਵੱਲੋਂ ਰੋਜ਼ਾਨਾ ਸ਼ਾਮ 6 ਤੋਂ 9 ਵਜੇ ਤੱਕ ਕੀਤੀ ਜਾਵੇਗੀ ਤੇ ਕਥਾ ਉਪਰੰਤ ਲੰਗਰ ਵੀ ਵਰਤਾਇਆ ਜਾਵੇਗਾ।

# ਐਲੂਮਨੀ ਸਮਾਗਮ 'ਚ ਰਿਟਾਇਰਡ ਪ੍ਰੋਫੈਸਰਾਂ ਤੇ ਪੁਰਾਣੇ ਵਿਦਿਆਰਥੀਆਂ ਨੇ ਸਾਂਝੇ ਕੀਤੇ ਤਜਰਬੇ



ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਬਾਬਾ ਸ਼੍ਰੀ ਚੰਦ ਜੀ ਸਰਕਾਰੀ ਕਾਲਜ ਸਰਦਾਰਗੜ੍ਹ ਵਿਖੇ ਐਲੂਮਨੀ-2026 ਸਮਾਗਮ ਬੜੀ ਧੂਮਧਾਮ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਸਮਾਗਮ ਵਿੱਚ ਕਾਲਜ ਦੇ ਪੁਰਾਣੇ ਵਿਦਿਆਰਥੀ, ਰਿਟਾਇਰਡ ਅਧਿਆਪਕ ਤੇ ਮੌਜੂਦਾ ਸਟਾਫ ਮੈਂਬਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ।ਸਮਾਗਮ ਦਾ ਮੁੱਖ ਉਦੇਸ਼ ਪੁਰਾਣੇ ਵਿਦਿਆਰਥੀਆਂ ਨੂੰ ਇਕੱਠਾ ਕਰਨਾ ਤੇ ਕਾਲਜ ਨਾਲ ਜੁੜੀਆਂ ਯਾਦਾਂ ਨੂੰ ਤਾਜ਼ਾ ਕਰਨਾ ਸੀ।ਇਸ ਸਮਾਗਮ ਦੀ ਸ਼ੁਰੂਆਤ ਬਾਬਾ ਸ਼੍ਰੀ ਚੰਦ ਉਦਾਸੀਨ ਆਸ਼ਰਮ ਡੇਰਾ ਲੰਗ (ਸਰਦਾਰਗੜ੍ਹ) ਦੇ ਮੁਖੀ ਬਾਬਾ ਕੁੰਭ ਦਾਸ ਜੀ ਵੱਲੋਂ ਰਿਬਨ ਕੱਟ ਕੇ ਕੀਤੀ ਗਈ ਤੇ ਵਿਦਿਆਰਥੀਆਂ ਨੂੰ ਅਸ਼ੀਰਵਾਦ ਦਿੱਤਾ। ਇਸ ਮੌਕੇ ਸਮਾਗਮ ਦੌਰਾਨ ਹਾਜ਼ਰ ਹੋਏ ਪੁਰਾਣੇ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਆਪਣੇ ਕਾਲਜ ਦੇ ਦਿਨਾਂ ਦੀਆਂ ਯਾਦਾਂ ਸਾਂਝੀਆਂ ਕੀਤੀਆਂ ਅਤੇ ਕਾਲਜ ਦੇ ਵਿਕਾਸ ਲਈ ਆਪਣੇ ਸੁਝਾਅ ਵੀ ਦਿੱਤੇ।ਇਸ ਮੌਕੇ ਰਿਟਾਇਰਡ ਪ੍ਰੋਫੈਸਰ ਡੀ. ਐੱਲ. ਬਾਂਸਲ, ਮਲਕੀਤ ਸਿੰਘ ਬਰਾੜ, ਮੈਡਮ ਲਕਸ਼ਮੀ ਜੈਨ ਤੇ ਗੁਰਸ਼ਰਨ ਕੌਰ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਕਾਲਜ ਦੇ ਦਿਨ ਹਰ ਵਿਦਿਆਰਥੀ ਦੀ ਜ਼ਿੰਦਗੀ ਦੇ ਸਭ ਤੋਂ ਯਾਦਗਾਰ ਪਲ ਹੁੰਦੇ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਸਲਾਹ ਦਿੱਤੀ ਕਿ ਉਹ ਮਿਹਨਤ, ਅਨੁਸ਼ਾਸਨ ਤੇ ਸੱਚਾਈ ਨਾਲ ਆਪਣੇ ਜੀਵਨ ਦੇ ਟੀਚੇ ਹਾਸਲ ਕਰਨ।ਇਸ ਤੋਂ ਇਲਾਵਾ ਪੁਰਾਣੇ ਵਿਦਿਆਰਥੀਆਂ ਵਿੱਚੋਂ ਕੰਵਰਜੀਤ ਸਿੰਘ ਕੰਗ, ਐੱਮ. ਸੀ. ਮਾਧੋਦਾਸ ਸਿੰਘ, ਜਸਕਰਨ ਬਰਾੜ ਭਲਾਈਆਣਾ, ਮਹਿੰਦਰਪਾਲ ਸਿੰਘ ਫ਼ਕਰਸਰ, ਸੁਖਚੈਨ ਸਿੰਘ ਚੈਨਾ ਪ੍ਰਧਾਨ ਤੇ ਰਣਬੀਰ ਸਿੰਘ ਰਾਣਾ ਨੇ ਵੀ ਆਪਣੇ ਵਿਚਾਰ ਪ੍ਰਗਟ ਕੀਤੇ।ਸਮਾਗਮ ਦੌਰਾਨ ਪੁਰਾਣੇ ਵਿਦਿਆਰਥੀਆਂ ਨੇ ਇਕ-ਦੂਜੇ ਨਾਲ ਮਿਲ ਕੇ ਕਾਲਜ ਦੇ ਸਮੇਂ ਦੀਆਂ ਯਾਦਾਂ ਸਾਂਝੀਆਂ ਕੀਤੀਆਂ ਤੇ ਕਈ ਸੱਭਿਆਚਾਰਕ ਗਤੀਵਿਧੀਆਂ ਦਾ ਵੀ ਆਨੰਦ ਮਾਣਿਆ।ਸਮਾਗਮ ਦੇ ਅੰਤ ਵਿੱਚ ਕਾਲਜ ਦੇ ਐਕਟਿੰਗ ਪ੍ਰਿੰਸੀਪਲ ਜਸਪ੍ਰੀਤ ਸਿੰਘ ਬਰਾੜ ਨੇ ਸਮਾਗਮ ਵਿੱਚ ਪਹੁੰਚੇ ਸਾਰੇ ਮਹਿਮਾਨਾਂ, ਅਧਿਆਪਕਾਂ ਤੇ ਪੁਰਾਣੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਕਾਲਜ ਤੇ ਪੁਰਾਣੇ ਵਿਦਿਆਰਥੀਆਂ ਵਿਚਕਾਰ ਸਬੰਧਾਂ ਨੂੰ ਹੋਰ ਮਜ਼ਬੂਤ ਬਣਾਉਂਦੇ ਹਨ ਅਤੇ ਨਵੀਂ ਪੀੜ੍ਹੀ ਲਈ ਪ੍ਰੇਰਣਾ ਦਾ ਸਰੋਤ ਬਣਦੇ ਹਨ।

## ਟੀ ਈ ਟੀ ਦੇ ਵਿਰੋਧ 'ਚ ਟੀਚਰ ਭਲਕੇ ਕਰਨਗੇ ਮਾਰਚ : ਡੀ ਟੀ ਐੱਫ

ਸਮਰਾਲਾ (ਸੁਰਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਨੌਕਰੀ ਕਰਦੇ ਟੀਚਰਾਂ 'ਤੇ ਟੀਚਰ ਪਾਤਰਤਾ ਟੈਸਟ ਨਵੇਂ ਸਿਰਿਉਂ ਪਾਸ ਕਰਨ ਦੀ ਲਗਾਈ ਸ਼ਰਤ ਨੇ ਅਧਿਆਪਕਾਂ ਵਿੱਚ ਭਾਰੀ ਰੋਸ ਪੈਦਾ ਕਰ ਦਿੱਤਾ ਹੈ।ਅਧਿਆਪਕਾਂ ਨੇ ਇਸ ਨੂੰ ਬੇਮਾਨੀ ਸ਼ਰਤ ਦਸਦਿਆਂ ਇਸ ਦੇ ਵਿਰੋਧ ਵਿੱਚ ਆਵਾਜ਼ ਬੁਲੰਦ ਕਰਨ ਦਾ ਫੈਸਲਾ ਕੀਤਾ ਹੈ।ਅਧਿਆਪਕ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਨੇ ਕਿਹਾ ਕਿ ਸਰਕਾਰ ਵੱਲੋਂ ਪ੍ਰਮੋਸ਼ਨ ਤੇ ਨੌਕਰੀ ਦਾ ਡਰ ਦਿਖਾ ਕੇ ਟੀਚਰਾਂ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।ਪੰਜਾਬ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਪੰਜਾਬ ਵਿਧਾਨ ਸਭਾ ਦੇ ਮੌਜੂਦਾ ਸੈਸ਼ਨ ਵਿੱਚ ਟੀਈਟੀ ਦੀ ਸ਼ਰਤ ਦੇ ਵਿਰੋਧ ਵਿੱਚ ਪੰਜਾਬ ਵਿਧਾਨ ਸਭਾ ਵੱਲ 12 ਮਾਰਚ ਨੂੰ ਕੂਚ ਕਰਨ ਦਾ ਫੈਸਲਾ ਕੀਤਾ ਗਿਆ ਹੈ। ਜਿਲਾ ਜਨਰਲ ਸਕੱਤਰ ਰੁਪਿੰਦਰ ਪਾਲ ਸਿੰਘ ਜੰਡਿਆਲੀ ਨੇ ਦੱਸਿਆ ਕਿ ਅਧਿਆਪਕਾਂ ਵਿੱਚ ਮਾਰਚ ਵਿੱਚ ਸ਼ਾਮਲ ਹੋਣ ਲਈ ਉਤਸ਼ਾਹ ਤੇ ਸਰਕਾਰ ਦੇ ਫ਼ੈਸਲਿਆਂ ਵਿਰੁੱਧ ਗੁੱਸਾ ਪਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਟੀ. ਈ.ਟੀ. ਵਿਰੋਧੀ ਮਾਰਚ ਵਿੱਚ ਜ਼ਿਲ੍ਹਾ ਲੁਧਿਆਣਾ ਤੋਂ ਅਧਿਆਪਕ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।

## ਨੀਟ ਦੀ ਲੋੜ ਨੂੰ ਮੁਲਤਵੀ ਕਰਨ ਦਾ ਸਵਾਗਤ



ਰਾਜਪੁਰਾ (ਰਮੇਸ਼ ਕਟਾਰੀਆ)-ਪੰਜਾਬ ਅਨਏਡਿਡ ਕਾਲਜ ਐਸੋਸੀਏਸ਼ਨ (ਪੁੱਕਾ) ਨੇ ਸਿਹਤ ਤੇ ਪਰਵਾਰ ਭਲਾਈ ਮੰਤਰਾਲੇ ਦੇ ਨੈਸ਼ਨਲ ਕਮਿਸ਼ਨ ਫਾਰ ਅਲਾਈਡ ਐਂਡ ਹੈਲਥਕੇਅਰ ਪ੍ਰੋਫੈਸ਼ਨਜ਼ ਰਾਹੀਂ ਬੈਚਲਰ ਆਫ਼ ਫ਼ਿਜ਼ੀਓਥੈਰੇਪੀ ਬੀ.ਪੀ.ਟੀ ਤੇ ਬੈਚਲਰ ਆਫ਼ ਆਕੂਪੇਸ਼ਨਲ ਥੈਰੇਪੀ ਕੋਰਸਾਂ 'ਚ ਦਾਖਲੇ ਸੰਬੰਧੀ ਫ਼ੈਸਲੇ ਦਾ ਸਵਾਗਤ ਕੀਤਾ ਹੈ। ਡਾ. ਅੰਸ਼ੂ ਕਟਾਰੀਆ ਚੇਅਰਮੈਨ ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਰਾਜਪੁਰਾ ਨੇੜੇ ਚੰਡੀਗੜ੍ਹ ਨੇ ਕਿਹਾ ਕਿ ਵੱਡੀ ਗਿਣਤੀ 'ਚ ਵਿਦਿਆਰਥੀ ਪੈਰਾ ਮੈਡੀਕਲ ਤੇ ਅਲਾਈਡ ਹੈਲਥ ਸਾਇੰਸ ਕੋਰਸ ਕਰਦੇ ਹਨ, ਕਿਉਂਕਿ ਉਹ ਮਹਿੰਗੇ ਮੈਡੀਕਲ ਪ੍ਰੋਗਰਾਮਾਂ ਨੂੰ ਬਰਦਾਸ਼ਤ ਕਰਨ ਵਿੱਚ ਅਸਮਰੱਥ ਹਨ। ਪੁੱਕਾ ਦੇ ਸੀਨੀਅਰ ਮੀਤ ਪ੍ਰਧਾਨ ਐਡਵੋਕੇਟ ਅਮਿਤ ਸ਼ਰਮਾ ਨੇ ਦੱਸਿਆ ਕਿ ਭਾਰਤ 'ਚ ਹਰ ਸਾਲ ਲਗਭਗ 24 ਲੱਖ ਵਿਦਿਆਰਥੀ ਪ੍ਰੀਖਿਆ ਲਈ ਰਜਿਸਟਰ ਕਰਦੇ ਹਨ ਤੇ ਲਗਭਗ 23 ਲੱਖ ਵਿਦਿਆਰਥੀ ਅਸਲ ਵਿੱਚ ਪ੍ਰੀਖਿਆ ਦਿੰਦੇ ਹਨ।ਇਨ੍ਹਾਂ 'ਚੋਂ ਲਗਭਗ 13 ਲੱਖ ਵਿਦਿਆਰਥੀ ਕਟਆਫ ਅੰਕਾਂ ਤੋਂ ਵੱਧ ਅੰਕ ਪ੍ਰਾਪਤ ਕਰਕੇ ਯੋਗਤਾ ਪੂਰੀ ਕਰਦੇ ਹਨ।ਹਾਲਾਂਕਿ, ਇੰਨੀ ਵੱਡੀ ਗਿਣਤੀ ਵਿੱਚ ਯੋਗ ਉਮੀਦਵਾਰਾਂ ਦੇ ਬਾਵਜੂਦ ਭਾਰਤ ਵਿੱਚ ਸਿਰਫ 1 ਤੋਂ 1.1 ਲੱਖ ਸੀਟਾਂ ਹਨ, ਜਿਸ ਨਾਲ ਮੈਡੀਕਲ ਦਾਖਲਾ ਬਹੁਤ ਮੁਕਾਬਲੇ ਵਾਲਾ ਬਣ ਜਾਂਦਾ ਹੈ।

## ਔਰਤ ਨੂੰ ਸਨਮਾਨ ਤੇ ਸਮਾਨਤਾ ਦਾ ਅਧਿਕਾਰ ਦੇਣ ਨਾਲ ਸੁਚੱਜਾ ਸਮਾਜ ਸਿਰਜਿਆ ਜਾ ਸਕਦਾ : ਪ੍ਰੋ. ਸੁਖਵਿੰਦਰ ਕੌਰ




ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)-ਯੂਨੀਵਰਸਿਟੀ ਕਾਲਜ ਬੇਨੜਾ (ਧੂਰੀ) ਵਿਖੇ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਦੀ ਸਰਪ੍ਰਸਤੀ 'ਚ ਐੱਨ.ਐੱਸ.ਐੱਸ. ਯੂਨਿਟਾਂ ਵੱਲੋਂ ਔਰਤ ਦਿਵਸ ਨੂੰ ਸਮਰਪਤ ਲੈਕਚਰ ਕਰਾਇਆ ਗਿਆ।ਮੁੱਖ ਬੁਲਾਰੇ ਵਜੋਂ ਬੋਲਦਿਆਂ ਕਾਲਜ ਦੇ ਪੰਜਾਬੀ ਵਿਭਾਗ ਤੋਂ ਮਹਿਲਾ ਅਧਿਆਪਕਾ ਪ੍ਰੋ. ਸੁਖਵਿੰਦਰ ਕੌਰ ਨੇ ਔਰਤ ਸ਼ਬਦ ਦੇ ਅਰਥ ਦੱਸਦੇ ਹੋਏ ਇਸ ਦਿਵਸ ਨੂੰ ਮਨਾਉਣ ਦੇ ਸ਼ੁਰੂਆਤੀ ਕਾਰਨਾਂ ਦਾ ਜ਼ਿਕਰ ਕੀਤਾ।ਉਨ੍ਹਾਂ ਕਿਹਾ ਮੌਜੂਦਾ ਸਮੇਂ ਇਸ ਦਿਵਸ ਨੂੰ ਮਨਾਉਣ ਦਾ ਉਦੇਸ਼ ਵੱਖ-ਵੱਖ ਖੇਤਰਾਂ ਵਿੱਚ ਖ਼ਾਸ ਯੋਗਦਾਨ ਪਾਉਣ ਵਾਲੀਆਂ ਔਰਤਾਂ ਨੂੰ ਯਾਦ ਕਰਦੇ ਹੋਏ ਔਰਤ ਨੂੰ ਆਪਣੇ ਹੱਕਾਂ ਪ੍ਰਤੀ ਜਾਗਰੂਕ ਕਰਨਾ ਤੇ ਸੰਘਰਸ਼ ਕਰਨ ਲਈ ਪ੍ਰੇਰਤ ਕਰਨਾ ਹੈ। ਉਨ੍ਹਾਂ ਗੁਰੂ ਸਾਹਿਬਾਨ ਦੇ ਹਵਾਲੇ ਨਾਲ ਕਿਹਾ ਕਿ ਔਰਤ ਨੂੰ ਸਮਾਜ ਵਿੱਚ ਸਨਮਾਨ ਤੇ ਸਮਾਨਤਾ ਦਾ ਅਧਿਕਾਰ ਦੇਣ ਨਾਲ ਹੀ ਇੱਕ ਸੁਚੱਜਾ ਸਮਾਜ ਸਿਰਜਿਆ ਜਾ ਸਕਦਾ ਹੈ।ਐੱਨ.ਐੱਸ.ਐੱਸ. ਦੇ ਪ੍ਰੋਗਰਾਮ ਅਫ਼ਸਰ ਡਾ. ਅਸ਼ੋਕ ਕੁਮਾਰ ਨੇ ਮੁੱਖ ਬੁਲਾਰੇ ਦਾ ਰਸਮੀ ਧੰਨਵਾਦ ਕੀਤਾ।

## ਰੌਣੀ ਵਿਖੇ ਕਿਸਾਨ ਮੇਲਾ ਭਲਕੇ

ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)

'ਖੇਤੀ ਵਿਭਿੰਨਤਾ ਅਪਣਾਓ, ਵਡਮੁੱਲਾ ਵਾਤਾਵਰਣ ਬਚਾਓ' ਦੇ ਉਦੇਸ਼ ਨਾਲ ਇਕਰੋਜ਼ਾ ਖੇਤਰੀ ਕਿਸਾਨ ਮੇਲਾ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਰੌਣੀ, ਪਟਿਆਲਾ ਵਿਖੇ 12 ਮਾਰਚ ਨੂੰ ਲਾਇਆ ਜਾ ਰਿਹਾ ਹੈ। ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ ਨੇ ਦੱਸਿਆ ਕਿ ਇਸ ਕਿਸਾਨ ਮੇਲੇ ਦੀ ਪ੍ਰਧਾਨਗੀ ਡਾ. ਸਤਬੀਰ ਸਿੰਘ ਗੋਸਲ ਉਪ ਕੁਲਪਤੀ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਕਰਨਗੇ।

ਮੇਲੇ ਵਿੱਚ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਕੀਤੀਆਂ ਨਵੀਆਂ ਸਿਫ਼ਾਰਸ਼ਾਂ, ਤਕਨੀਕਾਂ ਤੇ ਖੇਤੀ ਮਸ਼ੀਨਰੀ ਦੀ ਜਾਣਕਾਰੀ ਦਿੱਤੀ ਜਾਵੇਗੀ।ਮੇਲੇ 'ਚ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਸਾਉਣੀ ਦੀਆਂ ਫ਼ਸਲਾਂ ਦੀਆਂ ਸਿਫ਼ਾਰਸ਼ ਕੀਤੀਆਂ ਕਿਸਮਾਂ ਦੇ ਬੀਜਾਂ ਤੋਂ ਇਲਾਵਾ ਚਾਰੇ, ਦਾਲਾਂ, ਤੇਲ ਬੀਜ ਤੇ ਸਬਜ਼ੀਆਂ ਦੇ ਬੀਜਾਂ ਦੀਆ ਕਿੱਟਾਂ ਤੇ ਫ਼ਲਦਾਰ ਰੁੱਖਾਂ ਦੇ ਬੂਟੇ ਵੀ ਮੁਹੱਈਆ ਕਰਾਏ ਜਾਣਗੇ।

# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੀਆਂ 2 ਹੋਰ ਲੈਬਾਂ ਦੇ ਡਾ. ਓਬਰਾਏ ਵੱਲੋਂ ਉਦਘਾਟਨ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਡਾਕਟਰ ਐੱਸ ਪੀ ਸਿੰਘ ਓਬਰਾਏ ਵੱਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਲੋਕਾਂ ਨੂੰ ਆ ਰਹੀਆਂ ਵੱਖ ਵੱਖ ਬੀਮਾਰੀਆਂ ਤੋਂ ਛੁਟਕਾਰਾ ਪਾਉਣ ਲਈ ਪੂਰੇ ਦੇਸ਼ ਵਿਚ ਵੱਡੀ ਪੱਧਰ ਤੇ ਕਲਿਨੀਕਲ ਲੈਬਾਂ ਤੇ ਡਾਇਗਨੋਸਟਿਕ ਸੈਂਟਰ ਸਿਰਫ ਲਾਗਤ ਮੁੱਲ 'ਤੇ ਖੋਲ੍ਹੇ ਜਾ ਰਹੇ ਹਨ ਤਾਂ ਜੋ ਆਮ ਲੋਕ ਆਪਣੀ ਸਿਹਤ ਪ੍ਰਤੀ ਜਾਗਰੂਕ ਰਹਿਣ ਤੇ ਆਉਣ ਵਾਲੀਆਂ ਬੀਮਾਰੀਆਂ ਤੋਂ ਛੁਟਕਾਰਾ ਪਾ ਸਕਣ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਦੱਸਿਆ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਇਸ ਤੋਂ ਪਹਿਲਾਂ ਕੱਚਾ ਥਾਂਦੇਵਾਲਾ ਰੋਡ ਸ੍ਰੀ ਮੁਕਤਸਰ ਸਾਹਿਬ ਤੇ ਕ੍ਰਿਸ਼ਨਾ ਮੰਦਰ ਮੰਡੀ ਹਰਜੀ ਰਾਮ ਮਲੋਟ ਵਿਖੇ ਦੋ ਕਲਿਨੀਕਲ ਤੇ ਡਾਇਗਨੋਸਟਿਕ ਲੈਬਾਂ ਚੱਲ ਰਹੀਆਂ ਹਨ।

ਜ਼ਿਲ੍ਹਾ ਪ੍ਰਧਾਨ ਨੇ ਦੱਸਿਆ ਕਿ ਲੋਕਾਂ ਦੀ ਮੰਗ ਅਨੁਸਾਰ ਹੁਣ ਕਸਬਾ ਦੋਦਾ ਅਤੇ ਮਲੋਟ ਸ਼ਹਿਰ ਦੇ ਧੁਰ ਅੰਦਰ ਗੁਰਦੁਆਰਾ ਸਿੰਘ ਸਭਾ ਵਿੱਚ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਤ ਨਵੀਆਂ ਲੈਬਾਂ ਖੋਲ੍ਹੀਆਂ ਗਈਆਂ ਹਨ, ਜਿਨ੍ਹਾਂ ਦੇ ਉਦਘਾਟਨ ਅੱਜ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਚੇਅਰਮੈਨ ਡਾਕਟਰ ਐੱਸ ਪੀ ਸਿੰਘ ਓਬਰਾਏ ਤੇ ਸੰਤ ਸਿੰਘ ਬਰਾੜ ਵੱਲੋਂ ਕੀਤੇ ਗਏ।

ਇਸ ਮੌਕੇ ਬੋਲਦਿਆਂ ਡਾਕਟਰ ਓਬਰਾਏ ਨੇ ਕਿਹਾ ਕਿ 200 ਕਲੀਨੀਕਲ ਲੈਬਾਂ ਖੋਲ੍ਹਣ ਦਾ ਟੀਚਾ ਰੱਖਿਆ ਗਿਆ ਹੈ ਤੇ ਹੁਣ ਤੱਕ ਪੰਜਾਬ, ਹਰਿਆਣਾ ਤੇ ਹੋਰ ਰਾਜਾਂ ਵਿੱਚ ਤਕਰੀਬਨ 150 ਦੇ ਕਰੀਬ ਲੈਬਾਂ ਖੋਲ੍ਹੀਆਂ ਜਾ ਚੁੱਕੀਆਂ ਹਨ, ਇਨ੍ਹਾਂ ਕਲਿਨਿਕ ਲੈਬਾਂ ਵਿੱਚ ਸਿਰਫ ਲਾਗਤ ਮੁੱਲ ਤੇ 27 ਲੱਖ ਦੇ ਕਰੀਬ ਲੋਕ ਆਪਣੇ ਸਰੀਰ ਦੇ ਟੈਸਟ ਕਰਵਾ ਚੁੱਕੇ ਹਨ।ਇਸ ਮੌਕੇ ਪਿੰਡ ਦੋਦਾ ਦੀ ਨਗਰ ਪੰਚਾਇਤ, ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਸ੍ਰੀ ਮੁਕਤਸਰ ਸਾਹਿਬ ਟੀਮ, ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਮਲੋਟ ਟੀਮ, ਗੁਰੂ ਦੁਆਰਾ ਸਾਹਿਬ ਕਮੇਟੀ ਮੈਂਬਰ ਤੇ ਮਲੋਟ ਦੇ ਪਤਵੰਤੇ ਹਾਜ਼ਰ ਸਨ।

## ਸਰਕਾਰ ਵੱਲੋਂ ਪੇਸ਼ ਕੀਤਾ ਮਹਿਲਾ ਸਸ਼ਕਤੀਕਰਨ ਵੱਲ ਇਤਿਹਾਸਕ ਬੱਜਟ : ਕਾਕਾ ਬਰਾੜ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਸੂਬਾ ਸਰਕਾਰ ਵੱਲੋਂ ਮਹਿਲਾ ਦਿਵਸ ਮੌਕੇ ਸੂਬੇ ਦੀਆਂ ਮਹਿਲਾਵਾਂ ਨੂੰ ਵੱਡਾ ਫਾਇਦਾ ਦਿੰਦਿਆਂ ਪੇਸ਼ ਕੀਤੇ ਗਏ ਬਜ਼ਟ ਦੌਰਾਨ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦਾ ਐਲਾਨ ਕੀਤਾ ਗਿਆ।ਇਹ ਮਹਿਲਾ ਸ਼ਸ਼ਕਤੀਕਰਨ ਵੱਲ ਇਤਿਹਾਸਕ ਬਜਟ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੂਬਾ ਮੀਤ ਪ੍ਰਧਾਨ ਤੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਵੱਲੋਂ ਕੀਤਾ ਗਿਆ। ਦੱਸਣਯੋਗ ਹੈ ਕਿ ਮਹਿਲਾ ਦਿਵਸ ਮੌਕੇ ਸ਼ੈਸ਼ਨ ਦਾ ਸਿੱਧਾ ਪ੍ਰਸਾਰਣ ਦਿਖਾਉਣ ਲਈ ਇੱਕ ਵੱਡੀ ਸਕਰੀਨ ਲਾ ਕੇ ਮਹਿਲਾਵਾਂ ਦਾ ਇੱਕ ਵੱਡਾ ਸਮਾਗਮ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਦੇ ਗ੍ਰਹਿ ਵਿਖੇ ਕਰਾਇਆ ਗਿਆ।ਔਰਤਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ।ਬੱਜਟ ਸੈਸ਼ਨ ਦੌਰਾਨ ਜਿਵੇਂ ਹੀ ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਬਜ਼ਟ ਪੇਸ਼ ਕੀਤਾ ਗਿਆ ਤਾਂ ਔਰਤਾਂ ਦੀ ਖੁਸ਼ੀ ਦਾ ਕੋਈ ਠਿਕਾਣਾ ਨਹੀਂ ਰਿਹਾ ਅਤੇ ਉਨ੍ਹਾਂ ਨੇ ਗਿੱਧਾ ਪਾ ਕੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਤੇ ਇੱਕ ਦੂਜੇ ਦਾ ਮੂੰਹ ਮਿੱਠਾ ਕਰਾਇਆ।ਮਹਿਲਾ ਵਿੰਗ ਦੀ ਵਾਈਸ ਪ੍ਰਧਾਨ ਵੀਰਪਾਲ ਕੌਰ ਤੇ ਮਨਪ੍ਰੀਤ ਕੌਰ ਤੇ ਉਨ੍ਹਾਂ ਦੀਆਂ ਸਾਥਣਾਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਆਖਿਆ ਕਿ ਜੋ ਆਮ ਆਦਮੀ ਪਾਰਟੀ ਨੇ ਚੋਣਾਂ ਸਮੇਂ ਵਾਅਦੇ ਕੀਤੇ ਸਨ ਉਹ ਹੁਣ ਪੂਰੇ ਹੋ ਗਏ, ਜੋ ਪਹਿਲੀ ਵਾਰ ਹੋਇਆ।ਉਨ੍ਹਾਂ ਵਿਸ਼ਵਾਸ ਦੁਆਇਆ ਕਿ ਉਹ ਪਾਰਟੀ ਦੀਆਂ ਗਤੀਵਿਧੀਆਂ ਨੂੰ ਘਰ-ਘਰ ਪੁਚਾਉਣ ਲਈ ਅੱਜ ਤੋਂ ਹੀ ਆਪਣਾ ਕੰਮ ਸ਼ੁਰੂ ਕਰ ਦੇਣਗੀਆਂ।ਇਸ ਦੌਰਾਨ ਚਾਹ, ਪਕੌੜਿਆਂ ਦੇ ਲੰਗਰ ਵੀ ਲਾਇਆ ਗਿਆ।

# ਪੰਜਾਬ ਦਾ ਬੱਜਟ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨਾਲ ਧੋਖਾ ਕਰਾਰ



ਮੋਗਾ (ਇਕਬਾਲ ਸਿੰਘ ਖਹਿਰਾ)

ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਦੇ ਸੂਬਾ ਚੇਅਰਮੈਨ ਗੁਰਦੀਪ ਸਿੰਘ ਮੋਤੀ, ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ, ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਤੇ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਪੰਜਾਬ ਵਿਧਾਨ ਸਭਾ ਵਿੱਚ ਆਪਣੀ ਸਰਕਾਰ ਦੇ ਪੇਸ਼ ਕੀਤੇ ਗਏ ਆਖਰੀ ਬਜਟ ਤੇ ਟਿੱਪਣੀ ਕਰਦੀ ਹੋਏ ਇਸ ਬੱਜਟ ਨੂੰ 2027 'ਚ ਆ ਰਹੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਅੰਕੜਿਆਂ ਦੇ ਨਾਲ ਲੋਕਾਂ ਦੀਆਂ ਅੱਖਾਂ ਵਿੱਚ ਘੱਟਾ ਪਾਉਣਾ ਕਰਾਰ ਦਿੱਤਾ ਹੈ। ਆਗੂਆਂ ਨੇ ਕਿਹਾ ਕਿ ਇਸ ਬਜ਼ਟ ਵਿੱਚ ਆਮ ਆਦਮੀ ਪਾਰਟੀ ਵੱਲੋਂ ਪੰਜਾਬ ਵਿਧਾਨ ਸਭਾ ਚੋਣਾਂ 2022 ਤੋਂ ਪਹਿਲਾਂ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ 1000 ਰੁਪਏ ਮਹੀਨਾ ਦੇਣ ਦੇ ਕੀਤੇ ਗਏ ਵਾਅਦੇ ਦਾ 48 ਮਹੀਨਿਆਂ ਦਾ ਬਕਾਇਆ ਰਾਸ਼ੀ ਹੜੱਪ ਕਰਕੇ ਹੁਣ ਇਸ ਨੂੰ ਆਖਰੀ ਸਾਲ ਦੌਰਾਨ ਲੋਕ ਪੱਖੀ ਬਣਾਉਣ ਦਾ ਦਾਅਵਾ ਕਰਕੇ ਔਰਤਾਂ ਦੀਆਂ ਅੱਖਾਂ ਵਿੱਚ ਘੱਟਾ ਪਾਇਆ ਹੈ।ਇਸ ਬੱਜਟ ਨੇ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਬੁਰੀ ਤਰ੍ਹਾਂ ਨਿਰਾਸ਼ ਕੀਤਾ ਹੈ।ਵਿੱਤ ਮੰਤਰੀ ਪੰਜਾਬ ਨੂੰ ਵੱਖ-ਵੱਖ ਵਿਭਾਗਾਂ 'ਚ ਕੰਮ ਕਰਦੇ ਠੇਕਾ ਅਤੇ ਆਊਟਸੋਰਸ ਮੁਲਾਜ਼ਮ ਰੈਗੂਲਰ ਕਰਨੇ ਯਾਦ ਨਹੀਂ ਆਏ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦੀ ਦਿੱਤੀ ਗਈ ਗਾਰੰਟੀ ਨੂੰ ਅਮਲੀ ਜਾਮਾ ਪਹਿਨਾਉਣਾ ਵੀ ਯਾਦ ਨਹੀਂ ਆਇਆ, ਜਿਸ ਦੀਆਂ ਤਖ਼ਤੀਆਂ ਫੜ ਕੇ ਪਿਛਲੀਆਂ ਹੁਕਮਰਾਨ ਸਰਕਾਰਾਂ ਵੇਲੇ ਮੁਲਾਜ਼ਮਾਂ ਦੇ ਧਰਨਿਆਂ 'ਚ ਆ ਕੇ ਬੈਠਦੇ ਰਹੇ ਸਨ।ਆਮ ਆਦਮੀ ਪਾਰਟੀ ਦੇ ਚੋਣ ਮਨੋਰਥ ਪੱਤਰ 'ਚ ਆਸ਼ਾ ਵਰਕਰ, ਮਿਡ-ਡੇਅ ਮੀਲ ਵਰਕਰ ਤੇ ਆਂਗਣਵਾੜੀ ਵਰਕਰਾਂ ਦਾ ਮਾਣ ਭੱਤਾ ਦੁੱਗਣਾ ਕਰਨ ਦਾ ਵਾਅਦਾ ਪੂਰਾ ਕਰਨਾ ਵੀ ਸਰਕਾਰ ਭੁੱਲ ਗਈ।ਇਸ ਤੋਂ ਇਲਾਵਾ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮਹਿੰਗਾਈ ਭੱਤੇ ਦੀਆਂ 16 ਫੀਸਦੀ ਦੀ ਦਰ ਨਾਲ ਬਕਾਇਆ ਪਈਆਂ ਪੰਜ ਕਿਸ਼ਤਾਂ ਵੀ ਯਾਦ ਨਹੀਂ ਆਈਆਂ।

## ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤੋਂ ਔਰਤਾਂ ਖੁਸ਼ : ਚੱਠਾ

ਸੰਗਾਲਾ (ਰਣਜੀਤ ਸਿੰਘ ਪੇਧਨੀ)-ਪੰਜਾਬ ਸਰਕਾਰ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ ਮੌਕੇ ਰਾਜ ਦੀਆਂ ਔਰਤਾਂ ਨੂੰ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ 1000 ਤੇ 1500 ਰੁਪਏ ਮਹੀਨਾ ਦੇਣ ਦਾ ਐਲਾਨ ਸਰਕਾਰ ਦਾ ਸ਼ਲਾਘਾਯੋਗ ਕਦਮ ਹੈ ਤੇ ਇਸ ਨਾਲ ਔਰਤਾਂ 'ਚ ਖੁਸ਼ੀ ਦੀ ਲਹਿਰ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਪ ਦੇ ਸੀਨੀਅਰ ਆਗੂ ਤੇ ਐੱਫ ਸੀ ਆਈ ਟਰੇਡ ਯੂਨੀਅਨ ਦੇ ਕੌਮੀ ਪ੍ਰਧਾਨ ਸਤਿੰਦਰ ਸਿੰਘ ਚੱਠਾ ਨੇ ਕੀਤਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕ ਹਿਤੈਸ਼ੀ ਯੋਜਨਾਵਾਂ ਦੀ ਹਰੇਕ ਗਾਰੰਟੀ ਨੂੰ ਪੂਰਾ ਕੀਤਾ ਹੈ, ਜਿਸ ਤੋਂ ਰਾਜ ਦੇ ਲੋਕ ਭਲੀ ਭਾਂਤ ਜਾਣੂ ਹਨ।ਉਨ੍ਹਾਂ ਕਿਹਾ ਕਿ ਬਜਟ ਸੈਸ਼ਨ ਦੌਰਾਨ ਹਰ ਵਰਗ ਦੇ ਲੋਕਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖ ਕੇ ਸੂਬੇ ਦੀ ਤਰੱਕੀ ਤੇ ਖੁਸ਼ਹਾਲੀ ਲਈ ਪੇਸ਼ ਕੀਤੇ ਬਜਟ ਦੀ ਜਿੱਥੇ ਸ਼ਲਾਘਾ ਕੀਤੀ, ਉਥੇ ਬਜਟ 'ਚ ਰਾਜ ਦੇ ਲੋਕਾਂ ਨੂੰ ਵੱਡੀਆਂ ਸੌਗਾਤਾਂ ਤੇ ਰਾਹਤਾਂ ਦੇਣ ਲਈ ਵਿੱਤ ਮੰਤਰੀ ਦਾ ਉਚੇਚਾ ਤੌਰ 'ਤੇ ਧੰਨਵਾਦ ਕੀਤਾ।

## ਰਾਜਪਾਲ ਗੁਲਾਬ ਚੰਦ ਕਟਾਰੀਆ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਵਿਖੇ ਨਤਮਸਤਕ ਹੋਏ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਪਟਿਆਲਾ ਸਥਿਤ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਵਿਖੇ ਨਤਮਸਤਕ ਹੋਏ।ਇਸ ਦੌਰਾਨ ਸ੍ਰੀ ਕਟਾਰੀਆ ਨੇ ਮਾਤਾ ਦੇ ਚਰਨਾਂ 'ਚ ਪੰਜਾਬ ਦੀ ਸ਼ਾਂਤੀ ਤੇ ਵਿਕਾਸ ਲਈ ਪ੍ਰਾਰਥਨਾ ਕਰਦਿਆਂ ਸਰਬੱਤ ਦੇ ਭਲੇ ਦੀ ਕਾਮਨਾ ਵੀ ਕੀਤੀ।ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਪਟਿਆਲਾ ਦੇ ਇਸ ਮੰਦਰ ਵਿਖੇ ਪਹਿਲੀ ਵਾਰ ਆ ਕੇ ਮਾਂ ਦੇਵੀ ਦੇ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ।ਰਾਜਪਾਲ ਸ੍ਰੀ ਕਟਾਰੀਆ ਨੇ ਕਿਹਾ ਕਿ ਮਾਂ ਕਾਲੀ ਦੇਵੀ ਸ਼ਤਰੂ ਵਿਨਾਸ਼ਕ ਹੈ ਤੇ ਇਥੇ ਹਰ ਸ਼ਰਧਾਲੂ ਅਰਦਾਸ ਕਰਦਾ ਹੈ ਕਿ ਮਾਂ ਸਾਨੂੰ ਸਦਬੁੱਧੀ ਤੇ ਅੱਛਾ ਦਿਮਾਗ਼ ਦੇਵੇ ਤਾਂ ਜੁ ਅਸੀਂ ਸਮਾਜ ਤੇ ਲੋਕਾਂ ਦੀ ਸੇਵਾ ਕਰ ਸਕੀਏ, ਜਿਸ ਨਾਲ ਅਸੀਂ ਖੁਦ ਹੀ ਨਹੀਂ ਸਗੋਂ ਸਾਰਾ ਦੇਸ਼ ਵੀ ਸੁਖੀ ਰਹੇ। ਰਾਜਪਾਲ ਨੇ ਕਿਹਾ ਕਿ ਜੋ ਵਿਅਕਤੀ ਛਲ-ਕਪਟ ਨਾਲ ਕੰਮ ਕਰਦਾ ਹੈ, ਉਸ ਦਾ ਵਿਨਾਸ਼ ਕਰਨਾ ਵੀ ਇਸ ਦੇਵੀ ਦੀ ਹੀ ਤਾਕਤ ਹੈ, ਇਸ ਲਈ ਸਾਡੀ ਮਾਨਤਾ ਹੈ ਕਿ ਮਾਂ ਕਾਲੀ ਦੇਵੀ ਦੇ ਚਰਨਾਂ ਵਿੱਚ ਜ਼ਰੂਰ ਝੁਕਿਆ ਜਾਵੇ।ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਕਿਹਾ ਕਿ ਇਸ ਮੰਦਰ ਦੀ ਰਚਨਾ ਇਸ ਪ੍ਰਕਾਰ ਕੀਤੀ ਗਈ ਹੈ ਕਿ ਇਹ ਮੰਦਰ ਹਰ ਵਿਅਕਤੀ ਦੀ ਆਸਥਾ ਦਾ ਕੇਂਦਰ ਬਣਿਆ ਹੋਇਆ ਹੈ।ਇਸ ਮੌਕੇ ਮੰਦਰ ਐਡਵਾਈਜ਼ਰੀ ਮੈਨੇਜਿੰਗ ਕਮੇਟੀ ਦੇ ਮੈਂਬਰਾਂ ਸੀ ਏ ਅਜੇ ਅਲੀਪੁਰੀਆ ਤੇ ਸੰਜੇ ਸਿੰਗਲਾ ਨੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੂੰ ਸਨਮਾਨਿਤ ਕਰਦਿਆਂ ਇਤਿਹਾਸਕ ਮਾਤਾ ਸ੍ਰੀ ਕਾਲੀ ਦੇਵੀ ਮੰਦਰ ਦੇ ਨਵੀਨੀਕਰਨ ਲਈ ਚੱਲ ਰਹੇ ਕਰੀਬ 75 ਕਰੋੜ ਰੁਪਏ ਦੇ ਪ੍ਰੋਜੈਕਟਾਂ ਬਾਰੇ ਜਾਣਕਾਰੀ ਦਿੱਤੀ।

## ਸਰਕਾਰ ਨੇ ਆਖਰੀ ਬਜਟ 'ਚ ਵੀ ਅਜ਼ਾਦੀ ਘੁਲਾਟੀਆਂ ਦੇ ਪਰਵਾਰਾਂ ਲਈ ਕੋਈ ਐਲਾਨ ਨਹੀਂ ਕੀਤਾ : ਖਾਲਸਾ

ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)-ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਸਹੁੰ ਚੁਕਿਆਂ 4 ਸਾਲ ਪੂਰੇ ਹੋ ਚੁੱਕੇ ਹਨ, ਸਰਕਾਰ ਬਣਦਿਆਂ ਭਗਤ ਸਿੰਘ ਦੇ ਜਨਮ ਸਥਾਨ ਤੋਂ ਸਹੁੰ ਚੁੱਕੀ ਤੇ ਖੱਟੀ ਪੱਗ ਬੰਨ੍ਹ ਭਗਤ ਸਿੰਘ ਦੀ ਸੋਚ 'ਤੇ ਪਹਿਰਾ ਦੇਣ ਦਾ ਰਾਗ ਅਲਾਪਿਆ ਤੇ ਦਫ਼ਤਰਾਂ 'ਚ ਭਗਤ ਸਿੰਘ ਦੀ ਫੋਟੋ ਲਗਾਉਣ ਦਾ ਐਲਾਨ ਕਰ ਦਿੱਤਾ।ਅਜ਼ਾਦੀ ਘੁਲਾਟੀਆ ਦੇ ਗੁਣ ਗਾਏ, ਜਿਸ 'ਤੇ ਅਜ਼ਾਦੀ ਘੁਲਾਟੀਆ ਪਰਵਾਰਾਂ ਨੂੰ ਆਸ ਬੱਝੀ ਸੀ ਕਿ ਇਹ ਸਰਕਾਰ ਦੇਸ਼ ਭਗਤ ਪਰਵਾਰਾਂ ਦੀ ਸਾਰ ਲਵੇਗੀ, ਸਾਡੇ ਬੱਚਿਆਂ ਨੂੰ ਰੁਜ਼ਗਾਰ ਮਿਲੇਗਾ। ਇਹ ਵਿਚਾਰ ਆਖਰੀ ਬਜਟ ਦੇ ਐਲਾਨ ਉਪਰੰਤ ਫਰੀਡਮ ਫਾਇਟਰ ਸ੍ਰ. ਰਾਜਜੀਤ ਸਿੰਘ ਦੇ ਸਪੁੱਤਰ ਹਰਿੰਦਰ ਪਾਲ ਸਿੰਘ ਖਾਲਸਾ ਨੇ ਆਪਣੇ ਸਾਥੀਆਂ ਸਮੇਤ ਪ੍ਰੈੱਸ ਨੋਟ ਰਿਲੀਜ਼ ਕਰਦਿਆਂ ਪ੍ਰਗਟ ਕੀਤੇ। ਉਨ੍ਹਾਂ ਦੱਸਿਆ ਕਿ ਚਾਰ ਸਾਲ ਵਿੱਚ ਮੁੱਖ ਮੰਤਰੀ ਨੇ ਇੱਕ ਵੀ ਮੀਟਿੰਗ ਤੇ ਇੱਕ ਵੀ ਐਲਾਨ, ਇਕ ਵੀ ਸਹੂਲਤ ਦੇਸ਼ ਭਗਤ ਪਰਵਾਰਾਂ ਨੂੰ ਨਹੀਂ ਦਿੱਤੀ। ਮੁੱਖ ਮੰਤਰੀ ਵੱਲੋਂ ਕਈ ਵਾਰ ਫਰੀਡਮ ਫਾਇਟਰ ਉੱਤਰਾਧਿਕਾਰੀ ਸੰਸਥਾ ਰਜਿ. 196 ਪੰਜਾਬ ਨੂੰ ਲਿਖਤੀ ਡੇਟ ਦਿੱਤੀ, ਪਰ ਕੋਈ ਮੀਟਿੰਗ ਨਹੀਂ ਕੀਤੀ, ਸਗੋਂ ਬੇਰੰਗ ਚਿੱਠੀ ਦੀ ਤਰ੍ਹਾਂ ਸਾਡੇ ਆਗੂ ਚੰਡੀਗੜ੍ਹ ਤੋਂ ਤੇਲ ਫੂਕ ਵਾਪਸ ਮੁੜਦੇ ਰਹੇ ਫਰੀਡਮ ਫਾਇਟਰ ਮੰਤਰੀ ਮਹਿੰਦਰ ਭਗਤ, ਖਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਵੀ ਕਈ ਮੀਟਿੰਗਾਂ ਹੋਈਆਂ, ਪਰ ਰਿਜ਼ਲਟ ਜ਼ੀਰੋ ਰਿਹਾ। ਅੱਜ ਬਜਟ 'ਚ ਉਮੀਦ ਸੀ, ਪਰ ਉਸ 'ਤੇ ਵੀ ਪਾਣੀ ਫੇਰ ਦਿੱਤਾ, ਦੇਸ਼ ਭਗਤਾਂ ਬਾਰੇ ਬਜਟ 'ਚ ਕੋਈ ਨਾਮ ਤੱਕ ਨਹੀਂ ਲਿਆ ਗਿਆ। ਖਾਲਸਾ ਨੇ ਕਿਹਾ ਕਿ ਜੇਕਰ ਦੇਸ਼ ਭਗਤਾਂ ਦੀ ਸੋਚ 'ਤੇ ਪਹਿਰਾ ਹੀ ਨਹੀਂ ਦੇਣਾ ਸੀ ਤਾਂ ਭਗਤ ਸਿੰਘ ਦੇ ਪਿੰਡੋਂ ਸਹੁੰ ਚੁੱਕਣ ਦੀ ਕੀ ਲੋੜ ਸੀ? ਉਨ੍ਹਾਂ ਕਿਹਾ ਕਿ ਬੜੇ ਅਫਸੋਸ ਦੀ ਗੱਲ ਹੈ ਕਿ ਸਰਕਾਰਾਂ ਦੇਸ਼ ਭਗਤਾਂ ਤੇ ਅਜ਼ਾਦੀ ਘੁਲਾਟੀਆਂ ਨੂੰ ਸਿਆਸਤ ਲਈ ਹੀ ਵਰਤਦੀਆਂ ਰਹਿਣਗੀਆਂ ਜਾਂ ਉਨ੍ਹਾਂ ਲਈ ਵੀ ਕੁਝ ਕਰਨਗੀਆਂ? ਇਸ ਮੌਕੇ ਉਨ੍ਹਾਂ ਨਾਲ ਭਰਪੂਰ ਸਿੰਘ ਰੰਘੜਿਆਲ, ਅਜੀਤਪਾਲ ਪਾਲੀ, ਮਨਜੀਤ ਸਿੰਘ, ਜੋਗਿੰਦਰ ਸਿੰਘ ਸੁਖਮਿੰਦਰ ਸਿੰਘ ਭੋਲਾ, ਗਰਇੰਦਰ ਪਾਲ ਸਿੰਘ, ਸੋਨੀ ਸੁਨਾਮ ਆਦਿ ਆਗੂ ਹਾਜ਼ਰ ਸਨ।

## ਵਰਲਡ ਯੂਨੀਵਰਸਿਟੀ ਵਿਖੇ 'ਭਾਸ਼ਾ, ਸਾਹਿਤ ਤੇ ਸੱਭਿਆਚਾਰ' ਵਿਸ਼ੇ 'ਤੇ ਭਾਸ਼ਣ




ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਦੇ ਅੰਗਰੇਜ਼ੀ ਵਿਭਾਗ ਨੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਅੰਗਰੇਜ਼ੀ ਵਿਭਾਗ ਦੇ ਸਾਬਕਾ ਮੁਖੀ ਡਾ. ਜੋਤੀ ਪੁਰੀ ਦੁਆਰਾ 'ਭਾਸ਼ਾ, ਸਾਹਿਤ ਤੇ ਸੱਭਿਆਚਾਰ' ਵਿਸ਼ੇ 'ਤੇ ਇੱਕ ਅਹਿਮ ਅਕਾਦਮਿਕ ਭਾਸ਼ਣ ਦਾ ਆਯੋਜਨ ਕੀਤਾ।ਡਾ. ਬਲਜੀਤ ਕੌਰ ਸਹਾਇਕ ਪ੍ਰੋਫੈਸਰ (ਅੰਗਰੇਜ਼ੀ) ਨੇ ਡਾ. ਪੁਰੀ ਦਾ ਸਵਾਗਤ ਕਰਦਿਆਂ ਭਾਸ਼ਣ ਦੇ ਉਦੇਸ਼ ਬਾਰੇ ਵਿਸਥਾਰ ਨਾਲ ਦੱਸਿਆ।ਡਾ. ਪੁਰੀ ਨੇ ਅਪਣੇ ਭਾਸ਼ਣ ਵਿੱਚ ਦੱਸਿਆ ਕਿ ਸਾਹਿਤ ਸਮਾਜਿਕ ਹਕੀਕਤਾਂ ਤੇ ਸੱਭਿਆਚਾਰਕ ਪਛਾਣਾਂ ਨੂੰ, ਖਾਸ ਕਰਕੇ ਹਾਸ਼ੀਏ 'ਤੇ ਅਤੇ ਸਮਾਨਤਾ ਲਈ ਸੰਘਰਸ਼ਾਂ ਦੁਆਰਾ ਚਿੰਨ੍ਹਿਤ ਸੰਦਰਭਾਂ ਵਿੱਚ ਕਿਵੇਂ ਦਰਸਾਉਂਦਾ ਹੈ।ਮੁੱਖ ਸਾਹਿਤਕ ਤੇ ਇਤਿਹਾਸਕ ਲਿਖਤਾਂ 'ਤੇ ਧਿਆਨ ਕੇਂਦਰਤ ਕਰਦੇ ਹੋਏ, ਉਹਨਾਂ ਨਸਲ, ਪਛਾਣ ਅਤੇ ਸੱਭਿਆਚਾਰਕ ਪ੍ਰਗਟਾਵੇ ਦੇ ਲਾਂਘਿਆਂ ਨੂੰ ਦਰਸਾਇਆ।ਭਾਸ਼ਣ ਵਿੱਚ ਲੈਂਗਸਟਨ ਹਿਊਜ਼ ਦੁਆਰਾ 'ਹਾਰਲੇਮ' ਵਰਗੀਆਂ ਮਹੱਤਵਪੂਰਨ ਰਚਨਾਵਾਂ ਤੇ ਮਾਰਟਿਨ ਲੂਥਰ ਕਿੰਗ ਜੂਨੀਅਰ ਦੇ 'ਆਈ ਹੈਵ ਏ ਡ੍ਰੀਮ' ਭਾਸ਼ਣ ਦੇ ਹਵਾਲੇ ਨਾਲ ਗੱਲ ਕੀਤੀ।ਡਾ. ਅੰਕਦੀਪ ਕੌਰ ਅਟਵਾਲ ਐਸੋਸੀਏਟ ਪ੍ਰੋਫੈਸਰ ਤੇ ਵਿਭਾਗ ਦੇ ਮੁਖੀ ਨੇ ਸਾਂਝਾ ਕੀਤਾ ਕਿ ਇਹ ਸੈਸ਼ਨ ਵਿਦਿਆਰਥੀਆਂ ਲਈ ਬਹੁਤ ਲਾਭਦਾਇਕ ਸਾਬਿਤ ਹੋਇਆ ਹੈ।ਉਨ੍ਹਾਂ ਕਿਹਾ ਕਿ ਡਾ. ਪੁਰੀ ਨੇ ਬਹੁਤ ਹੀ ਸਰਲ ਭਾਵ ਨਾਲ ਭਾਸ਼ਾ, ਸਾਹਿਤ ਤੇ ਸੱਭਿਆਚਾਰ ਵਿਚਕਾਰ ਸਬੰਧਾਂ 'ਤੇ ਕੀਮਤੀ ਦ੍ਰਿਸ਼ਟੀਕੋਣ ਪੇਸ਼ ਕੀਤੇ ਹਨ।

ਉਨ੍ਹਾਂ ਡਾ. ਜੋਤੀ ਪੁਰੀ ਦਾ ਵਿਦਿਆਰਥੀਆਂ ਨੂੰ ਸਾਹਿਤ ਤੇ ਸਮਾਜ ਨਾਲ ਆਲੋਚਨਾਤਮਕ ਤੌਰ 'ਤੇ ਜੁੜਨ ਲਈ ਪ੍ਰੇਰਿਤ ਕਰਨ ਲਈ ਧੰਨਵਾਦ ਕੀਤਾ।ਸ਼੍ਰੀਮਤੀ ਜਸਪ੍ਰੀਤ ਕੌਰ, ਸਹਾਇਕ ਪ੍ਰੋਫੈਸਰ ਅੰਗਰੇਜ਼ੀ ਤੇ ਯੂਨੀਵਰਸਿਟੀ ਦੇ ਲੋਕ ਸੰਪਰਕ ਅਫ਼ਸਰ ਨੇ ਸਰੋਤ ਵਿਅਕਤੀ ਤੇ ਦਰਸ਼ਕਾਂ ਦਾ ਧੰਨਵਾਦ ਕੀਤਾ।ਲੈਕਚਰ ਦੇ ਅੰਤ ਵਿੱਚ ਫੈਕਲਟੀ ਮੈਂਬਰ, ਖੋਜ ਵਿਦਵਾਨਾਂ ਤੇ ਵਿਦਿਆਰਥੀ ਨੇ ਇੰਟਰਐਕਟਿਵ ਚਰਚਾ ਵਿੱਚ ਸਰਗਰਮੀ ਨਾਲ ਹਿੱਸਾ ਲਿਆ।

## ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਅੰਤਰਰਾਸ਼ਟਰੀ ਮਹਿਲਾ ਦਿਵਸ 'ਤੇ ਪਰਵਾਰ ਮਿਲਣ ਸਮਾਰੋਹ

### ਔਰਤਾਂ ਦੀ ਮਿਹਨਤ, ਸਮਰਪਣ ਤੇ ਸੰਘਰਸ਼ ਬਿਨਾਂ ਕਿਸੇ ਸਮਾਜ ਦੀ ਤਰੱਕੀ ਸੰਭਵ ਨਹੀਂ : ਪੁਨੀਤ ਮਹਾਵਰ



ਨਾਭਾ (ਵਰਿੰਦਰ ਵਰਮਾ)-ਭਾਰਤ ਵਿਕਾਸ ਪ੍ਰੀਸ਼ਦ ਇਕਾਈ ਨਾਭਾ ਪ੍ਰਧਾਨ ਨਰਿੰਦਰ ਵਰਮਾ, ਜਰਨਲ ਸਕੱਤਰ ਵਿਕਾਸ ਮਿੱਤਲ ਤੇ ਕੈਸ਼ੀਅਰ ਅਸ਼ਵਨੀ ਮਦਾਨ ਦੀ ਅਗਵਾਈ ਹੇਠ ਅੰਤਰਰਾਸ਼ਟਰੀ ਮਹਿਲਾ ਦਿਵਸ ਅਤੇ ਪਰਵਾਰ ਮਿਲਣ ਸਮਾਰੋਹ ਸ਼੍ਰੀ ਹਨੂਮਾਨ ਮੰਦਿਰ ਬਠਿੰਡੀਆ ਮੁਹੱਲਾ ਵਿਖੇ ਆਯੋਜਨ ਕੀਤਾ ਗਿਆ।ਸਮਾਗਮ ਵਿੱਚ ਪੁਨੀਤ ਮਹਾਵਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਕਿਹਾ ਕਿ ਭਾਰਤ ਵਿਕਾਸ ਪ੍ਰੀਸ਼ਦ ਇਕਾਈ ਦਾ ਇੱਕ ਹੀ ਉਦੇਸ਼ ਹੈ ਸਮਾਜ ਭਲਾਈ ਦੇ ਕਾਰਜ ਕਰਨਾ ਤੇ ਪਰਵਾਰਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਨਾ ਹੈ।ਉਨ੍ਹਾਂ ਕਿਹਾ ਕਿ ਨਾਭਾ ਇਕਾਈ ਦੇ ਮੈਂਬਰਾਂ ਵੱਲੋਂ ਕੀਤੇ ਗਏ ਕਾਰਜ ਬਹੁਤ ਹੀ ਸ਼ਲਾਘਾਯੋਗ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ 'ਚ ਔਰਤਾਂ ਸਿਰਫ ਘਰ ਦੀ ਚਾਰਦੀਵਾਰੀ ਤੱਕ ਸੀਮਤ ਨਹੀਂ ਰਹੀਆਂ, ਬਲਕਿ ਸਿੱਖਿਆ, ਸਿਹਤ, ਵਿਗਿਆਨ, ਰਾਜਨੀਤੀ, ਖੇਡਾਂ ਅਤੇ ਸਮਾਜਿਕ ਸੇਵਾਵਾਂ ਵਰਗੇ ਹਰੇਕ ਖੇਤਰ ਵਿਚ ਬਰਾਬਰ ਦੀ ਭੂਮਿਕਾ ਨਾਲ ਅੱਗੇ ਵਧ ਰਹੀਆਂ ਹਨ ਜਦਕਿ ਅੱਜ ਦਾ ਦਿਨ ਸਾਨੂੰ ਯਾਦ ਦਿਵਾਉਂਦਾ ਹੈ ਕਿ ਔਰਤਾਂ ਦੀ ਮਿਹਨਤ, ਸਮਰਪਣ ਤੇ ਸੰਘਰਸ਼ ਦੇ ਬਿਨਾਂ ਕਿਸੇ ਵੀ ਸਮਾਜ ਦੀ ਤਰੱਕੀ ਸੰਭਵ ਨਹੀਂ।ਨਾਭਾ ਇਕਾਈ ਦੇ ਪ੍ਰਧਾਨ ਨਰਿੰਦਰ ਵਰਮਾ, ਜਨਰਲ ਸਕੱਤਰ ਵਿਕਾਸ ਮਿੱਤਲ, ਕੈਸ਼ੀਅਰ ਅਸ਼ਵਨੀ ਮਦਾਨ, ਲਲਿਤ ਸ਼ਰਮਾ, ਓਮ ਪ੍ਰਕਾਸ਼ ਗਰਗ ਤੇ ਸਮੂਹ ਮੈਂਬਰਾਂ ਵੱਲੋਂ ਮੈਡਮ ਅਰੁਣਾ ਸਿੰਗਲਾ, ਡਾਕਟਰ ਅਨੁਮੇਹਾ ਭੱਲਾ, ਸਰੂਪਾ ਸਿੰਗਲਾ, ਜੋਤੀ ਸ਼ਰਮਾ, ਮਿਨਲ ਪੁਰੀ ਤੇ ਜਸਵਿੰਦਰ ਕੌਰ ਮਹਿਲਾਵਾਂ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਤ ਕੀਤਾ ਗਿਆ ਤੇ ਆਈਆਂ ਹੋਈਆਂ ਸ਼ਖ਼ਸੀਅਤਾਂ ਨੂੰ ਵੀ ਸਨਮਾਨਤ ਕੀਤਾ ਗਿਆ।ਉਨ੍ਹਾਂ ਕਿਹਾ ਕਿ ਔਰਤਾਂ ਵੀ ਕਿਸੇ ਤੋਂ ਘੱਟ ਨਹੀਂ ਹਨ, ਜੋ ਵੱਖ-ਵੱਖ ਖੇਤਰਾਂ 'ਚ ਆਪਣਾ ਮਹੱਤਵਪੂਰਨ ਯੋਗਦਾਨ ਪਾ ਰਹੀਆਂ ਹਨ ਤੇ ਨੌਜਵਾਨ ਪੀੜ੍ਹੀ ਲਈ ਪ੍ਰੇਰਣਾ ਦਾ ਸਰੋਤ ਬਣ ਰਹੀਆਂ ਹਨ।

# ਸ਼ਹੀਦ ਕਰਤਾਰ ਸਿੰਘ ਸਰਾਭਾ ਵੈੱਲਫੇਅਰ ਟਰੱਸਟ ਨੇ ਕੌਮਾਂਤਰੀ ਮਹਿਲਾ ਦਿਵਸ ਮਨਾਇਆ




ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)

ਸ਼ਹੀਦ ਕਰਤਾਰ ਸਿੰਘ ਸਰਾਭਾ ਵੈਲਫੇਅਰ ਟਰੱਸਟ ਵੱਲੋਂ ਯੁਵਕ ਭਲਾਈ ਵਿਭਾਗ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਕੌਮਾਂਤਰੀ ਮਹਿਲਾ ਦਿਵਸ ਨੂੰ ਸਮਰਪਿਤ ਨੌਵਾਂ ਸਨਮਾਨ ਸਮਾਰੋਹ ਕਰਾਇਆ ਗਿਆ।ਇਸ ਮੌਕੇ ਸਿੱਖਿਆ, ਕਲਾ, ਸਾਹਿਤ, ਸੰਗੀਤ, ਸਮਾਜ ਸੇਵਾ, ਖੇਡਾਂ ਤੇ ਪੱਤਰਕਾਰੀ ਦੇ ਖੇਤਰਾਂ ਵਿੱਚ ਵਿਸ਼ੇਸ਼ ਪ੍ਰਾਪਤੀਆਂ ਕਰਨ ਵਾਲੀਆਂ 40 ਧੀਆਂ ਤੇ ਔਰਤਾਂ ਨੂੰ ਸਨਮਾਨਤ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਟਰੱਸਟ ਦੇ ਪ੍ਰਧਾਨ ਅਕਸ਼ੈ ਕੁਮਾਰ ਖਨੌਰੀ ਵੱਲੋਂ ਆਏ ਮੁੱਖ ਮਹਿਮਾਨਾਂ ਨੂੰ ਇੰਡੋਰ ਪਲਾਂਟ ਭੇਟ ਕਰਕੇ ਸਵਾਗਤ ਨਾਲ ਕੀਤੀ।ਆਪਣੇ ਸੰਬੋਧਨ 'ਚ ਉਨ੍ਹਾਂ ਕਿਹਾ ਕਿ ਅੱਜ ਦਾ ਸਮਾਂ ਔਰਤਾਂ ਦੀ ਹਿੰਮਤ, ਯੋਗਤਾ ਤੇ ਉਪਲਬਧੀਆਂ ਨੂੰ ਸਲਾਮ ਕਰਨ ਦਾ ਸਮਾਂ ਹੈ। ਉਨ੍ਹਾਂ ਕਿਹਾ ਕਿ 20ਵੀਂ ਸਦੀ ਦੇ ਸ਼ੁਰੂ ਵਿੱਚ ਪੱਛਮੀ ਦੇਸ਼ਾਂ ਦੀਆਂ ਔਰਤਾਂ ਨੇ ਆਪਣੇ ਹੱਕਾਂ ਅਤੇ ਬਰਾਬਰੀ ਲਈ ਸੰਘਰਸ਼ ਦੀ ਸ਼ੁਰੂਆਤ ਕੀਤੀ ਸੀ, ਜਿਸ ਦੇ ਨਤੀਜੇ ਵਜੋਂ ਔਰਤਾਂ ਹਰ ਖੇਤਰ ਵਿੱਚ ਅੱਗੇ ਵੱਧ ਰਹੀਆਂ ਹਨ।ਪ੍ਰੋਗਰਾਮ ਦੌਰਾਨ ਨ੍ਰਿਤ ਵਿਭਾਗ ਪੰਜਾਬੀ ਯੂਨੀਵਰਸਿਟੀ ਦੇ ਸੰਸਥਾਪਕ ਡਾ. ਡੇਜ਼ੀ ਵਾਲੀਆ, ਕਰ ਤੇ ਆਬਕਾਰੀ ਅਧਿਕਾਰੀ ਮੈਡਮ ਜਸਵੀਤ ਸ਼ਰਮਾ ਤੇ ਰੋਟਰੀ ਦੀ ਜੋਨਲ ਕੋਆਰਡੀਨੇਟਰ ਦਲਜੀਤ ਕੌਰ ਚੀਮਾ ਨੇ ਕਿਹਾ ਕਿ ਟਰੱਸਟ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਪ੍ਰਾਪਤੀਆਂ ਕਰਨ ਵਾਲੀਆਂ 40 ਧੀਆਂ ਤੇ ਔਰਤਾਂ ਦਾ ਸਨਮਾਨ ਕਰਨਾ ਬਹੁਤ ਹੀ ਸ਼ਲਾਘਾਯੋਗ ਤੇ ਪ੍ਰੇਰਨਾਦਾਇਕ ਉਪਰਾਲਾ ਹੈ।ਉਨ੍ਹਾਂ ਕਿਹਾ ਕਿ ਔਰਤਾਂ ਸਮਾਜ ਦੀ ਮਜ਼ਬੂਤ ਨੀਂਹ ਹਨ ਤੇ ਉਨ੍ਹਾਂ ਦੇ ਯੋਗਦਾਨ ਨੂੰ ਸਨਮਾਨਿਤ ਕਰਨਾ ਸਮਾਜ ਦੀ ਤਰੱਕੀ ਵੱਲ ਇਕ ਮਹੱਤਵਪੂਰਨ ਕਦਮ ਹੈ।ਮੋਦੀ ਕਾਲਜ ਪਟਿਆਲਾ ਦੇ ਪ੍ਰਿੰਸੀਪਲ ਨੀਰਜ ਗੋਇਲ, ਸਾਬਕਾ ਪ੍ਰੋਫੈਸਰ ਸੁਰਜੀਤ ਸਿੰਘ ਭੱਟੀ, ਪੀ.ਆਈ.ਐਸ (ਰਿਟਾ.) ਜਗਜੀਤ ਕੋਹਲੀ, ਡਾ. ਬਰਜਿੰਦਰ ਸਿੰਘ ਸੋਹਲ ਤੇ ਡਾਇਰੈਕਟਰ ਡਾ. ਭੀਮਇੰਦਰ ਸਿੰਘ ਨੇ ਕਿਹਾ ਕਿ ਅੱਜ ਦੀਆਂ ਧੀਆਂ ਸਿੱਖਿਆ, ਖੇਡਾਂ, ਵਿਗਿਆਨ, ਕਲਾ ਤੇ ਪ੍ਰਸ਼ਾਸਨ ਸਮੇਤ ਹਰ ਖੇਤਰ ਵਿੱਚ ਨਵੀਆਂ ਉਚਾਈਆਂ ਹਾਸਲ ਕਰ ਰਹੀਆਂ ਹਨ ਤੇ ਦੇਸ਼ ਦੀ ਤਰੱਕੀ 'ਚ ਅਹਿਮ ਯੋਗਦਾਨ ਪਾ ਰਹੀਆਂ ਹਨ।ਪੱਤਰਕਾਰੀ ਦੇ ਖੇਤਰ ਵਿੱਚ ਹਰਪ੍ਰੀਤ ਕੌਰ ਤੇ ਨੌਸ਼ੀਨ ਅਗਰਵਾਲ, ਕਲਾ ਦੇ ਖੇਤਰ ਵਿੱਚ ਆਸ਼ਾ ਸਕਲਾਨੀ, ਕਾਜਲ, ਅਮਨਪ੍ਰੀਤ ਕੌਰ ਮੱਲ ਸਿੰਘ ਵਾਲਾ, ਅਰਸ਼ਦੀਪ ਕੌਰ ਭੱਟੀ ਤੇ ਬਲਜੀਤ ਕੌਰ ਸ਼ਰਮਾ, ਖੇਡਾਂ ਦੇ ਖੇਤਰ ਵਿੱਚ ਕੋਚ ਹਰਪ੍ਰੀਤ ਕੌਰ, ਡੀ.ਪੀ.ਈ ਪੂਨਮ ਰਾਣੀ, ਪੀ.ਟੀ.ਆਈ ਹਰਪ੍ਰੀਤ ਕੌਰ, ਮੰਨਤ, ਹਰਸ਼ਿਕਾ, ਸੀਮਾ ਤੇ ਲਖਵੀਰ ਕੌਰ ਅਤੇ ਸੰਗੀਤ ਦੇ ਖੇਤਰ ਵਿੱਚ ਮੰਨਤ ਤੇ ਸਪੈਸ਼ਲ ਐਜੂਕੇਸ਼ਨ ਦੇ ਖੇਤਰ ਵਿੱਚ ਹਰਪ੍ਰੀਤ ਕੌਰ (ਅਧਿਆਪਿਕਾ ਮਲਟੀਪਰਪਜ਼ ਸਕੂਲ) ਤੇ ਹਰਪ੍ਰੀਤ ਕੌਰ (ਨਵਜੀਵਨੀ ਸਕੂਲ) ਦਾ ਸਨਮਾਨ ਕੀਤਾ ਗਿਆ।



ਪਿੰਡ ਬਿਲਾਸਪੁਰ 'ਚ ਜਸਵੀਰ ਸਿੰਘ ਫੈਨਾ ਦੀ ਯਾਦ 'ਚ ਕ੍ਰਿਕਟ ਦਾ ਟੂਰਨਾਮੈਂਟ ਕਰਾਇਆ ਗਿਆ। ਖਿਡਾਰੀਆਂ ਨੂੰ ਚੰਗੇ ਇਨਾਮਾਂ ਨਾਲ ਨਿਵਾਜਿਆ ਗਿਆ। ਦਿਹਾਤੀ ਯੂਨੀਅਨ ਮੋਗਾ ਦੇ ਜ਼ਿਲ੍ਹਾ ਪ੍ਰਧਾਨ ਜਗਸੀਰ ਸ਼ਰਮਾ ਡੀ.ਐਸ.ਪੀ ਜਸਵਿੰਦਰ ਸਿੰਘ ਘਾਰੂ, ਬਿਲਾਸਪੁਰ ਚੌਕੀ ਇੰਚਾਰਜ ਜਸਵੰਤ ਸਿੰਘ ਸਰਾਂ, ਸੰਜੀਵ ਕੁਮਾਰ ਮੁਨਸ਼ੀ, ਸਕੂਲ ਪ੍ਰਿੰਸੀਪਲ, ਐੱਨ ਆਰ ਆਈ ਸਮੂਹ ਨਗਰ ਨਿਵਾਸੀ ਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ। (ਤਸਵੀਰ ਤੇ ਵੇਰਵਾ : ਲਵਲੀ ਮਾਛੀਕੇ)

# ਬਿਜਲੀ ਸੋਧ ਬਿੱਲ ਸੰਸਦ 'ਚ ਪੇਸ਼ ਕਰਨ 'ਤੇ ਮੁਲਾਜ਼ਮਾਂ ਵੱਲੋਂ ਵਿਰੋਧ ਪ੍ਰਦਰਸ਼ਨ



ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਪਾਵਰ ਹਾਊਸ ਗੰਗੂਵਾਲ ਵਿਖੇ ਟੈਕਨੀਕਲ ਸਰਵਿਸ ਯੂਨੀਅਨ ਦੇ ਸੂਬਾ ਕਮੇਟੀ ਦੇ ਫੈਸਲੇ ਅਨੁਸਾਰ ਕੇਂਦਰ ਸਰਕਾਰ ਵੱਲੋਂ ਬਿਜਲੀ ਸੋਧ ਬਿਲ 2025 ਦੇ ਪੇਸ਼ ਕਰਨ ਵਿਰੋਧ ਵਿੱਚ ਗੇਟ ਰੈਲੀ ਕੀਤੀ ਗਈ।

ਇਸ ਗੇਟ ਰੈਲੀ ਨੂੰ ਸੰਬੋਧਨ ਕਰਦੇ ਹੋਏ ਬੁਲਾਰੇ ਸਾਥੀਆਂ ਨੇ ਦੱਸਿਆ ਕੀ ਕੇਂਦਰ ਸਰਕਾਰ ਵੱਲੋਂ ਬਿਜਲੀ ਸੋਧ ਬਿੱਲ 2025 ਸੰਸਦ ਵਿੱਚ ਪੇਸ਼ ਕੀਤੇ ਜਾਣ ਹੈ ਜੋ ਕਿ ਕਿਸਾਨਾਂ ਮਜ਼ਦੂਰਾਂ ਅਤੇ ਸਮਾਜ ਦੇ ਹਰੇਕ ਵਰਗ ਲਈ ਘਾਤਕ ਹੈ ਜਿਸ ਨਾਲ ਬਿਜਲੀ ਬੋਰਡ ਦੇ ਨਿੱਜੀਕਰਨ ਦਾ ਰਾਹ ਪੱਧਰਾ ਹੋ ਜਾਵੇਗਾ ਅਤੇ ਪੂੰਜੀਪਤੀ ਲੋਕਾਂ ਨੂੰ ਫਾਇਦਾ ਪਹੁੰਚਾਣ ਸਿੱਧਾ ਹੋ ਜਾਵੇਗਾ। ਜਿਸ ਦਾ ਕਿ ਬਿਜਲੀ ਕਾਮੇ ਸਖਤ ਵਿਰੋਧ ਕਰਦੇ ਹਨ ਤੇ ਸਰਕਾਰ ਤੋਂ ਮੰਗ ਕਰਦੇ ਹਨ ਕਿ ਇਹ ਬਿੱਲ ਵਾਪਸ ਲਿਆ ਜਾਵੇ।

ਇਸ ਤੋਂ ਇਲਾਵਾ ਬੁਲਾਰੇ ਸਾਥੀਆਂ ਨੇ ਦੱਸਿਆ ਕਿ ਸਰਕਾਰ ਵੱਲੋਂ ਵੀ ਮੁਲਾਜ਼ਮਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਜਾ ਰਿਹਾ ਹੈ ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨ ਦਾ ਨੋਟੀਫਿਕੇਸ਼ਨ ਅਧੂਰਾ ਜਾਰੀ ਕੀਤਾ ਗਿਆ ਹੈ ।

ਸਾਥੀਆਂ ਨੇ ਜਾਣਕਾਰੀ ਦਿੱਤੀ ਗਈ ਕੱਲ 11 ਮਾਰਚ ਨੂੰ ਜੋਇੰਟ ਫੋਰਮ ਦੇ ਫੈਸਲੇ ਅਨੁਸਾਰ ਪੰਜਾਬ ਵਿਧਾਨ ਸਭਾ ਦਾ ਘਿਰਾਓ ਕੀਤਾ ਜਾਵੇਗਾ। ਇਸ ਮੌਕੇ ਹਾਜ਼ਰ ਸਾਥੀ ਗੁਰਦਾਸ ਰਾਮ ਸਰਕਲ ਪ੍ਰਧਾਨ, ਮੋਹਿਤ ਸ਼ਰਮਾ ਜੇਈ ਸਰਕਲ, ਕਮੇਟੀ ਮੈਂਬਰ ਤਜਿੰਦਰ ਸਿੰਘ, ਜੋਨ ਕਮੇਟੀ ਮੈਂਬਰ ਸੁਖਬੀਰ ਸਿੰਘ,ਅਸ਼ੋਕ ਕੁਮਾਰ,ਸੁਖਵਿੰਦਰ ਸਿੰਘ ਸਬ ਡਿਵੀਜ਼ਨ ਪ੍ਰਧਾਨ ਤੇ ਹੋਰ ਹਾਜ਼ਰ ਸਾਥੀ ਸੋਮਨਾਥ, ਸਤੀਸ਼ ਕੁਮਾਰ, ਗੁਰਦੇਵ ਸਿੰਘ, ਰਾਜੇਸ਼ ਕੁਮਾਰ, ਗੁਰਮੀਤ ਸਿੰਘ, ਸੁਮਿਤ ਕੁਮਾਰ, ਹਰਵਿੰਦਰ ਸਿੰਘ, ਪੰਕਜ,ਲਾਲ, ਪਰਦੀਪ ਕੁਮਾਰ, ਪਰਮੋਦ ਕੁਮਾਰ ਆਦਿ ਸਾਥੀ ਹਾਜ਼ਰ ਸਨ।

# ਟੈਕਨੀਕਲ ਸਰਵਿਸਜ਼ ਯੂਨੀਅਨ ਨੇ ਬਿਜਲੀ ਸੋਧ ਬਿੱਲ-2025 ਦੀਆਂ ਕਾਪੀਆਂ ਸਾੜੀਆਂ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਟੈਕਨੀਕਲ ਸਰਵਿਸਜ਼ ਯੂਨੀਅਨ ਅਤੇ ਕੋਆਰਡੀਨੇਸ਼ਨ ਕਮੇਟੀ ਆਫ ਪਾਵਰਕਾਮ ਐਂਡ ਟਰਾਂਸਕੋ ਆਊਟਸੋਰਸਡ ਮੁਲਾਜ਼ਮ ਪੰਜਾਬ ਦੇ ਸਾਂਝੇ ਫੈਸਲੇ ਅਨੁਸਾਰ ਬਿਜਲੀ ਸੋਧ ਬਿੱਲ -2025 ਨੂੰ ਪਾਰਲੀਮੈਂਟ ਵਿੱਚ ਪੇਸ਼ ਕਰਨ ਦੀਆਂ ਤਿਆਰੀਆਂ ਦੇ ਵਿਰੋਧ ਵਿੱਚ ਬਿਜਲੀ ਘਰ ਹਰਸ਼ਾ ਛੀਨਾ ਵਿਖੇ ਰੋਸ ਰੈਲੀ ਕਰਨ ਉਪਰੰਤ ਬਿਜਲੀ ਸੋਧ ਬਿੱਲ ਦੀਆਂ ਕਾਪੀਆਂ ਸਾੜੀਆਂ ਗਈਆਂ।ਇਸ ਸਮੇਂ ਆਪਣੇ ਸੰਬੋਧਨ ਵਿੱਚ ਵੱਖ-ਵੱਖ ਬੁਲਾਰਿਆਂ ਨੇ ਬੋਲਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਬਿਜਲੀ ਵਿਭਾਗ ਦਾ ਮੁਕੰਮਲ ਨਿੱਜੀਕਰਨ ਕਰਕੇ ਕਾਰਪੋਰੇਟ ਘਰਾਣਿਆਂ ਨੂੰ ਸੌਂਪਣ ਲਈ ਬਿਜਲੀ ਸੋਧ ਬਿੱਲ -2025 ਲਿਆਂਦਾ ਗਿਆ ਹੈ।ਇਸ ਮਨਸ਼ੇ ਤਹਿਤ ਹੀ ਕਾਮਿਆਂ ਦੀ ਕਿਰਤ ਦੀ ਲੁੱਟ ਨੂੰ ਤਿੱਖਾ ਕਰਦਿਆਂ ਐਕਟ 1948 ਵਾਲੇ ਕਾਮਾ ਹਿੱਤਕਾਰੀ ਕਿਰਤ ਕਾਨੂੰਨ ਰੱਦ ਕਰਕੇ ਚਾਰ ਲੇਬਰ ਕੋਡਾਂ ਵਿੱਚ ਤਬਦੀਲ ਕਰ ਦਿੱਤਾ ਗਿਆ ਹੈ।ਇਸ ਦੇ ਨਾਲ ਹੀ ਪੰਜਾਬ ਸਰਕਾਰ ਵੱਲੋਂ ਸਰਕਾਰੀ ਤੇ ਅਰਧ ਸਰਕਾਰੀ ਵਿਭਾਗਾਂ ਦੀਆਂ ਜ਼ਮੀਨਾਂ ਵੇਚਣ ਦਾ ਫੈਸਲਾ ਕੀਤਾ ਹੈ।ਕੇਂਦਰ ਸਰਕਾਰ ਵੱਲੋਂ ਨਿੱਜੀਕਰਨ ਦੀ ਨੀਤੀ ਦੇ ਤਹਿਤ ਸਭਨਾਂ ਵਿਭਾਗਾਂ, ਕਾਲਜਾਂ, ਯੂਨੀਵਰਸਿਟੀਆਂ ਦਾ ਕੇਂਦਰੀਕਰਨ ਕਰਕੇ ਵੱਡੇ ਕਾਰਪੋਰੇਟ ਘਰਾਣਿਆਂ ਨੂੰ ਸੌਂਪਣ ਦੀਆਂ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਆਗੂਆਂ ਨੇ ਬਿਜਲੀ ਸੋਧ ਬਿੱਲ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਮੰਗ ਕੀਤੀ ਕਿ ਪੰਜਾਬ ਸਰਕਾਰ ਇਸ ਬਜਟ ਸੈਸ਼ਨ ਵਿੱਚ ਵਿਧਾਨ ਸਭਾ ਅੰਦਰ ਬਿਜਲੀ ਵਿਭਾਗ ਦੇ ਕੀਤੇ ਜਾ ਰਹੇ ਕੇਂਦਰੀਕਰਨ, ਬਿਜਲੀ ਸੋਧ ਬਿੱਲ-2025 ਨੂੰ ਰੱਦ ਕਰਨ ਦਾ ਮਤਾ ਪਾਸ ਕਰੇ, ਸਰਕਾਰੀ ਅਤੇ ਅਰਧ ਸਰਕਾਰੀ ਵਿਭਾਗਾਂ ਦੀਆਂ ਜ਼ਮੀਨਾਂ ਵੇਚਣ ਦੇ ਮਨਸੂਬਿਆਂ ਨੂੰ ਤੁਰੰਤ ਵਾਪਸ ਲਵੇ।ਉਨ੍ਹਾਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਬਿਜਲੀ ਸੋਧ ਬਿੱਲ-2025 ਪਾਰਲੀਮੈਂਟ ਵਿੱਚ ਪੇਸ਼ ਕਰਨ ਦਾ ਫੈਸਲਾ ਵਾਪਸ ਲਿਆ ਜਾਵੇ, ਕਾਰਪੋਰੇਟ ਪੱਖੀ ਬਣਾਏ ਚਾਰ ਲੇਬਰ ਕੋਡ ਰੱਦ ਕਰਕੇ ਐਕਟ 1948 ਵਾਲੇ ਕਿਰਤ ਕਾਨੂੰਨ ਬਹਾਲ ਕੀਤੇ ਜਾਣ।ਜੇਕਰ ਕੇਂਦਰ ਸਰਕਾਰ ਨੇ ਬਿਜਲੀ ਸੋਧ ਬਿੱਲ ਵਾਪਸ ਨਾ ਲਿਆ ਤਾਂ ਬਿਜਲੀ ਕਾਮੇ ਹੜਤਾਲ ਤੇ ਜਾਣ ਲਈ ਮਜਬੂਰ ਹੋਣਗੇ।ਰੈਲੀ ਨੂੰ ਸਰਕਲ ਪ੍ਰਧਾਨ ਮਲਕੀਅਤ ਸਿੰਘ ਸੈਂਸਰਾ, ਜੁਗਰਾਜ ਸਿੰਘ ਛੀਨਾ, ਜਰਨੈਲ ਸਿੰਘ ਸੈਂਸਰਾ, ਪਰਮਿੰਦਰ ਸਿੰਘ ਅਦਲੀਵਾਲ, ਜਤਿੰਦਰ ਸਿੰਘ ਛੀਨਾ, ਨਰਿੰਦਰ ਕੁਮਾਰ, ਜਸਪਾਲ ਸਿੰਘ ਨੇ ਸੰਬੋਧਨ ਕੀਤਾ।

# ਮੋਦੀ ਸਰਕਾਰ ਹਰ ਫੈਸਲਾ ਕਾਰਪੋਰੇਟ ਘਰਾਣਿਆਂ ਦੇ ਪੱਖ 'ਚ ਕਰ ਰਹੀ: ਗਿੱਲ, ਮਾੜੀਮੇਘਾ



ਝਬਾਲ (ਹਰਜਿੰਦਰ ਸਿੰਘ ਸੋਨੀ)-ਮੋਦੀ ਦੀ ਅਗਵਾਈ ਵਾਲੀ ਕੇਂਦਰ ਦੀ ਭਾਜਪਾ ਸਰਕਾਰ ਹਰ ਫੈਸਲਾ ਕਾਰਪੋਰੇਟ ਘਰਾਣਿਆਂ ਦੇ ਹੱਕ ਵਿੱਚ ਲੈ ਰਹੀ ਹੈ।ਅਮਰੀਕਾ ਤੇ ਹੋਰ ਸਾਮਰਾਜੀ ਮੁਲਕਾਂ ਨਾਲ ਖੇਤੀ ਵਪਾਰ ਸਮਝੌਤਾ, ਕਿਰਤੀ ਕਾਮਿਆਂ ਦੇ ਹੱਕ ਖੋਹਣ ਵਾਲੇ ਚਾਰ ਲੇਬਰ ਕੋਡ ਆਦਿ ਬਣਾਉਣ ਤੋਂ ਬਾਅਦ ਹੁਣ ਬਿਜਲੀ ਬਿੱਲ -2025 ਪਾਰਲੀਮੈਂਟ ਵਿੱਚ ਪੇਸ਼ ਕੀਤਾ ਜਾ ਰਿਹਾ ਹੈ ਤਾਂ ਕਿ ਬਿਜਲੀ ਦਾ ਸਮੁੱਚਾ ਕੰਮ ਕਾਰਪੋਰੇਟ ਘਰਾਣਿਆਂ ਦੇ ਹੱਥਾਂ ਵਿੱਚ ਦਿੱਤਾ ਜਾ ਸਕੇ।ਮੋਦੀ ਸਰਕਾਰ ਦੇ ਇਨ੍ਹਾਂ ਕਾਰਨਾਮਿਆਂ ਦਾ ਵਿਰੋਧ ਕਰਨ ਲਈ ਕੁੱਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਤਰਨ ਤਾਰਨ ਦਾ ਇੱਕ ਵਿਸ਼ਾਲ ਜੱਥਾ ਪੂਰਨ ਸਿੰਘ ਮਾੜੀਮੇਘਾ, ਮਹਾਂਬੀਰ ਸਿੰਘ ਗਿੱਲ ਤੇ ਦਵਿੰਦਰ ਸੋਹਲ ਦੀ ਅਗਵਾਈ ਵਿੱਚ ਬਰਨਾਲਾ ਰੈਲੀ ਲਈ ਰਵਾਨਾ ਹੋਇਆ। ਆਗੂਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਹੁਣ ਲਗਾਤਾਰ ਸੰਘਰਸ਼ਾਂ ਦਾ ਵੇਲਾ ਆ ਗਿਆ ਹੈ।ਦਵਿੰਦਰ ਸੋਹਲ ਨੇ ਕਿਹਾ ਕਿ ਮੁੱਖ ਮੰਤਰੀ ਨੇ ਤਰਨ ਤਾਰਨ ਜ਼ਿਲ੍ਹੇ ਦੀ ਅਮਰਕੋਟ ਫ਼ੇਰੀ ਸਮੇਂ ਵੀ ਸਨਅਤ ਪੱਖੋਂ ਪਛੜੇ ਜ਼ਿਲ੍ਹੇ ਲਈ ਕੋਈ ਵਿਸ਼ੇਸ਼ ਐਲਾਨ ਨਹੀਂ ਕੀਤਾ ਸਗੋਂ ਇੱਕੋ ਇੱਕ ਖੇਤੀ ਅਧਾਰਿਤ ਸ਼ੇਰੋਂ ਖੰਡ ਮਿੱਲ ਨੂੰ ਮੁੜ ਚਾਲੂ ਕਰਨ ਦੇ ਵਾਅਦੇ ਤੋਂ ਵੀ ਮੁੱਖ ਮੋੜ ਲਿਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਮਜੀਤ ਸਿੰਘ ਚੋਹਲਾ, ਸੁਖਦੇਵ ਸਿੰਘ ਮਾਨੋਚਾਹਲ, ਗੁਰਦਿਆਲ ਸਿੰਘ ਵਰਨਾਲਾ, ਹਰਬੰਸ ਸਿੰਘ, ਰਾਮ ਸਿੰਘ ਵਾਲਾ, ਰਾਣਾ ਰਣਜੀਤ ਸਿੰਘ, ਸੂਬਾ ਸਿੰਘ ਗੱਗੋਬੂਹਾ, ਸੁਲਤਾਨ ਸਿੰਘ, ਕਸ਼ਮੀਰ ਸਿੰਘ ਨਾਰਲਾ, ਸਤਿੰਦਰ ਸਿੰਘ ਤੂਤ, ਬਲਵਿੰਦਰ ਸਿੰਘ ਮੂਸੇ ਵੀ ਹਾਜ਼ਰ ਸਨ।

## ਸਿਹਤ ਬੀਮਾ ਕਾਰਡ ਬਣਾਉਣ ਲਈ ਲੱਗਾ ਕੈਂਪ



ਅਜਨਾਲਾ, (ਸੁੱਖਤਿੰਦਰ ਸਿੰਘ ਰਾਜੂ)-ਪੰਜਾਬ ਸਰਕਾਰ ਵੱਲੋਂ ਜੋ ਮੈਡੀਕਲ ਹੈਲਥ ਨੂੰ ਲੈ ਕੇ ਵਾਅਦਾ ਕੀਤਾ ਗਿਆ ਸੀ ਉਸ ਦੇ ਚਲਦਿਆਂ ਅਜਨਾਲਾ ਸ਼ਹਿਰ ਵਿੱਚ ਵਾਰਡ ਨੰਬਰ ਚਾਰ ਵਿੱਚ ਪੈਂਦੇ ਸਰਕਾਰੀ ਸੱਕੀ ਵਾਲਾ ਸਕੂਲ ਵਿਖੇ ਸੁੱਖ ਨਿੱਜਰ ਵਾਰਡ ਨੰਬਰ ਚਾਰ ਦੇ ਇੰਚਾਰਜ ਦੀ ਅਗਵਾਈ ਹੇਠ ਮੈਡੀਕਲ ਕਾਰਡ ਬਣਾਉਣ ਦਾ ਕੈਂਪ ਲਗਾਇਆ ਗਿਆ। ਇਸ ਮੌਕੇ ਸੁੱਖ ਨਿੱਜਰ ਨੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਆਪਣੇ ਸਾਰੇ ਵਾਅਦੇ ਪੂਰੇ ਕਰ ਲਏ ਹਨ। ਜੋ ਔਰਤਾਂ ਨੂੰ ਹਜ਼ਾਰ ਰੁਪਏ ਮਹੀਨਾ ਮਾਣ ਭੱਤਾ ਦੇਣ ਦੀ ਗੱਲ ਕਹੀ ਸੀ ਉਹ ਵੀ ਵਾਅਦਾ ਪੂਰਾ ਕਰ ਲਿਆ ਗਿਆ ਹੈ।ਪੰਜਾਬ ਵਿੱਚ ਹੋਣ ਜਾ ਰਹੀਆਂ 2027 ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਕੀਤੇ ਵਿਕਾਸ ਦੇ ਕੰਮਾਂ ਤੇ ਵੋਟਾਂ ਮੰਗੇਗੀ। ਇਸ ਮੌਕੇ ਉਨ੍ਹਾਂ ਦੇ ਨਾਲ ਬਾਬਾ ਗੋਲਡੀ, ਪ੍ਰਿੰ. ਅਨਿਲ ਕੁਮਾਰ, ਮੈਡਮ ਸਪਨਾ, ਬਾਲਾ ਸੁਖਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਆਂਗਨਵਾੜੀ ਵਰਕਰ ਹਰਪ੍ਰੀਤ ਕੌਰ ਅਤੇ ਕਵਲਜੀਤ ਕੌਰ ਆਦਿ ਹਾਜ਼ਰ ਸਨ।

## ਸਖੀ ਵਨ ਸਟੌਪ ਸੈਂਟਰ ਨੇ ਘਰੇਲੂ ਹਿੰਸਾ ਤੋਂ ਪੀੜਤ ਮਹਿਲਾ ਦੀ ਬਾਂਹ ਫੜੀ



ਪੱਟੀ/ਤਰਨ ਤਾਰਨ, (ਬਲਦੇਵ ਸਿੰਘ ਸੰਧੂ/ਪ੍ਰਿਤਪਾਲ ਸਿੰਘ)-ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੇ ਦਫ਼ਤਰ ਸਖੀ ਵਨ ਸਟੌਪ ਸੈਂਟਰ ਤਰਨ ਤਾਰਨ ਦੇ ਸੈਂਟਰ ਐਡਮਿਨਸਟ੍ਰੇਟਰ ਅਨੀਤਾ ਸਿੰਘ ਨੇ ਦੱਸਿਆ ਕਿ ਅਰਵਿੰਦਰ ਕੌਰ ਪਤਨੀ ਨਵਨੀਤ ਸਿੰਘ ਸ਼ੈਲੀ ਵਾਸੀ ਰੋੜੂਪੁਰਾ ਮੁਹੱਲਾ, ਗਲੀ ਮਸੀਤ ਵਾਲੀ ਜ਼ਿਲ੍ਹਾ ਤਰਨ ਤਾਰਨ ਦਾ 8 ਫਰਵਰੀ 2026 ਨੂੰ ਸਖੀ ਵਨ ਸਟੌਪ ਸੈਂਟਰ ਵਿਖੇ ਘਰੇਲੂ ਹਿੰਸਾ ਦਾ ਕੇਸ ਦਰਜ ਹੋਇਆ ਸੀ।ਉਨ੍ਹਾਂ ਕਿਹਾ ਕਿ ਜਦੋਂ ਪੀੜਤ ਮਹਿਲਾ ਦਫ਼ਤਰ ਸਖੀ ਵਨ ਸਟੌਪ ਸੈਂਟਰ ਤਰਨ ਤਾਰਨ ਵਿਚ ਪਹੁੰਚੀ ਤਾਂ ਉਸ ਦੀ ਹਾਲਤ ਬਹੁਤ ਗੰਭੀਰ ਸੀ। ਪੀੜਤਾ ਦੇ ਪੂਰੇ ਸਰੀਰ ਅਤੇ ਚਿਹਰੇ ਉਪਰ ਕੁੱਟਮਾਰ ਦੇ ਨਿਸ਼ਾਨ ਸਨ।ਪੀੜਤਾ ਦੇ ਸਿਰ ਉਪਰੋਂ ਉਸ ਦੇ ਪਤੀ ਵੱਲੋਂ ਸਾਰੇ ਵਾਲ ਪੁੱਟੇ ਗਏ ਸਨ।ਪੀੜਤਾ ਵੱਲੋਂ ਦੱਸਿਆ ਗਿਆ ਕਿ ਉਹ ਲੱਗਭਗ ਪਿਛਲੇ 26-27 ਸਾਲਾ ਤੋਂ ਘਰੇਲੂ ਹਿੰਸਾ ਨੂੰ ਸਹਿਣ ਕਰ ਰਹੀ ਹੈ।ਉਨ੍ਹਾਂ ਦੱਸਿਆ ਕਿ ਇਸ ਕੇਸ ਦੀ ਗੰਭੀਰਤਾ ਨੂੰ ਵੇਖਦੇ ਹੋਏ ਡਿਪਟੀ ਕਮਿਸ਼ਨਰ ਤਰਨ ਤਾਰਨ ਵੱਲੋਂ ਐੱਫ. ਆਈ. ਆਰ. ਦਰਜ ਕਰਨ ਦੇ ਹੁਕਮ ਜਾਰੀ ਕੀਤੇ ਗਏ, ਜਿਸ ਦੇ ਅਨੁਸਾਰ 09.03.2026 ਨੂੰ ਐੱਫ. ਆਈ. ਆਰ. ਨੰ: 0062 ਧਾਰਾ ਬੀ.ਐੱਨ.ਐੱਸ. 115 (2), 126 (2), 351 (2) ਅਤੇ 351 (3) ਦੇ ਤਹਿਤ ਥਾਣਾ ਸਿਟੀ ਤਰਨ ਤਾਰਨ ਵਿਚ ਦਰਜ ਕੀਤੀ ਗਈ।ਉਨ੍ਹਾਂ ਦੱਸਿਆ ਕਿ ਪੀੜਤ ਮਹਿਲਾ ਵੱਲੋਂ ਦਫ਼ਤਰ ਸਖੀ ਵਨ ਸਟੌਪ ਸੈਂਟਰ ਦਾ ਧੰਨਵਾਦ ਕੀਤਾ ਗਿਆ।

## ਅੰਮ੍ਰਿਤਪਾਲ ਸਿੰਘ ਨੇ ਬਤੌਰ ਐੱਸ. ਡੀ. ਓ. ਕਾਦੀਆਂ ਅਹੁਦਾ ਸੰਭਾਲਿਆ



ਕਾਦੀਆਂ, (ਯਾਦਵਿੰਦਰ ਸਿੰਘ ਮਲਹੋਤਰਾ)-ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ (ਪੀ.ਐੱਸ.ਪੀ.ਸੀ.ਐੱਲ.) ਦੇ ਕਾਦੀਆਂ ਦਫ਼ਤਰ ਵਿੱਚ ਅੰਮ੍ਰਿਤਪਾਲ ਸਿੰਘ ਨੇ ਬਤੌਰ ਸਬ ਡਵੀਜ਼ਨਲ ਅਫਸਰ (ਐੱਸ.ਡੀ.ਓ.) ਆਪਣਾ ਚਾਰਜ ਸੰਭਾਲ ਲਿਆ ਹੈ।ਉਨ੍ਹਾਂ ਦੇ ਚਾਰਜ ਸੰਭਾਲਣ ਮੌਕੇ ਦਫ਼ਤਰ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਉਨ੍ਹਾਂ ਦਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।ਚਾਰਜ ਸੰਭਾਲਣ ਤੋਂ ਬਾਅਦ ਗੱਲਬਾਤ ਕਰਦਿਆਂ ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਉਨ੍ਹਾਂ ਦੀ ਪਹਿਲੀ ਤਰਜੀਹ ਬਿਜਲੀ ਉਪਭੋਗਤਾਵਾਂ ਨੂੰ ਬਿਹਤਰ ਅਤੇ ਸੁਚੱਜੀਆਂ ਸੇਵਾਵਾਂ ਮੁਹੱਈਆ ਕਰਵਾਉਣੀ ਹੋਵੇਗੀ।ਉਨ੍ਹਾਂ ਕਿਹਾ ਕਿ ਬਿਜਲੀ ਸਪਲਾਈ ਨਾਲ ਜੁੜੀਆਂ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਸੁਣਿਆ ਜਾਵੇਗਾ ਅਤੇ ਉਨ੍ਹਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇਗਾ।ਜੇਕਰ ਕਿਸੇ ਵੀ ਉਪਭੋਗਤਾ ਨੂੰ ਬਿਜਲੀ ਸਬੰਧੀ ਕੋਈ ਸਮੱਸਿਆ ਜਾਂ ਦਿੱਕਤ ਆਉਂਦੀ ਹੈ ਤਾਂ ਉਹ ਬੇਝਿਜਕ ਦਫ਼ਤਰ ਨਾਲ ਸੰਪਰਕ ਕਰ ਸਕਦਾ ਹੈ ਜਾਂ ਸਿੱਧਾ ਉਨ੍ਹਾਂ ਤੱਕ ਆਪਣੀ ਗੱਲ ਪਹੁੰਚਾ ਸਕਦਾ ਹੈ।ਉਨ੍ਹਾਂ ਭਰੋਸਾ ਦਿਵਾਇਆ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਉਨ੍ਹਾਂ ਦਫ਼ਤਰ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਡਿਊਟੀ ਇਮਾਨਦਾਰੀ ਅਤੇ ਜ਼ਿੰਮੇਵਾਰੀ ਨਾਲ ਨਿਭਾਉਣ। ਇਸ ਮੌਕੇ ਦਫ਼ਤਰ ਦੇ ਹੋਰ ਕਰਮਚਾਰੀ ਅਤੇ ਅਧਿਕਾਰੀ ਵੀ ਮੌਜੂਦ ਸਨ ਜਿਨ੍ਹਾਂ ਵੱਲੋਂ ਨਵੇਂ ਐੱਸ.ਡੀ.ਓ. ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ।

## ਨੌਜਵਾਨਾਂ 'ਚ ਗੁਰਦਾ ਰੋਗਾਂ ਦੇ ਵਧਦੇ ਮਾਮਲੇ, ਡਾਕਟਰਾਂ ਵੱਲੋਂ ਸਾਵਧਾਨ ਰਹਿਣ ਦੀ ਸਲਾਹ

ਅੰਮ੍ਰਿਤਸਰ-ਸ਼ਹਿਰ ਵਿੱਚ ਨੌਜਵਾਨਾਂ ਵਿੱਚ ਕਿਡਨੀ ਨਾਲ ਸੰਬੰਧਿਤ ਬਿਮਾਰੀਆਂ ਦੇ ਵਧਦੇ ਮਾਮਲਿਆਂ ਨੂੰ ਲੈ ਕੇ ਡਾਕਟਰਾਂ ਨੇ ਚਿੰਤਾ ਜਤਾਈ ਹੈ।ਫੋਰਟਿਸ ਐਸਕੋਰਟਸ ਹਸਪਤਾਲ ਅੰਮ੍ਰਿਤਸਰ ਦੇ ਮਾਹਿਰਾਂ ਮੁਤਾਬਕ ਹੁਣ ਕਿਡਨੀ ਦੀ ਬਿਮਾਰੀ ਸਿਰਫ਼ ਵੱਡੀ ਉਮਰ ਦੇ ਲੋਕਾਂ ਤੱਕ ਸੀਮਿਤ ਨਹੀਂ ਰਹੀ, ਸਗੋਂ ਵੀਹ ਤੋਂ ਚਾਲੀ ਸਾਲ ਦੀ ਉਮਰ ਦੇ ਲੋਕਾਂ ਵਿੱਚ ਵੀ ਮਾਮਲੇ ਸਾਹਮਣੇ ਆ ਰਹੇ ਹਨ।ਡਾ. ਗੌਰਵ ਸਿੰਗਲਾ, ਡਾ. ਫੈਯਾਜ਼ ਅਹਿਮਦ ਵਾਨੀ, ਡਾ. ਸਾਗਰ ਸਭਰਵਾਲ ਅਤੇ ਡਾ. ਮਨਬੀਰ ਸਿੰਘ ਨੇ ਦੱਸਿਆ ਕਿ ਬਦਲਦੀ ਜੀਵਨਸ਼ੈਲੀ, ਲੰਬੇ ਸਮੇਂ ਤੱਕ ਬੈਠ ਕੇ ਕੰਮ ਕਰਨਾ, ਤਣਾਅ ਅਤੇ ਪ੍ਰੋਸੈਸਡ ਖਾਣੇ ਦੀ ਵਧਦੀ ਵਰਤੋਂ ਕਿਡਨੀ ਦੀ ਸਿਹਤ ਨੂੰ ਪ੍ਰਭਾਵਿਤ ਕਰ ਰਹੀ ਹੈ।ਵੱਧ ਨਮਕ ਅਤੇ ਚੀਨੀ ਵਾਲੇ ਖਾਣੇ, ਦਰਦਨਾਸ਼ਕ ਦਵਾਈਆਂ ਦੀ ਵਾਰ-ਵਾਰ ਵਰਤੋਂ ਅਤੇ ਬਿਨਾਂ ਡਾਕਟਰੀ ਸਲਾਹ ਦੇ ਸਪਲੀਮੈਂਟ ਲੈਣਾ ਵੀ ਕਿਡਨੀ 'ਤੇ ਬੋਝ ਪਾਂਦਾ ਹੈ।ਡਾਕਟਰਾਂ ਨੇ ਕਿਹਾ ਕਿ ਘੱਟ ਪਾਣੀ ਪੀਣਾ ਵੀ ਇੱਕ ਵੱਡਾ ਕਾਰਨ ਹੈ।ਮਾਹਿਰਾਂ ਮੁਤਾਬਕ ਕਿਡਨੀ ਦੀ ਬਿਮਾਰੀ ਸ਼ੁਰੂਆਤੀ ਪੜਾਅ ਵਿੱਚ ਅਕਸਰ ਬਿਨਾਂ ਲੱਛਣਾਂ ਦੇ ਵਧਦੀ ਹੈ।ਜਦੋਂ ਤੱਕ ਪੈਰਾਂ ਵਿੱਚ ਸੋਜ, ਥਕਾਵਟ, ਉਲਟੀ ਜਾਂ ਪੇਸ਼ਾਬ ਨਾਲ ਜੁੜੀਆਂ ਸਮੱਸਿਆਵਾਂ ਸਾਹਮਣੇ ਆਉਂਦੀਆਂ ਹਨ, ਤਦ ਤੱਕ ਕਾਫ਼ੀ ਨੁਕਸਾਨ ਹੋ ਚੁੱਕਾ ਹੁੰਦਾ ਹੈ।ਡਾਕਟਰਾਂ ਨੇ ਲੋਕਾਂ ਨੂੰ ਸੰਤੁਲਿਤ ਖੁਰਾਕ ਲੈਣ, ਨਿਯਮਿਤ ਕਸਰਤ ਕਰਨ, ਪੂਰਾ ਪਾਣੀ ਪੀਣ ਅਤੇ ਬਿਨਾਂ ਲੋੜ ਦਵਾਈਆਂ ਤੋਂ ਬਚਣ ਦੀ ਸਲਾਹ ਦਿੱਤੀ ਹੈ।ਨਾਲ ਹੀ ਸਮੇਂ-ਸਮੇਂ 'ਤੇ ਕਿਡਨੀ ਦੀ ਜਾਂਚ ਕਰਵਾਉਣ 'ਤੇ ਵੀ ਜ਼ੋਰ ਦਿੱਤਾ ਹੈ।

## ਸਿੱਖ ਤੇ ਦਲਿਤ ਸਮਾਜ ਅਮਿਤ ਸ਼ਾਹ ਦੀ ਪੰਜਾਬ ਫੇਰੀ ਦਾ ਵਿਰੋਧ ਕਰਨ : ਡਾ. ਜੱਖੂ

ਜਲੰਧਰ (ਇਕਬਾਲ ਸਿੰਘ ਉਭੀ)-ਜੈ ਭੀਮ ਟੀਮ ਪੰਜਾਬ ਵਲੋਂ ਅੰਬੇਡਕਰੀ ਸਮਾਜ, ਪਿਛੜੀਆਂ ਸ਼੍ਰੇਣੀਆਂ ਅਤੇ ਧਾਰਮਿਕ ਘੱਟ ਗਿਣਤੀਆਂ ਦੇ ਮੁੱਖੀ ਡਾ. ਹਰਜਿੰਦਰ ਸਿੰਘ ਜੱਖੂ ਨੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਪੰਜਾਬ ਫੇਰੀ ਤੇ 14 ਮਾਰਚ ਨੂੰ ਵਿਰੋਧ ਵਜੋਂ ਆਪੋ ਆਪਣੇ ਘਰਾਂ ਤੇ ਕਾਲੇ ਝੰਡੇ ਲਹਿਰਾਉਣ ਦੀ ਅਪੀਲ ਕੀਤੀ ਹੈ।ਇਹ ਫ਼ੈਸਲਾ ਜੈ ਭੀਮ ਟੀਮ ਪੰਜਾਬ ਦੇ ਸਮਾਜਿਕ ਵਿੰਗ, ਜੈ ਭੀਮ ਯੂਨਾਈਟਡ ਵਾਇਸ ਆਫ ਪੰਜਾਬ ਅਤੇ ਜੈ ਭੀਮ ਯੂਨਾਈਟਡ ਵੂਮ ਇਨ ਫੈਡਰੇਸ਼ਨ ਦੀਆਂ ਆਗੂਆਂ ਦੀ ਕੋਰ ਕਮੇਟੀ ਦੀ ਮੀਟਿੰਗ 'ਚ ਕੀਤਾ ਗਿਆ । ਸਥਾਨਕ ਪ੍ਰੈਸ ਕਲੱਬ ਵਿਖੇ ਪੱਤਰਕਾਰ ਸੰਮੇਲਨ ਮੌਕੇ ਡਾ. ਹਰਜਿੰਦਰ ਸਿੰਘ ਜੱਖੂ ਨੇ ਦੱਸਿਆ ਕਿ ਭਾਜਪਾ ਦੇ ਰਾਜ ਵਾਲੇ ਸੂਬਿਆਂ 'ਚ ਦਲਿਤ ਸਮਾਜ ਦਾ ਹਰ ਪਲ ਦਹਿਸ਼ਤ ਵਿੱਚ ਬੀਤ ਰਿਹਾ ਹੈ । ਆਰ ਐੱਸ ਐੱਸ ਬੀ ਜੇ ਪੀ,ਵਿਸ਼ਵ ਹਿੰਦੂ ਪ੍ਰੀਸ਼ਦ, ਬਜਰੰਗ ਦਲ ਅਤੇ ਹੋਰ ਗਰਮ ਖਿਆਲੀ ਹਿੰਦੂ ਜਥੇਬੰਦੀਆਂ ਦੇ ਵਰਕਰ ਅਤੇ ਆਗੂ ਬਿਨਾ ਕਿਸੇ ਡਰ ਤੇ ਜ਼ੁਲਮ ਕਰ ਰਹੇ ਹਨ। ਸੂਬਿਆਂ ਵਿੱਚ ਦਲਿਤ ਲਾੜੇ ਘੋੜੀ ਤੇ ਚੜਨ ਤੋਂ ਰੋਕੇ ਜਾਂਦੇ ਹਨ। ਜੇਕਰ ਕੋਈ ਦਲਿਤ ਨੌਜਵਾਨ ਬੁਲੇਟ ਮੋਟਰਸਾਈਕਲ ਖਰੀਦਦਾ ਹੈ ਤਾਂ ਉਸਦੇ ਗੁੱਟ ਵੱਢ ਦਿੱਤੇ ਜਾਂਦੇ ਹਨ. ਦਲਿਤਾਂ ਦੀਆਂ ਨੂੰਹਾਂ ਤੇ ਧੀਆਂ ਨੂੰ ਦਿਨ ਦਿਹਾੜੇ ਚੁੱਕ ਕੇ ਬਲਾਤਕਾਰ ਕੀਤੇ ਜਾ ਰਹੇ ਹਨ।ਡਾ. ਜੱਖੂ ਨੇ ਦਲਿਤ ਸਮਾਜ ਤੇ ਸਿੱਖ ਸਮਾਜ ਨੂੰ ਅਪੀਲ ਕੀਤੀ ਕਿ ਜੇਕਰ ਆਪਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਬਚਾਉਣਾ ਚਾਹੁੰਦੇ ਹਾਂ ਤਾਂ 14 ਮਾਰਚ ਦੇ ਇਕੱਠ ਤੋਂ ਦੂਰੀ ਬਣਾ ਕੇ ਰੱਖਣ ਤੇ ਇਸ ਸਾਂਝੀ ਸੋਚ ਤੇ ਵਿਚਾਰ ਕਰਨ। ਇਸ ਮੌਕੇ ਜਗਬੀਰ ਸਿੰਘ ਸਹੂੰਗੜਾ, ਕੁਲਦੀਪ ਸਿੰਘ ਮਸੀਤੀਂ , ਜਸਵੰਤ ਸਿੰਘ ਫੌਜੀ, ਸੁਖਜੀਤ ਕੌਰ , ਜਸਵਿੰਦਰ ਤਲਵਣ, ਸੰਜੀਵ, ਸੰਦੀਪ, ਲੱਕੀ ਬੈਂਸ ਅਤੇ ਸਰਬਜੀਤ ਸਿੰਘ ਆਦਿ ਹਾਜ਼ਰ ਸਨ।

# ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਤੋਂ ਸਜਾਇਆ ਅਲੌਕਿਕ ਨਗਰ ਕੀਰਤਨ



ਸਰਾਏ ਅਮਾਨਤ ਖਾਂ/ਝਬਾਲ (ਮੱਖਣ ਮਨੋਜ)-ਸ਼ਹੀਦ ਭਾਈ ਤਾਰਾ ਸਿੰਘ ਜੀ ਵਾਂ ਅਤੇ ਸਮੂਹ ਸ਼ਹੀਦ ਸਿੰਘਾਂ ਦੇ 300 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਆਕਾਲ ਤਖਤ ਸਾਹਿਬ ਦੀ ਸਰਪ੍ਰਸਤੀ ਹੇਠ 'ਗੁਰ ਸਿਖਾ ਇਕੋ ਪਿਆਰ ਗੁਰ ਮਿਤਾ ਪੁਤਾ ਭਾਈਆ' ਲਹਿਰ ਤਹਿਤ ਨਗਰ ਕੀਰਤਨ ਦੇ ਰੂਪ ਵਿੱਚ ਖਾਲਸਾਈ ਮਾਰਚ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਤੋਂ ਰਵਾਨਾ ਹੋਇਆ ।

ਨਗਰ ਕੀਰਤਨ ਦੀ ਆਰੰਭਤਾ ਸਮੇਂ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਕੀਤਾ। ਇਸ ਮੌਕੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਭਾਈ ਤਾਰਾ ਸਿੰਘ ਵਾਂ ਅਤੇ ਉਨ੍ਹਾਂ ਸਾਥੀ ਸ਼ਹੀਦਾਂ ਦੀ ਲਾਸਾਨੀ ਸ਼ਹੀਦਾਂ ਨੂੰ ਯਾਦ ਕੀਤਾ।

ਉਨ੍ਹਾਂ ਕਿ ਕਿਵੇਂ ਇਨ੍ਹਾਂ ਯੋਧਿਆਂ ਨੇ ਜ਼ਕਰੀਆ ਖਾਨ ਦੀ ਜ਼ਾਲਮ ਫੌਜ ਦਾ ਡੱਟ ਕੇ ਮੁਕਾਬਲਾ ਕੀਤਾ।ਉਨ੍ਹਾਂ ਕਿਹਾ ਕੇ ਸ਼ਹੀਦਾਂ ਦਾ ਇਹ ਇਤਿਹਾਸ ਸਿੱਖ ਕੌਮ ਲਈ ਪ੍ਰੇਰਨਾ ਸਰੋਤ ਹੈ ਅਤੇ ਇਸ ਮਾਰਚ ਦਾ ਮੁੱਖ ਆਦੇਸ਼ ਨੌਜਵਾਨ ਪੀੜ੍ਹੀ ਨੂੰ ਇਸ ਗੌਰਵਮਈ ਵਿਰਸੇ ਨਾਲ ਜੁੜਨਾ ਹੈ। ਉਨ੍ਹਾਂ ਦੱਸਿਆ ਕਿ ਸ਼ਹੀਦੀ ਸਤਾਬਦੀ ਮੁੱਖ ਸਮਾਗਮ 11 ਮਾਰਚ ਤੋਂ 14 ਮਾਰਚ ਤੱਕ ਪਿੰਡ ਵਾਂ ਵਿੱਚ ਹੋਵੇਗਾ। ਉਨ੍ਹਾਂ ਸੰਗਤ ਨੂੰ ਸਮਾਗਮ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਇਸ ਮੌਕੇ ਜ਼ਿਲ੍ਹਾ ਤਰਨ ਤਾਰਨ ਦੇ ਪੰਜਾਬ ਪੁਲਸ ਦੇ ਜਵਾਨਾਂ ਵੱਲੋਂ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗਾਰਡ ਆਫ ਆਨਰ ਕੀਤਾ।

ਇਸ ਮੌਕੇ ਮੈਨੇਜਰ ਧਰਵਿੰਦਰ ਸਿੰਘ ਮਾਨੋਚਾਹਲ, ਹੈੱਡ ਗ੍ਰੰਥੀ ਗਿਆਨੀ ਨਿਸ਼ਾਨ ਸਿੰਘ ਗੰਡੀਵਿੰਡ, ਸ਼੍ਰੋਮਣੀ ਕਮੇਟੀ ਮੈਂਬਰ ਭਾਈ ਮਨਜੀਤ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਪ੍ਰਿੰ. ਸੁੱਖਵਿੰਦਰ ਕੌਰ, ਕੰਚਨਪ੍ਰੀਤ ਕੌਰ, ਐਡੀਸ਼ਨਲ ਸਕੱਤਰ ਬਿਜੈ ਸਿੰਘ ਬਾਦੀਆ, ਸਾਬਕਾ ਸਕੱਤਰ ਪ੍ਰਮਜੀਤ ਸਿੰਘ ਮੁੰਡਾਪਿੰਡ, ਇੰਚਾਰਜ ਬਲਦੇਵ ਸਿੰਘ ਮੀਆਂਪੁਰ, ਐਡੀਸ਼ਨਲ ਮੈਨੇਜਰ ਸ੍ਰੀ ਦਰਬਾਰ ਸਾਹਿਬ ਸਤਿਨਾਮ ਸਿੰਘ ਝਬਾਲ , ਚੇਅਰਮੈਨ ਹਰਵੰਤ ਸਿੰਘ ਝਬਾਲ, ਚੇਅਰਮੈਨ ਗੁਰਬੀਰ ਸਿੰਘ ਝਬਾਲ, ਡਾਇਰੈਕਟਰ ਦਲਜੀਤ ਸਿੰਘ ਐਮਾ, ਸਾਬਕਾ ਸਰਪੰਚ ਮਨਜਿੰਦਰ ਸਿੰਘ ਐਮਾ, ਸਾਬਕਾ ਸਰਪੰਚ ਅਜਮੇਰ ਸਿੰਘ ਛਾਪਾ, ਸਰਪੰਚ ਗੁਰਮੀਤ ਬੱਬੂ ਪਲਾਸੌਰ, ਸਰਪੰਚ ਪ੍ਰਮਜੀਤ ਸਿੰਘ ਪੰਮਾ ਬਘਿਆੜੀ, ਪ੍ਰਧਾਨ ਕੈਪਟਨ ਸਿੰਘ ਬਘਿਆੜੀ, ਚੇਅਰਮੈਨ ਕਸ਼ਮੀਰ ਸਿੰਘ ਮੰਨਣ, ਪ੍ਰਧਾਨ ਨਿਸ਼ਾਨ ਸਿੰਘ ਦੋਦੇ, ਗੁਰਸੇਵਕ ਸਿੰਘ ਐਮਾ, ਨੰਬਰਦਾਰ ਜਤਿੰਦਰ ਸਿੰਘ ਬੁਰਜ 169, ਨਿਰਵੈਰ ਸਿੰਘ ਕੋਟ ਧਰਮ ਚੰਦ, ਇੰਸਪੈਕਟਰ ਇੰਦਰਪ੍ਰੀਤ ਸਿੰਘ ਝਬਾਲ, ਸਾਬਕਾ ਮੈਨੇਜਰ ਜਗਜੀਤ ਸਿੰਘ ਸਾਗਣਾ, ਮੀਤ ਮੈਨੇਜਰ ਗੁਰਜੀਤ ਸਿੰਘ, ਅਕਾਊਂਟੈਂਟ ਅਮਰਬੀਰ ਸਿੰਘ, ਸੁਪਰਵਾਈਜ਼ਰ ਸੁਰਿੰਦਰ ਸਿੰਘ ਚੂਸਲੇਵੜ, ਇੰਸਪੈਕਟਰ ਅਮਰਜੀਤ ਸਿੰਘ ਗੰਡੀਵਿੰਡ, ਜਤਿੰਦਰ ਸਿੰਘ ਸਟੋਰ ਕੀਪਰ , ਗੁਰਜੀਤ ਸਿੰਘ ਪੰਜਵੜ, ਸੁਪਰਵਾਈਜ਼ਰ ਗੁਰਦੀਪ ਸਿੰਘ ਆਦਿ ਵੀ ਹਾਜ਼ਰ ਸਨ।

## ਔਰਤਾਂ ਤੇ ਮਰਦਾਂ ਦਾ ਵੱਡਾ ਕਾਫਲਾ ਕਾਹਨੂੰਵਾਨ ਰੈਲੀ ਲਈ ਰਵਾਨਾ



ਧਾਰੀਵਾਲ, (ਮਨਦੀਪ ਵਿੱਕੀ)-ਵਿਧਾਨ ਸਭਾ ਹਲਕਾ ਕਾਦੀਆਂ ਦੇ ਕਸਬਾ ਕਾਹਨੂੰਵਾਨ ਵਿਖੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਵੱਖ-ਵੱਖ ਵਿਕਾਸ ਕਾਰਜਾਂ ਦੇ ਨੀਹ ਪੱਥਰ ਰੱਖਣ ਉਪਰੰਤ ਇਕ ਵਿਸ਼ਾਲ ਇਕੱਠ ਨੂੰ ਸੰਬੋਧਨ ਕੀਤਾ ਗਿਆ।ਆਪਣੇ ਸੰਬੋਧਨ ਦੌਰਾਨ ਉਨ੍ਹਾਂ ਪੰਜਾਬ ਸਰਕਾਰ ਦੀਆਂ ਵੱਖ-ਵੱਖ ਪ੍ਰਾਪਤੀਆਂ ਅਤੇ ਲੋਕ ਭਲਾਈ ਯੋਜਨਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਹਰ ਖੇਤਰ ਦੇ ਵਿਕਾਸ ਲਈ ਵਚਨਬੱਧ ਹੈ ਅਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ।ਇਸ ਰੈਲੀ ਵਿੱਚ ਸ਼ਾਮਿਲ ਹੋਣ ਲਈ ਮਾਰਕਿਟ ਕਮੇਟੀ ਧਾਰੀਵਾਲ ਦੇ ਚੇਅਰਮੈਨ ਭੁਪਿੰਦਰ ਸਿੰਘ ਰਿੰਕਾ ਅਤੇ ਪਿੰਡ ਖੁੰਡਾ ਦੀ ਸਰਪੰਚ ਮੈਡਮ ਸ਼ਰਨਜੀਤ ਕੌਰ ਵੱਲੋਂ ਆਪਣੇ ਸਾਥੀਆਂ ਅਤੇ ਸਮਰਥਕਾਂ ਦੇ ਵੱਡੇ ਕਾਫਲੇ ਸਮੇਤ ਕਾਹਨੂੰਵਾਨ ਲਈ ਰਵਾਨਗੀ ਕੀਤੀ ਗਈ।ਇਸ ਮੌਕੇ ਉਨ੍ਹਾਂ ਕਿਹਾ ਕਿ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦੀ ਰਹਿਨੁਮਾਈ ਹੇਠ ਇਲਾਕੇ ਅੰਦਰ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਨਾਲ ਇਲਾਕੇ ਦੇ ਲੋਕਾਂ ਨੂੰ ਵੱਡਾ ਲਾਭ ਮਿਲੇਗਾ ਅਤੇ ਪੰਜਾਬ ਤਰੱਕੀ ਦੇ ਰਾਹ 'ਤੇ ਅੱਗੇ ਵਧੇਗਾ।ਰੈਲੀ ਵਿੱਚ ਸ਼ਾਮਿਲ ਹੋਣ ਲਈ ਲੋਕਾਂ ਵਿੱਚ ਖਾਸਾ ਉਤਸ਼ਾਹ ਦੇਖਣ ਨੂੰ ਮਿਲਿਆ।ਚੇਅਰਮੈਨ ਭੁਪਿੰਦਰ ਸਿੰਘ ਰਿੰਕਾ ਅਤੇ ਸਰਪੰਚ ਮੈਡਮ ਸ਼ਰਨਜੀਤ ਕੌਰ ਖੁੰਡਾ ਨੇ ਦਾਅਵਾ ਕੀਤਾ ਕਿ ਲੋਕ ਪੰਜਾਬ ਸਰਕਾਰ ਵੱਲੋਂ ਕਰਵਾਏ ਵਿਕਾਸ ਕਾਰਜਾਂ ਕਰਕੇ 2027 ਦੀਆਂ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਨੂੰ ਵੱਡਾ ਫਤਵਾ ਦੇਣਗੇ ।

## ਸ਼ਹਿਰ ਨੂੰ ਨਵੀਂ ਦਿੱਖ ਦੇਣ ਲਈ ਨਗਰ ਸੁਧਾਰ ਟਰੱਸਟ ਵੱਲੋਂ ਹਰ ਕੋਸ਼ਿਸ਼ ਜਾਰੀ : ਚੇਅਰਮੈਨ ਸ਼ਰਮਾ



ਗੁਰਦਾਸਪੁਰ, (ਜਨਕ ਮਹਾਜਨ)-ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਹਰ ਤਰ੍ਹਾਂ ਦੀਆਂ ਸਹੂਲਤਾਂ ਦੇਣ ਲਈ ਉਰਾਲੇ ਕੀਤੇ ਗਏ ਹਨ, ਇਸੇ ਕੜੀ ਦੇ ਤਹਿਤ ਗੁਰਦਾਸਪੁਰ ਸ਼ਹਿਰ ਵਿਖੇ ਗੁਰਦਾਸਪੁਰ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਰਾਜੀਵ ਸ਼ਰਮਾ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਸੁਚੱਜੇ ਸਹਿਯੋਗ ਸਦਕਾ ਗੁਰਦਾਸਪੁਰ ਸ਼ਹਿਰ ਨੂੰ ਹਰ ਤਰਫੋਂ ਨਵੀਂ ਦਿੱਖ ਦੇਣ ਲਈ ਸਫਲ ਉਪਰਾਲੇ ਕੀਤੇ ਜਾ ਰਹੇ ਹਨ।ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਰਾਜੀਵ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਜਿੱਥੇ ਹੁਣ ਤੱਕ ਨਗਰ ਸੁਧਾਰ ਟਰੱਸਟ ਦੀਆਂ ਸਕੀਮਾਂ ਵਿੱਚ ਵੱਡੇ ਪੱਧਰ ਤੇ ਕਈ ਯੋਜਨਾਵਾਂ ਉਲੀਕ ਕੇ ਉਨ੍ਹਾਂ ਨੂੰ ਅੰਤਿਮ ਰੂਪ ਦੇ ਦਿੱਤਾ ਹੈ ਅਤੇ ਉਹ ਦਿਨ ਰਾਤ ਗੁਰਦਾਸਪੁਰ ਅੰਦਰ ਵਿਕਾਸ ਕੰਮ ਕਰਵਾਉਣ ਲਈ ਯਤਨਸ਼ੀਲ ਹਨ।ਉਨ੍ਹਾਂ ਦੱਸਿਆ ਕਿ ਗੁਰਦਾਸਪੁਰ ਸ਼ਹਿਰ ਅੰਦਰ ਹਾਈਵੇ ਤੋਂ ਦੋਵੇਂ ਪਾਸੇ ਦੀ ਐਂਟਰੀ ਤੇ ਸ਼ਾਨਦਾਰ ਅਤੇ ਖੂਬਸੂਰਤ ਗੇਟ ਉਸਾਰਨ ਲਈ ਇਕ ਅਨੋਖੀ ਅਤੇ ਨਿਵਕਲੀ ਪਹਿਲਕਦਮੀ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਇਹ ਗੇਟ ਜਿੱਥੇ ਸ਼ਹਿਰ ਦੇ ਸੁਹੱਪਣ ਨੂੰ ਸ਼ਾਨਦਾਰ ਦਿੱਖ ਦੇਣਗੇ, ਉਥੇ ਨਾਲ ਦੀ ਨਾਲ ਆ ਰਹੇ ਲੋਕਾਂ ਨੂੰ ਜੀ ਆਇਆਂ ਕਹਿਣਗੇ।

ਉਨ੍ਹਾਂ ਦੱਸਿਆ ਕਿ ਇਨ੍ਹਾਂ ਐਂਟਰੀ ਗੇਟਾਂ ਨੂੰ ਬਣਾਉਣ ਲਈ ਸਾਰਾ ਕੰਮ ਉਲੀਕਿਆ ਜਾ ਚੁੱਕਾ ਹੈ।ਚੇਅਰਮੈਨ ਰਾਜੀਵ ਸ਼ਰਮਾ ਨੇ ਕਿਹਾ ਕਿ ਜਦੋਂ ਦੀ ਉਨ੍ਹਾਂ ਨੂੰ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੀ ਸੇਵਾ ਮਿਲੀ ਹੈ, ਉਹ ਦਿਨ ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਅਤੇ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਰਾਹੀਂ ਸ਼ਾਨਦਾਰ ਪਹਿਲਕਦਮੀਆਂ ਕੀਤੀਆਂ ਗਈਆਂ ਹਨ।

## ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਮਾਤਾ ਦੀ ਚੌਂਕੀ 'ਚ ਭਰੀ ਹਾਜ਼ਰੀ

ਛੇਹਰਟਾ, (ਮਨੋਜ ਕੁਮਾਰ)-ਸੰਜੀਵ ਸੇਤੀਆ (ਬੌਬੀ) ਪਰਿਵਾਰ ਵੱਲੋਂ ਜੁਝਾਰ ਸਿੰਘ ਐਵੀਨਿਊ, ਅਜਨਾਲਾ ਰੋਡ ਵਿਖੇ ਮਾਤਾ ਰਾਣੀ ਦੀ ਚੌਂਕੀ ਕਾਰਵਾਈ ਗਈ। ਇਸ ਮੌਕੇ ਪ੍ਰਸਿੱਧ ਭਜਨ ਮੰਡਲੀਆਂ ਨੇ ਮਾਤਾ ਦਾ ਗੁਣਗਾਨ ਕੀਤਾ। ਵੱਡੀ ਗਿਣਤੀ ਵਿਚ ਸ਼ਰਧਾਲੂਆਂ ਨੇ ਮਾਤਾ ਰਾਣੀ ਦੀ ਚੌਂਕੀ ਵਿਚ ਹਾਜ਼ਰੀ ਭਰੀ ਤੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਨੇ ਵੀ ਮਾਤਾ ਦੀ ਚੌਂਕੀ ਵਿਚ ਵਿਸ਼ੇਸ਼ ਤੌਰ 'ਤੇ ਹਾਜ਼ਰੀ ਭਰੀ। ਸੰਜੀਵ ਸੇਤੀਆ ਪਰਿਵਾਰ ਵੱਲੋਂ ਉਨ੍ਹਾਂ ਨੂੰ ਚੁੰਨੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਇਸ ਮੌਕੇ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ, ਉਦਿਤ ਖੇਮਕਾ, ਸਿਧਾਰਥ ਅਗਰਵਾਲ, ਅਸ਼ਵਨੀ ਜੋਸ਼ੀ, ਸੁਕਰਾਤ ਕਾਲੜਾ, ਸੰਜੀਵ ਭਾਟੀਆ, ਗਗਨ ਸ਼ਰਮਾ, ਸੁਮਿਤ ਮਹਿਰਾ, ਸੰਜੀਵ ਸ਼ਰਮਾ, ਅਮਨ ਜੋਸ਼ੀ ਆਦਿ ਵੀ ਹਾਜ਼ਰ ਸਨ।



## ਮੋਗਾ ਰੈਲੀ ਨੂੰ ਲੈ ਕੇ ਆਸ਼ੂ ਅੰਬਾ ਵੱਲੋਂ ਹਲਕਾ ਬਾਬਾ ਬਕਾਲਾ ਸਾਹਿਬ ਦੇ ਵੱਖ-ਵੱਖ ਪਿੰਡਾਂ ਦਾ ਦੌਰਾ



ਬਿਆਸ (ਪਰਮਜੀਤ ਸਿੰਘ ਰੱਖੜਾ)-ਯੂਥ ਭਾਜਪਾ ਪੰਜਾਬ ਦੇ ਸੂਬਾ ਸਕੱਤਰ ਕੁਲਬੀਰ ਸਿੰਘ ਆਸ਼ੂ ਅੰਬਾ ਵੱਲੋਂ 14 ਤਰੀਕ ਨੂੰ ਮੋਗਾ ਵਿਖੇ ਹੋਣ ਵਾਲੀ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਮਹਾਂ ਰੈਲੀ ਨੂੰ ਲੈ ਕੇ ਹਲਕਾ ਸ਼੍ਰੀ ਬਾਬਾ ਬਕਾਲਾ ਸਾਹਿਬ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਕੇ ਪਾਰਟੀ ਵਰਕਰਾਂ ਅਤੇ ਮੋਤਬਰ ਸੱਜਣਾਂ ਨਾਲ ਲਗਾਤਾਰ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਹਲਕਾ ਬਾਬਾ ਬਕਾਲਾ ਸਾਹਿਬ ਦੇ ਪਿੰਡ ਟਾਕਾਪੁਰ ਵਿਖੇ ਵਰਕਰਾਂ ਨਾਲ ਗੱਲਬਾਤ ਕਰਦਿਆਂ ਆਸ਼ੂ ਅੰਬਾ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਇਹ ਬਦਲਾਅ ਰੈਲੀ ਪੰਜਾਬ ਦੀ ਰਾਜਨੀਤੀ ਵਿੱਚ ਨਵਾਂ ਮੋੜ ਸਾਬਤ ਕਰੇਗੀ ਅਤੇ ਇਸ ਨਾਲ ਪੰਜਾਬ ਵਿੱਚ ਭਾਜਪਾ ਨੂੰ ਹੋਰ ਮਜ਼ਬੂਤੀ ਮਿਲੇਗੀ ।ਇਸ ਦੌਰਾਨ ਆਸ਼ੂ ਅੰਬਾ ਵੱਲੋਂ ਪਿੰਡ ਦੇ ਮੋਤਬਰ ਵਿਅਕਤੀਆਂ, ਭਾਜਪਾ ਕਾਰਕੁਨਾਂ ਅਤੇ ਨੌਜਵਾਨਾਂ ਨਾਲ ਵਿਸ਼ੇਸ਼ ਬੈਠਕ ਕਰਕੇ ਉਨ੍ਹਾਂ ਨੂੰ 14 ਤਰੀਕ ਨੂੰ ਮੋਗਾ ਵਿਖੇ ਹੋਣ ਵਾਲੀ ਬਦਲਾਅ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ ਗਈ।ਆਸ਼ੂ ਅੰਬਾ ਨੇ ਕਿਹਾ ਕਿ ਹਲਕਾ ਸ਼੍ਰੀ ਬਾਬਾ ਬਕਾਲਾ ਸਾਹਿਬ ਤੋਂ ਭਾਜਪਾ ਦੇ ਵਰਕਰ ਵੱਡੀ ਗਿਣਤੀ ਵਿੱਚ ਮੋਗਾ ਪਹੁੰਚ ਕੇ ਇਸ ਰੈਲੀ ਨੂੰ ਇਤਿਹਾਸਕ ਬਣਾਉਣਗੇ।ਉਨ੍ਹਾਂ ਕਿਹਾ ਕਿ ਪਾਰਟੀ ਦੇ ਨੌਜਵਾਨ ਵਰਕਰਾਂ ਵਿੱਚ ਇਸ ਰੈਲੀ ਨੂੰ ਲੈ ਕੇ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਅਤੇ ਸਾਰੇ ਵਰਕਰ ਘਰ-ਘਰ ਜਾ ਕੇ ਲੋਕਾਂ ਨੂੰ ਬਦਲਾਅ ਰੈਲੀ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕਰ ਰਹੇ ਹਨ।ਇਸ ਮੌਕੇ ਉਨ੍ਹਾਂ ਨੇ ਸਾਰੇ ਭਾਜਪਾ ਵਰਕਰਾਂ ਨੂੰ ਅਪੀਲ ਕੀਤੀ ਕਿ 14 ਤਰੀਕ ਨੂੰ ਵੱਧ ਤੋਂ ਵੱਧ ਗਿਣਤੀ ਵਿੱਚ ਮੋਗਾ ਪਹੁੰਚ ਕੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਬਦਲਾਅ ਰੈਲੀ ਨੂੰ ਕਾਮਯਾਬ ਬਣਾਇਆ ਜਾਵੇ।ਇਸ ਮੌਕੇ ਦਲਬੀਰ ਸਿੰਘ ਟਾਕਾਪੁਰ, ਰਾਜਵਿੰਦਰ ਸਿੰਘ, ਲਵਪ੍ਰੀਤ ਸਿੰਘ, ਗੁਰਬਖ਼ਸ਼ਿੰਦਰ ਸਿੰਘ ਮੈਂਬਰ ਪੰਚਾਇਤ, ਬਲਕਾਰ ਸਿੰਘ ਆਦਿ ਹਾਜ਼ਰ ਸਨ ।

## 1000 ਰੁਪਏ ਦਾ ਵਾਅਦਾ ਪੂਰਾ ਕਰਕੇ ਮਾਨ ਸਰਕਾਰ ਨੇ ਮਾਵਾਂ-ਭੈਣਾਂ ਦਾ ਮਾਣ ਵਧਾਇਆ: ਜਸਵਿੰਦਰਪਾਲ ਸਿੰਘ



ਧਾਰੀਵਾਲ, (ਮਨਦੀਪ ਵਿੱਕੀ)-ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਤੇ ਐੱਸ ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਜਸਵਿੰਦਰਪਾਲ ਸਿੰਘ ਨੇ ਕਿਹਾ ਕਿ ਬੀਤੇ ਦਿਨੀਂ ਪੰਜਾਬ ਦੀ ਆਪ ਸਰਕਾਰ ਨੇ ਜੋ ਵਿੱਤੀ ਸਾਲ 2026-27 ਦਾ ਬਜਟ ਪੇਸ਼ ਕੀਤਾ ਗਿਆ ਹੈ, ਉਸ ਦਾ ਫਾਇਦਾ ਹਰੇਕ ਵਰਗ ਨੂੰ ਮਿਲੇਗਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬਾ ਵਾਸੀਆਂ ਨਾਲ ਜੋ ਚੋਣਾਂ ਮੌਕੇ ਵਾਅਦੇ ਕੀਤੇ ਗਏ ਸਨ, ਉਨ੍ਹਾਂ ਨੂੰ ਇੱਕ ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ, ਜਿਸ ਨਾਲ ਪੰਜਾਬ ਵਾਸੀਆਂ ਤੇ ਖ਼ੁਸ਼ੀ ਦੀ ਲਹਿਰ ਵੇਖਣ ਨੂੰ ਮਿਲ ਰਹੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਸੂਬਾ ਸਰਕਾਰ ਨੇ ਪਹਿਲਾਂ ਲੋਕਾਂ ਨੂੰ 600 ਯੂਨਿਟ ਬਿਜਲੀ ਦੇ ਬਿੱਲ ਮੁਆਫ ਕਰਨ ਤੋਂ ਇਲਾਵਾ ਸਿਹਤ ਖੇਤਰ ਵਿਚ ਵੀ ਸੁਧਾਰ ਕਰਦੇ ਹੋਏ ਪੇਂਡੂ ਖੇਤਰਾਂ ਵਿਚ ਆਮ ਆਦਮੀ ਕਲੀਨਿਕ ਖੋਲ੍ਹੇ ਹਨ।ਇਸੇ ਤਰ੍ਹਾਂ ਸਿੱਖਿਆ ਦੇ ਖੇਤਰ ਵਿਚ ਵੀ ਆਪ ਸਰਕਾਰ ਨੇ ਵੱਡੇ ਪੱਧਰ ਤੇ ਸੁਧਾਰ ਕਰਦੇ ਹੋਏ ਬਹੁਤ ਸਾਰੇ ਸਰਕਾਰੀ ਸਕੂਲਾਂ ਨੂੰ ਐਮੀਨੈਂਸ ਸਕੂਲਾਂ ਦਾ ਦਰਜਾ ਦਿੱਤਾ ਹੈ।ਹੁਣ ਬਜਟ ਸੈਸ਼ਨ ਦੌਰਾਨ ਜੋ ਆਪ ਸਰਕਾਰ ਨੇ ਸੂਬੇ ਦੀਆਂ ਔਰਤਾਂ ਨੂੰ ਮਾਣ ਬਖਸ਼ਦੇ ਹੋਏ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਦੀ ਸ਼ੁਰੂਆਤ ਕੀਤੀ ਹੈ, ਜਿਸ ਨਾਲ ਆਮ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਤੇ ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਨੂੰ 1500 ਰੁਪਏ ਹਰ ਮਹੀਨੇ ਦੇਣ ਦਾ ਐਲਾਨ ਕੀਤਾ ਗਿਆ ਹੈ। ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਖਾਸ ਮੌਕੇ ਪੰਜਾਬ ਸਰਕਾਰ ਵੱਲੋਂ ਪੇਸ਼ ਕੀਤੇ ਬਜਟ ਵਿੱਚ ਬਹੁਤ ਵੱਡੇ ਐਲਾਨ ਕੀਤੇ ਗਏ ਹਨ ਜਿਸ ਵਿਚ ਵਿਸ਼ੇਸ਼ ਤੌਰ ਤੇ ਪੰਜਾਬ ਦੀਆਂ ਮਹਿਲਾਵਾਂ ਲਈ 1000 ਰੁਪਏ ਦੇ ਵਾਅਦੇ ਨੂੰ ਪੂਰਾ ਕੀਤਾ ਗਿਆ ਜਿਸ ਤਹਿਤ ਐਸੀ ਵਰਗ ਦੀਆਂ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1500 ਰੁਪਏ ਅਤੇ ਜਰਨਲ ਵਰਗ ਦੀਆਂ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1000 ਦੇਣ ਦਾ ਐਲਾਨ ਪੰਜਾਬ ਦੇ ਵਿੱਤ ਮੰਤਰੀ ਸਰਦਾਰ ਹਰਪਾਲ ਸਿੰਘ ਚੀਮਾ ਵੱਲੋਂ ਬਜਟ ਪੇਸ਼ ਕੀਤਾ ਗਿਆ ਜਿਸ ਵਿਚ ਭਗਵੰਤ ਸਿੰਘ ਮਾਨ ਦੀ ਰੁਹਨਮਾਈ ਵਾਲੀ ਪੰਜਾਬ ਸਰਕਾਰ ਵੱਲੋਂ ਆਪਣੇ ਕਾਰਜਕਾਲ ਦੌਰਾਨ ਲਗਭਗ ਸਾਰੇ ਹੀ ਵਾਅਦੇ ਪੂਰੇ ਕਰਨ ਦਿੱਤੇ ਗਏ ਹਨ।ਇਸ ਮੌਕੇ ਡਾ. ਕਮਲਜੀਤ ਸਿੰਘ ਕੇਜੇ ਸਾਬਕਾ ਅਬਜ਼ਰਵਰ ਅਤੇ ਸੀਨੀਅਰ ਆਗੂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਭਗਵੰਤ ਸਿੰਘ ਮਾਨ ਦਾ ਪੰਜਾਬੀਆਂ ਪ੍ਰਤੀ ਮੋਹ ਸਤਿਕਾਰਯੋਗ ਹੈ, ਉਹ ਹਮੇਸ਼ਾ ਪੰਜਾਬ ਬਾਰੇ ਹੀ ਸੋਚਦੇ ਰਹਿੰਦੇ ਹਨ।ਉਨ੍ਹਾਂ ਕਿਹਾ ਸਾਨੂੰ ਪੂਰੀ ਉਮੀਦ ਹੈ ਕਿ ਪੰਜਾਬ ਦੇ ਲੋਕ 2027 ਦੇ ਵਿੱਚ ਫਿਰ ਆਮ ਆਦਮੀ ਪਾਰਟੀ ਦੀ ਸਰਕਾਰ ਬਣਾ ਕੇ ਪੰਜਾਬ ਦੀ ਅਵਾਮ ਸਰਦਾਰ ਭਗਵੰਤ ਸਿੰਘ ਮਾਨ ਨੂੰ ਮੁੱਖ ਮੰਤਰੀ ਬਣਾਉਣਗੇ ਤਾਂ ਜੋ ਪੰਜਾਬ ਮੁੜ ਰੰਗਲਾ ਪੰਜਾਬ ਬਣ ਸਕੇ।

# ਅਕਾਲੀ ਦਲ ਦੀ ਤਾਕਤ ਟਕਸਾਲੀ ਸੋਚ 'ਚ ਹੈ, ਨਿੱਜੀ ਹਿੱਤ ਪਾਲਣ ਵਾਲਿਆਂ 'ਚ ਨਹੀਂ : ਜਥੇ: ਸਤਨਾਮ ਸਿੰਘ

ਚੋਹਲਾ ਸਾਹਿਬ (ਰਮਨ ਚੱਢਾ)-ਸ਼੍ਰੋਮਣੀ ਅਕਾਲੀ ਦਲ ਵਿੱਚ ਇੱਕ ਨਿਮਾਣੇ ਵਰਕਰ ਵਜੋਂ ਆਪਣਾ ਸਿਆਸੀ ਸਫ਼ਰ ਸ਼ੁਰੂ ਕਰਕੇ ਸਿਰਕੱਢ ਆਗੂ ਬਣੇ ਅਤੇ ਆਪਣੀ ਬੇਦਾਗ਼ ਤੇ ਟਕਸਾਲੀ ਸੋਚ ਲਈ ਜਾਣੇ ਜਾਂਦੇ ਜਥੇਦਾਰ ਸਤਨਾਮ ਸਿੰਘ ਚੋਹਲਾ ਸਾਹਿਬ ਨੇ ਪਾਰਟੀ ਦੀ ਮਜ਼ਬੂਤੀ ਅਤੇ ਹਲਕਾ ਖਡੂਰ ਸਾਹਿਬ ਦੇ ਭਵਿੱਖ ਨੂੰ ਲੈ ਕੇ ਇੱਕ ਬਹੁਤ ਹੀ ਡੂੰਘਾ ਅਤੇ ਦੂਰਅੰਦੇਸ਼ੀ ਵਾਲਾ ਸੁਨੇਹਾ ਦਿੱਤਾ ਹੈ।

ਸਿਆਸਤ ਦੇ ਦਿੱਗਜ ਬੋਹੜਾਂ-ਜਥੇਦਾਰ ਅਜੀਤ ਸਿੰਘ ਰਾਹਲ ਚਾਹਲ, ਸੈਰ. ਹਰਦਿਆਲ ਸਿੰਘ ਨਿੱਕਾ ਚੋਹਲਾ, ਸੈਰ. ਪ੍ਰੇਮ ਸਿੰਘ ਲਾਲਪੁਰਾ ਅਤੇ ਪੰਥ ਰਤਨ ਜਥੇਦਾਰ ਰਣਜੀਤ ਸਿੰਘ ਬ੍ਰਹਮਪੁਰਾ ਦੀ ਸਰਪ੍ਰਸਤੀ ਹੇਠ ਦਹਾਕਿਆਂ ਤੱਕ ਪੰਥਕ ਸਿਆਸਤ ਦੇ ਗੰਭੀਰ ਉਤਾਰ-ਚੜ੍ਹਾਅ ਦੇ ਗਵਾਹ ਰਹੇ ਅਤੇ ਉਨ੍ਹਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰ ਚੁੱਕੇ, ਜਥੇ: ਸਤਨਾਮ ਸਿੰਘ ਦੇ ਇਸ ਬਿਆਨ ਦੇ ਸਿਆਸੀ ਗਲਿਆਰਿਆਂ ਵਿੱਚ ਵੱਡੇ ਅਰਥ ਕੱਢੇ ਜਾ ਰਹੇ ਹਨ। ਪਾਰਟੀ ਅੰਦਰ ਕੁਝ ਲੋਕਾਂ ਵੱਲੋਂ ਆਪਣੇ ਨਿੱਜੀ ਹਿੱਤਾਂ ਅਤੇ ਸਵਾਰਥਾਂ ਖਾਤਰ ਪਾਈ ਜਾ ਰਹੀ ਫੁੱਟ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਜਥੇ: ਸਤਨਾਮ ਸਿੰਘ ਨੇ ਸਪੱਸ਼ਟ ਕੀਤਾ ਕਿ ਅਕਾਲੀ ਦਲ ਦੀ ਅਸਲ ਤਾਕਤ ਇਸਦੇ ਜ਼ਮੀਨੀ ਅਤੇ ਟਕਸਾਲੀ ਵਰਕਰ ਹਨ।

ਪਾਰਟੀ ਹਾਈਕਮਾਂਡ ਨੂੰ ਬੜੇ ਹੀ ਸਤਿਕਾਰ ਅਤੇ ਨਿਮਰਤਾ ਸਹਿਤ ਅਪੀਲ ਕਰਦਿਆਂ ਉਨ੍ਹਾਂ ਕਿਹਾ ਕਿ ਹਲਕਾ ਖਡੂਰ ਸਾਹਿਬ, ਜੋ ਕਿ ਹਮੇਸ਼ਾ ਪੰਥਕ ਅਤੇ ਟਕਸਾਲੀ ਸੋਚ ਦਾ ਗੜ੍ਹ ਰਿਹਾ ਹੈ, ਦੇ ਮਾਮਲੇ ਵਿੱਚ 2019 ਦੀਆਂ ਲੋਕ ਸਭਾ ਚੋਣਾਂ ਅਤੇ 2022 ਦੀਆਂ ਵਿਧਾਨ ਸਭਾ ਚੋਣਾਂ ਵਾਲੇ ਘਟਨਾਕ੍ਰਮ ਤੋਂ ਸਬਕ ਲੈਣ ਦੀ ਬੇਹੱਦ ਲੋੜ ਹੈ। ਉਨ੍ਹਾਂ ਬੜੀ ਹੀ ਗੰਭੀਰਤਾ ਨਾਲ ਸੁਨੇਹਾ ਦਿੱਤਾ ਕਿ ਹਲਕੇ ਅੰਦਰ ਬਾਹਰੀ ਤਾਕਤਾਂ ਦੀ ਬੇਲੋੜੀ ਦਖ਼ਲਅੰਦਾਜ਼ੀ ਪਾਰਟੀ ਦੇ ਵਡੇਰੇ ਹਿੱਤਾਂ ਲਈ ਠੀਕ ਨਹੀਂ ਹੈ।

ਉਨ੍ਹਾਂ ਕਿਹਾ ਕਿ ਜਿਹੜਾ ਵੀ ਵਿਅਕਤੀ ਸਾਡੀ ਪਾਰਟੀ, ਸਾਡੀ ਏਕਤਾ ਅਤੇ ਭਾਈਚਾਰਕ ਸਾਂਝ ਨੂੰ ਖ਼ਰਾਬ ਕਰਨ ਦੀ ਕੋਸ਼ਿਸ਼ ਕਰੇਗਾ, ਉਸ ਨੂੰ ਟਕਸਾਲੀ ਵਰਕਰਾਂ ਵੱਲੋਂ ਕਦੇ ਪ੍ਰਵਾਨ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅਸੀਂ ਬ੍ਰਹਮਪੁਰਾ ਪਰਿਵਾਰ ਦੇ ਨਾਲ ਕੱਲ੍ਹ ਵੀ ਜੁੜੇ ਹੋਏ ਸੀ ਅਤੇ ਅੱਜ ਵੀ ਪੂਰੀ ਮਜ਼ਬੂਤੀ ਨਾਲ ਖੜ੍ਹੇ ਹਾਂ ਪਰ ਇੱਕ ਪੁਰਾਣੇ ਸਾਥੀ ਹੋਣ ਦੇ ਨਾਤੇ ਮੈਂ ਇਹ ਜ਼ਰੂਰ ਯਾਦ ਕਰਵਾਉਣਾ ਚਾਹੁੰਦਾ ਹਾਂ ਕਿ ਸਿਆਸਤ ਵਿੱਚ ਜਿੱਤਾਂ ਕਦੇ ਕਿਸੇ ਇਕੱਲੇ ਇਨਸਾਨ ਦੀਆਂ ਨਹੀਂ ਹੁੰਦੀਆਂ, ਇਹ ਸ਼ਾਨਦਾਰ ਟੀਮ ਵਰਕ ਅਤੇ ਜ਼ਮੀਨੀ ਵਰਕਰਾਂ ਦੇ ਮੁੜ੍ਹਕੇ ਦਾ ਮੁੱਲ ਹੁੰਦੀਆਂ ਹਨ।

ਉਨ੍ਹਾਂ ਕਿਹਾ ਕਿ ਜਿਹੜੇ ਪੁਰਾਣੇ ਵਰਕਰਾਂ ਅਤੇ ਆਗੂਆਂ ਨੇ ਪਾਰਟੀ ਲਈ ਆਪਣੀਆਂ ਉਮਰਾਂ ਗਾਲ ਦਿੱਤੀਆਂ, ਉਨ੍ਹਾਂ ਦਾ ਹਮੇਸ਼ਾ ਮਾਣ-ਸਤਿਕਾਰ ਬਹਾਲ ਰੱਖਿਆ ਜਾਵੇ। ਜਥੇ : ਸਤਨਾਮ ਸਿੰਘ ਨੇ ਆਖਿਆ ਕਿ ਜੇਕਰ ਲੀਡਰ ਵਰਕਰ ਦੀ ਪਿੱਠ 'ਤੇ ਹੱਥ ਰੱਖੇਗਾ ਤਾਂ ਵਰਕਰ ਲੀਡਰ ਨੂੰ ਕਦੇ ਡਿੱਗਣ ਨਹੀਂ ਦੇਵੇਗਾ। ਅਸੀਂ ਨਾਲ ਖੜ੍ਹੇ ਹਾਂ, ਬਸ ਪਾਰਟੀ ਦੇ ਹਰ ਛੋਟੇ-ਵੱਡੇ ਵਰਕਰ ਨੂੰ ਗਲ਼ ਨਾਲ ਲਾ ਕੇ ਚੱਲਣ ਦੀ ਲੋੜ ਹੈ। ਜਥੇਦਾਰ ਸਤਨਾਮ ਸਿੰਘ ਚੋਹਲਾ ਸਾਹਿਬ ਦੇ ਇਸ ਦੂਰਅੰਦੇਸ਼ੀ ਵਾਲੇ ਬਿਆਨ ਨੇ ਜਿੱਥੇ ਆਮ ਵਰਕਰਾਂ ਵਿੱਚ ਸਾਕਾਰਾਤਮਕ ਊਰਜਾ ਭਰੀ ਹੈ, ਉੱਥੇ ਹੀ ਪਾਰਟੀ ਦਾ ਨੁਕਸਾਨ ਕਰਨ ਵਾਲੀਆਂ ਤਾਕਤਾਂ ਨੂੰ ਡੂੰਘੀ ਸੋਚ ਵਿੱਚ ਪਾ ਦਿੱਤਾ ਹੈ।

## ਪੰਜਾਬ ਸਰਕਾਰ ਵੱਲੋਂ ਸੂਬੇ ਅੰਦਰ ਵਿਕਾਸ ਕਾਰਜਾਂ ਦੇ ਨਵੇਂ ਪੰਨੇ ਲਿਖੇ ਜਾ ਰਹੇ : ਸ਼ੈਰੀ ਕਲਸੀ

ਬਟਾਲਾ, (ਡਾ. ਮਲਵਿੰਦਰ ਸਿੰਘ )-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵਲੋਂ ਸੂਬੇ ਅੰਦਰ ਵਿਕਾਸ ਕਾਰਜਾਂ ਦੇ ਨਵੇਂ ਪੰਨੇ ਲਿਖੇ ਜਾ ਰਹੇ ਹਨ ਅਤੇ 1.50 ਲੱਖ ਕਰੋੜ ਰੁਪਏ ਦੇ ਨਿਵੇਸ਼ ਪ੍ਰਸਤਾਵਾਂ ਨੂੰ ਆਕਰਸ਼ਿਤ ਕੀਤਾ ਜਾ ਰਿਹਾ ਹੈ ਜਿਸ ਨਾਲ 5.20 ਲੱਖ ਨੌਕਰੀਆਂ ਪੈਦਾ ਹੋਣ ਦੀ ਉਮੀਦ ਹੈ ਤੇ ਪੰਜਾਬ ਦੇ ਹਰ ਕੋਨੇ ਵਿੱਚ ਵਿਕਾਸ ਕੀਤਾ ਜਾ ਰਿਹਾ ਹੈ।ਇਹ ਪ੍ਰਗਟਾਵਾ ਕਰਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਪੰਜਾਬ ਸਰਕਾਰ ਪੇਂਡੂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰ ਰਹੀ ਹੈ, ਰੋਜ਼ਗਾਰ ਦੇ ਮੌਕੇ ਪੈਦਾ ਕਰ ਰਹੀ ਹੈ ਅਤੇ ਸਰਕਾਰੀ ਸਕੂਲਾਂ ਦੀ ਕਾਇਆਕਲਪ ਰਹੀ ਹੈ।

ਪੰਜਾਬ ਸਰਕਾਰ ਨਵੇਂ ਆਧੁਨਿਕ ਸਕੂਲ ਬਣਾ ਰਹੀ ਹੈ, ਅਧਿਆਪਕਾਂ ਨੂੰ ਸਿਖਲਾਈ ਲਈ ਵਿਦੇਸ਼ ਭੇਜ ਰਹੀ ਹੈ ਤਾਂ ਜੋ ਪੰਜਾਬ ਦੇ ਬੱਚਿਆਂ ਨੂੰ ਸਿੱਖਿਆ ਲਈ ਵਿਦੇਸ਼ ਨਾ ਜਾਣਾ ਪਵੇ।ਵਿਧਾਇਕ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਸ਼ੁਰੂ ਕੀਤੀ ਗਈ ਹੈ ਜਿਸ ਤਹਿਤ ਜਨਰਲ ਵਰਗ ਦੀਆਂ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ 1000 ਰੁਪਏ ਪ੍ਰਤੀ ਮਹੀਨਾ, ਜਦੋਂ ਕਿ ਅਨੁਸੂਚਿਤ ਜਾਤੀ ਵਰਗ ਦੀਆਂ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਵਿੱਤੀ ਸਹਾਇਤਾ ਵਜੋਂ ਦਿੱਤੇ ਜਾਣਗੇ।ਉਨ੍ਹਾਂ ਕਿਹਾ ਕਿ ਆਮ ਲੋਕਾਂ ਖਾਸ ਕਰਕੇ ਗਰੀਬ ਵਰਗ ਲਈ, 1000-1500 ਰੁਪਏ ਵੀ ਇੱਕ ਅਹਿਮ ਰਾਸ਼ੀ ਹੈ।

ਉਨ੍ਹਾਂ ਨੇ ਕਿਹਾ ਕਿ ਇਹ ਰਾਸ਼ੀ ਮਾਵਾਂ ਅਤੇ ਧੀਆਂ ਲਈ ਸਤਿਕਾਰ ਦਾ ਪ੍ਰਤੀਕ ਹੈ ਅਤੇ ਇਸ ਸਕੀਮ ਸਦਕਾ ਔਰਤਾਂ ਦੇ ਚਿਹਰਿਆਂ ਤੇ ਆਈ ਮੁਸਕਰਾਹਟ ਉਨ੍ਹਾਂ ਨੂੰ ਬੇਹੱਦ ਸੰਤੁਸ਼ਟੀ ਦਿੰਦੀ ਹੈ।ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਦੀ ਭਲਾਈ ਲਈ ਸਰਕਾਰੀ ਖਜ਼ਾਨੇ ਦੀ ਪੂਰੀ ਸੂਝ-ਬੂਝ ਨਾਲ ਵਰਤੋਂ ਕਰ ਰਹੀ ਹੈ।

## 'ਆਪ' ਦੇ ਜੁਝਾਰੂ ਆਗੂ ਬਲਜੀਤ ਸਿੰਘ ਜਿਜੈਆਣੀ ਜ਼ੇਰੇ ਇਲਾਜ

*** ਸਮਾਜ ਸੇਵੀ ਅਮਰਜੀਤ ਸਿੰਘ ਤੇ ਕਾਮਰੇਡ ਦਲਜੀਤ ਸਿੰਘ ਸੁੱਖ-ਸਾਂਦ ਪੁੱਛਣ ਹਸਪਤਾਲ ਪਹੁੰਚੇ**



ਜਿਜੈਆਣੀ ਜੋ ਬਲਜੀਤ ਸਿੰਘ ਜਿਜੈਆਣੀ ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਦੇ ਸੀਨੀਅਰ ਅਤੇ ਜੁਝਾਰੂ ਆਗੂ ਬਲਜੀਤ ਸਿੰਘ ਜਿਜੈਆਣੀ ਜੋ ਪਿਛਲੇ ਕਾਫ਼ੀ ਸਮੇਂ ਤੋਂ ਸਿਹਤ ਪੱਖੋਂ ਠੀਕ ਨਹੀਂ ਸਨ, ਨਈਅਰ ਹਸਪਤਾਲ ਅੰਮ੍ਰਿਤਸਰ ਵਿਖੇ ਅੱਜਕਲ ਜ਼ੇਰੇ ਇਲਾਜ ਹਨ। ਪ੍ਰੈੱਸ ਨਾਲ ਗੱਲਬਾਤ ਕਰਦਿਆਂ ਹੋਇਆਂ ਹਲਕਾ ਮਜੀਠਾ ਦੇ ਸਮਾਜ ਸੇਵੀ ਐੱਸਡੀਓ ਅਮਰਜੀਤ ਸਿੰਘ ਜਿਜੈਆਣੀ ਅਤੇ ਕਾਮਰੇਡ ਦਲਜੀਤ ਸਿੰਘ ਨੇ ਦੱਸਿਆ ਕਿ ਬਲਜੀਤ ਸਿੰਘ ਜਿਜੈਆਣੀ ਆਮ ਆਦਮੀ ਪਾਰਟੀ ਦਾ ਹਲਕਾ ਮਜੀਠਾ ਦਾ ਉਹ ਆਗੂ ਹੈ ਜਿਸ ਨੇ ਸਭ ਤੋਂ ਪਹਿਲਾਂ 2013-2014 ਵਿੱਚ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਨੂੰ ਹਲਕਾ ਮਜੀਠਾ ਵਿੱਚ ਘਰ-ਘਰ ਪਹੁੰਚਾਇਆ ਅਤੇ ਕਦੇ ਵੀ ਆਪਣੇ ਘਰ ਦੇ ਕੰਮਾਂ ਅਤੇ ਆਪਣੀ ਸਿਹਤ ਦੀ ਪ੍ਰਵਾਹ ਨਾ ਕਰਦਿਆਂ ਪਾਰਟੀ ਅਤੇ ਲੋੜਵੰਦ ਲੋਕਾਂ ਦੇ ਕੰਮਾਂ ਨੂੰ ਪਹਿਲ ਦਿੱਤੀ। ਸਮਾਜ ਸੇਵੀ ਅਮਰਜੀਤ ਸਿੰਘ ਜਿਜੈਆਣੀ ਅਤੇ ਕਾਮਰੇਡ ਦਲਜੀਤ ਸਿੰਘ ਜਿਜੈਆਣੀ ਜੋ ਬਲਜੀਤ ਸਿੰਘ ਜਿਜੈਆਣੀ ਦਾ ਹਾਲ ਚਾਲ ਪੁੱਛਣ ਨਈਅਰ ਹਸਪਤਾਲ ਅੰਮ੍ਰਿਤਸਰ ਪੰਹੁਚੇ ਸਨ, ਨੇ ਦੱਸਿਆ ਕਿ ਬਲਜੀਤ ਸਿੰਘ ਦੀ ਸਿਹਤ ਵਿਚ ਹੌਲੀ ਹੌਲੀ ਸੁਧਾਰ ਹੋ ਰਿਹਾ ਅਤੇ ਇਨ੍ਹਾਂ ਵੱਲੋਂ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਅਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਨੂੰ ਅਪੀਲ ਕੀਤੀ ਗਈ ਕਿ ਬਲਜੀਤ ਸਿੰਘ ਜਿਜੈਆਣੀ ਜੋ ਆਮ ਆਦਮੀ ਪਾਰਟੀ ਦੇ ਬਹੁਤ ਹੀ ਮਿਹਨਤੀ ਅਤੇ ਹਰ ਸਮੇਂ ਪਾਰਟੀ ਨੂੰ ਸਮਰਪਿਤ ਵਰਕਰ ਰਹੇ ਹਨ, ਦੀ ਵੱਧ ਤੋਂ ਵੱਧ ਵਿੱਤੀ ਸਹਾਇਤਾ ਕੀਤੀ ਜਾਵੇ।

## 7500 ਰਾਸ਼ਨ ਡਿੱਪੂ ਜਲਦੀ ਹੀ ਹੋਰ ਕੀਤੇ ਜਾਣਗੇ ਅਲਾਟ: ਕਟਾਰੂਚੱਕ



ਪਠਾਨਕੋਟ, (ਦਵਿੰਦਰ ਸਿੰਘ)-ਖੁਰਾਕ ਸੁਰੱਖਿਆ ਦੇ ਲਾਭ ਤੇਜ਼ੀ ਨਾਲ ਲਾਭਪਾਤਰੀਆਂ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਵੱਲੋਂ ਵਾਜਿਬ ਮੁੱਲ ਦੀਆਂ ਦੁਕਾਨਾਂ (ਫੇਅਰ ਪ੍ਰਾਈਸ ਸ਼ਾਪ) ਅਲਾਟ ਕਰਨ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਗਈ ਹੈ।ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਪੰਜਾਬ ਵਿਧਾਨ ਸਭਾ ਵਿਖੇ ਦੱਸਿਆ ਕਿ ਜ਼ਿਲ੍ਹਾ ਖੁਰਾਕ ਸਪਲਾਈ ਕੰਟਰੋਲਰਾਂ (ਡੀ ਐੱਫਐੱਸਸੀਜ਼) ਵੱਲੋਂ ਫੇਅਰ ਪ੍ਰਾਈਸ ਸ਼ਾਪਸ ਦੀ ਅਲਾਟਮੈਂਟ ਲਈ ਚਾਹਵਾਨ ਉਮੀਦਵਾਰਾਂ ਤੋਂ ਅਰਜ਼ੀਆਂ ਮੰਗੀਆਂ ਗਈਆਂ ਹਨ।ਮੰਤਰੀ ਨੇ ਦੱਸਿਆ ਕਿ ਪੇਂਡੂ ਖੇਤਰਾਂ ਵਿੱਚ 8291 ਅਤੇ ਸ਼ਹਿਰੀ ਖੇਤਰਾਂ ਵਿੱਚ 1686 ਅਸਾਮੀਆਂ ਲਈ ਅਰਜ਼ੀਆਂ ਮੰਗੀਆਂ ਗਈਆਂ ਹਨ।

ਉਨ੍ਹਾਂ ਅੱਗੇ ਕਿਹਾ ਕਿ ਇਹ ਪ੍ਰਕਿਰਿਆ ਜੰਗੀ ਪੱਧਰ ਤੇ ਜਾਰੀ ਹੈ ਅਤੇ ਹੁਣ ਤੱਕ ਕੁੱਲ 7876 ਵਿਅਕਤੀਆਂ ਵੱਲੋਂ ਅਰਜ਼ੀਆਂ ਪ੍ਰਾਪਤ ਹੋਈਆਂ ਹਨ।ਇਹ ਪ੍ਰਕਿਰਿਆ ਸੰਭਾਵਿਤ ਤੌਰ ਤੇ ਅਗਲੇ ਦੋ ਮਹੀਨਿਆਂ ਵਿੱਚ ਮੁਕੰਮਲ ਹੋ ਜਾਵੇਗੀ ਅਤੇ ਇਸ ਤੋਂ ਬਾਅਦ 7500 ਰਾਸ਼ਨ ਡਿੱਪੂ ਅਲਾਟ ਕੀਤੇ ਜਾਣਗੇ।ਇਸ ਅਹਿਮ ਪਹਿਲਕਦਮੀ ਨਾਲ ਦੋਹਰੇ ਉਦੇਸ਼ਾਂ ਦੀ ਪੂਰਤੀ ਹੋਵੇਗੀ।ਪਹਿਲਾ, ਇਹ ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਉਣ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਏਗੀ ਅਤੇ ਦੂਜਾ, ਇਹ ਸੂਬੇ ਦੇ ਲੋਕਾਂ ਲਈ ਰੁਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪੈਦਾ ਕਰੇਗੀ।

# ਐੱਲ ਪੀ ਯੂ ਵੱਲੋਂ ਪੰਜਾਬ ਦੇ ਜਨਗਣਨਾ ਸੰਚਾਲਨ ਡਾਇਰੈਕਟੋਰੇਟ ਨਾਲ ਸਮਝੌਤਾ ਪੱਤਰ 'ਤੇ ਹਸਤਾਖਰ

**ਜਲੰਧਰ (ਸ਼ੈਲੀ ਐਲਬਰਟ)**- ਡੇਟਾ-ਅਧਾਰਿਤ ਖੋਜ ਅਤੇ ਨੀਤੀ-ਅਧਾਰਿਤ ਅਕਾਦਮਿਕ ਜਾਂਚ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਵਿੱਚ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਯੂਨੀਵਰਸਿਟੀ ਦੀ ਕੇਂਦਰੀ ਲਾਇਬ੍ਰੇਰੀ ਵਿਖੇ ਜਨਗਣਨਾ ਡੇਟਾ ਖੋਜ ਵਰਕਸਟੇਸ਼ਨ ਸਥਾਪਤ ਕਰਨ ਲਈ ਜਨਗਣਨਾ ਸੰਚਾਲਨ ਡਾਇਰੈਕਟੋਰੇਟ, ਪੰਜਾਬ ਨਾਲ ਇੱਕ ਸਮਝੌਤਾ ਪੱਤਰ 'ਤੇ ਹਸਤਾਖਰ ਕੀਤੇ। ਇਹ ਪਹਿਲ ਐੱਲ ਪੀ ਯੂ ਦੇ ਸੈਂਟਰ ਫਾਰ ਰਿਸਰਚ ਡਿਗਰੀ ਪ੍ਰੋਗਰਾਮਾਂ ਦੇ ਤਹਿਤ ਲਾਗੂ ਕੀਤੀ ਜਾ ਰਹੀ ਹੈ ਤੇ ਇਸਨੂੰ ਰਜਿਸਟਰਾਰ ਜਨਰਲ ਅਤੇ ਜਨਗਣਨਾ ਕਮਿਸ਼ਨਰ ਆਫ਼ ਇੰਡੀਆ, ਨਵੀਂ ਦਿੱਲੀ ਦੇ ਦਫ਼ਤਰ ਦੁਆਰਾ ਨਿਰਧਾਰਤ ਪ੍ਰਕਿਰਿਆਵਾਂ ਅਨੁਸਾਰ ਸਥਾਪਿਤ ਕੀਤਾ ਗਿਆ ਹੈ। ਜਨਗਣਨਾ ਡੇਟਾ ਖੋਜ ਵਰਕਸਟੇਸ਼ਨ ਦਾ ਸਮਝੌਤਾ ਪੱਤਰ ਸਮਾਰੋਹ ਤੇ ਉਦਘਾਟਨ ਮੈਂਬਰ (ਰਾਜ ਸਭਾ) ਅਤੇ ਐੱਲ ਪੀ




ਯੂ ਦੇ ਸੰਸਥਾਪਕ ਚਾਂਸਲਰ ਡਾ. ਅਸ਼ੋਕ ਕੁਮਾਰ ਮਿੱਤਲ, ਪ੍ਰੋ-ਚਾਂਸਲਰ ਕਰਨਲ ਡਾ. ਰਸ਼ਮੀ ਮਿੱਤਲ, ਸੀਨੀਅਰ ਅਕਾਦਮਿਕ ਨੇਤਾਵਾਂ, ਫੈਕਲਟੀ ਮੈਂਬਰਾਂ ਅਤੇ ਖੋਜ ਵਿਦਵਾਨਾਂ ਦੀ ਮੌਜੂਦਗੀ ਵਿੱਚ ਹੋਇਆ। ਯੂਨੀਵਰਸਿਟੀ ਕੈਂਪਸ ਵਿੱਚ ਵਰਕਸਟੇਸ਼ਨ ਦੇ ਉਦਘਾਟਨ ਤੋਂ ਬਾਅਦ, ਡਾ. ਨਵਜੋਤ ਖੋਸਾ, ਆਈਏਐਸ, ਡਾਇਰੈਕਟਰ ਆਫ਼ ਸੈਨਸਸ ਆਪ੍ਰੇਸ਼ਨਜ਼, ਪੰਜਾਬ, ਅਤੇ ਡਾ. ਜਸਪਾਲ ਸਿੰਘ ਸੰਧੂ, ਵਾਈਸ ਚਾਂਸਲਰ, ਐਲਪੀਯੂ ਵਿਚਕਾਰ ਇਸ ਸਮਝੌਤੇ 'ਤੇ ਰਸਮੀ ਤੌਰ 'ਤੇ ਹਸਤਾਖਰ ਕੀਤੇ ਗਏ। ਨਵਾਂ ਬਣਾਇਆ ਗਿਆ ਸੈਨਸਸ ਡੇਟਾ ਰਿਸਰਚ ਵਰਕਸਟੇਸ਼ਨ ਯੋਗ ਖੋਜਕਰਤਾਵਾਂ ਨੂੰ ਅਗਿਆਤ ਸੈਨਸਸ ਮਾਈਕ੍ਰੋ-ਡੇਟਾ ਤੱਕ ਪਹੁੰਚ ਪ੍ਰਦਾਨ ਕਰੇਗਾ, ਜਿਸ ਨਾਲ ਉਹ ਡੂੰਘੀ ਅਤੇ ਵਧੇਰੇ ਵਿਸ਼ੇਸ਼ ਖੋਜ ਕਰ ਸਕਣਗੇ। ਵਰਕਸਟੇਸ਼ਨ ਰਾਹੀਂ, ਖੋਜਕਰਤਾ ਕਰਾਸ-ਟੇਬੂਲੇਸ਼ਨ ਅਤੇ ਵਿਸ਼ਲੇਸ਼ਣਾਤਮਕ ਸੂਝ ਪੈਦਾ ਕਰਨ ਦੇ ਯੋਗ ਹੋਣਗੇ, ਜਿਸ ਨਾਲ ਉੱਨਤ ਜਨਸੰਖਿਆ ਅਤੇ ਸਮਾਜਿਕ-ਆਰਥਿਕ ਅਧਿਐਨਾਂ ਲਈ ਨਵੇਂ ਰਸਤੇ ਖੁੱਲ੍ਹਣਗੇ। ਐੱਲ ਪੀ ਯੂ ਦੇ ਸੰਸਥਾਪਕ ਚਾਂਸਲਰ ਤੇ ਸੰਸਦ ਮੈਂਬਰ (ਰਾਜ ਸਭਾ), ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ ਕਿ ਯੂਨੀਵਰਸਿਟੀ ਇੱਕ ਅਜਿਹੀ ਪਹਿਲ ਸ਼ੁਰੂ ਕਰਕੇ ਖੁਸ਼ ਹੈ ਜੋ ਖੋਜ ਅਤੇ ਜਨਤਕ ਗਿਆਨ ਨੂੰ ਮਜ਼ਬੂਤ ਕਰਦੀ ਹੈ।

# ਕੰਨਿਆ ਕੁਮਾਰੀ ਤੋਂ ਕਸ਼ਮੀਰ ਤੱਕ ਕੱਢੀ ਜਾ ਰਹੀ ਯਾਤਰਾ ਦਾ ਟਾਂਡਾ ਪਹੁੰਚਣ 'ਤੇ ਭਰਵਾਂ ਸਵਾਗਤ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਸੰਯੁਕਤ ਕਿਸਾਨ ਮੋਰਚਾ ਦੇ ਕਨਵੀਨਰ ਜਗਜੀਤ ਸਿੰਘ ਡੱਲੇਵਾਲ ਦੀ ਅਗਵਾਈ ਵਿਚ ਕਿਸਾਨਾਂ ਦੀਆਂ ਮੰਗਾਂ ਦੀ ਅਵਾਜ਼ ਬੁਲੰਦ ਕਰਨ ਲਈ ਕੰਨਿਆ ਕੁਮਾਰੀ ਤੋਂ ਕੱਢੀ ਜਾ ਰਹੀ ਯਾਤਰਾ ਦਾ ਟਾਂਡਾ ਪਹੁੰਚਣ 'ਤੇ ਬੀ. ਕੇ. ਯੂ. ਆਜ਼ਾਦ ਦੇ ਸੂਬਾ ਪ੍ਰਧਾਨ ਅਮਰਜੀਤ ਸਿੰਘ ਰੜਾ ਦੀ ਅਗਵਾਈ ਵਿਚ ਵੱਡੀ ਗਿਣਤੀ ਵਿਚ ਕਿਸਾਨਾਂ ਨੇ ਸਵਾਗਤ ਕੀਤਾ । ਪੰਜਾਬ ਚੈਪਟਰ ਦੀ ਮੀਟਿੰਗ ਟਾਂਡਾ ਵਿਖੇ ਕਾਕਾ ਸਿੰਘ ਕੋਟੜਾ ਜਨਰਲ ਸਕੱਤਰ ਬੀ.ਕੇ.ਯੂ. ਸਿੱਧੂਪੁਰ ਅਤੇ ਅਮਰਜੀਤ ਸਿੰਘ ਰੜਾ ਸੂਬਾ ਪ੍ਰਧਾਨ ਭਾਰਤੀ ਕਿਸਾਨ



ਯੂਨੀਅਨ ਆਜ਼ਾਦ ਦੀ ਪ੍ਰਧਾਨਗੀ ਹੇਠ ਕੀਤੀ ਗਈ। ਇਸ ਮੌਕੇ ਕੌਮੀ ਕਿਸਾਨ ਜਗਜੀਤ ਸਿੰਘ ਡੱਲੇਵਾਲ ਨੇ ਪੰਜਾਬ ਸਰਕਾਰ ਦੇ ਬਜਟ ਨੂੰ ਕਿਸਾਨ ਵਿਰੋਧੀ ਕਰਾਰ ਦਿੱਤਾ। ਸਚਾਈ ਇਹ ਹੈ ਕਿ ਕੇਂਦਰ ਸਰਕਾਰ ਦੀ ਤਰ੍ਹਾਂ ਪੰਜਾਬ ਸਰਕਾਰ ਵੀ ਕਾਰਪੋਰੇਟ ਘਰਾਣਿਆਂ ਦੀ ਹਿਤੈਸ਼ੀ ਹੈ ਅਤੇ ਕਿਸਾਨਾਂ ਦੇ ਮਸਲੇ ਇਨ੍ਹਾਂ ਸਰਕਾਰਾਂ ਦੇ ਏਜੰਡੇ ਵਿਚ ਨਹੀਂ ਹਨ । ਇਸੇ ਲਈ ਕਿਸਾਨਾਂ ਦੀਆਂ ਮੰਗਾਂ ਦੀ ਲੜਾਈ ਲੜਨ ਅਤੇ ਦੇਸ਼ ਦੇ ਕਿਸਾਨਾਂ ਨੂੰ ਹੱਕਾਂ ਦੀ ਰਾਖੀ ਲਈ ਲਾਮਬੰਦ ਅਤੇ ਜਾਗਰੂਕ ਕਰਨ ਲਈ ਇਹ ਯਾਤਰਾ ਕੱਢੀ ਜਾ ਰਹੀ ਹੈ ਜਿਸ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਇਸ ਯਾਤਰਾ ਦਾ ਉਦੇਸ਼ ਕਿਸਾਨ ਜਾਗਰੂਕਤਾ ਦੇ ਨਾਲ ਨਾਲ ਅਮਰੀਕਾ ਨਾਲ ਕਰ ਮੁਕਤ ਵਪਾਰ ਸਮਝੌਤੇ ਦਾ ਵਿਰੋਧ, ਬਿਲੀ ਸੋਧ ਬਿੱਲ 2020 , ਕਿਸਾਨ ਕਰਜ਼ਾ ਮੁਕਤੀ, ਖਨੌਰੀ ਸ਼ੰਭੂ ਮੋਰਚਿਆਂ 'ਤੇ ਕਿਸਾਨਾਂ 'ਤੇ ਹੋਏ ਤਸ਼ੱਦਦ ਅਤੇ ਚੋਰੀ ਹੋਏ ਸਮਾਨ ਦੀ ਭਰਪਾਈ ਅਤੇ ਸਵਾਮੀਨਾਥਨ ਰਿਪੋਰਟ ਨੂੰ ਲਾਗੂ ਕਰਨ ਦੀਆਂ ਮੰਗਾਂ ਦੀ ਅਵਾਜ਼ ਬੁਲੰਦ ਕੀਤੀ ਜਾਵੇਗੀ । ਉਕਤ ਆਗੂਆਂ ਨੇ ਦੱਸਿਆ ਕਿ ਇਸ ਯਾਤਰਾ ਦੌਰਾਨ ਸਵਾਮੀਨਾਥਨ ਰਿਪੋਰਟ ਨੂੰ ਲਾਗੂ ਕਰਵਾਉਣ , ਕਿਸਾਨਾਂ ਦੇ ਸਮੁੱਚੇ ਕਰਜ਼ ਮਾਫੀ, ਅਮਰੀਕਾ ਨਾਲ ਫ੍ਰੀ ਟਰੇਡ, ਬਿਜਲੀ ਸੋਧ ਐਕਟ ਦਾ ਵਿਰੋਧ ਕਰਨ ਦੇ ਨਾਲ ਨਾਲ ਐੱਮ. ਐੱਸ. ਪੀ. ਦੀ ਗਰੰਟੀ, ਗੰਨੇ ਦੇ ਬਕਾਏ ਅਤੇ ਹੋਰਨਾਂ ਕਿਸਾਨੀ ਮੰਗਾਂ ਦੇ ਹੱਕ ਵਿਚ ਅਵਾਜ਼ ਬੁਲੰਦ ਕੀਤੀ ਜਾਵੇਗੀ। ਇਸ ਦੇ ਨਾਲ ਹੀ ਨਜਾਇਜ਼ ਮਾਈਨਿੰਗ ਖਿਲਾਫ ਵੀ ਮੋਰਚਾ ਖੋਲਿਆ ਜਾਵੇਗਾ । ਕਸ਼ਮੀਰ ਤੋਂ ਬਾਅਦ 19 ਮਾਰਚ ਨੂੰ ਦਿੱਲੀ ਦੇ ਰਾਮਲੀਲ੍ਹਾ ਮੈਦਾਨ ਵਿਚ ਦੇਸ਼ ਦੇ ਲੱਖਾਂ ਕਿਸਾਨਾਂ ਦਾ ਇਕੱਠ ਹੋਵੇ । ਜਿੱਥੇ ਦੇਸ਼ ਦੇ ਪਿੰਡ ਪਿੰਡ ਵਿਚ ਮੰਗਾਂ ਦੇ ਮੰਗ ਪੱਤਰ ਤੇ ਹਸਤਾਖਰ ਕਰਵਾ ਕੇ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਦਿੱਤਾ ਜਾਵੇਗਾ। ਇਸ ਮੌਕੇ ਸਤਨਾਮ ਸਿੰਘ ਬਾਗੜੀਆਂ ਪ੍ਰਧਾਨ ਪਗੜੀ ਸੰਭਾਲ ਲਹਿਰ, ਹਰਪ੍ਰੀਤ ਸਿੰਘ ਸਿੱਧੂ, ਸੁਖਬੀਰ ਸਿੰਘ ਚੌਹਾਨ, ਬਾਬਾ ਹਰਪ੍ਰੀਤ ਸਿੰਘ , ਕੁਲਵਿੰਦਰ ਸਿੰਘ, ਸ਼ਰਨਦੀਪ ਸਿੰਘ, ਤਜਿੰਦਰ ਸਿੰਘ, ਕੁਲਦੀਪ ਸਿੰਘ ਗਿੱਲ, ਬਲਵੰਤ ਸਿੰਘ, ਰਵਿੰਦਰ ਸਿੰਘ, ਮਨਪ੍ਰੀਤ ਸਿੰਘ ਬਾਠ, ਹਰਪ੍ਰੀਤ ਸਿੰਘ ਸੰਧੂ, ਦਿਲਬਾਗ ਸਿੰਘ ਸਹਿਬਾਜ਼ਪੁਰ, ਬਲਜੀਤ ਸਿੰਘ ਤੱਗੜ, ਅਭਿਮੰਨਿਊ ਕੋਹਾੜ, ਅਰੁਣ ਪਟੇਲ ਸੰਤੋਸ਼ ਨਾਗਰ, ਰਾਜਵੀਰ ਸਿੰਘ, ਸ਼ਦਾਬ ਚੌਧਰੀ, ਸੁਖਦੇਵ ਸਿੰਘ ਚੀਮਾ, ਮੋਹਣਾ ਪੁਲ ਪੁਖਤਾ, ਮਿੰਟਾਂ ਚੀਮਾ, ਦਵਿੰਦਰ ਸਿੰਘ ਬਸਰਾ, ਹਰਨੇਕ ਸਿੰਘ, ਦਲਜੀਤ ਸਿੰਘ ਕੰਧਾਲਾ, ਰਵਿੰਦਰ ਸਿੰਘ ਸਹਿਬਾਜ਼ਪੁਰ, ਪ੍ਰੀਤਮ ਸਿੰਘ ਸੰਧੂ, ਬਲਜੀਤ ਸਿੰਘ, ਹਰਵਿੰਦਰ ਸਿੰਘ ਮਣੀ ਆਦਿ ਮੌਜੂਦ ਸਨ ।

# ਏ ਐੱਸ ਆਈ ਰਿਸ਼ਵਤ ਲੈਂਦਾ ਰੰਗੇ ਹੱਥੀਂ ਗ੍ਰਿਫ਼ਤਾਰ

**ਜਲੰਧਰ (ਸੁਰਿੰਦਰ ਕੁਮਾਰ, ਸ਼ੈਲੀ ਐਲਬਰਟ)**- ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਕਾਰਵਾਈ ਦੇ ਹਿੱਸੇ ਵਜੋਂ, ਪੰਜਾਬ ਵਿਜੀਲੈਂਸ ਬਿਊਰੋ ਦੀ ਟੀਮ ਨੇ ਪੁਲਸ ਸਟੇਸ਼ਨ ਨੰਬਰ 2 ਵਿੱਚ ਤਾਇਨਾਤ ਏ ਐਸ ਆਈ ਗੋਪਾਲ ਨੂੰ ਰਿਸ਼ਵਤ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ। ਰਿਪੋਰਟਾਂ ਅਨੁਸਾਰ, ਵਿਜੀਲੈਂਸ ਟੀਮ ਨੇ ਪੁਲਸ ਸਟੇਸ਼ਨ ਨੰਬਰ 2 'ਤੇ ਛਾਪਾ ਮਾਰਿਆ ਅਤੇ ਏ ਐੱਸ ਆਈ ਗੋਪਾਲ ਨੂੰ ਰੰਗੇ ਹੱਥੀਂ ਫੜ ਲਿਆ। ਟੀਮ ਨੇ ਰਿਸ਼ਵਤ ਵਜੋਂ ਲਈ ਗਈ 8,000 ਰੁਪਏ ਦੀ ਨਕਦੀ ਵੀ ਬਰਾਮਦ ਕੀਤੀ। ਦੱਸਿਆ ਜਾ ਰਿਹਾ ਹੈ ਕਿ ਵਿਜੀਲੈਂਸ ਨੂੰ ਸ਼ਿਕਾਇਤ ਮਿਲੀ ਸੀ ਕਿ ਏ ਐਸ ਆਈ ਗੋਪਾਲ ਇੱਕ ਵਿਅਕਤੀ ਨੂੰ ਕੇਸ ਵਿੱਚ ਨਾਮਜ਼ਦ ਕਰਨ ਦੀ ਧਮਕੀ ਦੇ ਕੇ ਪੈਸੇ ਮੰਗ ਰਿਹਾ ਸੀ। ਸ਼ਿਕਾਇਤ ਤੋਂ ਬਾਅਦ, ਵਿਜੀਲੈਂਸ ਟੀਮ ਨੇ ਟ੍ਰੈਪ ਲਗਾਇਆ ਅਤੇ ਮੁਲਜ਼ਮ ਏ ਐਸ ਆਈ ਨੂੰ ਮੌਕੇ 'ਤੇ ਹੀ ਗ੍ਰਿਫ਼ਤਾਰ ਕਰ ਲਿਆ। ਵਿਜੀਲੈਂਸ ਅਧਿਕਾਰੀਆਂ ਅਨੁਸਾਰ ਮਾਮਲੇ ਦੀ ਜਾਂਚ ਜਾਰੀ ਹੈ ਅਤੇ ਪੁਲਿਸ ਸਟੇਸ਼ਨ ਨੰਬਰ 2 ਤੋਂ ਰਿਕਾਰਡ ਪ੍ਰਾਪਤ ਕੀਤੇ ਜਾ ਰਹੇ ਹਨ। ਘਟਨਾ ਤੋਂ ਬਾਅਦ ਇਲਾਕੇ ਵਿੱਚ ਕਾਫ਼ੀ ਹੰਗਾਮਾ ਹੋਇਆ।

# ਸਰਕਾਰ ਨੇ ਵੱਖ-ਵੱਖ ਸਕੀਮਾਂ ਤਹਿਤ ਲਾਭਕਾਰਾਂ ਦੇ ਖਾਤਿਆਂ ਵਿੱਚ ਪਹੁੰਚਾਏ 3,309 ਕਰੋੜ ਰੁਪਏ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਆਪਣੇ ਹਰ ਸੰਕਲਪ ਨੂੰ ਪੂਰੀ ਵਚਨਬੱਧਤਾ ਨਾਲ ਪੂਰਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦਾ ਵਿਜ਼ਨ 'ਵਿਕਸਿਤ ਭਾਰਤ' ਦਾ ਵਿਜ਼ਨ ਹੈ ਤੇ ਉਸੇ ਦਿਸ਼ਾ ਵਿੱਚ ਹਰਿਆਣਾ ਸਰਕਾਰ ਵੀ ਲਗਾਤਾਰ ਕੰਮ ਕਰ ਰਹੀ ਹੈ।ਮੁੱਖ ਮੰਤਰੀ ਵਿਧਾਨ ਸਭਾ ਵਿੱਚ ਚੱਲ ਰਹੇ ਬਜਟ ਸੈਸ਼ਨ ਦੌਰਾਨ ਬੋਲ ਰਹੇ ਸਨ। ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਵਚਨਬੱਧਤਾ ਦੀ ਹੀ ਮਿਸਾਲ ਹੈ ਕਿ ਰਾਜ ਸਰਕਾਰ ਵੱਲੋਂ ਹਾਲ ਹੀ ਵਿੱਚ ਵੱਖ-ਵੱਖ ਸਕੀਮਾਂ ਤਹਿਤ ਵੱਡੀ ਰਾਸ਼ੀ ਸਿੱਧੀ ਲਾਭਕਾਰਾਂ ਦੇ ਖਾਤਿਆਂ ਵਿੱਚ ਜਾਰੀ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ 3 ਮਾਰਚ 2026 ਨੂੰ ਹਰਿਆਣਾ ਰਾਜ ਦੀਆਂ 602 ਗਊਸ਼ਾਲਾਵਾਂ ਨੂੰ 68 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ।ਉਨ੍ਹਾਂ ਨੇ ਸਦਨ ਨੂੰ ਜਾਣੂ ਕਰਵਾਇਆ ਕਿ 8 ਮਾਰਚ 2026 ਨੂੰ ਅੰਤਰਰਾਸ਼ਟਰੀ ਮਹਿਲਾ ਦਿਵਸ ਦੇ ਮੌਕੇ 'ਤੇ ਰਾਜ ਸਰਕਾਰ ਵੱਲੋਂ 35 ਲੱਖ ਮਹਿਲਾਵਾਂ ਨੂੰ ਵੱਖ-ਵੱਖ ਸਕੀਮਾਂ ਤਹਿਤ 1,357 ਕਰੋੜ ਰੁਪਏ ਜਾਰੀ ਕੀਤੇ ਗਏ।ਮੁੱਖ ਮੰਤਰੀ ਨੇ ਦੱਸਿਆ ਕਿ 9 ਮਾਰਚ 2026 ਨੂੰ ਵੱਖ-ਵੱਖ ਸਮਾਜਿਕ ਸੁਰੱਖਿਆ ਸਕੀਮਾਂ ਦੇ ਨਾਲ-ਨਾਲ ਵੱਖ-ਵੱਖ ਸਕੀਮਾਂ ਤਹਿਤ 1,884 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ। ਇਸ ਵਿੱਚ ਬੁਢਾਪਾ ਪੈਨਸ਼ਨ, ਦਿਆਲੂ ਯੋਜਨਾ ਅਤੇ ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਸਮੇਤ ਹੋਰ ਸਕੀਮਾਂ ਦੇ ਲਾਭਕਾਰਾਂ ਨੂੰ ਲਾਭ ਪ੍ਰਦਾਨ ਕੀਤਾ ਗਿਆ ਹੈ।



# ਫਰੀ ਮੈਡੀਕਲ ਤੇ ਅੱਖਾਂ ਦਾ ਚੈੱਕਅਪ ਕੈਂਪ

**ਬੰਗਾ (ਅਵਤਾਰ ਕਲੇਰ)** ਗੁਰਦੁਆਰਾ ਸ੍ਰੀ ਸਰੋਵਰ ਸਾਹਿਬ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਜੀ, ਪਿੰਡ ਗੁਣਾਚੌਰ ਵਿਖੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵੱਲੋਂ ਮਨਧੀਰ ਸਿੰਘ ਚੱਠਾ, ਅਨਮੋਲਦੀਪ ਸਿੰਘ ਚੱਠਾ, ਸਮੂਹ ਚੱਠਾ ਪਰਿਵਾਰ ਅਤੇ ਰੋਟਰੀ ਕਲੱਬ ਬੰਗਾ ਦੇ ਸਹਿਯੋਗ ਨਾਲ ਫਰੀ ਮੈਡੀਕਲ ਚੈੱਕਅੱਪ ਕੈਂਪ ਅਤੇ ਅੱਖਾਂ ਦਾ ਚੈੱਕਅੱਪ ਕੈਂਪ ਲਗਾਇਆ ਜਿਸ ਦਾ 360 ਤੋਂ ਵੱਧ ਮਰੀਜ਼ਾਂ ਨੇ ਚੈੱਕਅੱਪ ਕਰਵਾ ਕੇ ਲਾਭ ਪ੍ਰਾਪਤ ਕੀਤਾ। ਇਸ ਕੈਂਪ ਦਾ ਉਦਘਾਟਨ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਆਪਣੇ ਕਰ ਕਮਲਾਂ ਨਾਲ ਕੀਤਾ। ਇਸ ਮੌਕੇ ਉਹਨਾਂ ਦਾ ਸਹਿਯੋਗ ਮਨਧੀਰ ਸਿੰਘ ਚੱਠਾ ਪ੍ਰਧਾਨ ਗੁਰਦੁਆਰਾ ਸ੍ਰੀ ਸਰੋਵਰ ਸਾਹਿਬ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਜੀ ਨੇ ਦਿੱਤਾ। ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਸੰਬੋਧਨ ਕਰਦੇ ਇਲਾਕੇ ਦੇ ਲੋੜਵੰਦਾਂ ਵਾਸਤੇ ਸਮਾਜ ਸੇਵਕ ਮਨਧੀਰ ਸਿੰਘ ਚੱਠਾ, ਉਹਨਾਂ ਦੇ ਬੇਟੇ ਅਨਮੋਲਦੀਪ ਸਿੰਘ ਚੱਠਾ ਤੇ ਪਰਵਾਰ ਵੱਲੋਂ ਫਰੀ ਮੈਡੀਕਲ ਅਤੇ ਅੱਖਾਂ ਦਾ ਚੈੱਕਅੱਪ



ਕੈਂਪ ਲਗਾਉਣ ਦੇ ਕਾਰਜ ਦੀ ਸ਼ਲਾਘਾ ਕੀਤੀ। ਉਹਨਾਂ ਨੇ ਦੱਸਿਆ ਕਿ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵੱਲੋਂ ਐੱਨ ਆਰ ਆਈ. ਦਾਨੀ ਸੱਜਣਾਂ ਤੇ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਲੋੜਵੰਦਾਂ ਨੂੰ ਮਿਆਰੀ ਇਲਾਜ ਸੇਵਾਵਾਂ ਫਰੀ ਮੈਡੀਕਲ ਕੈਂਪਾਂ ਰਾਹੀਂ ਪ੍ਰਦਾਨ ਕੀਤੀਆਂ ਜਾਂਦੀਆਂ ਹਨ। ਸਮਾਜ ਸੇਵਕ ਮਨਧੀਰ ਸਿੰਘ ਚੱਠਾ ਨੇ ਕੈਂਪ ਨੂੰ ਸਫਲ ਕਰਨ ਲਈ ਦਿੱਤੇ ਭਰਪੂਰ ਸਹਿਯੋਗ ਦੇਣ ਲਈ ਸਮੂਹ ਸੰਗਤਾਂ ਦਾ, ਰੋਟਰੀ ਕਲੱਬ ਬੰਗਾ ਅਤੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦਾ ਧੰਨਵਾਦ ਕੀਤਾ। ਪ੍ਰਵੀਨ ਕੁਮਾਰ ਪ੍ਰਧਾਨ ਰੋਟਰੀ ਕਲੱਬ ਬੰਗਾ ਨੇ ਵੀ ਸੰਬੋਧਨ ਕੀਤਾ।ਡਾ. ਟੀ. ਅਗਰਵਾਲ, ਡਾ. ਕੁਲਦੀਪ ਸਿੰਘ, ਡਾ.ਹਰਜਿੰਦਰ ਸਿੰਘ ਕਮਾਮ ਅਤੇ ਅਪਥੈਲਮਿਕ ਅਫਸਰ ਦਲਜੀਤ ਕੌਰ ਵੱਲੋਂ ਕੈਂਪ ਵਿਚ ਆਏ ਮਰੀਜ਼ਾਂ ਦਾ ਮੁਫ਼ਤ ਚੈੱਕਅੱਪ ਕੀਤਾ। ਕੈਂਪ ਮਰੀਜ਼ਾਂ ਨੂੰ ਫਰੀ ਦਵਾਈਆਂ ਅਤੇ ਫਰੀ ਐਨਕਾਂ ਪ੍ਰਦਾਨ ਕੀਤੀਆਂ । ਮਰੀਜ਼ਾਂ ਦੇ ਸ਼ੂਗਰ ਟੈਸਟ ਵੀ ਹਸਪਤਾਲ ਦੇ ਲੈਬ ਕਰਮਚਾਰੀਆਂ ਵੱਲੋਂ ਕੀਤੇ ਗਏ । ਕੈਂਪ ਵਿਚ ਮਰੀਜ਼ਾਂ ਦੀ ਸਾਂਭ ਸੰਭਾਲ ਲਈ ਲੈਫ: ਕਰਨਲ (ਰ) ਸ਼ਰਨਜੀਤ ਸਿੰਘ ਵਾਈਸ ਪ੍ਰਧਾਨ ਰੋਟਰੀ ਕਲੱਬ ਬੰਗਾ, ਸੁਰਿੰਦਰ ਸਿੰਘ ਢੀਂਡਸਾ ਸਾਬਕਾ ਪ੍ਰਧਾਨ, ਸੁਰਜੀਤ ਸਿੰਘ ਬੀਸਲਾ, ਮਾਸਟਰ ਅਜੀਤ ਸਿੰਘ, ਰਾਜਾ ਸ਼ੇਰਗਿੱਲ, ਰਾਜਵਿੰਦਰ ਸਿੰਘ, ਬਲਵੀਰ ਸਿੰਘ, ਪਰਮਜੀਤ ਸਿੰਘ, ਸੁਖਵੀਰ ਸਿੰਘ ਥਾਂਦੀ, ਜਤਿੰਦਰ ਸਿੰਘ ਸੋਨੂੰ ਅਤੇ ਇਲਾਕਾ ਨਿਵਾਸੀ ਪਤਵੰਤੇ ਵੀ ਕੈਂਪ ਮਰੀਜ਼ਾਂ ਦੀ ਸੇਵਾ ਸੰਭਾਲ ਲਈ ਹਾਜ਼ਰ ਸਨ।

# ਸਿਮਟ ਵੱਲੋਂ ਟਾਈ-ਐਂਡ-ਡਾਈ ਵਰਕਸ਼ਾਪ

**ਗੁਰਾਇਆ (ਬਿੰਦਰ ਸੁਮਨ)** ਸ੍ਰੀ ਹਨੂੰਮਤ ਇੰਸਟੀਟਿਊਟ ਆਫ ਮੈਨੇਜਮੈਂਟ ਐਂਡ ਟੈਕਨੋਲੋਜੀ (ਸ਼ਿਮਟ) ਦੇ ਫੈਸ਼ਨ ਡਿਜ਼ਾਈਨ (ਐੱਫ ਡੀ) ਵਿਭਾਗ ਨੇ ਰੰਗੋ ਉਤਸਵ 2026 ਦੇ ਜਸ਼ਨਾਂ ਦੇ ਹਿੱਸੇ ਵਜੋਂ ਇੱਕ ਆਕਰਸ਼ਕ ਟਾਈ ਅਤੇ ਡਾਈ ਵਰਕਸ਼ਾਪ ਦਾ ਆਯੋਜਨ ਕੀਤਾ। ਵਰਕਸ਼ਾਪ ਦਾ ਉਦੇਸ਼ ਵਿਦਿਆਰਥੀਆਂ ਨੂੰ ਰਵਾਇਤੀ ਟੈਕਸਟਾਈਲ ਡਿਜ਼ਾਈਨਿੰਗ ਤਕਨੀਕਾਂ ਨਾਲ ਵਿਹਾਰਕ ਸੰਪਰਕ ਪ੍ਰਦਾਨ ਕਰਨਾ ਅਤੇ ਉਨ੍ਹਾਂ ਦੇ ਸਿਰਜਣਾਤਮਕ ਹੁਨਰ ਨੂੰ ਵਧਾਉਣਾ ਸੀ। ਪ੍ਰਿੰਸੀਪਲ ਡਾ. ਪਲਵਿੰਦਰ ਕੁਮਾਰ ਨੇ ਵਿਦਿਆਰਥੀਆਂ ਨੂੰ ਰਵਾਇਤੀ ਟੈਕਸਟਾਈਲ ਤਕਨੀਕਾਂ ਰਾਹੀਂ ਰਚਨਾਤਮਕਤਾ ਦੀ ਪੜਚੋਲ ਕਰਨ ਲਈ ਉਤਸ਼ਾਹਿਤ ਕੀਤਾ। ਵਰਕਸ਼ਾਪ ਦਾ ਆਯੋਜਨ ਅਤੇ ਸੰਚਾਲਨ ਐੱਫ. ਡੀ. ਵਿਭਾਗ ਦੇ ਮੁਖੀ ਨਵਦੀਪ ਡੋਗਰਾ ਨੇ ਸਹਾਇਕ ਪ੍ਰੋਫੈਸਰ ਸੋਨਮ ਵੋਹਰਾ ਨਾਲ ਕੀਤਾ ।ਵਰਕਸ਼ਾਪ ਦੌਰਾਨ, ਵਿਦਿਆਰਥੀਆਂ ਨੇ ਵੱਖ-ਵੱਖ ਢੰਗ ਸਿੱਖੇ ਅਤੇ ਵੱਖ-ਵੱਖ ਪੈਟਰਨਾਂ ਅਤੇ ਰੰਗ ਸੰਜੋਗਾਂ ਨਾਲ ਪ੍ਰਯੋਗ ਕੀਤੇ। ਹਿੱਸਾ ਲੈਣ ਵਾਲਿਆਂ ਨੇ ਕੁਸ਼ਤੀਆਂ, ਕਿਤਾਬਾਂ ਦੇ ਕਵਰ, ਕੱਪੜੇ, ਸਕਾਰਫ਼, ਹੈਂਡਬੈਗ ਅਤੇ ਹੋਰ ਫੈਬਰਿਕ ਉਤਪਾਦਾਂ ਵਰਗੀਆਂ ਸੁੰਦਰ ਚੀਜ਼ਾਂ ਤਿਆਰ ਕੀਤੀਆਂ।

# ਰੰਧਾਵਾ ਨੇ ਲਾਲੜੂ ਨੂੰ ਸਬ-ਤਹਿਸੀਲ ਦਾ ਦਰਜਾ ਦੇਣ ਲਈ ਵਿਧਾਨ ਸਭਾ 'ਚ ਚੁੱਕਿਆ ਮੁੱਦਾ

**ਲਾਲੜੂ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਹਲਕੇ ਤੋਂ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਆਪਣੇ ਕੀਤੇ ਵਾਅਦੇ ਨੂੰ ਪੂਰਾ ਕਰਦੇ ਹੋਏ ਪੰਜਾਬ ਵਿਧਾਨ ਸਭਾ ਦੇ ਇਜਲਾਸ ਦੌਰਾਨ ਲਾਲੜੂ



ਸ਼ਹਿਰ ਵਿੱਚ ਸਬ-ਤਹਿਸੀਲ ਬਣਾਉਣ ਦੀ ਮੰਗ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ।ਉਨ੍ਹਾਂ ਦੱਸਿਆ ਕਿ ਪਿਛਲੇ ਦਿਨੀਂ ਲਾਲੜੂ ਵਪਾਰ ਮੰਡਲ ਨਾਲ ਹੋਈ ਮੀਟਿੰਗ ਦੌਰਾਨ ਵਪਾਰੀਆਂ ਅਤੇ ਸ਼ਹਿਰ ਵਾਸੀਆਂ ਵੱਲੋਂ ਲਾਲੜੂ ਵਿੱਚ ਸਬ-ਤਹਿਸੀਲ ਬਣਾਉਣ ਦੀ ਮੰਗ ਕੀਤੀ ਗਈ ਸੀ। ਇਸ ਮੰਗ ਨੂੰ ਧਿਆਨ ਵਿੱਚ ਰੱਖਦੇ ਹੋਏ ਉਨ੍ਹਾਂ ਇਹ ਮਾਮਲਾ ਵਿਧਾਨ ਸਭਾ ਵਿੱਚ ਰੱਖਿਆ।ਵਿਧਾਇਕ ਰੰਧਾਵਾ ਨੇ ਕਿਹਾ ਕਿ ਲਾਲੜੂ ਅਤੇ ਨੇੜਲੇ ਇਲਾਕਿਆਂ ਦੇ ਲੋਕਾਂ ਨੂੰ ਆਪਣੇ ਰੈਵਨਿਊ ਸਬੰਧੀ ਕੰਮਾਂ ਲਈ ਦੂਰ ਜਾਣਾ ਪੈਂਦਾ ਹੈ, ਜਿਸ ਕਾਰਨ ਲੋਕਾਂ ਨੂੰ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਲਾਲੜੂ ਵਿੱਚ ਸਬ-ਤਹਿਸੀਲ ਬਣਾਈ ਜਾਂਦੀ ਹੈ ਤਾਂ ਇਲਾਕੇ ਦੇ ਹਜ਼ਾਰਾਂ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਵਿਧਾਨ ਸਭਾ ਵਿੱਚ ਆਪਣੀ ਗੱਲ ਰੱਖਦਿਆਂ ਰੰਧਾਵਾ ਨੇ ਦੱਸਿਆ ਕਿ ਡੇਰਾਬੱਸੀ ਵਿਧਾਨ ਸਭਾ ਹਲਕੇ ਦੀ ਆਬਾਦੀ ਲਗਭਗ 15 ਲੱਖ ਦੇ ਕਰੀਬ ਹੈ ਅਤੇ ਉਹ ਦਾਅਵੇ ਨਾਲ ਕਹਿ ਸਕਦੇ ਹਨ ਕਿ 117 ਹਲਕਿਆਂ ਵਿੱਚੋਂ ਸਭ ਤੋਂ ਵੱਧ ਆਬਾਦੀ ਉਨ੍ਹਾਂ ਦੇ ਹਲਕੇ ਦੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਜਿੱਥੇ ਸਬ-ਤਹਿਸੀਲ ਦੀ ਮੰਗ ਕੀਤੀ ਗਈ ਹੈ, ਉਸ ਖੇਤਰ ਵਿੱਚ ਲਗਭਗ 40 ਪਿੰਡ, ਦੋ ਸ਼ਹਿਰ ਅਤੇ ਇੱਕ ਲੱਖ ਤੋਂ ਵੱਧ ਆਬਾਦੀ ਆਉਂਦੀ ਹੈ, ਜੋ ਕਿ ਸਬ-ਡਿਵੀਜ਼ਨ ਦੇ ਮਿਆਰਾਂ ਨੂੰ ਪੂਰਾ ਕਰਦੀ ਹੈ।

# ਅਨੁਜ ਵਸ਼ਿਸ਼ਟ ਦੀ ਬੇਵਕਤੀ ਮੌਤ ਪੂਰੇ ਦੇਸ਼ ਲਈ ਨਾ ਪੂਰਾ ਹੋਣ ਵਾਲਾ ਘਾਟਾ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਹਰਿਆਣਾ ਵਿਧਾਨ ਸਭਾ ਵਿੱਚ ਚੱਲ ਰਹੇ ਬਜਟ ਸੈਸ਼ਨ ਦੌਰਾਨ ਸਦਨ ਵਿੱਚ ਸੋਗ ਮਤਾ ਪੜ੍ਹਦਿਆਂ ਸਕੁਐਡਰਨ ਲੀਡਰ ਅਨੁਜ ਵਸ਼ਿਸ਼ਟ ਅਤੇ ਜ਼ਿਲ੍ਹਾ ਜੀਂਦ ਦੇ ਸਫੀਦੋਂ ਵਿੱਚ ਹੋਏ ਦਰਦਨਾਕ ਹਾਦਸੇ ਵਿੱਚ ਜਾਨ ਗੁਆਉਣ ਵਾਲੀਆਂ 7 ਮਹਿਲਾਵਾਂ ਦੇ ਦਿਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਨੇ ਸ਼ੋਕ ਗ੍ਰਸਤ ਪਰਵਾਰਾਂ ਪ੍ਰਤੀ ਆਪਣੀ ਦਿਲੀ ਹਮਦਰਦੀ ਪ੍ਰਗਟ ਕੀਤੀ।ਮੁੱਖ ਮੰਤਰੀ ਨੇ ਕਿਹਾ ਕਿ ਸਕੁਐਡਰਨ ਲੀਡਰ ਅਨੁਜ ਵਸ਼ਿਸ਼ਟ ਨੇ ਦੇਸ਼ ਦੀ ਸੇਵਾ ਵਿੱਚ ਆਪਣੀ ਜ਼ਿਮੇਵਾਰੀਆਂ ਨਿਭਾਉਂਦੇ ਹੋਏ ਅਦੁੱਤੀ ਸਾਹਸ ਅਤੇ ਸਮਰਪਣ ਦਾ ਸਬੂਤ ਦਿੱਤਾ। ਉਨ੍ਹਾਂ ਦਾ ਬੇਵਕਤੀ ਦਿਹਾਂਤ ਪੂਰੇ ਦੇਸ਼ ਲਈ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਰੱਖਿਆ ਵਿੱਚ ਯੋਗਦਾਨ ਪਾਉਣ ਵਾਲੇ ਬਹਾਦਰ ਸੈਨਿਕਾਂ ਦੀ ਕੁਰਬਾਨੀ ਅਤੇ ਬਲੀਦਾਨ ਹਮੇਸ਼ਾ ਯਾਦ ਰੱਖਿਆ ਜਾਵੇਗਾ। ਮੁੱਖ ਮੰਤਰੀ ਨੇ ਜੀਂਦ ਜ਼ਿਲ੍ਹੇ ਦੇ ਸਫੀਦੋਂ ਖੇਤਰ ਵਿੱਚ ਹੋਏ ਹਾਦਸੇ ਵਿੱਚ 7 ਮਹਿਲਾਵਾਂ ਦੀ ਮੌਤ 'ਤੇ ਵੀ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਦੁਖਦਾਈ ਘਟਨਾ ਹੈ, ਜਿਸ ਨੇ ਪੂਰੇ ਸੂਬੇ ਨੂੰ ਸੋਗ ਵਿੱਚ ਡੁਬੋ ਦਿੱਤਾ ਹੈ।

# ਜੰਡੂ ਸਿੰਘਾ ਦੁੱਧ ਉਤਪਾਦਕ ਸਹਿਕਾਰੀ ਸਭਾ ਲਿਮ: ਦੀ ਚੋਣ 17 ਨੂੰ

**ਆਦਮਪੁਰ (ਪਰਮਜੀਤ ਸਿੰਘ)**- ਪ੍ਰਸ਼ਾਸਕ ਨਿਸ਼ਾਨਪ੍ਰੀਤ ਅੱਤਰੀ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਦੀ ਜੰਡੂ ਸਿੰਘਾ ਦੁੱਧ ਉਤਪਾਦਕ ਸਹਿਕਾਰੀ ਸਭਾ ਲਿਮ. ਜੰਡ ਸਿੰਘਾ ਦੀ ਚੋਣ 17 ਮਾਰਚ ਨੂੰ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਇਹ ਚੋਣ ਸਬੰਧੀ ਹਾਜ਼ਰੀ ਸਵੇਰੇ 9 ਤੋਂ 11 ਵਜੇ ਤੱਕ 17 ਮਾਰਚ ਨੂੰ ਲੱਗੇਗੀ ਅਤੇ ਵੋਟਿੰਗ ਸ਼ਾਮ 5 ਵਜੇ ਤੋਂ ਬਾਅਦ ਹੋਵੇਗੀ। ਜਿਸ ਵੱਚ ਸੁਸਾਇਟੀ ਦੇ ਮੈਂਬਰ ਆਪਣੀ ਵੋਟ ਦਾ ਇਸਤੇਮਾਲ ਕਰ ਸਕਣਗੇ। ਉਨ੍ਹਾਂ ਦੱਸਿਆ ਕਿ ਸਭਾ ਦੀ ਕਮੇਟੀ ਦੀ ਮਿਆਦ 28 ਦਸੰਬਰ 2025 ਨੂੰ ਖਤਮ ਹੋ ਚੁੱਕੀ ਸੀ। ਜਿਸ ਦੇ ਲਈ ਸਭਾ ਦਾ ਕੰਮ ਕਾਰ ਚਲਾਉਣ ਲਈ ਸਭਾ ਦੀ ਚੋਣ ਕਰਾਉਣੀ ਜ਼ਰੂਰੀ ਹੈ ਤੇ ਸਭਾ ਦੀ ਪ੍ਰਬੰਧਕ ਕਮੇਟੀ ਦੀ ਚੋਣ ਵਾਸਤੇ 9 ਮੈਂਬਰ ਚੁਣੇ ਜਾਣੇ ਹਨ। ਇਕ ਸੀਟ ਅਨੁਸੂਚਿਤ ਜਾਤੀ ਰਾਖਵੀਂ ਹੋਵੇਗੀ ਅਤੇ ਦੋ ਸੀਟਾਂ ਇਸਤਰੀ ਉਮੀਦਵਾਰ ਲਈ ਰਾਖਵੀਂਆਂ ਰੱਖੀਆਂ ਗਈਆਂ ਹਨ। ਉਨ੍ਹਾਂ ਕਿਹਾ ਇਹ ਚੋਣ 17 ਮਾਰਚ ਨੂੰ ਸਭਾ ਦੇ ਦਫਤਰ ਪਿੰਡ ਜੰਡੂ ਸਿੰਘਾ, ਜ਼ਿਲ੍ਹਾ ਜਲੰਧਰ ਵਿਖੇ ਹੋਵੇਗੀ।

# ਜਾਗੋ ਵੈੱਲਫੇਅਰ ਸੋਸਾਇਟੀ ਨੇ ਖ਼ੂਨਦਾਨ ਕੈਂਪ ਲਗਾਇਆ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਜਾਗੋ ਵੈਲਫੇਅਰ ਸੁਸਾਇਟੀ ਨੇ ਮਹਿਲਾ ਦਿਵਸ ਨੂੰ ਸਮਰਪਿਤ ਮਾਹਿਲਪੁਰ ਵਿਖੇ 12ਵਾਂ ਖੂਨਦਾਨ ਕੈਂਪ ਲਗਾਇਆ ਇਸ ਮੌਕੇ ਤੇ 33 ਖੂਨ



ਦਾਨੀਆਂ ਨੇ ਖੂਨਦਾਨ ਕੀਤਾ। ਇਸ ਮੌਕੇ 'ਤੇ ਡਾਕਟਰ ਜਸਵੰਤ ਸਿੰਘ ਸੀਨੀਅਰ ਮੈਡੀਕਲ ਅਫ਼ਸਰ ਸਰਕਾਰੀ ਹਸਪਤਾਲ ਮਹਿਲਪੁਰ ਨੇ ਕੈਂਪ ਦੇ ਮੁੱਖ ਮਹਿਮਾਨ ਦੇ ਤੌਰ ਤੇ ਸਿਰਕਤ ਕੀਤੀ ਅਤੇ ਕੈਂਪ ਦਾ ਉਦਘਾਟਨ ਕੀਤਾ।ਖਾਲਸਾ ਕਾਲਜ ਮਾਹਿਲਪੁਰ ਦੇ ਪ੍ਰਿੰਸੀਪਲ ਪਰਵਿੰਦਰ ਸਿੰਘ ਨੇ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਇਸ ਪ੍ਰੋਗਰਾਮ ਵਿੱਚ ਸਿਰਕਤ ਕੀਤੀ।ਜੀਵਨ ਚੰਦੇਲੀ ਸਮਾਜ ਸੇਵੀ ਨੂੰ ਵਿਸ਼ੇਸ਼ ਤੌਰ ਤੇ ਸੁਸਾਇਟੀ ਵੱਲੋਂ ਸਨਮਾਨਤ ਕੀਤਾ ਗਿਆ। ਜੀਵਨ ਚੰਦੇਲੀ ਜੀ ਸਮਾਜਿਕ ਕੰਮਾਂ ਅਤੇ ਸਭਿਆਚਾਰਿਕ ਕੰਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਂਦੇ ਹਨ ਤੇ ਕਾਫੀ ਵਧੀਆ ਲੇਖਕ ਵੀ ਹਨ।ਪ੍ਰਿੰਸੀਪਲ ਸਰਬਜੀਤ ਸਿੰਘ ਜਾਗੋ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਅਤੇ ਸਕੱਤਰ ਆਰ ਕੇ ਭਾਟੀਆ ਨੇ ਸਾਂਝੇ ਤੌਰ ਤੇ ਬੋਲਦਿਆਂ ਦੱਸਿਆ ਕਿ ਅਜਿਹੇ ਸਮਾਜਿਕ ਕਾਰਜ ਹਮੇਸ਼ਾ ਚੱਲਦੇ ਰਹਿਣਾ ਚਾਹੀਦਾ ਤਾਂ ਜੋ ਕਿ ਸਮਾਜ ਵਿੱਚ ਇੱਕ ਚੰਗਾ ਸੁਨੇਹਾ ਜਾਵੇ। ਉਹਨਾਂ ਨੇ ਮਹਿਲਾ ਦਿਵਸ ਤੇ ਬੋਲਦਿਆਂ ਕਿਹਾ ਕਿ ਤੇ ਮਹਿਲਾਵਾਂ ਨੂੰ ਬਣਦੇ ਬਰਾਬਰ ਦੇ ਅਧਿਕਾਰ ਮਿਲਣੇ ਚਾਹੀਦੇ ਹਨ।ਦੋਆਬਾ ਵਾਤਾਵਰਣ ਪ੍ਰੇਮੀ ਕਮੇਟੀ ਮਾਹਿਲਪੁਰ ਵੱਲੋਂ ਖੂਨਦਾਨ ਦਾਨ ਕਰਨ ਵਾਲੇ ਦਾਨੀਆਂ ਨੂੰ ਅੰਬ ਦੇ ਬੂਟੇ ਵੰਡ ਕੇ ਸਭਿਆਚਾਰ ਅਤੇ ਵਿਰਾਸਿਤ ਨਾਲ ਜੁੜਨ ਦਾ ਸੁਨੇਹਾ ਦਿੱਤਾ। ਇਸ ਮੌਕੇ ਤੇ ਦੋਆਬਾ ਵਾਤਾਵਰਨ ਪ੍ਰੇਮੀ ਕਮੇਟੀ ਦੇ ਪ੍ਰਧਾਨ ਬੱਬੂ ਮਹਿਲਪੁਰੀ ਜੀ ਸਾਬਕ ਐਮ ਸੀ ਜਗਦੀਪ ਸਿੰਘ ਸਿੰਘ ਤੇ ਕਮੇਟੀ ਸਮੂਹ ਮੈਂਬਰ ਹਾਜ਼ਰ ਸਨ। ਸਰਕਾਰੀ ਹਸਪਤਾਲ ਦੀ ਬਲੱਡ ਬੈਂਕ ਖੂਨਦਾਨ ਕੈਂਪ ਖੂਨ ਦਾਨੀਆਂ ਵੱਲੋਂ ਦਿੱਤੇ ਗਏ ਯੂਨਿਟਾਂ ਨੂੰ ਇਕੱਠਾ ਕਰਨ ਵਿੱਚ ਪੂਰਨ ਸਹਿਯੋਗ ਦਿੱਤਾ। ਇਸ ਮੌਕੇ ਤੇ ਆਰ ਆਰ ਭਾਟੀਆ,ਨਿਰਮਲ ਨੋਲੀ, ਬਿੱਲਾ ਖੜੋਦੀ, ਗੁਰਮਿੰਦਰ ਕੈਂਡੋਵਾਲ ,ਰਾਉ ਕੈਂਡੋਵਾਲ, ਡਾਕਟਰ ਮੋਹਨ ਲਾਲ, ਗੁਰਜੀਤ ਭਾਰਟਾ ਅਮਨਦੀਪ ਬੜੀਆਂ, ਮਾਸਟਰ ਕਰਨੈਲ ਸਿੰਘ, ਰਵਿੰਦਰ ਸਿੰਘ ਰੋਕੀ ਸਲੂ, ਵਿੱਕੀ ਭਾਟੀਆ ਵਿੱਕੀ ਨਮੋਲੀਆਂ, ਸੰਨੀ ਰਾਠੌਰ, ਗ੍ਰੀਸ ਪਬੀ, ਮਨੀਸ਼ ਬੱਬੀ, ਸੁਖਵਿੰਦਰ ਸਿੰਘ ਸਰਪੰਚ, ਕਿਸ਼ੋਰੀ ਲਾਲ, ਸਚਿਨ ਪੱਬੀ , ਇਸਾਨ ਪੱਬੀ, ਬੰਦਨਾ ਇਸ਼ਾ ਨ ਪੱਬੀ, ਮਾਸਟਰ ਰਾਜਵੀਰ, ਹਰਜਿੰਦਰ ਸਿੰਘ, ਪੱਬੀ,ਰਾਧਿਕਾ ਪੱਬੀ, ਮਨਦੀਪ ਸਿੰਘ,ਕੁਲਵਿੰਦਰ ਕੌਰ ਭਾਟੀਆ, ਕੰਚਨ ਬਾਲਾ, ਗੁਰਪ੍ਰੀਤ ਕੌਰ, ਹਰਜੀਤ ਕੌਰ, ਅਮਨਦੀਪ ਕੌਰ ਖੇੜਾ ਅਤੇ ਬਹੁਤ ਸਾਰੇ ਮੈਂਬਰ ਹਾਜ਼ਰ ਸਨ।

# ਜੰਗ ਦੌਰਾਨ ਪੀਣ ਵਾਲੇ ਪਾਣੀ ਦੇ ਸਰੋਤਾਂ 'ਤੇ ਹਮਲੇ ਕਰਨ ਦੀ ਸੀਚੇਵਾਲ ਵੱਲੋਂ ਸਖ਼ਤ ਨਿੰਦਾ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਰਾਜ ਸਭਾ ਮੈਂਬਰ ਅਤੇ ਪ੍ਰਸਿੱਧ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਜੰਗ ਦੌਰਾਨ ਪੀਣ ਵਾਲੇ ਪਾਣੀ ਦੇ ਸਰੋਤਾਂ 'ਤੇ ਕੀਤੇ ਜਾ ਰਹੇ ਹਮਲਿਆਂ ਦੀ ਕੜੀ ਨਿੰਦਾ ਕੀਤੀ ਹੈ। ਉਨ੍ਹਾਂ ਇੱਥੋਂ ਜਾਰੀ ਇਕ ਪ੍ਰੈਸ ਬਿਆਨ ਵਿੱਚ ਕਿਹਾ ਕਿ ਜੰਗ ਦੀ ਸਥਿਤੀ ਵਿੱਚ ਵੀ ਮਨੁੱਖਤਾ ਤੇ ਅੰਤਰਰਾਸ਼ਟਰੀ ਯੁੱਧ ਨਿਯਮਾਂ ਦੀ ਪਾਲਣਾ ਕਰਨੀ ਲਾਜ਼ਮੀ ਹੈ, ਇਸ ਲਈ ਦੋਵੇਂ ਧਿਰਾਂ ਨੂੰ ਲੋਕਾਂ ਦੇ ਪੀਣ ਵਾਲੇ ਪਾਣੀ ਦੇ ਸਰੋਤਾਂ 'ਤੇ ਹਮਲੇ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੰਗ ਦੇ ਦਸਵੇਂ ਦਿਨ ਹੋਏ ਹਮਲਿਆਂ ਦੌਰਾਨ ਪਾਣੀ ਅਤੇ ਬਿਜਲੀ ਦੇ ਢਾਂਚੇ ਨੂੰ ਨਿਸ਼ਾਨਾ ਬਣਾਏ ਜਾਣ ਕਾਰਨ ਲੋਕਾਂ ਲਈ ਪੀਣ ਵਾਲੇ ਪਾਣੀ ਦੀ ਸਪਲਾਈ ਗੰਭੀਰ ਤੌਰ 'ਤੇ ਪ੍ਰਭਾਵਿਤ ਹੋ ਗਈ ਹੈ। ਜਾਣਕਾਰੀ ਮੁਤਾਬਕ ਅਮਰੀਕਾ ਵੱਲੋਂ ਕੀਤੇ ਗਏ ਹਵਾਈ ਹਮਲੇ ਦੌਰਾਨ ਇਰਾਨ ਦੇ ਕੇਸ਼ਮ ਟਾਪੂ 'ਤੇ ਸਥਿਤ ਡੀਸੈਲੀਨੇਸ਼ਨ ਪਲਾਂਟ (ਸਮੁੰਦਰੀ ਖਾਰੇ ਪਾਣੀ ਨੂੰ ਸਾਫ਼ ਕਰਕੇ ਪੀਣਯੋਗ ਬਣਾਉਣ ਵਾਲਾ ਪਲਾਂਟ) ਨੂੰ ਨੁਕਸਾਨ ਪਹੁੰਚਿਆ ਹੈ। ਇਸ ਹਮਲੇ ਦੇ ਨਤੀਜੇ ਵਜੋਂ ਟਾਪੂ 'ਤੇ ਵੱਸਦੇ ਕਰੀਬ 30 ਪਿੰਡਾਂ ਨੂੰ ਪੀਣ ਵਾਲੇ ਪਾਣੀ ਦੀ ਸਪਲਾਈ ਬੰਦ ਹੋ ਗਈ ਹੈ। ਇਰਾਨ ਕੋਲ ਕੁੱਲ ਪਾਣੀ ਵਿੱਚੋਂ ਕੇਵਲ ਕਰੀਬ 2 ਫੀਸਦੀ ਪਾਣੀ ਹੀ ਡੀਸੈਲੀਨੇਸ਼ਨ ਰਾਹੀਂ ਸਾਫ਼ ਕਰਨ ਦੀ ਸਮਰੱਥਾ ਹੈ। ਸੰਤ ਸੀਚੇਵਾਲ ਨੇ ਕਿਹਾ ਕਿ ਕਿਸੇ ਖੇਤਰ ਦੇ ਲੋਕਾਂ ਨੂੰ ਪੀਣ ਵਾਲੇ ਪਾਣੀ ਤੋਂ ਅਤੇ ਸਾਹ ਲੈਣ ਲਈ ਸਾਫ ਹਵਾ ਤੋਂ ਵਾਂਝਾ ਕਰਨਾ ਬਹੁਤ ਹੀ ਗੈਰ-ਮਨੁੱਖੀ ਅਤੇ ਬੁਜ਼ਦਲਾਨਾ ਕਦਮ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਕਾਰਵਾਈਆਂ ਯੁੱਧ ਦੇ ਮੂਲ ਅਸੂਲਾਂ ਤੇ ਮਨੁੱਖੀ ਮੁੱਲਾਂ ਦੇ ਖਿਲਾਫ਼ ਹਨ।



# ਮੰਡਿਆਲਾ ਵਿਖੇ ਸਲਾਨਾ ਛਿੰਝ ਮੇਲਾ ਅੱਜ

**ਮਹਿਤਪੁਰ (ਰਾਜਾ)**- ਇਸ ਸਾਲ ਵੀ ਬਲਦੇਵ ਸਿੰਘ ਢਿੱਲੋਂ ਉਨ੍ਹਾਂ ਦੇ ਸਪੁੱਤਰ ਹੌਲਦਾਰ ਸੰਨੀ ਢਿੱਲੋਂ, ਮਨੀ ਢਿੱਲੋਂ ਯੂ ਐਸ ਏ, ਸਮੂਹ ਨਗਰ ਨਿਵਾਸੀ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਸਲਾਨਾ ਛਿੰਝ ਮੇਲਾ ਪਿੰਡ ਮੰਡਿਆਲਾ ਵਿਖੇ 11 ਮਾਰਚ ਨੂੰ ਕਰਵਾਇਆ ਜਾ ਰਿਹਾ ਹੈ। ਕਮੇਟੀ ਮੈਂਬਰਾਂ ਨੇ ਦੱਸਿਆ ਕਿ ਪਹਿਲੇ ਦੋ ਪਟਕਿਆਂ ਦੀਆਂ ਕੁਸ਼ਤੀਆਂ ਜਲਾਲ ਇਰਾਨ ਤੇ ਗੌਰਵ ਮਾਛੀਵਾੜਾ ਅਤੇ ਪ੍ਰਿਤਪਾਲ ਫਗਵਾੜਾ ਤੇ ਕੈਂਥਲ ਵਿਚਕਾਰ ਹੋਣਗੀਆਂ। ਜਿਸ ਦਾ ਇਨਾਮ 3 ਲੱਖ ਰੁਪਏ ਹੋਵੇਗਾ, ਦੂਜੇ ਨੰਬਰ ਦੀਆਂ ਪੰਜ ਕੁਸ਼ਤੀਆਂ ਦਾ ਇਨਾਮ 1 ਲੱਖ ਰੁਪਏ ਹੋਵੇਗਾ। ਸੱਦੇ ਹੋਏ ਅਖਾੜਿਆਂ ਦੀਆਂ ਕੁਸ਼ਤੀਆਂ ਹੀ ਕਰਵਾਈਆਂ ਜਾਣਗੀਆਂ। ਛਿੰਝ 'ਚ ਜੱਸਾ ਭੱਟੀ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ। ਲੰਗਰ ਅਟੁੱਟ ਵਰਤਾਇਆ ਜਾਵੇਗਾ।

# ਗ਼ਦਰ ਲਹਿਰ ਦੀਆਂ ਫੌਜੀ ਬਗਾਵਤਾਂ ਤੇ ਡਗਸ਼ਈ ਕੋਰਟ ਮਾਰਸ਼ਲ ਰਿਲੀਜ਼

**ਅੰਮ੍ਰਿਤਸਰ (ਨ ਜ ਸ)**- ਗਦਰ ਸ਼ਹੀਦਾਂ ਦੇ ਪਿੰਡ ਢੋਟੀਆਂ ਤਹਿਸੀਲ ਜ਼ਿਲ੍ਹਾ ਤਰਨ ਤਾਰਨ ਵਿਖੇ 4 ਮਾਰਚ ਨੂੰ ਹੋਲਾ ਮੁਹੱਲਾ ਦੇ ਭਾਰੀ ਸਮਾਗਮ ਮੌਕੇ ਗੁਰਦੁਆਰਾ ਸਾਹਿਬ ਵਿੱਖੇ ਪੁਸਤਕ 'ਗ਼ਦਰ ਲਹਿਰ ਦੀਆਂ ਛਾਉਣੀ ਬਗਾਵਤਾਂ ਤੇ ਡਗਸ਼ਈ ਕੋਰਟਾ ਮਾਰਸ਼ਲ' ਲੇਖਕ ਚਰੰਜੀ ਲਾਲ ਕੰਗਣੀਵਾਲ, ਲੋਕ ਅਰਪਣ ਕੀਤੀ ਗਈ। ਦੇਸ਼ ਭਗਤ ਯਾਦਗਾਰ ਹਾਲ ਕਮੇਟੀ ਜਲੰਧਰ ਵੱਲੋਂ



ਪ੍ਰੋਫੈਸਰ ਹਰਵਿੰਦਰ ਭੰਡਾਲ ਤੇ ਡਾਕਟਰ ਸੈਲਸ ਉਚੇਚੇ ਤੌਰ 'ਤੇ ਸਮਾਗਮ ਵਿਚ ਸ਼ਾਮਲ ਹੋਏ। ਲੇਖਕ ਚਰੰਜੀ ਲਾਲ ਕੰਗਣੀਵਾਲ ਵਲੋਂ ਪੁਸਤਕ ਬਾਰੇ ਬੋਲਦਿਆਂ ਪਿੰਡ ਦੇ ਗ਼ਦਰੀ ਦੇਸ਼ ਭਗਤਾਂ, ਸ਼ਹੀਦ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਗਿਆ ਕਿ ਗ਼ਦਰੀ ਦੇਸ਼ ਭਗਤ ਤੇ ਬੱਬਰ ਅਕਾਲੀ ਸ਼ਹੀਦਾਂ ਦੇ ਸੁਪਨੇ ਆਜ਼ਾਦੀ ਦੀ ਪੂਣੀ ਸਦੀ ਤੋਂ ਬਾਅਦ ਵੀ ਪੂਰੇ ਨਹੀਂ ਹੋਏ, ਸਗੋਂ ਦੇਸ਼ ਦੀਆਂ ਸਰਕਾਰਾਂ ਦੀਆ ਲੋਕ ਵਿਰੋਧੀ ਅਤੇ ਕੌਮੀ ਤੇ ਕੋਮਾਂਤਰੀ ਵੱਡੇ ਪੂੰਜੀਪਤੀਆਂ ਪੱਖੀ ਨੀਤੀਆਂ ਦੇ ਇਲਾਵਾ ਫਿਰਕੂ ਵੰਡੀਆਂ ਪਾਉਣ ਦੀਆਂ ਚਾਲਾਂ ਨੇ ਦੇਸ਼ ਦੇ ਹਾਲਾਤਾਂ ਨੂੰ ਬਦਤਰ ਬਣਾ ਦਿੱਤਾ ਹੈ। ਕੇਂਦਰ ਦੀ ਸਰਕਾਰ ਪੰਜਾਬ ਤੇ ਪੰਜਾਬੀਆਂ ਵਿਰੁੱਧ ਬਦਲਾਲਊ ਨੀਤੀਆਂ ਆਪਣਾ ਰਹੀ ਹੈ। ਜਿਸ ਦਾ ਸਹਾਮਣਾ ਕਰਨ ਲਈ ਸਮੂਹ ਪੰਜਾਬੀਆਂ ਨੂੰ ਮਜਬੂਤੀ ਨਾਲ ਇੱਕ-ਮੁੱਠ ਤਿਆਰ ਰਹਿਣਾ ਪਵੇਗਾ। ਸ਼ਹੀਦ ਭਗਤ ਸਿੰਘ ਸਮਾਜ ਭਲਾਈ ਤੇ ਸਭਿਆਚਾਰ ਕੱਲਬ ਦੇ ਚੇਅਰਮੈਨ ਤੇ ਪਿੰਡ ਢੋਟੀਆ ਦੀ ਪੰਚਾਇਤ ਵਲੋਂ ਚਰੰਜੀਲਾਲ ਕੰਗਣੀਵਾਲ, ਹਰਵਿੰਦਰ ਭੰਡਾਲ ਅਤੇ ਡਾ. ਸੈਲਸ ਦਾ ਸਨਮਾਨ ਕੀਤਾ ਗਿਆ।

# ਕੌਮਾਂਤਰੀ ਨਾਰੀ ਦਿਵਸ ਮਨਾਇਆ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਫਿਲੌਰ (ਤੇਹਿੰਗ) ਵਿੱਚ ਕੌਮਾਂਤਰੀ ਨਾਰੀ ਦਿਵਸ ਮਨਾਇਆ ਗਿਆ। ਕਾਲਜ ਪ੍ਰਿੰਸੀਪਲ ਮੈਡਮ ਡਾ: ਪਰਮਜੀਤ ਕੌਰ ਜੱਸਲ ਦੀ ਯੋਗ ਅਗਵਾਈ ਦੇ ਤਹਿਤ ਪ੍ਰੋ: ਪਰਮਜੀਤ ਕੌਰ (ਡਾ:) ਪੰਜਾਬੀ ਵਿਭਾਗ ਅਤੇ ਐੱਨ.ਐੱਸ.ਐੱਸ ਦੇ ਇੰਚਾਰਜ ਪ੍ਰੋ: ਸੋਨੀਆ ਕੰਪਿਊਟਰ ਵਿਭਾਗ ਨੇ ਐੱਨ.ਐੱਸ.ਐੱਸ ਦੇ ਵਿਦਿਆਰਥੀਆਂ ਦੇ ਸਹਿਯੋਗ ਸਦਕਾ ਇਹ ਪ੍ਰੋਗਰਾਮ ਉਲੀਕਿਆ। ਜਿਸ ਵਿੱਚ ਕਾਲਜ ਦੇ ਵਿਦਿਆਰਥੀਆਂ ਸ਼ਬਦ, ਭਾਸ਼ਨ, ਗੀਤ-ਗਾਇਨ, ਕਵਿਤਾ ਉਚਾਰਨ, ਡਾਂਸ ਅਤੇ ਲੋਕ ਨਾਚ ਗਿੱਧਾ ਦੀ ਪੇਸ਼ਕਸ਼ ਕੀਤੀ। ਇਸ ਮੌਕੇ ਰੰਗਾਰੰਗ ਪ੍ਰੋਗਰਾਮ ਕਰਦਿਆਂ ਵਿਦਿਆਰਥੀਆਂ ਨੇ ਔਰਤ ਦੀ ਅਜੋਕੇ ਸਮੇਂ 'ਚ ਸਥਿਤੀ ਤੇ ਸਥਾਨ ਬਾਰੇ ਵੀ ਵਿਚਾਰ ਚਰਚਾ ਕੀਤੀ। ਪ੍ਰਿੰਸੀਪਲ ਮੈਡਮ ਜੱਸਲ ਨੇ ਕਿਹਾ ਕਿ ਔਰਤ ਨੂੰ ਕਾਬਿਲ ਬਣਨਾ ਅਤਿ ਜ਼ਰੂਰੀ ਹੈ, ਉਸ ਨੂੰ ਆਪਣੀ ਕਲਾ ਨੇ ਪਛਾਣਨਾ ਨਿਖਾਰਨਾ ਅਤੇ ਉਸ ਵਿੱਚ ਮੁਹਾਰਤ ਹਾਸਲ ਕਰਨਾ ਬਹੁਤ ਜ਼ਰੂਰੀ ਹੈ। ਅਖੀਰ 'ਚ ਮੈਡਮ ਜੱਸਲ ਨੇ ਪ੍ਰੋਗਰਾਮ ਵਿੱਚ ਹਿੱਸਾ ਲੈਣ ਵਾਲੇ ਸਾਰੇ ਵਿਦਿਆਰਥੀਆਂ ਦੀ ਹੌਸਲਾ-ਅਫਜ਼ਾਈ ਕੀਤੀ ਤੇ ਕਿਹਾ ਸਾਨੂੰ ਸਭ ਨੂੰ ਹੀ ਔਰਤ ਦਾ ਸਤਿਕਾਰ ਕਰਨਾ ਚਾਹੀਦਾ ਹੈ। ਇਸ ਪ੍ਰੋਗਰਾਮ ਵਿੱਚ ਕਾਲਜ ਦਾ ਸਮੂਹ ਟੀਚਿੰਗ ਸਟਾਫ਼ ਪ੍ਰੋ: ਜਸਪ੍ਰੀਤ ਕੌਰ, ਪ੍ਰੋ: ਰੁਪਿੰਦਰ ਸਿੰਘ, ਪ੍ਰੋ: ਕਮਲਪ੍ਰੀਤ ਕੌਰ, ਪ੍ਰੋ: ਬਬੀਤਾ ਕੁਮਾਰੀ, ਪ੍ਰੋ: ਹਰਪ੍ਰੀਤ ਸਿੰਘ, ਪ੍ਰੋ: ਵਿਸ਼ਾਲੀ ਪਸਰੀਚਾ, ਪ੍ਰੋ: ਮਨੀਸ਼ ਤ੍ਰੇਹਨ, ਪ੍ਰੋ: ਨਵਦੀਪ ਕੌਰ, ਪ੍ਰੋ: ਮਨਦੀਪ ਕੌਰ, ਪ੍ਰੋ: ਕਿਰਨਦੀਪ ਕੌਰ, ਪ੍ਰੋ: ਅੰਮ੍ਰਿਤਾ ਮੌਜੂਦ ਰਹੇ।

# ਟੈੱਟ ਵਿਰੋਧੀ ਬਿੱਲ/ਮਤਾ ਪਾਸ ਕਰਨ ਦੀ ਮੰਗ ਨੂੰ ਲੈ ਕੇ ਭਲਕੇ ਚੰਡੀਗੜ੍ਹ ਵਿਖੇ ਅਧਿਆਪਕ ਕਰਨਗੇ ਰੋਸ ਮਾਰਚ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਮੂਹ ਅਧਿਆਪਕ ਜੱਥੇਬੰਦੀਆਂ ਵੱਲੋਂ ਪਿਛਲੇ ਦਿਨੀਂ ਸਿੱਖਿਆ ਮੰਤਰੀ ਪੰਜਾਬ ਨਾਲ ਹੋਈ ਮੁਲਾਕਾਤ ਉਪਰੰਤ ਸੂਬਾ ਆਗੂ ਕ੍ਰਿਸ਼ਨ ਸਿੰਘ ਦੁੱਗਾਂ ਦੀ ਪ੍ਰਧਾਨਗੀ ਵਿੱਚ ਸਾਂਝਾ ਅਧਿਆਪਕ ਮੋਰਚਾ ਅਤੇ ਜਬਰੀ ਥੋਪੇ ਟੈੱਟ ਦਾ ਵਿਰੋਧ ਕਰ ਰਹੀਆਂ ਸਮੂਹ ਅਧਿਆਪਕ ਜਥੇਬੰਦੀਆਂ ਨੇ ਸਾਂਝੀ ਮੀਟਿੰਗ ਕਰਕੇ ਫੈਸਲਾ ਕੀਤਾ ਹੈ ਕਿ ਜੇਕਰ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਵੱਲੋਂ ਦਿੱਤੇ ਭਰੋਸੇ ਅਨੁਸਾਰ ਪੰਜਾਬ ਸਰਕਾਰ ਵੱਲੋਂ ਮੌਜੂਦਾ ਵਿਧਾਨ ਸਭਾ ਸੈਸ਼ਨ ਵਿੱਚ



ਅਧਿਆਪਕਾਂ 'ਤੇ ਜਬਰੀ ਥੋਪੇ ਜਾ ਰਹੇ ਟੈੱਟ (ਅਧਿਆਪਕ ਯੋਗਤਾ ਪ੍ਰੀਖਿਆ) ਵਿਰੋਧੀ ਬਿੱਲ /ਮਤਾ ਪਾਸ ਨਹੀਂ ਕੀਤਾ ਗਿਆ ਤਾਂ 12 ਮਾਰਚ ਨੂੰ ਸੈਕਟਰ-17 ਚੰਡੀਗੜ੍ਹ ਤੋਂ ਪੰਜਾਬ ਵਿਧਾਨ ਸਭਾ ਵੱਲ ਰੋਸ ਮਾਰਚ ਕੀਤਾ ਜਾਵੇਗਾ। ਇਸ ਮੀਟਿੰਗ ਵਿੱਚ ਸੁਖਵਿੰਦਰ ਸਿੰਘ ਚਾਹਲ, ਦਿਗਵਿਜੇਪਾਲ ਸ਼ਰਮਾ, ਸੁਰਿੰਦਰ ਕੁਮਾਰ ਪੁਆਰੀ, ਵਿਕਰਮ ਦੇਵ ਸਿੰਘ, ਸੁਰਿੰਦਰ ਕੰਬੋਜ, ਬਾਜ ਸਿੰਘ ਖਹਿਰਾ, ਬਿਕਰਮਜੀਤ ਸਿੰਘ ਕੱਦੋਂ, ਪ੍ਰਗਟਜੀਤ ਸਿੰਘ ਕਿਸ਼ਨਪੁਰਾ, ਹਰਭਜਨ ਸਿੰਘ, ਪ੍ਰਸ਼ਾਂਤ ਰਈਆ, ਜਸਵਿੰਦਰ ਸਿੰਘ, ਗੁਰਪਿਆਰ ਸਿੰਘ ਕੋਟਲੀ, ਗੁਰਬਿੰਦਰ ਸਿੰਘ ਸਸਕੌਰ, ਨਵਪ੍ਰੀਤ ਬੱਲੀ, ਲਛਮਣ ਸਿੰਘ ਨਬੀਪੁਰ, ਸੁਖਵਿੰਦਰ ਸਿੰਘ ਸੁੱਖੀ, ਐਨ ਡੀ ਤਿਵਾੜੀ, ਗੁਰਪ੍ਰੀਤ ਸਿੰਘ ਅੰਮੀਵਾਲ, ਕੁਲਜੀਤ ਸਿੰਘ, ਸੰਦੀਪ ਕੁਮਾਰ, ਸੁਖਵਿੰਦਰ ਸਿੰਘ, ਸੁਖਦੇਵ ਕਾਜਲ, ਤੇਜਿੰਦਰ ਸਿੰਘ, ਜਗਦੀਸ਼ ਰਾਏ, ਅਜੇਪਾਲ ਸਿੰਘ, ਹਰਮਨ ਪ੍ਰੀਤ ਸਿੰਘ ਬੱਲ ਆਦਿ ਸ਼ਾਮਲ ਸਨ। ਅਧਿਆਪਕ ਜੱਥੇਬੰਦੀਆਂ ਵੱਲੋਂ ਮੰਗ ਕੀਤੀ ਗਈ ਹੈ ਕਿ ਸੁਪਰੀਮ ਕੋਰਟ ਵੱਲੋਂ ਐਨ.ਸੀ.ਟੀ.ਈ. ਦੇ ਨੋਟੀਫਿਕੇਸ਼ਨ ਅਤੇ ਕੁਦਰਤੀ ਨਿਆਂ ਦੀ ਅਣਦੇਖੀ ਕਰਕੇ 01.09.2025 ਨੂੰ ਦੇਸ਼ ਦੇ ਲੱਖਾਂ ਅਧਿਆਪਕਾਂ 'ਤੇ ਥੋਪੇ ਟੈੱਟ ਦੇ ਗੈਰ ਸੰਵਿਧਾਨਕ ਫੈਸਲੇ ਨੂੰ ਰੋਕਣ ਲਈ ਪੰਜਾਬ ਵਿਧਾਨ ਸਭਾ ਦੇ ਚੱਲ ਰਹੇ ਬਜਟ ਸੈਸ਼ਨ ਵਿੱਚ ਬਿੱਲ ਪਾਸ ਕੀਤਾ ਜਾਵੇ। ਇਸ ਦੇ ਨਾਲ ਹੀ ਟੈੱਟ ਲਾਗੂ ਹੋਣ ਤੋਂ ਪਹਿਲਾਂ ਐਨ ਸੀ ਟੀ ਈ ਵੱਲੋਂ ਨਿਰਧਾਰਤ ਕੀਤੀਆਂ ਯੋਗਤਾਵਾਂ ਅਤੇ ਸਮੇਂ ਸਮੇਂ ਤੇ ਵੱਖ-ਵੱਖ ਟੈਸਟਾਂ ਦੀ ਮੈਰਿਟ ਅਨੁਸਾਰ ਨਿਯੁਕਤ ਕੀਤੇ ਗਏ ਅਧਿਆਪਕਾਂ ਨੂੰ ਇਨਸਾਫ ਦਿਵਾਉਣ ਲਈ ਸੁਪਰੀਮ ਕੋਰਟ ਵਿੱਚ ਰੀਵਿਊ ਪਟੀਸ਼ਨ ਦਾਖਲ ਕਰਨ ਦੇ ਨਾਲ ਹੀ ਸਰੀਰਕ ਸਿੱਖਿਆ, ਆਰਟ ਐਂਡ ਕਰਾਫਟ ਅਤੇ ਹੋਮ ਸਾਇੰਸ ਆਦਿ ਅਧਿਆਪਕਾਂ ਨੂੰ ਐਨਸੀਟੀਈ ਦੇ 29 ਜੁਲਾਈ 2011 ਦੇ ਨੋਟੀਫਿਕੇਸ਼ਨ ਦੇ ਪੈਰ੍ਹਾ 5 ਅਨੁਸਾਰ ਟੈੱਟ ਦੀ ਸ਼ਰਤ ਤੋਂ ਬਾਹਰ ਰੱਖਿਆ ਜਾਵੇ। ਆਗੂਆਂ ਇਹ ਵੀ ਮੰਗ ਰੱਖੀ ਕਿ ਟੈੱਟ ਲਾਗੂ ਹੋਣ ਤੋਂ ਪਹਿਲਾਂ ਉਪਰੋਕਤ ਪ੍ਰਕਿਰਿਆ ਰਾਹੀਂ ਨਿਯੁਕਤ ਅਧਿਆਪਕਾਂ ਅਤੇ ਟੈੱਟ ਲਾਗੂ ਹੋਣ ਤੋਂ ਬਾਅਦ ਨਿਯੁਕਤ ਅਧਿਆਪਕਾਂ ਦੀਆਂ ਪਦਉੱਨਤੀਆਂ ਸੀਨੀਆਰਤਾ ਅਨੁਸਾਰ ਤੁਰੰਤ ਕੀਤੀਆਂ ਜਾਣ ਅਤੇ ਟੈਟ ਲਾਗੂ ਹੋਣ ਤੋਂ ਪਹਿਲਾਂ ਉਪਰੋਕਤ ਪ੍ਰਕਿਰਿਆ ਰਾਹੀਂ ਨਿਯੁਕਤ ਅਧਿਆਪਕਾਂ 'ਤੇ ਪੰਜਾਬ ਵਿੱਚ 15 ਮਾਰਚ ਦਾ ਮੁਢਲੀ ਨਿਯੁਕਤੀ ਲਈ ਲਿਆ ਜਾ ਰਿਹਾ ਟੈੱਟ ਦਾ ਪੇਪਰ ਨਾ ਥੋਪਿਆ ਜਾਵੇ। ਸਿੱਖਿਆ ਵਿਭਾਗ ਵੱਲੋਂ ਸਾਲ 2008 ਤੋਂ 2024 ਦਰਮਿਆਨ ਪਦ ਉੱਨਤ ਹੋਏ 245 ਕਾਮਰਸ ਵਿਸ਼ੇ ਦੇ ਲੈਕਚਰਾਰਾਂ ਨੂੰ ਰਿਵਰਟ ਕਰਨ ਲਈ ਜਾਰੀ ਨੋਟਿਸ ਰੱਦ ਕਰਨ ਦੀ ਮੰਗ ਕੀਤੀ। ਇਸ ਦੇ ਨਾਲ ਹੀ ਸਮੂਹ ਜਥੇਬੰਦੀਆਂ ਨੇ ਕੁਝ ਕੈਟਾਗਰੀਆਂ ਨੂੰ ਪਦਉੱਨਤੀਆਂ ਵਿੱਚ ਟੈੱਟ ਤੋਂ ਛੋਟ ਦੇਣ ਦਾ 2017 ਵਿੱਚ ਜਾਰੀ ਕੀਤਾ ਪੱਤਰ 07.02.2026 ਨੂੰ ਰੱਦ ਕਰਨ 'ਤੇ ਰੋਸ ਦਾ ਪ੍ਰਗਟਾਵਾ ਕੀਤਾ। ਪ੍ਰਿੰਸੀਪਲਾਂ ਦੀਆਂ ਪਦਉੱਨਤੀਆਂ ਸਬੰਧੀ ਹਾਈਕੋਰਟ ਵਿੱਚ ਚੱਲ ਰਹੇ ਕੇਸ ਵਿੱਚ ਸਰਕਾਰ ਵੱਲੋਂ ਆਪਣਾ ਪੱਖ ਕਮਜ਼ੋਰ ਤਰੀਕੇ ਨਾਲ ਰੱਖਣ ਦੀ ਵੀ ਸਖ਼ਤ ਨਿਖੇਧੀ ਕੀਤੀ ਗਈ।

# ਸੁਨਹਿਰੇ ਤੇ ਵਿਕਸਿਤ ਬੰਗਾਲ ਬਣਾਉਣ ਲਈ ਜਨਤਾ ਤਿਆਰ : ਮੁੱਖ ਮੰਤਰੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੁਨਹਿਰੇ ਅਤੇ ਵਿਕਸਿਤ ਬੰਗਾਲ ਬਣਾਉਣ ਲਈ ਜਨਤਾ ਪਰਿਵਰਤਨ ਸੰਕਲਪ ਨੂੰ ਮਜਬੂਤ ਕਰਨ ਦਾ ਕੰਮ ਕਰੇਗੀ। ਉਨ੍ਹਾਂ ਨੇ ਪਾਰਦਰਸ਼ੀ ਸ਼ਾਸਨ, ਜਨਭਲਾਈਕਾਰੀ ਯੋਜਨਾਵਾਂ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਵਿਕਾਸ ਅਧਾਰਿਤ ਰਾਜਨੀਤੀ ਦੇ ਮਹਤੱਵ 'ਤੇ ਜੋਰ ਦਿੱਤਾ।ਮੁੱਖ ਮੰਤਰੀ ਬੰਗਾਲ ਦੇ 24 ਪਰਗਨਾ ਦੇ ਕੁਲਪੀ ਵਿੱਚ ਪਰਿਵਰਤਨ ਯਾਤਰਾ ਦੌਰਾਨ ਆਯੋਜਿਤ ਜਨਸਭਾ ਨੂੰ ਸੰਬੋਧਿਤ ਕਰ ਰਹੇ ਸਨ। ਮੁੱਖ ਮੰਤਰੀ ਨੇ ਵੱਡੀ ਗਿਣਤੀ ਵਿੱਚ ਮੌਜੂਦ ਲੋਕਾਂ ਨੂੰ ਧੰਨਵਾਦ ਕੀਤਾ ਅਤੇ ਭਰੋਸਾ ਜਤਾਇਆ ਕਿ ਦੇਸ਼ ਵਿੱਚ ਵਿਕਾਸ ਅਤੇ ਬਦਲਾਅ ਦੀ ਭਾਵਨਾ ਲਗਾਤਾਰ ਮਜਬੂਤ ਹੋ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਹਰਿਆਣਾ ਦੀ ਭੂਮੀ ਤੋਂ ਬੰਗਾਲ ਦੇ ਲੋਕਾਂ ਦੇ ਵਿੱਚ ਆਉਣ ਦਾ ਮੌਕਾ ਮਿਲਿਆ ਹੈ ਜਿਸ ਨੂੰ ਭੂਮੀ 'ਤੇ ਭਗਵਾਨ ਸ਼੍ਰੀਕ੍ਰਿਸ਼ਨ ਨੇ ਗੀਤਾ ਦਾ ਸੰਦੇਸ਼ ਦਿੱਤਾ।ਮੁੱਖ ਮੰਤਰੀ ਨੇ ਕਿਹਾ ਕਿ ਬੰਗਾਲ ਮੱਛੀ ਪਾਲਕ ਕਿਸਾਨਾਂ ਦੀ ਧਰਤੀ ਹੈ। ਇੱਥੇ ਦੇ ਲੋਕਾਂ ਨੇ ਇਤਿਹਾਸ ਤੇ ਸਭਿਆਚਾਰ ਨੂੰ ਬਦਲਣ ਦਾ ਕੰਮ ਕੀਤਾ।

# ਅਜੈ ਕੁਮਾਰ ਦੇ ਕਾਤਲਾਂ ਦੀ ਗ੍ਰਿਫ਼ਤਾਰੀ ਲਈ ਐਕਸ਼ਨ ਕਮੇਟੀ ਮੈਂਬਰ ਐੱਸ ਪੀ ਡੀ ਨੂੰ ਮਿਲੇ

**ਹੁਸ਼ਿਆਰਪੁਰ (ਓ ਪੀ ਰਾਣਾ)**- ਅਜੈ ਕੁਮਾਰ ਕਤਲ ਕੇਸ ਦੇ ਸੰਬੰਧ ਵਿਚ ਤੇ ਅਜੈ ਕੁਮਾਰ ਦੇ ਕਾਤਲਾਂ ਨੂੰ ਗ੍ਰਿਫਤਾਰ ਕਰਨ ਸਬੰਧੀ ਮਰਡਰ ਕੇਸ ਆਫ ਅਜੈ ਕੁਮਾਰ ਸਪੋਰਟ ਐਂਡ ਐਕਸ਼ਨ ਕਮੇਟੀ ਤੇ ਬਹੁਜਨ ਸਮਾਜ ਪਾਰਟੀ ਦੇ ਆਗੂਆਂ ਨਾਲ ਮ੍ਰਿਤਕ ਅਜੈ ਕੁਮਾਰ ਦੇ ਪਰਵਾਰਕ ਮੈਂਬਰ ਐਸ




ਪੀ ਡੀ ਹੁਸ਼ਿਆਰਪੁਰ ਨੂੰ ਮਿਲੇ ਤੇ ਅਜੈ ਕੁਮਾਰ ਦੇ ਨਾਮਜ਼ਦ ਕਾਤਲਾਂ ਨੂੰ ਗ੍ਰਿਫਤਾਰ ਕਰਨ ਲਈ ਮੰਗ ਪੱਤਰ ਦਿੱਤਾ। ਪੁਲਿਸ ਮੁਖੀ ਨੂੰ ਲਿਖੀ ਦਰਖਾਸਤ ਵਿੱਚ ਮ੍ਰਿਤਕ ਅਜੈ ਕੁਮਾਰ ਦੇ ਪਰਿਵਾਰਕ ਮੈਂਬਰ ਨੇ ਕਿਹਾ ਕਿ ਸਾਡਾ ਸਪੁੱਤਰ ਅਜੈ ਕੁਮਾਰ ਵੀ ਇਕ ਪਰਵਾਰ ਦਾ ਘਰੇਲੂ ਝਗੜਾ ਨਿਪਟਾਉਣ ਗਿਆ ਸੀ, ਜਿਥੇ ਆਪਸ ਵਿੱਚ ਲੜ ਰਹੇ ਪਰਵਾਰਕ ਮੈਂਬਰਾਂ ਨੇ ਅਜੈ ਕੁਮਾਰ ਦੀ ਭਾਰੀ ਕੁੱਟਮਾਰ ਕਰਕੇ ਹਥਿਆਰਾਂ ਨਾਲ ਹਮਲਾ ਕਰਕੇ ਉਸ ਨੂੰ ਜਾਨੋਂ ਮਾਰ ਦਿੱਤਾ। ਪਰਵਾਰਕ ਮੈਂਬਰਾਂ ਨੇ ਕਿਹਾ ਕਿ ਅਜੈ ਕੁਮਾਰ ਦੇ ਅੰਤਿਮ ਸੰਸਕਾਰ ਅਤੇ ਅੰਤਿਮ ਅਰਦਾਸ ਸਮੇਂ ਸ਼ਹਿਰ ਦੀਆਂ ਧਾਰਮਿਕ, ਸਮਾਜਿਕ ਤੇ ਰਾਜਨੀਤਕ ਪਾਰਟੀਆਂ ਦੇ ਆਗੂਆਂ ਤੇ ਭਾਰੀ ਗਿਣਤੀ ਵਿੱਚ ਹਾਜ਼ਰ ਲੋਕਾਂ ਨੇ ਦੁੱਖ ਸਾਂਝਾ ਕੀਤਾ ਸੀ। ਇਸ ਮੌਕੇ ਮ੍ਰਿਤਕ ਅਜੈ ਕੁਮਾਰ ਦੇ ਪਰਵਾਰ ਨੂੰ ਇੰਨਸਾਫ ਦਿਵਾਉਣ ਲਈ ਇਕ ਸਾਂਝੀ ਐਕਸ਼ਨ ਕਮੇਟੀ ਦਾ ਗਠਨ ਕੀਤਾ ਸੀ ਜਿਸ ਦਾ ਨਾਮ ਅਜੈ ਕੁਮਾਰ ਕਤਲ ਕੇਸ ਰੀਵਿਊ,ਐਕਸ਼ਨ ਐਂਡ ਸਪੋਰਟ ਕਮੇਟੀ ਰਖਿਆ ਗਿਆ ਸੀ। ਪੁਲਿਸ ਮੁਖੀ ਨੂੰ ਦਿੱਤੇ ਮੰਗ ਪੱਤਰ ਵਿਚ ਸਪੋਰਟ ਐਂਡ ਐਕਸ਼ਨ ਕਮੇਟੀ ਮੈਂਬਰਾਂ ਨੇ ਕਿਹਾ ਕਿ ਮੁਕੱਦਮਾ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਵਿਖੇ ਦਰਜ ਹੈ। ਉਨ੍ਹਾਂ ਦੱਸਿਆ ਕਿ ਕਤਲ ਤੋਂ ਬਾਅਦ ਕੁੱਝ ਦੋਸ਼ੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਸੀ ਅਤੇ ਦੋਸ਼ੀਆਂ ਦੀ ਗ੍ਰਿਫਤਾਰੀ ਤੋਂ ਬਾਅਦ ਅਣਪਛਾਤੇ ਦੋਸ਼ੀਆਂ ਨੂੰ ਵੀ ਇਸ ਮੁਕੱਦਮੇ ਵਿਚ ਨਾਮਜ਼ਦ ਕਰ ਦਿੱਤਾ ਗਿਆ ਸੀ, ਪਰ ਥਾਣਾ ਮਾਡਲ ਟਾਊਨ ਦੀ ਢਿੱਲੀ ਕਾਰਗੁਜ਼ਾਰੀ ਕਾਰਨ ਸਬੰਧਤ ਦੋਸ਼ੀ ਅੱਜ ਵੀ ਪੁਲਿਸ ਦੀ ਗ੍ਰਿਫਤ ਤੋਂ ਬਾਹਰ ਹਨ ਅਤੇ ਕਤਲ ਹੋਏ ਨੌਜਵਾਨ ਅਜੈ ਕੁਮਾਰ ਦੇ ਪਰਵਾਰਕ ਮੈਂਬਰਾਂ ਦੇ ਬਾਰ ਬਾਰ ਥਾਣੇ ਦੇ ਚੱਕਰ ਲਾਉਣ ਤੇ ਝੂਠੇ ਲਾਰੇ ਲਾ ਕੇ ਦਿਨ ਕਟੀ ਕਰ ਰਹੇ ਹਨ। ਇਨਾਂ ਆਗੂਆਂ ਨੇ ਕਿਹਾ ਕਿ ਅਜੈ ਕੁਮਾਰ ਦੇ ਕਤਲ ਵਿੱਚ ਨਾਮਜ਼ਦ ਦੋਸ਼ੀ ਸ਼ਰੇਆਮ ਸ਼ਹਿਰ ਵਿੱਚ ਘੁੰਮ ਰਹੇ ਹਨ ਜਿਨਾਂ ਤੋਂ ਪਰਿਵਾਰ ਨੂੰ ਵੱਡਾ ਖਤਰਾ ਬਣਿਆ ਹੋਇਆ ਹੈ। ਸਮੂਹ ਪਰਿਵਾਰਕ ਮੈਂਬਰਾਂ ਅਤੇ ਅਜੈ ਕੁਮਾਰ ਰੀਵੀਊ ਸਪੋਰਟ ਐਂਡ ਐਕਸ਼ਨ ਕਮੇਟੀ ਹੁਸ਼ਿਆਰਪੁਰ ਨੇ ਪੁਲਿਸ ਮੁਖੀ ਨੂੰ ਮੰਗ ਪੱਤਰ ਦਿੰਦਿਆਂ ਕਤਲ ਕੇਸ ਵਿੱਚ ਨਾਮਜਦ ਦੋਸ਼ੀਆਂ ਨੂੰ ਜਲਦ ਗ੍ਰਿਫਤਾਰ ਕਰਨ ਤੇ ਪਰਿਵਾਰ ਨੂੰ ਇੰਨਸਾਫ ਦਿਵਾਉਣ ਦੀ ਮੰਗ ਕੀਤੀ ਹੈ।ਮ੍ਰਿਤਕ ਅਜੈ ਕੁਮਾਰ ਦੇ ਪਿਤਾ ਅੰਮ੍ਰਿਤ ਲਾਲ ਸੰਧੂ, ਓਮ ਸੰਧੂ, ਬਸਪਾ ਜ਼ਿਲ੍ਹਾ ਪ੍ਰਧਾਨ ਦਲਜੀਤ ਰਾਏ, ਮੋਹਣ ਲਾਲ ਬਾਮਸੇਫ, ਮੰਗਲ ਨਾਥ, ਸੁਰਜੀਤ ਮਹਿਮੀ ਪ੍ਰਧਾਨ ਬਸਪਾ ਵਿਧਾਨ ਸਭਾ ਹੁਸ਼ਿਆਰਪੁਰ, ਡਾ. ਰਤਨ ਚੰਦ ਤੇ ਹੋਰ ਆਗੂ ਹਾਜ਼ਰ ਸਨ।

# ਪੰਜਾਬੀ ਬੋਲੀ ਨੂੰ ਨਜ਼ਰ-ਅੰਦਾਜ਼ ਕੀਤੇ ਜਾਣ 'ਤੇ ਪੰਜਾਬ ਚੇਤਨਾ ਮੰਚ ਨੇ ਕੀਤਾ ਰੋਸ ਪ੍ਰਗਟ

**ਫਗਵਾੜਾ (ਡਾ. ਰਮਨ)**- ਪੰਜਾਬ ਚੇਤਨਾ ਮੰਚ ਦੇ ਪ੍ਰਧਾਨ ਡਾ: ਲਖਵਿੰਦਰ ਸਿੰਘ ਜੌਹਲ, ਜਨਰਲ ਸਕੱਤਰ ਸਤਨਾਮ ਸਿੰਘ ਮਾਣਕ ਅਤੇ ਜੱਥੇਬੰਦਕ ਸਕੱਤਰ ਪ੍ਰਿੰ: ਗੁਰਮੀਤ ਸਿੰਘ ਪਲਾਹੀ ਨੇ ਵਿੱਤ ਮੰਤਰੀ ਪੰਜਾਬ ਨੂੰ ਖਤ ਲਿਖ ਕੇ ਰੋਸ ਪ੍ਰਗਟਾਇਆ ਕਿ 8 ਮਾਰਚ ਨੂੰ ਪੰਜਾਬ ਸਰਕਾਰ ਵੱਲੋਂ ਜੋ ਪੰਜਵਾਂ ਬਜਟ ਪੇਸ਼ ਕੀਤਾ ਗਿਆ ਹੈ, ਉਸ ਵਿੱਚ ਸਰਕਾਰ ਨੇ ਲਗਭਗ ਸਾਰੇ ਸਮਾਜਿਕ ਵਰਗਾਂ ਦੇ ਹਿਤਾਂ ਦਾ ਧਿਆਨ ਰੱਖਣ ਦੀ ਕੋਸ਼ਿਸ਼ ਕੀਤੀ ਹੈ। ਸਰਕਾਰ ਦੀ ਇਸ ਪਹੁੰਚ ਦੀ ਮੰਚ ਨੇ ਪ੍ਰਸ਼ੰਸਾ ਕੀਤੀ ਹੈ। ਪਰ ਮੰਚ ਨੇ ਸਰਕਾਰ ਦੇ ਧਿਆਨ ਵਿਚ ਇਹ ਗੱਲ ਲਿਆਉਂਦੀ ਹੈ ਕਿ ਪੰਜਾਬੀ ਸੂਬਾ ਪੰਜਾਬੀਆਂ ਦੀ ਮਾਂ-ਬੋਲੀ ਪੰਜਾਬੀ ਦੇ ਅਧਾਰ 'ਤੇ 1 ਨਵੰਬਰ, 1966 ਨੂੰ ਪੰਜਾਬੀਆਂ ਦੇ ਲੰਮੇ ਇਤਿਹਾਸਕ ਸੰਘਰਸ਼ ਉਪਰੰਤ ਹੋਂਦ ਵਿਚ ਆਇਆ ਸੀ। ਪਰ ਇਹ ਬਹੁਤ ਦੁੱਖ ਦੀ ਗੱਲ ਹੈ ਕਿ ਪੰਜਾਬ ਦੀਆਂ ਬਹੁਤੀਆਂ ਰਾਜ ਸਰਕਾਰਾਂ ਨੇ ਮਾਂ-ਬੋਲੀ ਪੰਜਾਬੀ, ਪੰਜਾਬੀ ਸਾਹਿਤ ਤੇ ਪੰਜਾਬੀ ਸੱਭਿਆਚਾਰ ਦੇ ਪ੍ਰਚਾਰ-ਪ੍ਰਸਾਰ ਤੇ ਵਿਕਾਸ ਲਈ ਨਾ ਕੋਈ ਪ੍ਰਭਾਵਸ਼ਾਲੀ ਨੀਤੀ ਬਣਾਈ ਤੇ ਨਾ ਹੀ ਇਨ੍ਹਾਂ ਸਰੋਕਾਰਾਂ ਲਈ ਢੁਕਵੇਂ ਵਿੱਤੀ ਸਾਧਨ ਮੁਹੱਈਆ ਕੀਤੇ ਹਨ।ਪਰ ਪਿਛਲੇ ਚਾਰ ਬਜਟਾਂ ਤੇ ਇਸ ਪੰਜਵੇਂ ਬਜਟ ਵਿਚ ਵੀ ਤੁਹਾਡੀ ਸਰਕਾਰ ਵਲੋਂ ਪੰਜਾਬੀ ਬੋਲੀ, ਪੰਜਾਬੀ ਸਾਹਿਤ ਤੇ ਪੰਜਾਬੀ ਸੱਭਿਆਚਾਰ ਦੇ ਸਰੋਕਾਰਾਂ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਹੀ ਕੀਤਾ ਗਿਆ ਹੈ। ਇਸ ਨਾਲ ਪੰਜਾਬ, ਪੰਜਾਬੀ ਤੇ ਪੰਜਾਬੀਅਤ ਨੂੰ



ਪਿਆਰ ਕਰਨ ਵਾਲੇ ਲੇਖਕਾਂ, ਬੁੱਧੀਜੀਵੀਆਂ, ਪੰਜਾਬੀ ਕਲਾਕਾਰਾਂ ਅਤੇ ਪੱਤਰਕਾਰਾਂ ਵਿਚ ਗਹਿਰੀ ਨਿਰਾਸ਼ਾ ਪੈਦਾ ਹੋਈ ਹੈ। ਪੰਜਾਬ ਚੇਤਨਾ ਮੰਚ ਨੇ ਮੰਗ ਕੀਤੀ ਹੈ ਕਿ ਬਜਟ ਵਿਚ ਰਹਿ ਗਈ ਇਸ ਤਰੁੱਟੀ ਨੂੰ ਤੁਰੰਤ ਦੂਰ ਕੀਤਾ ਜਾਵੇ ਤੇ ਪੰਜਾਬੀ ਜ਼ਬਾਨ, ਪੰਜਾਬੀ ਸਾਹਿਤ ਅਤੇ ਸੱਭਿਆਚਾਰ ਦੇ ਪ੍ਰਚਾਰ-ਪ੍ਰਸਾਰ ਅਤੇ ਵਿਕਾਸ ਲਈ ਤੁਰੰਤ ਲੋੜੀਂਦੇ ਫੰਡਾਂ ਦਾ ਪ੍ਰਬੰਧ ਇਸੇ ਬਜਟ ਵਿੱਚ ਕੀਤਾ ਜਾਵੇ।

# ਕਿਸਾਨਾਂ ਦੇ ਮਾਰਚ ਦਾ ਸਵਾਗਤ

**ਜਲੰਧਰ (ਸੁਰਿੰਦਰ ਕੁਮਾਰ)**- ਕੰਨਿਆਕੁਮਾਰੀ ਤੋਂ ਕਸ਼ਮੀਰ ਤੱਕ ਕਿਸਾਨਾਂ ਦਾ ਮਾਰਚ ਸੋਮਵਾਰ ਨੂੰ ਜਲੰਧਰ ਦੇ ਪਰਾਗਪੁਰ ਨੇੜੇ ਪਹੁੰਚਿਆ। ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਮਾਰਚ ਦੀ ਅਗਵਾਈ ਕਰ ਰਹੇ ਹਨ। ਉਨ੍ਹਾਂ ਦੇ ਪਹੁੰਚਣ 'ਤੇ ਕਿਸਾਨਾਂ ਨੇ ਉਨ੍ਹਾਂ ਦਾ ਸ਼ਾਨਦਾਰ ਸਵਾਗਤ ਕੀਤਾ।ਮੀਡੀਆ ਨਾਲ ਗੱਲ ਕਰਦਿਆਂ ਡੱਲੇਵਾਲ ਨੇ ਕਿਹਾ ਕਿ ਉਨ੍ਹਾਂ ਨੂੰ ਮਾਰਚ ਦੀ ਸ਼ੁਰੂਆਤ ਤੋਂ ਹੀ ਲੋਕਾਂ ਵੱਲੋਂ ਭਾਰੀ ਸਮਰਥਨ ਤੇ ਪਿਆਰ ਮਿਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀਆਂ ਮੰਗਾਂ ਤੋਂ ਪ੍ਰੇਰਿਤ ਹੋ ਕੇ ਬਹੁਤ ਸਾਰੀਆਂ ਕਿਸਾਨ ਜਥੇਬੰਦੀਆਂ ਮਾਰਚ ਵਿੱਚ ਸ਼ਾਮਲ ਹੋ ਰਹੀਆਂ ਹਨ। ਮੱਧ ਪ੍ਰਦੇਸ਼ ਅਤੇ ਉੱਤਰ ਪ੍ਰਦੇਸ਼ ਸਮੇਤ ਹੋਰ ਰਾਜਾਂ ਦੇ ਕਿਸਾਨ ਸੰਗਠਨ ਵੀ ਉਨ੍ਹਾਂ ਦੀਆਂ ਮੰਗਾਂ ਨੂੰ ਸਮਝਦੇ ਹੋਏ ਸ਼ਾਮਲ ਹੋਏ ਹਨ।ਹਾਲ ਹੀ ਵਿੱਚ ਆਏ ਪੰਜਾਬ ਦੇ ਬਜਟ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਡੱਲੇਵਾਲ ਨੇ ਕਿਹਾ ਕਿ ਸਰਕਾਰਾਂ ਚੋਣਾਂ ਨੂੰ ਧਿਆਨ ਵਿੱਚ ਰੱਖ ਕੇ ਅਜਿਹੇ ਐਲਾਨ ਕਰਦੀਆਂ ਹਨ। ਉਨ੍ਹਾਂ ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ 'ਤੇ ਵੀ ਸਵਾਲ ਉਠਾਏ। ਡੱਲੇਵਾਲ ਨੇ ਕਿਹਾ ਕਿ ਸੂਬੇ ਵਿੱਚ ਹਾਲਾਤ ਅਜਿਹੇ ਹੋ ਗਏ ਹਨ ਕਿ ਕਤਲ ਅਤੇ ਗੋਲੀਬਾਰੀ ਦੀਆਂ ਘਟਨਾਵਾਂ ਰੋਜ਼ਾਨਾ ਵਾਪਰ ਰਹੀਆਂ ਹਨ। ਪਹਿਲਾਂ ਕਦੇ-ਕਦੇ ਗੋਲੀਬਾਰੀ ਦੀਆਂ ਖ਼ਬਰਾਂ ਆਉਂਦੀਆਂ ਸਨ ਪਰ ਹੁਣ ਅਜਿਹੀਆਂ ਘਟਨਾਵਾਂ ਰੋਜ਼ਾਨਾ ਵਾਪਰ ਰਹੀਆਂ ਹਨ। ਉਨ੍ਹਾਂ ਨੇ ਆਈ ਸੀ ਸੀ ਪੁਰਸ਼ ਟੀ-20 ਵਿਸ਼ਵ ਕੱਪ ਵਿੱਚ ਭਾਰਤੀ ਟੀਮ ਦੀ ਹਾਲੀਆ ਜਿੱਤ 'ਤੇ ਨੌਜਵਾਨਾਂ ਨੂੰ ਵਧਾਈ ਵੀ ਦਿੱਤੀ।ਖੇਤੀਬਾੜੀ ਦੇ ਮੁੱਦੇ 'ਤੇ ਬੋਲਦਿਆਂ ਡੱਲੇਵਾਲ ਨੇ ਦੋਸ਼ ਲਾਇਆ ਕਿ ਕੇਂਦਰ ਸਰਕਾਰ ਕਿਸਾਨਾਂ ਨੂੰ ਖੇਤੀ ਤੋਂ ਬਾਹਰ ਕੱਢਣਾ ਚਾਹੁੰਦੀ ਹੈ ਅਤੇ ਵੱਡੇ ਕਾਰਪੋਰੇਟ ਘਰਾਣਿਆਂ ਨੂੰ ਲਾਭ ਪਹੁੰਚਾਉਣਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਲਗਭਗ 60 ਪ੍ਰਤੀਸ਼ਤ ਆਬਾਦੀ ਖੇਤੀਬਾੜੀ ਤੋਂ ਆਪਣੀ ਰੋਜ਼ੀ-ਰੋਟੀ ਕਮਾਉਂਦੀ ਹੈ, ਪਰ ਕਿਸਾਨਾਂ ਨੂੰ ਕਮਜ਼ੋਰ ਕਰਨ ਅਤੇ ਉਨ੍ਹਾਂ ਨੂੰ ਸਸਤੇ ਮਜ਼ਦੂਰ ਬਣਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।

# ਲਾਵਾਰਿਸ ਹਾਲਤ 'ਚ ਮਿਲੀ ਨਵਜੰਮੀ ਬੱਚੀ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ ਨੇ ਦੱਸਿਆ ਕਿ ਥਾਣਾ ਚੱਬੇਵਾਲ ਦੀ ਪੁਲਸ ਵਲੋਂ ਬਾਲ ਭਲਾਈ ਕਮੇਟੀ, ਰਾਮ ਕਲੋਨੀ ਕੈਂਪ ਹੁਸ਼ਿਆਰਪੁਰ ਦੇ ਸਨਮੁੱਖ ਇਕ ਨਵ-ਜੰਮੀ ਲਾਵਾਰਿਸ ਬੱਚੀ ਨੂੰ ਪੇਸ਼ ਕੀਤਾ ਗਿਆ ਸੀ ਜੋ ਕਿ ਪਿੰਡ ਪਰਸੋਤਾ ਥਾਣਾ ਚੱਬੇਵਾਲ ਤੋਂ 8 ਮਾਰਚ ਨੂੰ ਲਾਵਾਰਿਸ ਹਾਲਤ ਵਿਚ ਪ੍ਰਾਪਤ ਹੋਈ ਸੀ। ਇਸ ਸਬੰਧੀ ਥਾਣਾ ਚੱਬੇਵਾਲ ਵਿਚ ਰਿਪੋਰਟ ਵੀ ਦਰਜ ਕੀਤੀ ਗਈ ਹੈ। ਇਸ ਬੱਚੀ ਬਾਰੇ ਜੇਕਰ ਕਿਸੇ ਵੀ ਵਿਅਕਤੀ ਨੂੰ ਕੋਈ ਜਾਣਕਾਰੀ ਹੋਵੇ ਤਾਂ ਉਹ ਦਫ਼ਤਰ ਬਾਲ ਭਲਾਈ ਕਮੇਟੀ ਹੁਸ਼ਿਆਰਪੁਰ ਵਿਖੇ ਸੰਪਰਕ ਕਰ ਸਕਦਾ ਹੈ।

